ਸ਼ਨੀਵਾਰ, 25 ਅਪ੍ਰੈਲ, 2026
12 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 324

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 25 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਭਾਜਪਾ ਦੇ ਲੱਡੂਆਂ ਨੇ ਪੱਟੇ ਚੱਢਾ ਸਣੇ 'ਆਪ' ਦੇ 7 ਰਾਜ ਸਭਾ ਮੈਂਬਰ

## .ਗੱਦਾਰਾਂ ਨੂੰ ਇਤਿਹਾਸ ਕਦੇ ਮੁਆਫ ਨਹੀਂ ਕਰੇਗਾ : ਮਾਨ

**ਨਵੀਂ ਦਿੱਲੀ** : 'ਆਪ' ਦੇ ਰਾਘਵ ਚੱਢਾ, ਸੰਦੀਪ ਪਾਠਕ ਅਤੇ ਅਸ਼ੋਕ ਮਿੱਤਲ ਸ਼ੁੱਕਰਵਾਰ ਭਾਜਪਾ ਨਾਲ ਰਲ ਗਏ। ਇਸ ਤੋਂ ਪਹਿਲਾਂ ਪ੍ਰੈੱਸ ਕਾਨਫਰੰਸ ਕਰਕੇ ਚੱਢਾ



ਅਤੇ ਪਾਠਕ ਨੇ ਇਹ ਦਾਅਵਾ ਕੀਤਾ ਕਿ 'ਆਪ' ਦੇ ਕੁੱਲ 10 ਰਾਜ ਸਭਾ ਮੈਂਬਰਾਂ ਵਿੱਚੋਂ 7 ਮੈਂਬਰ ਭਾਜਪਾ ਨਾਲ ਰਲ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸੰਵਿਧਾਨ ਮੁਤਾਬਕ ਜੇ ਕਿਸੇ ਪਾਰਟੀ ਦੇ ਦੋ-ਤਿਹਾਈ ਮੈਂਬਰ ਦੂਜੀ ਪਾਰਟੀ ਵਿੱਚ ਜਾਂਦੇ ਹਨ ਤਾਂ ਇਹ ਕਾਨੂੰਨੀ ਤੌਰ 'ਤੇ ਸਹੀ ਮੰਨਿਆ ਜਾਂਦਾ ਹੈ। ਮਿੱਤਲ ਵੀ ਪ੍ਰੈੱਸ ਕਾਨਫਰੰਸ ਦੌਰਾਨ ਮੌਜੂਦ ਸਨ। ਚੱਢਾ ਨੇ ਦੱਸਿਆ ਕਿ ਉਨ੍ਹਾਂ ਨੇ ਵੱਖਰਾ ਬਲਾਕ ਬਣਾ ਕੇ ਸਾਰੇ ਜ਼ਰੂਰੀ ਦਸਤਾਵੇਜ਼ਾਂ ਸਮੇਤ ਇੱਕ ਪੱਤਰ ਰਾਜ ਸਭਾ ਦੇ ਚੇਅਰਮੈਨ ਸੀ ਪੀ ਰਾਧਾਕ੍ਰਿਸ਼ਨਨ ਨੂੰ ਸੌਂਪ ਦਿੱਤਾ ਹੈ। ਪੱਤਰ 'ਤੇ ਹਰਭਜਨ ਸਿੰਘ, ਰਾਜਿੰਦਰ ਗੁਪਤਾ, ਵਿਕਰਮ ਸਾਹਨੀ ਤੇ ਸਵਾਤੀ ਮਾਲੀਵਾਲ ਦੇ ਵੀ ਦਸਤਖਤ ਹਨ। ਇਨ੍ਹਾਂ ਦੇ ਭਾਜਪਾ ਨਾਲ ਰਲਣ ਤੋਂ ਬਾਅਦ 'ਆਪ' ਦੇ ਰਾਜ ਸਭਾ ਵਿੱਚ ਤਿੰਨ ਮੈਂਬਰ ਸੰਜੇ ਸਿੰਘ, ਸੰਤ ਬਲਬੀਰ ਸਿੰਘ ਸੀਚੇਵਾਲ ਤੇ ਨਾਰਾਇਣ ਦਾਸ ਗੁਪਤਾ ਰਹਿ ਗਏ ਹਨ।

ਇਸ ਤੋਂ ਪਹਿਲਾਂ ਆਪ ਨੇ ਤਿੰਨ ਅਪ੍ਰੈਲ ਨੂੰ ਰਾਜ ਸਭਾ ਵਿੱਚ ਪਾਰਟੀ ਦੇ ਉਪ ਨੇਤਾ ਦੇ ਅਹੁਦੇ ਤੋਂ ਰਾਘਵ ਚੱਢਾ ਨੂੰ ਹਟਾ ਦਿੱਤਾ ਸੀ। ਕਿਸੇ ਸਮੇਂ ਕੇਜਰੀਵਾਲ ਦੇ ਬੇਹੱਦ ਭਰੋਸੇਮੰਦ ਰਹੇ ਰਾਘਵ ਚੱਢਾ ਨੇ ਪੰਜਾਬ ਅਤੇ ਦਿੱਲੀ ਵਿੱਚ ਪਾਰਟੀ ਲਈ ਅਹਿਮ ਭੂਮਿਕਾ ਨਿਭਾਈ ਸੀ। ਹਾਲਾਂਕਿ, ਮਾਰਚ 2024 ਵਿੱਚ ਕੇਜਰੀਵਾਲ ਦੀ ਗ੍ਰਿਫਤਾਰੀ ਸਮੇਂ ਉਹ ਵਿਦੇਸ਼ ਵਿੱਚ ਸਨ ਅਤੇ ਰਿਹਾਈ ਤੋਂ ਕਾਫੀ ਸਮੇਂ ਬਾਅਦ ਹੀ ਉਨ੍ਹਾ ਨੂੰ ਮਿਲੇ। ਹਾਲ ਹੀ ਵਿੱਚ, ਜਦੋਂ ਅਦਾਲਤ ਨੇ ਕੇਜਰੀਵਾਲ ਅਤੇ ਸਿਸੋਦੀਆ ਨੂੰ ਬਰੀ ਕੀਤਾ ਤਾਂ ਵੀ ਚੱਢਾ ਨੇ ਚੁੱਪ ਧਾਰੀ ਰੱਖੀ ਅਤੇ ਜੰਤਰ-ਮੰਤਰ ਦੀ ਰੈਲੀ ਵਿੱਚ ਵੀ ਸ਼ਾਮਲ ਨਹੀਂ ਹੋਏ ਸਨ। ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਜਾਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਨੇ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਨਾਲ ਖਿਲਵਾੜ ਕੀਤਾ ਹੈ। ਇਹ ਰਲੇਵਾਂ ਲੋਕਤੰਤਰ ਦੀ ਹੱਤਿਆ ਹੈ। ਮਾਨ ਨੇ ਕਿਹਾ ਕਿ ਭਾਜਪਾ ਦੂਜੀਆਂ ਪਾਰਟੀਆਂ ਨੂੰ ਖਤਮ ਕਰਨ ਅਤੇ ਆਗੂਆਂ ਨੂੰ ਨਿਗਲਣ ਵਾਲੀ ਪਾਰਟੀ ਹੈ। ਭਾਜਪਾ ਕੱਢੇ ਹੋਏ, ਵੱਢੇ ਹੋਏ ਅਤੇ ਛੱਡੇ ਹੋਏ ਲੋਕਾਂ ਦੀ ਪਾਰਟੀ ਬਣ ਕੇ ਰਹਿ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਿਹੜੇ ਸੱਤ ਰਾਜ ਸਭਾ ਮੈਂਬਰ ਗਏ ਹਨ, ਉਹ ਹੁਣ ਭਾਜਪਾ ਦੀ 'ਵਾਸ਼ਿੰਗ ਮਸ਼ੀਨ' ਵਿੱਚ ਧੋਤੇ ਜਾਣਗੇ। ਇਨ੍ਹਾਂ ਦੇ ਸਾਰੇ ਦਾਗ ਸਾਫ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਮਾਨ ਨੇ ਯਾਦ ਦਿਵਾਇਆ ਕਿ ਕਿਸਾਨੀ ਅੰਦੋਲਨ ਵੇਲੇ ਭਾਜਪਾ ਨੇ ਪੰਜਾਬ ਦੇ ਕਿਸਾਨਾਂ ਨਾਲ ਜੋ ਧੱਕਾ ਕੀਤਾ ਸੀ, ਉਸ ਨੂੰ ਪੰਜਾਬੀ ਕਦੇ ਨਹੀਂ ਭੁੱਲ ਸਕਦੇ। ਉਨ੍ਹਾ ਕਿਹਾ ਕਿ ਭਾਜਪਾ ਦੀ ਪੰਜਾਬ ਨਾਲ ਕਦੇ ਵੀ ਸਾਂਝ ਨਹੀਂ ਰਹੀ। ਭਾਜਪਾ ਸਿੱਧੇ ਤੌਰ 'ਤੇ ਜਿੱਤ ਨਹੀਂ ਸਕਦੀ, ਇਸ ਲਈ ਤਿਕੜਮਬਾਜ਼ੀ ਅਤੇ ਛੜਯੰਤਰਾਂ ਦਾ ਸਹਾਰਾ ਲੈ ਕੇ ਸੱਤਾ ਹਥਿਆਉਣ ਦੀ ਕੋਸ਼ਿਸ਼ ਕਰਦੀ ਹੈ।

ਉਨ੍ਹਾ ਕਿਹਾ ਕਿ ਜਿਨ੍ਹਾਂ ਮੈਂਬਰਾਂ ਨੇ ਪਾਰਟੀ ਅਤੇ ਪੰਜਾਬ ਦੇ ਲੋਕਾਂ ਦੇ ਵਿਸ਼ਵਾਸ ਨੂੰ ਤੋੜਿਆ ਹੈ, ਉਨ੍ਹਾਂ ਨੂੰ ਇਤਿਹਾਸ ਕਦੇ ਮੁਆਫ ਨਹੀਂ ਕਰੇਗਾ। ਮੁੱਖ ਮੰਤਰੀ ਨੇ ਕਿਹਾ, "ਅਸੀਂ ਲੋਕਾਂ ਦੇ ਫਤਵੇ ਨਾਲ ਚੁਣੇ ਗਏ ਹਾਂ, ਇਨ੍ਹਾਂ ਸਿਆਸੀ ਚਾਲਾਂ ਨਾਲ ਸਾਡਾ ਹੌਸਲਾ ਨਹੀਂ ਟੁੱਟੇਗਾ। ਪੰਜਾਬ ਦੇ ਲੋਕ ਸਭ

• ਬਾਕੀ ਸਫਾ 2 'ਤੇ



ਰਾਘਵ ਚੱਢਾ, ਅਸ਼ੋਕ ਮਿੱਤਲ ਤੇ ਸੰਦੀਪ ਪਾਠਕ ਭਾਜਪਾ ਪ੍ਰਧਾਨ ਨਿਤਿਨ ਨਬੀਨ ਨਾਲ।



ਹਰਭਜਨ ਸਿੰਘ, ਸਵਾਤੀ ਮਾਲੀਵਾਲ, ਰਾਜਿੰਦਰ ਗੁਪਤਾ ਤੇ ਵਿਕਰਮ ਸਾਹਨੀ

# ਕੈਨੇਡਾ 'ਚ ਸਿੱਖ ਬਜ਼ੁਰਗ ਨਾਲ ਨਸਲੀ ਵਿਤਕਰਾ

**ਚੰਡੀਗੜ੍ਹ** : ਕੈਨੇਡਾ ਦੇ ਵੁੱਡਸਟੌਕ ਵਿੱਚ ਇੱਕ ਬਜ਼ੁਰਗ ਸਿੱਖ ਵਿਅਕਤੀ ਨੂੰ ਪਰੇਸ਼ਾਨ ਅਤੇ ਉਸ ਨਾਲ ਨਸਲੀ ਵਿਤਕਰਾ ਕਰਨ ਦੀ ਵੀਡੀਓ ਸਾਹਮਣੇ ਆਈ ਹੈ, ਜਿਸ ਤੋਂ ਬਾਅਦ ਹਰ ਪਾਸੇ ਇਸ ਘਟਨਾ ਦੀ ਨਿਖੇਧੀ ਹੋ ਰਹੀ ਹੈ। ਇਸ ਘਟਨਾ ਨੇ ਕੈਨੇਡਾ ਵਿੱਚ ਸਿੱਖਾਂ ਵਿਰੁੱਧ ਵਧ ਰਹੇ ਨਫ਼ਰਤੀ ਅਪਰਾਧਾਂ ਬਾਰੇ ਚਿੰਤਾਵਾਂ ਨੂੰ ਇੱਕ ਵਾਰ ਫਿਰ ਵਧਾ ਦਿੱਤਾ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਇਸ ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ ਕਿ ਕਿਵੇਂ ਇੱਕ ਬਜ਼ੁਰਗ ਨੂੰ ਜਨਤਕ ਥਾਂ 'ਤੇ ਨਿਸ਼ਾਨਾ ਬਣਾਇਆ ਗਿਆ। ਇਸ ਘਟਨਾ ਤੋਂ ਬਾਅਦ ਹੁਣ ਨਸਲਵਾਦ ਅਤੇ ਵਿਤਕਰੇ ਖਿਲਾਫ ਸਖ਼ਤ ਕਾਰਵਾਈ ਕਰਨ ਦੀ ਮੰਗ ਉੱਠ ਰਹੀ ਹੈ। ਸਿੱਖ ਭਾਈਚਾਰੇ ਦੇ ਮੈਂਬਰਾਂ ਨੇ ਸਾਫ਼ ਕਿਹਾ ਹੈ ਕਿ ਅਜਿਹੀ ਨਫ਼ਰਤ ਭਰੀ ਹਰਕਤ ਦੀ ਕੈਨੇਡੀਅਨ ਸਮਾਜ ਵਿੱਚ ਕੋਈ ਜਗ੍ਹਾ ਨਹੀਂ ਹੈ। ਵੁੱਡਸਟੌਕ ਪੁਲਸ ਸਰਵਿਸ ਸਮੇਤ ਸਥਾਨਕ ਅਧਿਕਾਰੀਆਂ ਨੇ ਇਸ ਘਟਨਾ 'ਤੇ ਕਾਰਵਾਈ ਕੀਤੀ ਹੈ ਅਤੇ ਉਹ ਮਾਮਲੇ ਦੀ ਜਾਂਚ ਕਰ ਰਹੇ ਹਨ। ਉੱਥੇ ਹੀ ਸੋਸ਼ਲ ਮੀਡੀਆ 'ਤੇ ਲੋਕਾਂ ਨੇ ਆਪਣਾ ਗੁੱਸਾ ਜ਼ਾਹਿਰ ਕਰਦਿਆਂ ਕਿਹਾ ਹੈ ਕਿ ਇਹ ਸਿਰਫ਼ ਸਿੱਖਾਂ ਦਾ ਮਸਲਾ ਨਹੀਂ, ਸਗੋਂ ਇਨਸਾਨੀਅਤ ਨਾਲ ਜੁੜਿਆ ਮੁੱਦਾ ਹੈ। ਇਹ ਪ੍ਰਤੀਕਿਰਿਆਵਾਂ ਸਮਾਜ ਵਿੱਚ ਵਧ ਰਹੀ ਨਫ਼ਰਤ ਅਤੇ ਮਾੜੇ ਵਿਵਹਾਰ ਪ੍ਰਤੀ ਡੂੰਘੀ ਚਿੰਤਾ ਨੂੰ ਬਿਆਨ ਕਰਦੀਆਂ ਹਨ। 1,600 ਤੋਂ ਵੱਧ ਕੈਨੇਡੀਅਨ ਸਿੱਖਾਂ 'ਤੇ ਕੀਤੇ ਗਏ ਸਰਵੇਖਣ ਮੁਤਾਬਕ, ਰਿਪੋਰਟ ਵਿੱਚ ਸਾਹਮਣੇ ਆਇਆ ਹੈ ਕਿ 80 ਫੀਸਦੀ ਲੋਕ ਮੰਨਦੇ ਹਨ ਕਿ ਪਿਛਲੇ ਕੁਝ ਸਾਲਾਂ ਵਿੱਚ ਸਿੱਖਾਂ ਵਿਰੁੱਧ ਨਫ਼ਰਤ ਵਧੀ ਹੈ। ਇਸ ਦੇ ਨਾਲ ਹੀ 65 ਫੀਸਦੀ ਲੋਕਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਭੱਦੀ ਸ਼ਬਦਾਵਲੀ ਜਾਂ ਜ਼ੁਬਾਨੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ।

# ਟਰੰਪ ਕੋਲ ਸੱਤ ਦਿਨ ਬਚੇ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਟਰੰਪ ਕੋਲ ਈਰਾਨ ਖਿਲਾਫ ਜੰਗ ਜਾਰੀ ਰੱਖਣ ਲਈ ਸੱਤ ਦਿਨ ਬਚੇ ਹਨ। ਅਮਰੀਕੀ ਸੰਵਿਧਾਨ ਮੁਤਾਬਕ ਕਿਸੇ ਵੀ ਜੰਗ ਦੀ 60 ਦਿਨਾਂ ਦੇ ਅੰਦਰ ਸੈਨੇਟ ਦੀ ਪ੍ਰਵਾਨਗੀ ਪ੍ਰਾਪਤ ਕਰਨੀ ਜ਼ਰੂਰੀ ਹੈ। ਟਰੰਪ ਨੇ ਇੱਥੇ ਵੀ ਇੱਕ ਚਾਲ ਖੇਡੀ। ਉਸਨੇ 28 ਫਰਵਰੀ ਨੂੰ ਜੰਗ ਸ਼ੁਰੂ ਕੀਤੀ ਅਤੇ 2 ਮਾਰਚ ਨੂੰ ਸੈਨੇਟ ਨੂੰ ਸੂਚਤ ਕੀਤਾ। ਹੁਣ, ਉਸਨੂੰ 1 ਮਈ ਤੋਂ ਪਹਿਲਾਂ ਸੈਨੇਟ ਦੀ ਪ੍ਰਵਾਨਗੀ ਪ੍ਰਾਪਤ ਕਰਨੀ ਪੈਣੀ ਹੈ। ਟਰੰਪ ਰਿਪਬਲੀਕਨ ਪਾਰਟੀ ਦੇ 100 ਮੈਂਬਰੀ ਸੈਨੇਟ ਵਿੱਚ 53 ਸੈਨੇਟਰ ਹਨ, ਜਦੋਂ ਕਿ ਉਨ੍ਹਾ ਦੀ ਵਿਰੋਧੀ ਕਮਲਾ ਹੈਰਿਸ ਦੀ ਡੈਮੋਕ੍ਰੇਟਿਕ ਪਾਰਟੀ ਕੋਲ 47 ਹਨ। ਟਰੰਪ ਦੀ ਪਾਰਟੀ ਦੇ 10 ਮੈਂਬਰ ਪਹਿਲਾਂ ਹੀ ਜੰਗ ਵਿਰੁੱਧ ਬੋਲ ਚੁੱਕੇ ਹਨ, ਜਦੋਂ ਕਿ ਵਿਰੋਧੀ ਡੈਮੋਕਰੇਟ ਇੱਕਜੁੱਟ ਹਨ। ਇਸ ਕਰਕੇ ਟਰੰਪ ਹੁਣ 1 ਮਈ ਤੋਂ ਪਹਿਲਾਂ ਕਿਸੇ ਵੀ ਢੰਗ ਨਾਲ ਜੰਗ ਖਤਮ ਕਰਨਾ ਚਾਹੁੰਣਗੇ। ਕਾਨੂੰਨ 60 ਦਿਨਾਂ ਬਾਅਦ ਇੱਕ ਵਿਕਲਪ ਪ੍ਰਦਾਨ ਕਰਦਾ ਹੈ, ਜਿਸ ਤਹਿਤ ਰਾਸ਼ਟਰਪਤੀ 30 ਦਿਨਾਂ ਦਾ ਇੱਕ ਵਾਰ ਵਾਧਾ ਲੈ ਸਕਦਾ ਹੈ, ਪਰ ਸਿਰਫ ਫੌਜਾਂ ਦੀ ਸੁਰੱਖਿਅਤ ਵਾਪਸੀ ਲਈ, ਜੰਗ ਜਾਰੀ ਰੱਖਣ ਲਈ ਨਹੀਂ।

ਹਾਰਮੁਜ਼ ਜਲ ਮਾਰਗ ਵਿੱਚ ਮਾਲਵਾਹਕ ਜਹਾਜ਼ਾਂ ਦੀ ਆਵਾਜਾਈ ਲੱਗਭੱਗ ਠੱਪ ਹੋ ਗਈ ਹੈ। ਪਿਛਲੇ 24 ਘੰਟਿਆਂ ਦੌਰਾਨ ਸਿਰਫ਼ ਪੰਜ ਜਹਾਜ਼ ਹੀ ਲੰਘੇ ਹਨ। ਇਨ੍ਹਾਂ ਵਿੱਚ ਈਰਾਨ ਦਾ ਇੱਕ ਤੇਲ ਟੈਂਕਰ ਵੀ ਸ਼ਾਮਲ ਹੈ। ਇਹ ਗਿਣਤੀ ਆਮ ਦਿਨਾਂ ਦੇ ਮੁਕਾਬਲੇ ਬਹੁਤ ਘੱਟ ਹੈ, ਕਿਉਂਕਿ 28 ਫਰਵਰੀ ਨੂੰ ਈਰਾਨ ਜੰਗ ਸ਼ੁਰੂ ਹੋਣ ਤੋਂ ਪਹਿਲਾਂ ਇੱਥੋਂ ਰੋਜ਼ਾਨਾ ਲੱਗਭੱਗ 140 ਜਹਾਜ਼ ਲੰਘਦੇ ਸਨ। ਅਮਰੀਕਾ ਵੱਲੋਂ ਈਰਾਨੀ ਬੰਦਰਗਾਹਾਂ ਦੀ ਕੀਤੀ ਗਈ ਨਾਕਾਬੰਦੀ ਅਤੇ ਈਰਾਨ ਵੱਲੋਂ ਜਹਾਜ਼ਾਂ ਨੂੰ ਜ਼ਬਤ ਕੀਤੇ ਜਾਣ ਕਾਰਨ ਇਹ ਰਸਤਾ ਬੇਹੱਦ ਅਸੁਰੱਖਿਅਤ ਹੋ ਗਿਆ ਹੈ। ਸਮੁੰਦਰੀ ਮਾਹਰਾਂ ਅਨੁਸਾਰ ਜ਼ਿਆਦਾਤਰ ਸ਼ਿਪਿੰਗ ਕੰਪਨੀਆਂ ਉਦੋਂ ਤੱਕ ਇਸ ਰਸਤੇ ਦੀ ਵਰਤੋਂ ਨਹੀਂ ਕਰਨਗੀਆਂ, ਜਦੋਂ ਤੱਕ ਦੋਵੇਂ ਪਾਸਿਆਂ ਤੋਂ ਜੰਗਬੰਦੀ ਅਤੇ ਸੁਰੱਖਿਆ ਦਾ ਪੱਕਾ ਭਰੋਸਾ ਨਹੀਂ ਮਿਲਦਾ। ਇਸ ਸਮੇਂ ਖਾੜੀ ਦੇ ਅੰਦਰ ਸੈਂਕੜੇ ਜਹਾਜ਼ ਅਤੇ ਲੱਗਭੱਗ 20,000 ਮਲਾਹ ਫਸੇ ਹੋਏ ਹਨ, ਜੋ ਸੁਰੱਖਿਅਤ ਬਾਹਰ ਨਿਕਲਣ ਦੇ ਇੰਤਜ਼ਾਰ ਵਿੱਚ ਹਨ।

ਰੰਪ ਨੇ ਵੀਰਵਾਰ ਨੂੰ ਐਲਾਨ ਕੀਤਾ ਕਿ ਵ੍ਹਾਈਟ ਹਾਊਸ ਵਿੱਚ ਹੋਈ ਇੱਕ ਉੱਚ-ਪੱਧਰੀ ਮੀਟਿੰਗ ਤੋਂ ਬਾਅਦ ਲੈਬਨਾਨ ਅਤੇ ਇਜ਼ਰਾਈਲ ਦਰਮਿਆਨ ਜੰਗਬੰਦੀ ਨੂੰ ਅਗਲੇ ਤਿੰਨ ਹਫ਼ਤਿਆਂ ਲਈ ਵਧਾ ਦਿੱਤਾ ਗਿਆ ਹੈ। ਓਵਲ ਦਫਤਰ ਵਿੱਚ ਹੋਈ ਮੀਟਿੰਗ ਵਿੱਚ ਅਮਰੀਕਾ ਦੀ ਵਿਚੋਲਗੀ ਹੇਠ ਦੋਵਾਂ ਦੇਸ਼ਾਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ, ਜਿਸ ਦਾ ਮੁੱਖ ਮਕਸਦ ਖਿੱਤੇ ਵਿੱਚ ਖ਼ੂਨ-ਖ਼ਰਾਬੇ ਨੂੰ ਰੋਕਣਾ ਹੈ। ਰਾਸ਼ਟਰਪਤੀ ਟਰੰਪ ਨੇ ਇਜ਼ਰਾਈਲ ਦੇ ਰਾਜਦੂਤ ਯੇਚੀਲ ਲੀਟਰ ਅਤੇ ਲੈਬਨਾਨ ਦੀ ਰਾਜਦੂਤ ਨਾਦਾ ਮੁਆਵਦ ਨਾਲ ਮੁਲਾਕਾਤ ਤੋਂ ਬਾਅਦ ਸੋਸ਼ਲ ਮੀਡੀਆ ਪਲੇਟਫਾਰਮ 'ਟਰੂਥ ਸੋਸ਼ਲ' 'ਤੇ ਇਸ ਦੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਲਿਖਿਆ, "ਮੀਟਿੰਗ ਬਹੁਤ ਸਾਰਥਕ ਰਹੀ! ਸੰਯੁਕਤ ਰਾਜ ਅਮਰੀਕਾ ਹਿਜ਼ਬੁੱਲ੍ਹਾ ਤੋਂ ਆਪਣੀ ਰੱਖਿਆ ਕਰਨ ਲਈ ਲੈਬਨਾਨ ਦੀ ਪੂਰੀ ਮਦਦ ਕਰੇਗਾ। ਹਾਲਾਂਕਿ ਇਸ ਅਹਿਮ ਮੀਟਿੰਗ ਵਿੱਚ ਹਿਜ਼ਬੁੱਲ੍ਹਾ ਦਾ ਕੋਈ ਨੁਮਾਇੰਦਾ ਮੌਜੂਦ ਨਹੀਂ ਸੀ। ਈਰਾਨ ਸਮਰਥਿਤ ਇਸ ਹਥਿਆਰਬੰਦ ਜਥੇਬੰਦੀ ਨੇ ਸਪੱਸ਼ਟ ਕੀਤਾ ਹੈ ਕਿ ਉਹ ਕਬਜ਼ਾਧਾਰੀ ਫੌਜਾਂ ਵਿਰੁੱਧ

• ਬਾਕੀ ਸਫਾ 2 'ਤੇ

# ਪੰਜਾਬੀ ਵਿਦਿਆਰਥਣ ਦੀ ਕੈਨੇਡਾ 'ਚ ਭੇਦਭਰੀ ਮੌਤ

**ਗੁਰੂਸਰ ਸੁਧਾਰ** : ਇੱਥੋਂ ਦੇ ਨਵੀਂ



ਆਬਾਦੀ ਅਕਾਲਗੜ੍ਹ (ਸੁਧਾਰ ਬਾਜ਼ਾਰ) ਦੀ ਰਹਿਣ ਵਾਲੀ 24 ਸਾਲਾ ਅਨਮੋਲਦੀਪ ਕੌਰ ਦੀ ਕੈਨੇਡਾ ਦੇ ਓਂਟਾਰੀਓ ਸੂਬੇ ਵਿੱਚ ਭੇਦਭਰੀ ਹਾਲਤ ਵਿੱਚ ਮੌਤ ਹੋ ਗਈ ਹੈ। ਅਨਮੋਲਦੀਪ ਕੌਰ ਰੋਜ਼ਾਨਾ ਵਾਂਗ ਆਪਣੇ ਕਾਲਜ ਤੋਂ ਘਰ ਦੇ ਰਸਤੇ ਵਿੱਚ ਪੈਂਦੇ ਪਾਰਕ 'ਚ ਸੈਰ ਕਰਨ ਗਈ ਸੀ। ਇਸੇ ਦੌਰਾਨ ਇੱਕ ਬੈਂਚ ਉੱਤੇ ਬੈਠਿਆਂ ਉਹ ਅਚਾਨਕ ਬੇਹੋਸ਼ ਹੋ ਗਈ। ਪਾਰਕ ਵਿਚ ਮੌਜੂਦ ਲੋਕਾਂ ਨੇ ਜਦੋਂ ਉਸ ਨੂੰ ਦੇਖਿਆ ਤਾਂ ਉਸ ਦੇ ਸਾਹ ਰੁਕ ਚੁੱਕੇ ਸਨ। ਸੂਚਨਾ ਮਿਲਣ ਉਪਰੰਤ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਅਨਮੋਲਦੀਪ ਦੇ ਪਿਤਾ ਸਾਬਕਾ ਫੌਜੀ ਸੂਬੇਦਾਰ

• ਬਾਕੀ ਸਫਾ 2 'ਤੇ

# ਝੁਮਕਾ ਗਿਰਾ ਰੇ...

**ਰੋਮ** : ਇਟਲੀ ਦੀ ਸਿਆਸਤ ਵਿੱਚ ਸ਼ੁੱਕਰਵਾਰ ਨੂੰ ਉਸ ਵੇਲੇ ਇੱਕ ਅਜੀਬ, ਪਰ ਦਿਲਚਸਪ ਬੌਲੀਵੁੱਡ ਮੋੜ ਦੇਖਣ ਨੂੰ ਮਿਲਿਆ, ਜਦੋਂ ਉੱਥੋਂ ਦੀ ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ ਨੇ ਆਪਣੇ ਸੋਸ਼ਲ ਮੀਡੀਆ 'ਤੇ ਇੱਕ ਖ਼ਾਸ ਸੈਲਫੀ ਸਾਂਝੀ ਕੀਤੀ। ਇਸ ਤਸਵੀਰ ਵਿੱਚ ਮੇਲੋਨੀ ਨੇ ਵੱਡੇ



ਅਤੇ ਖ਼ੂਬਸੂਰਤ ਭਾਰਤੀ ਸਟਾਈਲ ਦੇ 'ਝੁਮਕੇ' ਪਾਏ ਹੋਏ ਸਨ, ਜਿਸ ਨੂੰ ਦੇਖ ਕੇ ਭਾਰਤੀ ਸੋਸ਼ਲ ਮੀਡੀਆ ਯੂਜ਼ਰਸ ਨੇ ਇਸ ਦੀ ਤੁਲਨਾ ਮਸ਼ਹੂਰ ਗਾਣੇ 'ਝੁਮਕਾ ਗਿਰਾ ਰੇ...' ਨਾਲ ਕਰਨੀ ਸ਼ੁਰੂ ਕਰ ਦਿੱਤੀ। ਗਹਿਣਿਆਂ ਪਿੱਛੇ ਲੁਕਿਆ ਤਿੱਖਾ ਸਿਆਸੀ ਵਾਰ ਹਾਲਾਂਕਿ ਇਹ ਸਿਰਫ਼ ਇੱਕ ਫੈਸ਼ਨ ਸਟੇਟਮੈਂਟ ਨਹੀਂ ਸੀ, ਸਗੋਂ ਇਸ ਪਿੱਛੇ ਇੱਕ ਡੂੰਘਾ ਸਿਆਸੀ ਸੁਨੇਹਾ ਲੁਕਿਆ ਹੋਇਆ ਸੀ। ਮੇਲੋਨੀ ਨੇ ਇਹ ਪੋਸਟ ਰੂਸੀ ਪ੍ਰਚਾਰਕ ਵਲਾਦੀਮੀਰ ਸੋਲੋਵਯੇਵ ਵੱਲੋਂ ਕੀਤੀ ਗਈ ਨਿੱਜੀ ਬਿਆਨਬਾਜ਼ੀ ਦੇ ਜਵਾਬ ਵਿੱਚ ਪਾਈ ਹੈ। ਸੋਲੋਵਯੇਵ ਨੇ ਮੇਲੋਨੀ ਨੂੰ "ਇਨਸਾਨੀਅਤ ਲਈ ਕਲੰਕ, "ਜੰਗਲੀ ਜਾਨਵਰ" ਅਤੇ "ਪ੍ਰਮਾਣਿਤ ਮੂਰਖ" ਵਰਗੇ ਅਪਮਾਨਜਨਕ ਸ਼ਬਦਾਂ ਨਾਲ ਨਿਵਾਜਿਆ ਸੀ। ਇਸ ਦੇ ਜਵਾਬ ਵਿੱਚ ਮੇਲੋਨੀ ਨੇ ਲਿਖਿਆ, "ਇੱਕ ਪ੍ਰਚਾਰਕ ਸਾਨੂੰ ਆਜ਼ਾਦੀ ਦਾ ਪਾਠ ਨਹੀਂ ਪੜ੍ਹਾ ਸਕਦਾ। ਅਜਿਹੀਆਂ ਟਿੱਪਣੀਆਂ ਸਾਡਾ ਰਸਤਾ ਨਹੀਂ ਬਦਲ ਸਕਦੀਆਂ। ਟਰੰਪ ਦੀ ਨਾਰਾਜ਼ਗੀ ਅਤੇ 'ਨੋ ਮਾਸਟਰ' ਨੀਤੀ ਇਹ ਵਿਵਾਦ ਉਸ ਵੇਲੇ ਵਧਿਆ ਜਦੋਂ ਇਟਲੀ ਨੇ ਹਾਰਮੁਜ਼ ਜਲਡਮਰੂ ਵਿੱਚ ਅਮਰੀਕਾ ਦੀ ਅਗਵਾਈ ਵਾਲੇ ਜਲ ਸੈਨਾ ਗੱਠਜੋੜ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰ ਦਿੱਤਾ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੇਲੋਨੀ ਦੇ ਇਸ ਫੈਸਲੇ 'ਤੇ

• ਬਾਕੀ ਸਫਾ 2 'ਤੇ

# ਕਾਰਲ ਮਾਰਕਸ ਦਾ ਜਨਮ ਦਿਹਾੜਾ ਸਮਾਗਮ 5 ਨੂੰ

**ਜਲੰਧਰ** (ਕੇਸਰ)-ਦੁਨੀਆ ਦੇ ਸਰਵੋਤਮ ਸਿਧਾਂਤਕਾਰ, ਅਰਥ ਸ਼ਾਸਤਰੀ, ਸਮਾਜ ਸ਼ਾਸਤਰੀ, ਇਨਕਲਾਬੀ ਸਮਾਜਵਾਦੀ ਜ਼ਹੀਨ ਬੁੱਧੀਮਾਨ ਕਾਰਲ ਮਾਰਕਸ ਦੇ ਜਨਮ ਦਿਹਾੜੇ (5 ਮਈ 1818) ਨੂੰ ਸਮਰਪਿਤ ਸਮਾਗਮ 5 ਮਈ 11 ਵਜੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਕੀਤਾ ਜਾਏਗਾ।

ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਭਾਈ ਸੰਤੋਖ ਸਿੰਘ 'ਕਿਰਤੀ' ਭਾਸ਼ਣ ਲੜੀ ਤਹਿਤ ਇਸ ਰੋਜ਼ ਹਰ ਸਾਲ ਕੀਤੇ ਜਾਂਦੇ ਸਮਾਗਮ ਦੀ ਇਸ ਵਾਰ ਰੂਪ-ਰੇਖਾ ਉਲੀਕਦੇ ਹੋਏ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਇਸ ਵਾਰ 5 ਮਈ ਸਵੇਰੇ 11 ਵਜੇ ਹੋ ਰਹੇ ਸਮਾਗਮ 'ਚ ਪੰਜਾਬ ਦੇ ਜਾਣੇ-ਪਛਾਣੇ ਲੇਖਕ ਅਤੇ ਅਨੁਵਾਦਕ ਬੂਟਾ ਸਿੰਘ ਮਹਿਮੂਦਪੁਰ, 'ਅਜੋਕੇ ਸਮੇਂ 'ਚ ਮਾਰਕਸਵਾਦ ਦੀ ਪ੍ਰਸੰਗਕਤਾ' ਵਿਸ਼ੇ ਉਪਰ ਵਿਚਾਰ ਰੱਖਣਗੇ।


PUNJAB MEANS BUSINESS — POLICY TO PRACTICE

## ਪੀ.ਐਸ.ਆਈ.ਈ.ਸੀ. ਨੇ ਉਦਯੋਗਿਕ ਪਲਾਟਾਂ ਲਈ ਮਾਲਕੀ ਹੱਕ ਖੋਲ੍ਹੇ

ਜ਼ੀਰੋ ਸਟੈਂਪ ਡਿਊਟੀ ਨਾਲ ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਲਈ ਯਕਮੁਸ਼ਤ ਮੌਕਾ

GOVT. OF PUNJAB — PSIEC

### ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਮੁੱਖ ਫ਼ਾਇਦੇ:

1. 30.04.2026 ਤੱਕ ਪ੍ਰਾਪਤ ਹੋਈਆਂ ਅਰਜ਼ੀਆਂ ਲਈ ਲੀਜ਼ਹੋਲਡ ਉਦਯੋਗਿਕ ਸੰਪਤੀਆਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਸਮੇਂ ਕਨਵੇਂਐਂਸ ਡੀਡ ਰਜਿਸਟ੍ਰੇਸ਼ਨ 'ਤੇ ਸਟੈਂਪ ਡਿਊਟੀ ਤੋਂ ਯਕਮੁਸ਼ਤ ਮੁਕੰਮਲ ਛੋਟ।
2. ਫ੍ਰੀਹੋਲਡ ਪਲਾਟਾਂ ਲਈ ਪੋਸਟ-ਅਲਾਟਮੈਂਟ ਸੇਵਾਵਾਂ ਨੂੰ ਸਰਲ ਬਣਾ ਕੇ ਇਨ੍ਹਾਂ ਨੂੰ ਸਿਰਫ਼ ਦੋ ਹੈੱਡਾਂ ਵਿੱਚ ਵੰਡਿਆ ਗਿਆ ਹੈ- 5 ਲਾਜ਼ਮੀ ਅਤੇ 18 ਵਿਕਲਪਿਕ ਸੇਵਾਵਾਂ; ਅੱਗੇ ਇਸ ਨੂੰ ਤਿੰਨ ਯੂਨੀਫਾਈਡ ਕੈਟਾਗਿਰੀਜ਼ ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਅਲਾਟੀਆਂ ਲਈ ਕਾਰੋਬਾਰ ਕਰਨ ਦੀ ਆਸਾਨੀ ਅਤੇ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ।
3. ਫ੍ਰੀਹੋਲਡ ਪਲਾਟਾਂ ਨਾਲ ਸਬੰਧਤ ਸਾਰੀਆਂ ਸੇਵਾਵਾਂ ਲਈ ਸਮਾਂ-ਸੀਮਾਵਾਂ ਨੂੰ ਤਰਕਸੰਗਤ ਬਣਾਇਆ ਅਤੇ ਘਟਾਇਆ ਗਿਆ ਹੈ। ਇਸ ਤੋਂ ਇਲਾਵਾ ਤੇਜ਼ੀ ਨਾਲ ਫ਼ੈਸਲਾ ਲੈਣ ਨੂੰ ਯਕੀਨੀ ਬਣਾਉਣ ਲਈ ਅਜਿਹੇ ਮਾਮਲਿਆਂ ਦੇ ਨਿਪਟਾਰੇ ਲਈ ਅਸਟੇਟ ਅਫ਼ਸਰ (ਈ.ਓ.) ਨੂੰ ਉੱਚ ਅਥਾਰਿਟੀ ਵਜੋਂ ਮਨੋਨੀਤ ਕੀਤਾ ਗਿਆ ਹੈ।
4. ਬੈਂਕਾਂ/ਐਨ.ਬੀ.ਐਫ.ਸੀਜ਼ ਕੋਲ ਗਿਰਵੀ ਪਈਆਂ ਲੀਜ਼ਹੋਲਡ ਸੰਪਤੀਆਂ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਯੋਗ ਹੋਣਗੀਆਂ, ਬਸ਼ਰਤੇ ਕਿ ਸਬੰਧਤ ਬੈਂਕ/ਐਨ.ਬੀ.ਐਫ.ਸੀ. ਤੋਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਮ੍ਹਾਂ ਕਰਵਾਇਆ ਜਾਵੇ।
5. ਫ੍ਰੀਹੋਲਡ ਪਲਾਟ ਧਾਰਕਾਂ ਨੂੰ ਹਲਫ਼ਨਾਮਿਆਂ ਦੀ ਥਾਂ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਾਉਣ ਦੀ ਇਜਾਜ਼ਤ ਹੋਵੇਗੀ, ਜਿਸ ਨਾਲ ਪ੍ਰਕਿਰਿਆ ਸਬੰਧੀ ਵੱਖ-ਵੱਖ ਲੋੜਾਂ ਸਰਲ ਬਣਨਗੀਆਂ।
6. ਜਿਨ੍ਹਾਂ ਮਾਮਲਿਆਂ ਵਿੱਚ ਮੌਜੂਦਾ ਲੀਜ਼ਹੋਲਡ ਸਮਝੌਤੇ ਵਿੱਚ ਕੀਮਤ ਵਾਧੇ (ਅਨਅਰਨਡ ਇਨਕ੍ਰੀਜ਼) ਲਈ ਕੋਈ ਉਪਬੰਧ ਨਹੀਂ, ਉੱਥੇ ਫ੍ਰੀਹੋਲਡ ਵਿੱਚ ਤਬਦਲੇ ਸਮੇਂ ਇਹ ਲਾਗੂ ਨਹੀਂ ਹੋਵੇਗਾ।
7. ਪਰਿਵਾਰ ਅੰਦਰ ਕੀਤੇ ਜਾਣ ਵਾਲੇ ਤਬਾਦਲਿਆਂ, ਜਿਨ੍ਹਾਂ ਵਿੱਚ ਵਿਰਾਸਤ ਅਤੇ ਅਲਾਟੀ ਦੀ ਮੌਤ ਤੋਂ ਬਾਅਦ ਹੋਣ ਵਾਲੇ ਤਬਾਦਲੇ ਸ਼ਾਮਲ ਹਨ, ਦੇ ਮਾਮਲਿਆਂ ਵਿੱਚ, ਜਦੋਂ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਦਲੇ ਦਾ ਵਿਕਲਪ ਵਰਤਿਆ ਜਾ ਰਿਹਾ ਹੋਵੇ ਤਾਂ ਕੋਈ ਕੀਮਤ ਵਾਧਾ (ਅਨਅਰਨਡ ਇਨਕ੍ਰੀਜ਼) ਚਾਰਜ ਨਹੀਂ ਲੱਗੇਗਾ।
8. ਜੇਕਰ ਅਰਜ਼ੀਆਂ 30.04.2026 ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ ਤਾਂ ਅਲਾਟੀ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਦਲੇ 'ਤੇ 1,800 ਪ੍ਰਤੀ ਵਰਗ ਗਜ਼ ਦੇ ਹਿਸਾਬ ਨਾਲ ਬੱਚਤ ਲਾਭ ਪ੍ਰਾਪਤ ਕਰ ਸਕਦੇ ਹਨ। ਅਸਲ ਬੱਚਤ ਲਾਭ ਜਗ੍ਹਾ ਅਤੇ ਲਾਗੂ ਕੁਲੈਕਟਰ ਦਰਾਂ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੇ ਹਨ।



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਲਿਮਟਿਡ

## ਆਸ਼ੂ ਸੂਦ ਦੀ ਯਾਦ ’ਚ ਪੰਜਵਾਂ ਕ੍ਰਿਕਟ ਟੂਰਨਾਮੈਂਟ ਯਾਦਗਾਰੀ ਹੋ ਨਿੱਬੜਿਆ



ਮੋਗਾ (ਇਕਬਾਲ ਸਿੰਘ ਖਹਿਰਾ)-ਗੁਰੂ ਨਾਨਕ ਕਾਲਜ ਮੋਗਾ ਵਿਖੇ ਕ੍ਰਿਕਟ ਸਪੋਰਟਸ ਕਲੱਬ ਵੱਲੋਂ ਮਰਹੂਮ ਆਸ਼ੂ ਸੂਦ ਦੀ ਯਾਦ ਵਿੱਚ ਪੰਜਵਾਂ ਕ੍ਰਿਕਟ ਟੂਰਨਾਮੈਂਟ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਮੌਕੇ ਸਾਬਕਾ ਵਿਧਾਇਕ ਅਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਸਿੰਘ, ਸੀਨੀਅਰ ਕਾਂਗਰਸੀ ਆਗੂ ਅਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਵਿਨੋਦ ਬਾਂਸਲ, ਬੀ ਬੀ ਐਸ ਸੰਸਥਾਵਾਂ ਦੇ ਚੇਅਰਮੈਨ ਸੰਜੀਵ ਸੈਣੀ, ਕਾਂਗਰਸ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ, ਪ੍ਰਵੀਨ ਗਰਗ, ਅਜੇ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਜਿਨਾਂ ਦਾ ਸਵਾਗਤ ਕਲੱਬ ਦੇ ਪ੍ਰਧਾਨ ਸ਼ਿਵ ਸੂਦ, ਡਾ. ਸਾਹਿਲ ਸੂਦ, ਗੈਰੀ, ਡਾ. ਸ਼ਮਸ਼ੇਰ ਸਿੰਘ ਜੌਹਲ, ਰਾਜ ਕੁਮਾਰ, ਰਾਜੂ ਬਾਈ, ਗੰਮੀ, ਰਾਣਾ ਗਿੱਲ ਅਤੇ ਪ੍ਰਕਾਸ਼ ਵੱਲੋਂ ਕੀਤਾ ਗਿਆ। ਕਲੱਬ ਦੇ ਪ੍ਰਧਾਨ ਸ਼ਿਵ ਸੂਦ, ਡਾ. ਸਾਹਿਲ ਸੂਦ ਡਾਕਟਰ, ਗੈਰੀ ਸ਼ਮਸ਼ੇਰ ਸਿੰਘ ਜੌਹਲ, ਰਾਜ ਕੁਮਾਰ, ਰਾਜੂ ਬਾਈ , ਗੰਮੀ, ਰਾਣਾ ਗਿੱਲ ਅਤੇ ਪ੍ਰਕਾਸ਼ ਅਤੇ ਵਿਸ਼ੇਸ਼ ਮਹਿਮਾਨਾਂ ਵਲੋਂ ਜੇਤੂ ਟੀਮਾਂ ਅਤੇ ਖਿਡਾਰੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮਨਜੀਤ ਸਿੰਘ ਧੰਮੂ ਐਮ.ਸੀ., ਗੋਵਰਧਨ ਪੋਪਲੀ ਸੀਨੀਅਰ ਅਕਾਲੀ ਆਗੂ, ਗੁਰਜੰਟ ਸਿੰਘ ਰਾਮੂਵਾਲਾ, ਜੁਆਏਦੀਪ ਸ਼ਰਮਾ ਐਸ.ਓ.ਆਈ. ਜ਼ਿਲ੍ਹਾ ਪ੍ਰਧਾਨ, ਸੁਖਬੀਰ ਸਿੰਘ ਗਿੱਲ ਆਦਿ ਵੀ ਹਾਜ਼ਰ ਸਨ।

## ਦੇਸ਼ ਭਗਤ ਯੂਨੀਵਰਸਿਟੀ ਵਿਖੇ ਡਾ. ਅੰਬੇਡਕਰ ਦੇ ਸਮਾਜਿਕ ਨਿਆਂ ਦੇ ਦ੍ਰਿਸ਼ਟੀਕੋਣ ’ਤੇ ਵਿਸ਼ੇਸ਼ ਭਾਸ਼ਣ



ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਵਿਖੇ ਡਾ. ਬੀ. ਆਰ. ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਤ ਇੱਕ ਵਿਸ਼ੇਸ਼ ਐਕਸਟੈਂਸ਼ਨ ਲੈਕਚਰ ਕਰਵਾਇਆ ਗਿਆ।ਇਹ ਸਮਾਗਮ ਸਮਾਜਿਕ ਵਿਗਿਆਨ ਤੇ ਭਾਸ਼ਾਵਾਂ ਫੈਕਲਟੀ ਅਤੇ ਫੈਕਲਟੀ ਆਫ ਲੀਗਲ ਸਟੱਡੀਜ਼ ਦੁਆਰਾ ਸਾਂਝੇ ਤੌਰ ’ਤੇ ਕੀਤਾ ਗਿਆ।ਇਸ ਲੈਕਚਰ ਦਾ ਵਿਸ਼ਾ ਸੀ ‘ਡਾ. ਬੀ. ਆਰ. ਅੰਬੇਡਕਰ : ਸੰਵਿਧਾਨ ਨਿਰਮਾਣ ਤੇ ਸਮਾਜਿਕ ਨਿਆਂ।’ ਇਹ ਪ੍ਰੋਗਰਾਮ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ ਦੀ ਪ੍ਰੇਰਣਾ ਹੇਠ ਕੀਤਾ ਗਿਆ, ਜਿਸ ਵਿੱਚ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ, ਸੀਨੀਅਰ ਫੈਕਲਟੀ ਮੈਂਬਰਾਂ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੀ ਭਾਗੀਦਾਰੀ ਦੇਖਣ ਨੂੰ ਮਿਲੀ।ਸਮਾਜਿਕ ਵਿਗਿਆਨ ਤੇ ਭਾਸ਼ਾਵਾਂ ਫੈਕਲਟੀ ਦੀ ਇੰਚਾਰਜ ਡਾ. ਰੇਣੂ ਸ਼ਰਮਾ ਨੇ ਪਤਵੰਤਿਆਂ, ਫੈਕਲਟੀ ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ।ਬੁਲਾਰਿਆਂ ਨੇ ਡਾ. ਅੰਬੇਡਕਰ ਦੇ ਸੰਵਿਧਾਨਕ ਦ੍ਰਿਸ਼ਟੀਕੋਣ ਤੇ ਸਮਾਜਿਕ ਨਿਆਂ ਦੇ ਸਿਧਾਂਤਾਂ ਬਾਰੇ ਵਿਸਥਾਰ ਨਾਲ ਦੱਸਿਆ, ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ।ਮੁੱਖ ਭਾਸ਼ਣ ਦਿੰਦੇ ਹੋਏ ਫੈਕਲਟੀ ਆਫ ਲੀਗਲ ਸਟੱਡੀਜ਼ ਦੇ ਪ੍ਰਿੰਸੀਪਲ ਡਾ. ਜੈਵੀਰ ਸਿੰਘ ਨੇ ਕਿਹਾ ਕਿ ਸੰਵਿਧਾਨ ਦੇ ਅਨੁਛੇਦ 17 ਤੇ 46 ਸਮਾਜਿਕ ਲੋਕਤੰਤਰ ਦੀ ਨੀਂਹ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਸੰਵਿਧਾਨ ਨੂੰ ਸਿਰਫ਼ ਇੱਕ ਅਕਾਦਮਿਕ ਵਿਸ਼ੇ ਵਜੋਂ ਹੀ ਨਹੀਂ ਸਗੋਂ ਆਪਣੇ ਜੀਵਨ ਵਿੱਚ ਇੱਕ ਮਾਰਗਦਰਸ਼ਕ ਵਚਨਬੱਧਤਾ ਵਜੋਂ ਅਪਣਾਉਣ ਲਈ ਉਤਸ਼ਾਹਤ ਕੀਤਾ।ਪ੍ਰੋਗਰਾਮ ਕੋਆਰਡੀਨੇਟਰ ਤੇ ਹਿੰਦੀ ਵਿਭਾਗ ਦੇ ਮੁਖੀ ਡਾ. ਅਜੈਪਾਲ ਸਿੰਘ ਨੇ ਇਸ ਗੱਲ ’ਤੇ ਚਾਨਣਾ ਪਾਇਆ ਕਿ ਡਾ. ਅੰਬੇਡਕਰ ਭਾਸ਼ਾ ਨੂੰ ਸਸ਼ਕਤੀਕਰਨ ਲਈ ਇੱਕ ਸ਼ਕਤੀਸ਼ਾਲੀ ਸਾਧਨ ਵਜੋਂ ਦੇਖਦੇ ਸਨ। ਉਨ੍ਹਾਂ ਨੇ ਡਾ. ਅੰਬੇਡਕਰ ਦੇ ਸੰਦੇਸ਼ ‘ਸਿੱਖਿਅਤ ਕਰੋ, ਸੰਗਠਿਤ ਕਰੋ, ਅੰਦੋਲਨ ਕਰੋ’ ਦੀ ਸਥਾਈ ਸਾਰਥਕਤਾ ਨੂੰ ਦੁਹਰਾਇਆ।ਇਸ ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਪ੍ਰੋ-ਵਾਈਸ ਚਾਂਸਲਰ ਪ੍ਰੋ. ਡਾ. ਅਮਰਜੀਤ ਸਿੰਘ ਨੇ ਟਿੱਪਣੀ ਕੀਤੀ ਕਿ ਸੰਸਥਾਵਾਂ ਨੂੰ ਨਿਰਪੱਖ ਰਹਿਣ ਦੀ ਬਜਾਏ ਇੱਕ ਸਮਾਵੇਸ਼ੀ ਪਹੁੰਚ ਅਪਣਾਉਣੀ ਚਾਹੀਦੀ ਹੈ। ਪ੍ਰੋਗਰਾਮ ਦਾ ਸੰਚਾਲਨ ਡਾ. ਨਵਨਿੰਦਰ ਕੌਰ ਗਰੇਵਾਲ ਤੇ ਪ੍ਰੋ. ਡਾ. ਅਜੈਪਾਲ ਸਿੰਘ ਨੇ ਕੀਤਾ।ਪ੍ਰੋਗਰਾਮ ਦੀ ਸਮਾਪਤੀ ਪ੍ਰੋ. ਰਾਮ ਸਿੰਘ ਦੇ ਧੰਨਵਾਦ ਮਤੇ ਨਾਲ ਹੋਈ, ਜਿਨ੍ਹਾਂ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

## ਨਵ-ਨਿਯੁਕਤ ਪ੍ਰਧਾਨ ਰਾਜੇਸ਼ ਬੱਬੂ ਦਾ ਸਨਮਾਨ



ਨਾਭਾ (ਵਰਿੰਦਰ ਵਰਮਾ)-ਭਾਰਤੀ ਜਨਤਾ ਪਾਰਟੀ ਸੀਨੀਅਰ ਸਿਟੀਜਨ ਮੰਡਲ ਨਾਭਾ ਵੱਲੋਂ ਪ੍ਰਧਾਨ ਸੁਰੇਸ਼ ਬਾਂਸਲ ਦੀ ਅਗਵਾਈ ਵਿੱਚ ਅਗਰਵਾਲ ਸਭਾ ਨਾਭਾ ਦੇ ਨਵੇਂ ਚੁਣੇ ਗਏ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਗੁਰਿੰਦਰਜੀਤ ਸਿੰਘ ਸੋਢੀ, ਅਸ਼ੋਕ ਜਿੰਦੀਆ, ਅਨਿਲ ਗੁਪਤਾ, ਸੂਰੀਆਕਾਂਤ ਵਾਲੀਆ, ਅਮਰ ਚੰਦ, ਨਰੇਸ਼ ਕੁਮਾਰ ਸਾਲਦੀ, ਪਵਨ ਬਾਂਸਲ, ਅਸ਼ੋਕ ਜਿੰਦਲ, ਬਾਬੂ ਰਾਮ, ਰਾਜ ਕੁਮਾਰ ਸ਼ਰਮਾ ਹਾਜ਼ਰ ਸਨ।ਉਨ੍ਹਾਂ ਸਾਂਝੇ ਤੌਰ ’ਤੇ ਕਿਹਾ ਕਿ ਨਵ-ਨਿਯੁਕਤ ਪ੍ਰਧਾਨ ਰਾਜੇਸ਼ ਬੱਬੂ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ।ਉਹ ਸਮਾਜ ਨੂੰ ਸਿਖਰਾਂ ’ਤੇ ਲੈ ਕੇ ਜਾਣ ਲਈ ਕੋਈ ਕਸਰ ਨਹੀਂ ਛੱਡਣਗੇ।ਸਨਮਾਨਤ ਹੋਣ ਉਪਰੰਤ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਨੇ ਭਾਰਤੀ ਜਨਤਾ ਪਾਰਟੀ ਸੀਨੀਅਰ ਸਿਟੀਜਨ ਮੰਡਲ ਨਾਭਾ ਦੇ ਪ੍ਰਧਾਨ ਸੁਰੇਸ਼ ਬਾਂਸਲ ਤੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ਼ ਦਿਵਾਇਆ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਅੱਜ-ਨਾਮਾ

ਲੱਗੀ ਨਹੀਂ ਚੋਣ ਬੰਗਾਲ ਦੀ ਸਿਰੇ ਹਾਲੇ,
ਮਸਾਂ ਹੀ ਖਤਮ ਹੋਈ ਅੱਧੀ ਵਾਟ ਮੀਆਂ।
ਨਤੀਜੇ ਪਤਾ ਨਹੀਂ ਕਿੱਦਾਂ ਦੇ ਆਵਣੇ ਈ,
ਗਿੜਿਆ ਪੰਜਾਬ ਦਾ ਚੋਣ ਘਰਾਟ ਮੀਆਂ।
ਲੀਡਰ ਆਪ ਦੇ ਗਏ ਕਈ ਭਾਜਪਾ ਵੱਲ,
ਦਿੱਤੀ ਚੱਟਣ ਲਈ ਖਾਸ ਹੈ ਚਾਟ ਮੀਆਂ।
ਅਗਲੀ ਪਤਾ ਨਹੀਂ ਕਦੋਂ ਹੈ ਚੋਟ ਕਰਨੀ,
ਸੁਖਾਲੀ ਹੁੰਦੀ ਨਾ ਆਪ ਤੋਂ ਕਾਟ ਮੀਆਂ।
ਭਾਜਪਾ ਧੂੰਹਦੀ ਬੇਗਾਨੇ ਕਈ ਲੋਕ ਏਦਾਂ,
ਖਿੱਚੇ ਕੋਈ ਜਿੱਦਾਂ ਯਤੀਮ ਜਵਾਕ ਮੀਆਂ।
ਸਿਆਸੀ ਲਾਭ ਤੇ ਹੋਊ ਕੋਈ ਲੱਖ ਵਾਰੀ,
ਰੁਲਦਾ ਸੱਭ ਦੇ ਅੰਦਰ ਇਖਲਾਕ ਮੀਆਂ।

-ਤੀਸ ਮਾਰ ਖਾਂ

## ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ : ਵਿਧਾਇਕ ਕਾਕਾ ਬਰਾੜ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਮੰਡੀ ਵਿੱਚ ਚੱਲ ਰਹੇ ਹਾੜ੍ਹੀ ਦੇ ਸੀਜਨ ਨੂੰ ਦੇਖਦਿਆਂ ਸਥਾਨਕ ਮਾਰਕਿਟ ਕਮੇਟੀ ਦਫ਼ਤਰ ਵਿਖੇ ਸਮੂਹ ਆੜ੍ਹਤੀਆ ਭਾਈਚਾਰੇ ਨਾਲ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਭਰਵੀਂ ਮੀਟਿੰਗ ਕੀਤੀ ਗਈ।ਜਿਸ ਵਿੱਚ ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਇਕਬਾਲ ਸਿੰਘ ਵੜਿੰਗ, ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ ਤੇ ਮਾਰਕਿਟ ਕਮੇਟੀ ਸੈਕਟਰੀ ਬਲਕਾਰ ਸਿੰਘ ਤੇ ਹੋਰ ਅਹੁਦੇਦਾਰ ਹਾਜ਼ਰ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਮੰਡੀ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਮੰਡੀ ਵਿੱਚ ਪੀਣ ਵਾਲੇ ਪਾਣੀ, ਲਾਈਟ ਤੇ ਛਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਟਰੱਕ ਯੂਨੀਅਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਝਬੇਲਵਾਲੀ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੰਦਗੜ੍ਹ, ਵਿਜੇ ਤ੍ਰੇਹਣ, ਵਿਜੇ ਗਰਗ, ਪੱਪੂ ਯਾਦਵ, ਵਿਪਨ ਕੁਮਾਰ, ਚਰਨਜੀਤ ਸਿੰਘ, ਪਵਨ ਬਾਘਲਾ, ਲਾਲੀ ਬਾਘਲਾ, ਸੁਮਿਤ ਗਿੱਲ, ਬਲਦੇਵ ਰਾਜ, ਗੁਰਜੀਤ ਸਿੰਘ, ਰਾਜ ਕੁਮਾਰ ਬੱਤਰਾ, ਰਾਜੀਵ ਅਹੂਜਾ, ਰਵੀ ਕੁਮਾਰ ਆਦਿ ਹਾਜ਼ਰ ਸਨ।

## ਸ਼ਹਿਰ ਦੀ ਵਾਟਰ ਸਪਲਾਈ ਮਜ਼ਬੂਤ ਕਰਨ ਲਈ 14.06 ਕਰੋੜ ਦੇ ਪ੍ਰੋਜੈਕਟ ਨੂੰ ਮਨਜ਼ੂਰੀ : ਸੇਖੋਂ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਸ਼ਹਿਰ ਵਾਸੀਆਂ ਨੂੰ ਸੁਚਾਰੂ ਤੇ ਨਿਰਵਿਘਨ ਪਾਣੀ ਸਪਲਾਈ ਮੁਹੱਈਆ ਕਰਵਾਉਣ ਲਈ ਪਹਿਲੇ ਪੜਾਅ ਵਿੱਚ 14.06 ਕਰੋੜ ਰੁਪਏ ਦੀ ਲਾਗਤ ਨਾਲ ਵਾਟਰ ਸਪਲਾਈ ਸੰਬੰਧੀ ਮਹੱਤਵਪੂਰਨ ਪ੍ਰੋਜੈਕਟ ਨੂੰ ਮਨਜ਼ੂਰੀ ਮਿਲ ਚੁੱਕੀ ਹੈ ਤੇ ਇਸ ਦੇ ਟੈਂਡਰ ਵੀ ਜਾਰੀ ਕਰ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਸੰਜੇ ਨਗਰ ਵਾਟਰ ਵਰਕਸ ਵਿਖੇ 246 ਲੱਖ ਲੀਟਰ ਸਮਰੱਥਾ ਵਾਲਾ ਨਵਾਂ ਕਲੀਅਰ ਵਾਟਰ ਟੈਂਕ ਤਿਆਰ ਕੀਤਾ ਜਾਵੇਗਾ, ਜਿਸ ਨਾਲ ਪਾਣੀ ਸਟੋਰ ਕਰਨ ਦੀ ਸਮਰੱਥਾ ਵਿੱਚ ਵਾਧਾ ਹੋਵੇਗਾ ਤੇ ਸ਼ਹਿਰ ਨੂੰ ਲਗਾਤਾਰ ਪਾਣੀ ਦੀ ਸਪਲਾਈ ਯਕੀਨੀ ਬਣੇਗੀ।

ਵਿਧਾਇਕ ਸੇਖੋਂ ਨੇ ਦੱਸਿਆ ਕਿ ਸ਼ਹਿਰ ਵਿੱਚ 22.20 ਕਿਲੋਮੀਟਰ ਲੰਬਾਈ ਦੀਆਂ ਨਵੀਆਂ ਪਾਈਪਾਂ ਵਿਛਾਈਆਂ ਜਾਣਗੀਆਂ, ਜਿਸ ਨਾਲ ਹਰ ਗਲੀ ਤੇ ਮੁਹੱਲੇ ਤੱਕ ਪਾਣੀ ਦੀ ਪਹੁੰਚ ਯਕੀਨੀ ਬਣੇਗੀ। ਇਸ ਦੇ ਨਾਲ ਪੁਰਾਣੀ ਕੈਂਟ ਰੋਡ, ਜੀ.ਟੀ.ਬੀ. ਨਗਰ, ਫ਼ਿਰੋਜ਼ਪੁਰ ਰੋਡ ਤੇ ਮੇਨ ਬਾਜ਼ਾਰ ਦੀਆਂ ਮੇਨ ਪਾਈਪ ਲਾਈਨਾਂ ਨੂੰ ਵੱਡਾ ਕਰਕੇ ਬਦਲਿਆ ਜਾਵੇਗਾ ਤਾਂ ਜੋ ਲੱਗਦੇ ਇਲਾਕਿਆਂ ਵਿੱਚ ਪਾਣੀ ਦੀ ਸਪਲਾਈ ਸੁਧਰੇ।ਉਨ੍ਹਾਂ ਹੋਰ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਕਰੀਬ 2000 ਘਰਾਂ ਨੂੰ ਨਵੇਂ ਵਾਟਰ ਕੁਨੈਕਸ਼ਨ ਦਿੱਤੇ ਜਾਣਗੇ, ਨਾਲ ਹੀ ਬਾਜ਼ੀਗਰ ਬਸਤੀ ਤੇ ਸੰਜੇ ਨਗਰ ਵਾਟਰ ਵਰਕਸ ਦੀਆਂ ਕੰਪਾਊਂਡ ਵਾਲਾਂ ਦੀ ਉਸਾਰੀ ਕੀਤੀ ਜਾਵੇਗੀ ਅਤੇ ਸੰਜੇ ਨਗਰ ਵਾਟਰ ਵਰਕਸ ਦੀ ਰਿਪੇਅਰ ਵੀ ਕਰਵਾਈ ਜਾਵੇਗੀ।ਬੀ.ਐੱਸ.ਐੱਫ. ਕੈਂਪਸ ਵਿੱਚੋਂ ਲੰਘ ਰਹੀ ਇਨਲੈਟ ਚੈਨਲ ਪਾਈਪ ਨੂੰ ਵੀ ਬਦਲਿਆ ਜਾਵੇਗਾ ਤਾਂ ਜੋ ਪਾਣੀ ਸਪਲਾਈ ਪ੍ਰਣਾਲੀ ਹੋਰ ਮਜ਼ਬੂਤ ਬਣੇ।ਵਿਧਾਇਕ ਸ. ਸੇਖੋਂ ਨੇ ਦੱਸਿਆ ਕਿ ਦੂਜੇ ਪੜਾਅ ਵਿੱਚ ਲਗਭਗ 8 ਕਰੋੜ ਰੁਪਏ ਦੇ ਹੋਰ ਪ੍ਰੋਜੈਕਟ ਉੱਤੇ ਵੀ ਕੰਮ ਜਾਰੀ ਹੈ, ਜਿਸ ਤਹਿਤ ਟੀਚਰ ਕਲੋਨੀ ਨੇੜੇ ਨਹਿਰਾਂ ਦੇ ਕੋਲ ਨਵੇਂ ਵੱਡੇ ਵਾਟਰ ਵਰਕਸ ਦੀ ਉਸਾਰੀ ਦੀ ਯੋਜਨਾ ਹੈ।

## ਓ ਐੱਸ ਡੀ ਸੁਖਵੀਰ ਸਿੰਘ ਵੱਲੋਂ ਹਰਚੰਦਪੁਰਾ ਗਊਸ਼ਾਲਾ ਦਾ ਦੌਰਾ



ਧੂਰੀ (ਮਹਿੰਦਰ ਗਰਗ, ਮਨੋਹਰ ਸਿੰਗ੍ਹ, ਬਿੰਨੀ ਗਰਗ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਪਿੰਡ ਹਰਚੰਦਪੁਰਾ ਵਿਖੇ ਸਥਿਤ ਗਊਸ਼ਾਲਾ ਦਾ ਦੌਰਾ ਕਰਕੇ ਉੱਥੇ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਦੌਰਾਨ ਉਨ੍ਹਾਂ ਗਊਸ਼ਾਲਾ ਪ੍ਰਬੰਧਕਾਂ ਤੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਹਾਲ ਹੀ ਵਿੱਚ ਵਾਪਰੀ ਅੱਗ ਦੀ ਘਟਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ।ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਗਊਸ਼ਾਲਾ ਵਿੱਚ ਸਟੋਰ ਕੀਤੀ ਤੂੜੀ ਨੂੰ ਅਚਾਨਕ ਅੱਗ ਲੱਗ ਗਈ ਸੀ, ਜਿਸ ਕਾਰਨ ਵੱਡੇ ਪੱਧਰ ’ਤੇ ਚਾਰੇ ਦਾ ਨੁਕਸਾਨ ਹੋਇਆ।ਓ.ਐੱਸ.ਡੀ. ਸੁਖਵੀਰ ਸਿੰਘ ਨੇ ਮੌਕੇ ’ਤੇ ਨੁਕਸਾਨ ਦੀ ਸਮੀਖਿਆ ਕਰਦਿਆਂ ਕਿਹਾ ਕਿ ਗਊਸ਼ਾਲਾ ਵਿੱਚ ਰਹਿੰਦੇ ਪਸ਼ੂਆਂ ਦੀ ਸੰਭਾਲ ਸਭ ਤੋਂ ਵੱਡੀ ਤਰਜੀਹ ਹੈ ਤੇ ਇਸ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਉਨ੍ਹਾਂ ਅੱਗ ਤੋਂ ਬਚਾਅ ਲਈ ਅਗਾਊਂ ਇੰਤਜ਼ਾਮ, ਜਿਵੇਂ ਕਿ ਸੁਰੱਖਿਆ ਉਪਕਰਣ, ਪਾਣੀ ਦੀ ਉਪਲਬਧਤਾ ਤੇ ਸਟੋਰੇਜ ਪ੍ਰਬੰਧਾਂ ਨੂੰ ਮਜ਼ਬੂਤ ਕਰਨ ’ਤੇ ਵੀ ਜ਼ੋਰ ਦਿੱਤਾ।ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਗਊਸ਼ਾਲਾਵਾਂ ਦੀ ਸੰਭਾਲ ਤੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਜਿੱਥੇ ਵੀ ਲੋੜ ਪਵੇਗੀ, ਉੱਥੇ ਤੁਰੰਤ ਮਦਦ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਭਰੋਸਾ ਦਿਵਾਇਆ ਕਿ ਇਸ ਘਟਨਾ ਨਾਲ ਪ੍ਰਭਾਵਿਤ ਗਊਸ਼ਾਲਾ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਗਊਸ਼ਾਲਾ ਪ੍ਰਬੰਧਕਾਂ ਨੇ ਓ.ਐੱਸ.ਡੀ. ਸੁਖਵੀਰ ਸਿੰਘ ਨੂੰ ਅੱਗ ਦੀ ਘਟਨਾ ਤੋਂ ਬਾਅਦ ਆ ਰਹੀਆਂ ਦਿੱਕਤਾਂ ਬਾਰੇ ਜਾਣੂ ਕਰਵਾਇਆ ਤੇ ਤੁਰੰਤ ਦੌਰਾ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਗਊਸ਼ਾਲਾ ਕਮੇਟੀ ਦੇ ਖ਼ਜ਼ਾਨਚੀ ਬਸੰਤ ਕੁਮਾਰ, ਚੌਧਰੀ ਪਵਨ ਕੁਮਾਰ ਵਰਮਾ, ਐਡਵੋਕੇਟ ਬ੍ਰਿਜ ਭੂਸ਼ਣ, ਟੇਕ ਬਹਾਦਰ ਸਮੇਤ ਗਊਸ਼ਾਲਾ ਦੇ ਹੋਰ ਪ੍ਰਬੰਧਕ ਮੌਜੂਦ ਸਨ।

## ਅੱਧਾ ਕਿੱਲੋ ਹੈਰੋਇਨ ਸਮੇਤ ਤਸਕਰ ਕਾਬੂ



ਫ਼ਰੀਦਕੋਟ (ਐਲਗਜ਼ੈਂਡਰ ਡਿਸੂਜ਼ਾ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਫ਼ਰੀਦਕੋਟ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਪੁਲਸ ਨੇ ਵਿਦੇਸ਼ ਅਧਾਰਤ ਡਰੱਗ ਨੈੱਟਵਰਕ ਦੇ ਇੱਕ ਮੈਂਬਰ ਨੂੰ ਭਾਰੀ ਮਾਤਰਾ ਵਿੱਚ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ।ਪੁਲਸ ਨੇ ਮੁਲਜ਼ਮ ਕੋਲੋਂ 512 ਗ੍ਰਾਮ ਹੈਰੋਇਨ ਤੇ ਇੱਕ ਵੈਨਿਊ ਕਾਰ ਬਰਾਮਦ ਕੀਤੀ ਹੈ।ਐੱਸ.ਐੱਸ.ਪੀ. ਫ਼ਰੀਦਕੋਟ ਡਾ. ਪ੍ਰਗਿਆ ਜੈਨ ਨੇ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਹਿਚਾਣ ਗੁਰਮੀਤ ਸਿੰਘ ਉਰਫ ਮੀਤੂ (ਵਾਸੀ ਪਿੰਡ ਕਮਾਲੇ ਵਾਲਾ, ਫ਼ਿਰੋਜ਼ਪੁਰ) ਵਜੋਂ ਹੋਈ ਹੈ।ਡਾ. ਜੈਨ ਨੇ ਖੁਲਾਸਾ ਕੀਤਾ ਕਿ ਮੁਲਜ਼ਮ ਸਿੱਧੇ ਤੌਰ ’ਤੇ ਵਿਦੇਸ਼ ਵਿੱਚ ਬੈਠੇ ਨਸ਼ਾ ਤਸਕਰੀ ਦੇ ਸਰਗਨਾ ਨਾਲ ਸੰਪਰਕ ਵਿੱਚ ਸੀ ਤੇ ਇਲਾਕੇ ਵਿੱਚ ਖੇਪ ਦੀ ਸਪਲਾਈ ਕਰਨ ਲਈ ‘ਲੋਕਲ ਹੈਂਡਲਰ’ ਵਜੋਂ ਕੰਮ ਕਰ ਰਿਹਾ ਸੀ।ਮਾਮਲੇ ਦੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਸ੍ਰੀ ਤਰਲੋਚਨ ਸਿੰਘ ਨੇ ਦੱਸਿਆ ਕਿ ਥਾਣਾ ਸਾਦਿਕ ਦੇ ਮੁੱਖ ਅਫਸਰ ਇੰਸਪੈਕਟਰ ਗੁਰਲਾਲ ਸਿੰਘ ਦੀ ਅਗਵਾਈ ਵਿੱਚ ਹੋਰ ਸਹਾਇਕ ਥਾਣੇਦਾਰ ਬੇਅੰਤ ਸਿੰਘ ਤੇ ਪੁਲਸ ਪਾਰਟੀ ਗਸ਼ਤ ’ਤੇ ਸੀ।ਪਿੰਡ ਚੱਕ ਸਾਹੂ ਤੋਂ ਫ਼ਿਰੋਜ਼ਪੁਰ-ਸਾਦਿਕ ਮੇਨ ਰੋਡ ਵੱਲ ਆਉਂਦੇ ਕੱਚੇ ਰਸਤੇ ’ਤੇ ਇੱਕ ਕਾਰ ਨੂੰ ਸ਼ੱਕ ਦੇ ਅਧਾਰ ’ਤੇ ਰੋਕਿਆ।ਤਲਾਸ਼ੀ ਦੌਰਾਨ ਕਾਰ ਵਿੱਚੋਂ 512 ਗ੍ਰਾਮ ਹੈਰੋਇਨ ਬਰਾਮਦ ਹੋਈ।ਪੁਲਸ ਨੇ ਕਾਰਵਾਈ ਸੰਬੰਧੀ ਥਾਣਾ ਸਾਦਿਕ ਵਿਖੇ ਮੁਕੱਦਮਾ ਦਰਜ ਕੀਤਾ ਹੈ।

## ਵਰਲਡ ਯੂਨੀਵਰਸਿਟੀ ਵੱਲੋਂ ਅੰਗਰੇਜ਼ੀ ਸਾਹਿਤ ਦੀਆਂ ਦੋ ਪੁਸਤਕਾਂ ਦਾ ਲੋਕ ਅਰਪਣ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਸ਼ਵ ਪੁਸਤਕ ਤੇ ਕਾਪੀਰਾਈਟ ਦਿਵਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਨੇ ਦੋ ਵਿਦਵਤਾਪੂਰਨ ਪੁਸਤਕਾਂ ਦਾ ਵਿਧੀਵਤ ਲੋਕ ਅਰਪਣ ਕਰਕੇ ਇੱਕ ਮਹੱਤਵਪੂਰਨ ਅਕਾਦਮਿਕ ਮੀਲ ਪੱਥਰ ਹਾਸਲ ਕੀਤਾ।ਇਹ ਦਿਵਸ ਵਿਸ਼ਵ ਪੱਧਰ ’ਤੇ ਪੜ੍ਹਨ, ਪ੍ਰਕਾਸ਼ਨ ਤੇ ਕਾਪੀਰਾਈਟ ਬਾਰੇ ਜਾਗਰੂਕਤਾ ਵਧਾਉਣ ਲਈ ਮਨਾਇਆ ਜਾਂਦਾ ਹੈ।ਯੂਨੈਸਕੋ ਵੱਲੋਂ ਮਨਾਇਆ ਜਾਣ ਵਾਲਾ ਇਹ ਦਿਨ ਵਿਲੀਅਮ ਸ਼ੇਕਸਪੀਅਰ ਦੇ ਜਨਮ ਤੇ ਮੌਤ ਦਿਵਸ ਅਤੇ ਮਿਗੇਲ ਦੇ ਸਰਵੈਂਟਿਸ ਦੀ ਮੌਤ ਦੀ ਵਰ੍ਹੇਗੰਢ ਨਾਲ ਵੀ ਸੰਬੰਧਤ ਹੈ। ਪਹਿਲੀ ਪੁਸਤਕ ‘ਸ਼ੇਕਸਪੀਰੀਅਨ ਸੋਲਜ਼, ਟਵਿਟਰਿੰਗ ਟੰਗਜ਼’ ਡਾ. ਅੰਕਦੀਪ ਕੌਰ ਅਟਵਾਲ ਤੇ ਡਾ. ਬਲਜੀਤ ਕੌਰ ਵੱਲੋਂ ਸੰਪਾਦਤ ਹੈ, ਜੋ ਡਿਜੀਟਲ ਯੁੱਗ ਵਿੱਚ ਸ਼ੇਕਸਪੀਅਰ ਅਧਿਐਨ ਦੇ ਆਧੁਨਿਕ ਪੱਖਾਂ ਦੀ ਪੜਚੋਲ ਕਰਦੀ ਹੈ।ਦੂਜੀ ਪੁਸਤਕ ‘ਬਿਯੋਂਡ ਬਾਊਂਡਰੀਜ਼ : ਇੰਟਰਡਿਸਿਪਲਿਨਰੀ ਡਾਇਲਾਗ ਇਨ ਲਿਟਰੇਰੀ ਸਟਡੀਜ਼’ ਡਾ. ਅੰਕਦੀਪ ਕੌਰ ਅਟਵਾਲ, ਡਾ. ਬਲਜੀਤ ਕੌਰ ਤੇ ਜਸਪ੍ਰੀਤ ਕੌਰ ਵੱਲੋਂ ਸੰਪਾਦਿਤ ਹੈ, ਜੋ ਸਾਹਿਤਕ ਅਧਿਐਨ ਵਿੱਚ ਵੱਖ-ਵੱਖ ਵਿਭਾਗਾਂ ਦੇ ਆਲੋਚਨਾਤਮਕ ਦ੍ਰਿਸ਼ਟੀਕੋਣਾਂ ਨੂੰ ਇਕੱਠਾ ਕਰਦੀ ਹੈ।ਦੋਵੇਂ ਪੁਸਤਕਾਂ ਦਾ ਲੋਕ ਅਰਪਣ ਵਾਇਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਢਿੱਲੋਂ ਵੱਲੋਂ ਕੀਤਾ ਗਿਆ।ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਭਾਸ਼ਾ ਫੈਕਲਟੀ ਡਾ. ਸਿਕੰਦਰ ਸਿੰਘ ਤੇ ਡੀਨ ਧਾਰਮਿਕ ਅਧਿਐਨ ਫੈਕਲਟੀ ਡਾ. ਹਰਦੇਵ ਸਿੰਘ ਦੀ ਹਾਜ਼ਰੀ ਨੇ ਸਮਾਗਮ ਨੂੰ ਹੋਰ ਸ਼ਸ਼ੋਭਿਤ ਕੀਤਾ।ਸਮਾਰੋਹ ਦੇ ਅੰਤ ’ਤੇ ਵਿਦਿਆਰਥੀਆਂ ਨੂੰ 2025-26 ਦੇ ਅਕਾਦਮਿਕ ਸੈਸ਼ਨ ਦੌਰਾਨ ਵਿਭਾਗ ਵੱਲੋਂ ਕਰਵਾਈਆਂ ਗਈਆਂ ਵੱਖ-ਵੱਖ ਅਕਾਦਮਿਕ ਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਤੇ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ।

## ਓਰੀਐਂਟ ਸਕੂਲ ’ਚ ਧਰਤੀ ਦਿਵਸ ਮਨਾਇਆ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਵਿਖੇ ਧਰਤੀ ਦਿਵਸ ਮਨਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੂੰ ਧਰਤੀ ਤੇ ਵਾਤਾਵਰਣ ਦੀ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਇਸ ਸਾਲ ਦੇ ਗਲੋਬਲ ਥੀਮ ‘ਧਰਤੀ ਬਚਾਓ-ਜੀਵਨ ਬਚਾਓ’ ਅਨੁਸਾਰ ਪਲਾਸਟਿਕ ਦੀ ਵਰਤੋਂ ਘੱਟ ਕਰਨ ਸੰਬੰਧੀ ਮੁਹਿੰਮ ’ਚ ਭਾਗ ਲਿਆ। ਵਿਦਿਆਰਥੀਆਂ ਵਲੋਂ ਰੁੱਖ ਲਗਾਉਣ, ਪਾਣੀ ਦੀ ਬੱਚਤ ਕਰਨ, ਪ੍ਰਦੂਸ਼ਣ ਘਟਾਉਣ, ਜਲਵਾਯੂ ਪਰਿਵਰਤਨ ਵਰਗੇ ਵਾਤਾਵਰਣ ਸੰਬੰਧੀ ਮੁੱਦਿਆਂ ’ਤੇ ਚਰਚਾ ਕਰਨ ਲਈ ਅੰਤਰ ਸਕੂਲ ਮੁਕਾਬਲਿਆਂ ’ਚ ਭਾਗ ਲਿਆ। ਸਕੂਲ ਪ੍ਰਿੰਸੀਪਲ ਦੀਪਾਲੀ ਨੰਦਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਧਰਤੀ ਦੀ ਰੱਖਿਆ ਕਰਨੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਤੇ ਸੁੰਦਰ ਵਾਤਾਵਰਣ ਬਚਿਆ ਰਹੇ। ਅੰਤ ’ਚ ਸਾਰੇ ਵਿਦਿਆਰਥੀਆਂ ਨੂੰ ਧਰਤੀ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ ਗਿਆ।

## ਨੌਜਵਾਨ ਦੀ ਸ਼ੱਕੀ ਹਾਲਾਤ ’ਚ ਮੌਤ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮੀਆਂ ਮੁਹੱਲਾ ਦੇ ਰਹਿਣ ਵਾਲੇ ਨੌਜਵਾਨ ਤੁਸ਼ਾਰ ਕੁਮਾਰ (24) ਦੀ ਸ਼ੱਕੀ ਹਾਲਾਤ ’ਚ ਮੌਤ ਹੋ ਗਈ ਹੈ। ਮ੍ਰਿਤਕ ਦੇ ਪਿਤਾ ਬਿੱਲੂ ਨੇ ਦੱਸਿਆ ਕਿ ਉਸਦਾ ਲੜਕਾ ਨਸ਼ਾ ਕਰਨ ਦਾ ਆਦੀ ਸੀ, ਜਿਸ ਸਬੰਧੀ ਉਸ ਨੂੰ ਨਸ਼ਾ ਛੁਡਾਓ ਕੇਂਦਰ ਵਿਚ ਭਰਤੀ ਕਰਾ ਕੇ ਇਲਾਜ ਕਰਾਇਆ। ਉਨ੍ਹਾਂ ਨੂੰ ਕਿਸੇ ਨੇ ਦੱਸਿਆ ਕਿ ਤੁਸ਼ਾਰ ਨੂੰ ਬੇਸੁੱਧ ਹਾਲਤ ਵਿੱਚ ਮਾਛੀਵਾੜਾ ਹਸਪਤਾਲ ਲਿਆਂਦਾ ਗਿਆ, ਜਿੱਥੇ ਉਸਦੀ ਹਾਲਤ ਨੂੰ ਗੰਭੀਰ ਦੇਖਦਿਆਂ ਸਮਰਾਲਾ ਹਸਪਤਾਲ ਭੇਜ ਦਿੱਤਾ ਗਿਆ, ਉੱਥੇ ਵੀ ਡਾਕਟਰਾਂ ਵੱਲੋਂ ਮੁੱਢਲੀ ਸਹਾਇਤਾ ਦੇਣ ਉਪਰੰਤ ਚੰਡੀਗੜ੍ਹ ਰੈਫਰ ਕਰ ਦਿੱਤਾ, ਪਰ ਅਚਾਨਕ ਮੋਰਿੰਡੇ ਕੋਲ ਉਨ੍ਹਾਂ ਦੇਖਿਆ ਕਿ ਤੁਸ਼ਾਰ ਦੇ ਸਰੀਰ ਵੱਲੋਂ ਕੋਈ ਹਿਲਜੁਲ ਨਹੀਂ ਕੀਤੀ ਜਾ ਰਹੀ ਤਾਂ ਉਸ ਨੂੰ ਉੱਥੋਂ ਦੇ ਸਰਕਾਰੀ ਹਸਪਤਾਲ ਲੈ ਗਏ। ਮੋਰਿੰਡਾ ਸਰਕਾਰੀ ਹਸਪਤਾਲ ਦੇ ਡਾਕਟਰਾਂ ਨੇ ਤੁਸ਼ਾਰ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਤੇ ਇਸ ਸਬੰਧੀ ਮਾਛੀਵਾੜਾ ਪੁਲਸ ਨੂੰ ਸੂਚਿਤ ਕੀਤਾ ਗਿਆ। ਮ੍ਰਿਤਕ ਦੇ ਪਿਤਾ ਬਿੱਲੂ ਨੇ ਦੱਸਿਆ ਕਿ ਉਸ ਨੂੰ ਸ਼ੰਕਾ ਹੈ ਕਿ ਦੋਸਤਾਂ ਵੱਲੋਂ ਹੀ ਉਸ ਨੂੰ ਕੱਲ੍ਹ ਸ਼ਾਮ ਨਸ਼ਾ ਪਿਲਾਇਆ ਗਿਆ ਜਿਸ ਕਾਰਨ ਉਸਦੀ ਮੌਤ ਹੋਈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪਰਸ਼ੋਤਮ ਲਾਲ ਨੇ ਦੱਸਿਆ ਕਿ ਨੌਜਵਾਨ ਤੁਸ਼ਾਰ ਦੀ ਸ਼ੱਕੀ ਹਾਲਾਤਾਂ ’ਚ ਮੌਤ ਹੋਈ ਹੈ, ਪਰ ਮੌਤ ਦੇ ਅਸਲ ਕਾਰਨ ਬਾਰੇ ਪੋਸਟ ਮਾਰਟਮ ਰਿਪੋਰਟ ਤੋਂ ਬਾਅਦ ਹੀ ਪਤਾ ਲੱਗੇਗਾ।

## ਪੀ ਏ ਯੂ ’ਚ ਵਿਸ਼ਵ ਪੁਸਤਕ ਤੇ ਕਾਪੀਰਾਈਟ ਦਿਹਾੜਾ ਮਨਾਇਆ



ਲੁਧਿਆਣਾ (ਰੈਕਟਰ ਕਥੂਰੀਆ)-ਪੀ.ਏ.ਯੂ. ਦੀ ਮਹਿੰਦਰ ਸਿੰਘ ਰੰਧਾਵਾ ਲਾਇਬ੍ਰੇਰੀ ਦੇ ਸਮੁੱਚੇ ਅਮਲੇ ਨੇ ਜੋਸ਼-ਰੋਸ਼ ਨਾਲ ਵਿਸ਼ਵ ਪੁਸਤਕ ਤੇ ਕਾਪੀਰਾਈਟ ਦਿਹਾੜਾ ਮਨਾਇਆ। ਵਿਦਿਆਰਥੀ ਭਵਨ ਦੇ ਸ਼ਹੀਦ ਭਗਤ ਸਿੰਘ ਆਡੀਟੋਰੀਅਮ ’ਚ ਇਸ ਮੌਕੇ ਵਿਦਿਆਰਥੀਆਂ ਦੇ ਸਿਰਜਣ ਮੁਕਾਬਲੇ ਵੀ ਕਰਾਏ ਗਏ। ਡਾ. ਸਤਿਬੀਰ ਸਿੰਘ ਗੋਸਲ ਵਾਈਸ ਚਾਂਸਲਰ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਡਾ. ਗੋਸਲ ਨੇ ਕਿਹਾ ਕਿ ਭਾਵੇਂ ਅੱਜ ਦਾ ਯੁੱਗ ਡਿਜੀਟਲ ਸੂਚਨਾ ਤਕਨਾਲੋਜੀ ਵਿਚ ਤਬਦੀਲ ਹੋਇਆ ਹੈ, ਪਰ ਕਿਤਾਬਾਂ ਅੱਜ ਵੀ ਮਨੁੱਖ ਦੀਆਂ ਸਭ ਤੋਂ ਨੇੜੇ ਦੀਆਂ ਸਾਥੀ ਹਨ। ਡਾ. ਗੋਸਲ ਨੇ ਕਿਹਾ ਕਿ ਮਨੁੱਖ ਨੇ ਮਨੁੱਖ ਹੋਣ ਦੇ ਸਫਰ ਵਿਚ ਜਿਹੜੀਆਂ ਸਭ ਤੋਂ ਅਹਿਮ ਖੋਜਾਂ ਕੀਤੀਆਂ ਉਨ੍ਹਾਂ ਵਿਚ ਕਿਤਾਬ ਸਭ ਤੋਂ ਪ੍ਰਮੁੱਖ ਹੈ। ਡਾ. ਗੋਸਲ ਨੇ ਵਿਦਿਆਰਥੀਆਂ ਨੂੰ ਸੁਝਾਅ ਦਿੱਤੇ ਕਿ ਉਹ ਜ਼ਿੰਦਗੀ ਦੇ ਤਣਾਵਾਂ ਅਤੇ ਫਿਕਰਾਂ ਤੋਂ ਮੁਕਤੀ ਲਈ ਪੜ੍ਹਨ ਨੂੰ ਆਪਣੀ ਪੱਕੀ ਆਦਤ ਬਣਾ ਲੈਣ। ਪੀ.ਏ.ਯੂ. ਦੇ ਸਾਬਕਾ ਪਸਾਰ ਮਾਹਿਰ ਤੇ ਵਧੀਕ ਨਿਰਦੇਸ਼ਕ ਸੰਚਾਰ ਡਾ. ਰਣਜੀਤ ਸਿੰਘ ਅਤੇ ਜ਼ਿਲ੍ਹਾ ਭਾਸ਼ਾ ਅਫਸਰ ਡਾ. ਸੰਦੀਪ ਸ਼ਰਮਾ ਇਸ ਸਮਾਰੋਹ ਵਿਚ ਮੁੱਖ ਬੁਲਾਰਿਆਂ ਵਜੋਂ ਸ਼ਾਮਲ ਹੋਏ। ਡਾ. ਸੰਦੀਪ ਸ਼ਰਮਾ ਨੇ ਕਿਤਾਬ ਦੀ ਕਲਪਨਾ ਤੋਂ ਲੈ ਕੇ ਲਿਖਣ ਅਤੇ ਪ੍ਰਕਾਸ਼ਨ ਤੱਕ ਦੇ ਸਮੁੱਚੇ ਪੜਾਅ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਲਗਾਤਾਰ ਸ਼ਖ਼ਸੀ ਵਿਕਾਸ ਲਈ ਪੜ੍ਹਦੇ ਰਹਿਣਾ ਚਾਹੀਦਾ ਹੈ। ਡਾ. ਰਣਜੀਤ ਸਿੰਘ ਨੇ ਅਧਿਐਨ ਦੇ ਮਾਮਲੇ ’ਚ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਤਾਬਾਂ ਪੜ੍ਹਨ ਲਈ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਰਣਜੀਤ ਸਿੰਘ ਵੱਲੋਂ ਲਿਖੀ ਕਿਤਾਬ ‘ਕੋਈ ਨਾਉਂ ਨਾ ਜਾਣੇ ਮੇਰਾ’ ਰਿਲੀਜ਼ ਕੀਤੀ ਗਈ।

## ਲਾਈਨ ਕਲੱਬ ਮੇਨ ਜਗਰਾਉਂ ਦੀ ਨਵੀਂ ਟੀਮ ਦਾ ਐਲਾਨ



ਜਗਰਾਉਂ (ਸੰਜੀਵ ਅਰੋੜਾ)-ਲਾਈਨ ਕਲੱਬ ਜਗਰਾਉਂ ਮੇਨ ਦੀ ਅਹਿਮ ਮੀਟਿੰਗ ਕਲੱਬ ਪ੍ਰਧਾਨ ਐੱਮ.ਜੇ.ਐੱਫ. ਲਾਈਨ ਕੰਵਲਜੀਤ ਸਿੰਘ ਮੱਲ੍ਹਾ ਦੀ ਸਰਪ੍ਰਸਤੀ ਹੇਠ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਕਲੱਬ ਦੇ ਪੀ.ਆਰ.ਓ. ਲਾਈਨ ਹਰਪ੍ਰੀਤ ਸਿੰਘ ਸੱਗੂ ਵੱਲੋਂ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਸਾਲ 2026-27 ਲਈ ਨਵੇਂ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਨਵੀਂ ਟੀਮ ਵਿੱਚ ਐੱਮ.ਜੇ.ਐੱਫ. ਲਾਈਨ ਮਹਿੰਦਰ ਸਿੰਘ ਸਿੱਧਵਾਂ ਐਡਵੋਕੇਟ ਨੂੰ ਪ੍ਰਧਾਨ, ਐੱਮ.ਜੇ.ਐੱਫ. ਲਾਈਨ ਪਰਮਵੀਰ ਸਿੰਘ ਗਿੱਲ ਨੂੰ ਸੈਕਟਰੀ ਤੇ ਐੱਮ.ਜੇ.ਐੱਫ. ਲਾਈਨ ਗੁਰਜੋਤ ਸਿੰਘ ਗਰੇਵਾਲ ਨੂੰ ਕੈਸ਼ੀਅਰ ਚੁਣਿਆ ਗਿਆ। ਇਸ ਤੋਂ ਇਲਾਵਾ ਬਾਕੀ ਟੀਮ ਚੁਣਨ ਦਾ ਅਧਿਕਾਰ ਪ੍ਰਧਾਨ ਨੂੰ ਸੌਂਪਿਆ ਗਿਆ। ਨਵੇਂ ਚੁਣੇ ਅਹੁਦੇਦਾਰਾਂ ਨੂੰ ਮੈਂਬਰਾਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਤੇ ਉਨ੍ਹਾਂ ਤੋਂ ਉਮੀਦ ਜਤਾਈ ਗਈ ਕਿ ਉਹ ਕਲੱਬ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਬਣਾਉਣਗੇ। ਇਸ ਮੌਕੇ ਨਵੇਂ ਪ੍ਰਧਾਨ ਮਹਿੰਦਰ ਸਿੰਘ ਸਿੱਧਵਾਂ ਨੇ ਕਿਹਾ ਕਿ ਉਹ ਸਾਰੇ ਮੈਂਬਰਾਂ ਦੇ ਸਹਿਯੋਗ ਨਾਲ ਸਮਾਜ ਸੇਵਾ ਦੇ ਕਾਰਜਾਂ ਨੂੰ ਅੱਗੇ ਵਧਾਉਣਗੇ। ਮੀਟਿੰਗ ਦੇ ਅੰਤ ’ਤੇ ਸਾਰੇ ਮੈਂਬਰਾਂ ਨੇ ਕਲੱਬ ਦੀ ਭਲਾਈ ਤੇ ਵਿਕਾਸ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਲਿਆ।

## ਰੋਜ਼ਾਨਾ ਸਫ਼ਾਈ ਨਾ ਹੋਣ ਕਰਕੇ ਦੁਕਾਨਦਾਰਾਂ ਨੂੰ ਕਰਨਾ ਪੈ ਰਿਹਾ ਮੁਸ਼ਕਲਾਂ ਦਾ ਸਾਹਮਣਾ



ਕੋਟ ਈਸੇ ਖਾਂ (ਅਰੋੜਾ)-ਜ਼ੀਰਾ ਰੋਡ ’ਤੇ ਸ੍ਰੀ ਹੇਮਕੁੰਟ ਸਕੂਲ ਦੇ ਨਜ਼ਦੀਕ ਸਥਿਤ ਦੁਕਾਨਾਂ ਦੇ ਅੱਗੇ ਨਗਰ ਪੰਚਾਇਤ ਦੇ ਸਫਾਈ ਸੇਵਕਾਂ ਵੱਲੋਂ ਰੋਜ਼ਾਨਾ ਸਫ਼ਾਈ ਨਾ ਕੀਤੇ ਜਾਣ ਨੂੰ ਲੈ ਕੇ ਦੁਕਾਨਦਾਰਾਂ ਨੇ ਦੱਸਿਆ ਕਿ ਸਾਡੀਆਂ ਦੁਕਾਨਾਂ ਅੱਗੇ ਰੋਜ਼ਾਨਾ ਸਫਾਈ ਨਹੀ ਕੀਤੀ ਜਾਂਦੀ।ਕੋਈ ਵੀ ਪੱਕਾ ਸਫਾਈ ਸੇਵਕ ਨਾ ਹੋਣ ਕਰਕੇ ਬਹੁਤ ਮੁਸ਼ਕਲ ਆਉਂਦੀ ਹੈ।ਉਨ੍ਹਾਂ ਦੱਸਿਆ ਕਿ ਇਕ ਸਫਾਈ ਸੇਵਕ ਹੈ, ਜੋ 3.:4 ਦਿਨ ਬਾਅਦ ਆਉਂਦਾ ਹੈ ਤੇ ਸਫਾਈ ਕਰਦਾ ਹੈ।ਦੁਕਾਨਦਾਰਾਂ ਨੇ ਦੱਸਿਆ ਕਿ ਹਰ ਰੋਜ਼ ਉਹ ਆਪ ਹੀ ਸਫਾਈ ਕਰਦੇ ਹਨ।ਕੋਈ ਵੀ ਸਫਾਈ ਸੇਵਕ ਨਾ ਹੋਣ ਕਰਕੇ ਕੂੜਾ ਵੀ ਓਵੇਂ ਹੀ ਪਿਆ ਰਹਿੰਦਾ ਹੈ, ਜੋ ਹਵਾ ਵਗੈਰਾ ਨਾਲ ਫਿਰ ਤੋਂ ਦੁਕਾਨਾਂ ਅੱਗੇ ਖਿੱਲਰ ਜਾਂਦਾ ਹੈ, ਜਿਸ ਕਰਕੇ ਬਹੁਤ ਮੁਸ਼ਕਲ ਆਉਂਦੀ ਹੈ।ਦੁਕਾਨਦਾਰ ਪਵਨ ਕੁਮਾਰ, ਸਤਨਾਮ ਸਿੰਘ, ਬਿੱਟੂ ਸੋਫ਼ਿਆਂ ਵਾਲਾ, ਬੂਟਾ ਸਿੰਘ, ਵਿਪਨ, ਜੰਟਾ, ਤਰਸੇਮ ਸਿੰਘ ਤੇ ਹੋਰ ਦੁਕਾਨਦਾਰਾਂ ਨੇ ਨਗਰ ਪੰਚਾਇਤ ਦਫਤਰ ਤੋਂ ਮੰਗ ਕੀਤੀ ਕਿ ਇਥੇ ਕੋਈ ਪੱਕਾ ਸਫਾਈ ਸੇਵਕ ਦੀ ਡਿਊਟੀ ਲਾਈ ਜਾਵੇ ਅਤੇ ਰੋਜ਼ਾਨਾ ਸਫਾਈ ਨੂੰ ਯਕੀਨੀ ਬਣਾਇਆ ਜਾਵੇ।

## ਸਫਾ 1 ਦੇ ਬਾਕੀ...

### ਭਾਜਪਾ ਦੇ ਲੱਡੂਆਂ ਨੇ ...

ਦੇਖ ਰਹੇ ਹਨ।” ਸਾਂਸਦ ਗੁਰਮੀਤ ਸਿੰਘ ਮੀਤ ਹੇਅਰ ਨੇ ਸਪੱਸ਼ਟ ਕੀਤਾ ਹੈ ਕਿ ਪੰਜਾਬ ਦੀ ਧਰਤੀ ਸਿਧਾਂਤਾਂ ਅਤੇ ਸੰਘਰਸ਼ ਦੀ ਧਰਤੀ ਹੈ, ਇੱਥੇ ਭਾਜਪਾ ਦਾ ਇਹ ‘ਵਾਸ਼ਿੰਗ ਮਸ਼ੀਨ’ ਮਾਡਲ ਕਦੇ ਸਫਲ ਨਹੀਂ ਹੋਵੇਗਾ।

ਮੀਤ ਹੇਅਰ ਨੇ ਕਿਹਾ ਕਿ ਜਿਸ ਪਾਰਟੀ ਅਤੇ ਅਰਵਿੰਦ ਕੇਜਰੀਵਾਲ ਨੇ ਇੱਕ ਆਮ ਨੌਜਵਾਨ ਨੂੰ ਰਾਸ਼ਟਰੀ ਪਛਾਣ ਦਿੱਤੀ, ਉਸੇ ਪਾਰਟੀ ਦੇ ਸਭ ਤੋਂ ਮੁਸ਼ਕਲ ਸਮੇਂ ਵਿੱਚ ਰਾਘਵ ਚੱਢਾ ਦਾ ਸਾਥ ਛੱਡ ਦੇਣਾ ਨੈਤਿਕਤਾ ਦੇ ਖਿਲਾਫ ਹੈ। ਉਨ੍ਹਾ ਸੁਨੀਲ ਜਾਖੜ ਅਤੇ ਰਵਨੀਤ ਬਿੱਟੂ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਉਹ ਪੰਜਾਬ ਦੇ ਇਤਿਹਾਸ ਅਤੇ ਸਿੱਖਾਂ ਦੇ ਸਿਧਾਂਤਾਂ ਨੂੰ ਜਾਣਦੇ ਹਨ। ਪੰਜਾਬ ਉਹ ਕੌਮ ਹੈ, ਜੋ ਸੁੱਕੇ ਪੱਤੇ ਖਾ ਕੇ ਵੀ ਜੰਗ ਲੜਨਾ ਜਾਣਦੀ ਹੈ, ਪਰ ਝੁਕਣਾ ਨਹੀਂ।

‘ਆਪ’ ਪੰਜਾਬ ਦੇ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਚੱਢਾ ਨੇ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਪੰਜਾਬੀ ਦਿਲ ਖੋਲ੍ਹ ਕੇ ਪਿਆਰ ਕਰਨਾ ਜਾਣਦੇ ਹਨ, ਪਰ ਉਹ ਗੱਦਾਰਾਂ ਨਾਲ ਨਜਿੱਠਣਾ ਵੀ ਚੰਗੀ ਤਰ੍ਹਾਂ ਜਾਣਦੇ ਹਨ।ਬਲਤੇਜ ਪੰਨੂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬੀਆਂ ਨਾਲ ਦੁਸ਼ਮਣੀ ਨਾ ਲਓ, ਇਹ ਬਹੁਤ ਮਹਿੰਗੀ ਪਵੇਗੀ।

### ਝੁਮਕਾ ਗਿਰਾ ਰੇ...

ਹੈਰਾਨੀ ਜਤਾਉਂਦਿਆਂ ਉਨ੍ਹਾਂ ਦੀ “ਹਿੰਮਤ ਦੀ ਕਮੀ” ’ਤੇ ਸਵਾਲ ਚੁੱਕੇ ਸਨ। ਟਰੰਪ ਦੀ ਇਸ ਆਲੋਚਨਾ ਦਾ ਜਵਾਬ ਦਿੰਦਿਆਂ ਮੇਲੋਨੀ ਨੇ ਸਾਫ਼ ਸ਼ਬਦਾਂ ਵਿੱਚ ਲਿਖਿਆ, “ਅਸੀਂ ਕਿਸੇ ਦੇ ਹੁਕਮਾਂ ’ਤੇ ਨਹੀਂ ਚੱਲਦੇ । ਸਾਡਾ ਇੱਕੋ-ਇੱਕ ਮਕਸਦ ਇਟਲੀ ਦਾ ਹਿੱਤ ਹੈ। ਭਾਰਤੀ ਪ੍ਰਸ਼ੰਸਕਾਂ ਦਾ ਪੂਰਾ ਧਿਆਨ ਮੇਲੋਨੀ ਦੇ ਲਟਕਣ ਵਾਲੇ ‘ਝੁਮਕਿਆਂ’ ਅਤੇ ਛੋਟੇ-ਛੋਟੇ ‘ਘੁੰਗਰੂਆਂ’ ’ਤੇ ਰਿਹਾ। ਸੋਸ਼ਲ ਮੀਡੀਆ ’ਤੇ “ਬਹੁਤ ਸੁੰਦਰ!” ਅਤੇ “ਮਾਰ ਡਾਲਾ” ਵਰਗੇ ਕਮੈਂਟਸ ਦਾ ਹੜ੍ਹ ਆ ਗਿਆ। ਭਾਰਤੀ ਯੂਜ਼ਰਸ ਨੇ ਜਿੱਥੇ ਉਨ੍ਹਾਂ ਦੇ ਇਸ ਦੇਸੀ ਅੰਦਾਜ਼ ਦੀ ਤਾਰੀਫ਼ ਕੀਤੀ, ਉੱਥੇ ਹੀ ਮੇਲੋਨੀ ਨੇ ਇਹ ਸਾਬਤ ਕਰ ਦਿੱਤਾ ਕਿ ਕੌਮਾਂਤਰੀ ਦਬਾਅ ਦੇ ਵਿਚਕਾਰ ਵੀ ਉਹ ਆਪਣੀ ਸ਼ੈਲੀ ਅਤੇ ਅੰਦਾਜ਼ ’ਤੇ ਕਾਇਮ ਹਨ।

### ਟਰੰਪ ਕੋਲ ਸੱਤ...

“ਵਿਰੋਧ ਕਰਨ ਦਾ ਹੱਕ” ਰੱਖਦੇ ਹਨ। ਇਸ ਦੇ ਬਾਵਜੂਦ ਅਮਰੀਕੀ ਪ੍ਰਸ਼ਾਸਨ ਇਸ ਜੰਗਬੰਦੀ ਨੂੰ ਸਥਾਈ ਸ਼ਾਂਤੀ ਵਿੱਚ ਬਦਲਣ ਦੀ ਕੋਸ਼ਿਸ਼ ਕਰ ਰਿਹਾ ਹੈ। ਟਰੰਪ ਨੇ ਅੱਗੇ ਕਿਹਾ ਕਿ ਉਹ ਨੇੜ-ਭਵਿੱਖ ਵਿੱਚ ਇਜ਼ਰਾਇਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਲੈਬਨਾਨ ਦੇ ਰਾਸ਼ਟਰਪਤੀ ਜੋਸਫ਼ ਔਨ ਦੀ ਮੇਜ਼ਬਾਨੀ ਕਰਨ ਲਈ ਵੀ ਉਤਸੁਕ ਹਨ। ਫਿਲਹਾਲ, ਇਸ ਜੰਗਬੰਦੀ ਨਾਲ ਸਰਹੱਦੀ ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ।

### ਪੰਜਾਬੀ ਵਿਦਿਆਰਥਣ...

ਪਰਮਿੰਦਰ ਸਿੰਘ ਅਨੁਸਾਰ ਉਨ੍ਹਾਂ ਦੀ ਧੀ 2021 ਵਿਚ ਕੈਨੇਡਾ ਪੜ੍ਹਾਈ ਲਈ ਗਈ ਸੀ ਅਤੇ ਉਹ ਉੱਥੇ ਬੱਚਿਆਂ ਦੀ ਦੇਖਭਾਲ ਦਾ ਕੰਮ ਵੀ ਕਰਦੀ ਸੀ। ਉਨ੍ਹਾਂ ਦੱਸਿਆ ਕਿ ਅਨਮੋਲਦੀਪ ਵੱਲੋਂ ਪਿਛਲੇ ਸਾਲ ਸਥਾਈ ਨਿਵਾਸ (ਪੀ ਆਰ) ਲਈ ਦਿੱਤੀ ਅਰਜ਼ੀ ਹਾਲੇ ਵਿਚਾਰ ਅਧੀਨ ਸੀ। ਸੂਬੇਦਾਰ ਅਨੁਸਾਰ ਅਨਮੋਲਦੀਪ ਦੀ ਮਾਤਾ ਅਮਰਦੀਪ ਕੌਰ ਆਪਣੀ ਧੀ ਨੂੰ ਮਿਲਣ ਜਾਣ ਦੀ ਤਿਆਰੀ ਕਰ ਰਹੀ ਸੀ। ਅਨਮੋਲਦੀਪ ਦਾ ਭਰਾ ਦਿਲਪ੍ਰੀਤ ਸਿੰਘ ਅਮਰੀਕਾ ਵਿਚ ਰਹਿੰਦਾ ਹੈ ਅਤੇ ਉਹ ਕੈਨੇਡਾ ਪੁਲਸ ਨਾਲ ਸੰਪਰਕ ਵਿਚ ਹੈ। ਅਨਮੋਲਦੀਪ ਕੌਰ ਦਾ ਪਰਵਾਰ ਮੂਲ ਰੂਪ ਵਿਚ ਪਿੰਡ ਮਾਣੂਕੇ ਦਾ ਰਹਿਣ ਵਾਲਾ ਹੈ।

## ਸੜਕ ਪਾਰ ਕਰਦੇ ਗਰੀਬ ਮਜ਼ਦੂਰ ਨੂੰ ਅਣਪਛਾਤੇ ਵਾਹਨ ਨੇ ਕੁਚਲਿਆ




ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਰਹਿੰਦ ਨਹਿਰ ਦੇ ਗੜ੍ਹੀ ਪੁਲ ’ਤੇ ਬੀਤੀ ਦੇਰ ਰਾਤ ਵਾਪਰੇ ਦਰਦਨਾਕ ਹਾਦਸੇ ’ਚ ਇੱਕ ਗਰੀਬ ਮਜ਼ਦੂਰ ਸਬਕ ਲਾਲ ਸਾਹਨੀ (54) ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਸਬਕ ਲਾਲ ਸਾਹਨੀ ਗੜ੍ਹੀ ਪੁਲ ’ਤੇ ਸੜਕ ਪਾਰ ਕਰ ਰਿਹਾ ਸੀ ਕਿ ਅਚਾਨਕ ਉਸ ਨੂੰ ਅਣਪਛਾਤੇ ਵਾਹਨ ਨੇ ਫੇਟ ਮਾਰ ਕੇ ਕੁਚਲ ਦਿੱਤਾ, ਜਿਸ ਕਾਰਨ ਉਸਦੀ ਮੌਕੇ ’ਤੇ ਹੀ ਮੌਤ ਹੋ ਗਈ। ਸਬਕ ਲਾਲ ਸਾਹਨੀ ਪੱਲੇਦਾਰੀ ਦਾ ਕੰਮ ਕਰਕੇ ਆਪਣੇ ਪਰਵਾਰ ਦਾ ਪਾਲਣ-ਪੋਸ਼ਣ ਕਰਦਾ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਸਬ-ਇੰਸਪੈਕਟਰ ਪਰਸ਼ੋਤਮ ਲਾਲ ਵੀ ਮੌਕੇ ’ਤੇ ਪਹੁੰਚ ਗਏ। ਉਨ੍ਹਾਂ ਕਿਹਾ ਕਿ ਮਾਛੀਵਾੜਾ ਥਾਣਾ ’ਚ ਅਣਪਛਾਤੇ ਵਾਹਨ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਤੇ ਲਾਸ਼ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਵਾਰਿਸਾਂ ਨੂੰ ਸੌਂਪ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਨੂੰ ਕੁਚਲਣ ਵਾਲੇ ਵਾਹਨ ਸੰਬੰਧੀ ਅਜੇ ਕੋਈ ਸਪੱਸ਼ਟ ਜਾਣਕਾਰੀ ਨਹੀਂ ਮਿਲੀ, ਪਰ ਸੀ.ਸੀ.ਟੀ.ਵੀ. ਕੈਮਰੇ ਦੀ ਫੁਟੇਜ ਚੈੱਕ ਕਰਨ ਤੋਂ ਬਾਅਦ ਉਸ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।

## ਤਾਰਾ ਦੇਵੀ ਵਿੱਦਿਆ ਮੰਦਰ ’ਚ ਪੁਸਤਕ ਦਿਵਸ ਮਨਾਇਆ



ਜਗਰਾਉਂ (ਅਮਿਤ ਖੰਨਾ)-ਕਿਤਾਬਾਂ ਦੀ ਮਹੱਤਤਾ ਨੂੰ ਉਜਾਗਰ ਕਰਨ ਲਈ ਸ਼੍ਰੀਮਤੀ ਤਾਰਾ ਦੇਵੀ ਜਿੰਦਲ ਆਰੀਆ ਵਿੱਦਿਆ ਮੰਦਰ ਵਿਖੇ ਵਿਸ਼ਵ ਪੁਸਤਕ ਦਿਵਸ ਮਨਾਇਆ ਗਿਆ।ਪਹਿਲੀ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਈ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਪਹਿਲੀ ਤੇ ਦੂਜੀ ਜਮਾਤ ਲਈ ਕਹਾਣੀ ਸੁਣਾਉਣ ਦੀਆਂ ਗਤੀਵਿਧੀਆਂ, ਤੀਜੀ ਤੋਂ ਪੰਜਵੀਂ ਜਮਾਤ ਲਈ ਕਿਤਾਬ ਪੜ੍ਹਨ ਦੀਆਂ ਗਤੀਵਿਧੀਆਂ, ਛੇਵੀਂ ਤੋਂ ਅੱਠਵੀਂ ਜਮਾਤ ਲਈ ਕਿਤਾਬ ਸਮੀਖਿਆ ਪੇਸ਼ਕਾਰੀਆਂ ਤੇ ਨੌਵੀਂ ਅਤੇ ਦਸਵੀਂ ਜਮਾਤ ਲਈ ਕਿਤਾਬਾਂ ਦੀ ਮਹੱਤਤਾ ’ਤੇ ਬਹਿਸ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਵਿਦਿਆਰਥੀਆਂ ਨੇ ਇਨ੍ਹਾਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਪ੍ਰਿੰਸੀਪਲ ਮੈਡਮ ਮਨੂ ਪ੍ਰਿਆ ਨੇ ਵਿਸ਼ਵ ਪੁਸਤਕ ਦਿਵਸ ਮਨਾਉਣ ਦੀ ਮਹੱਤਤਾ ਬਾਰੇ ਦੱਸਿਆ ਤੇ ਵਿਦਿਆਰਥੀਆਂ ਨੂੰ ਆਪਣੇ ਮੋਬਾਈਲ ਫੋਨਾਂ ਤੋਂ ਦੂਰ ਰਹਿਣ ਤੇ ਕਿਤਾਬਾਂ ਪੜ੍ਹਨ ਲਈ ਉਤਸ਼ਾਹਤ ਕੀਤਾ।

## ਬੀ ਐੱਸ ਨੇ ਬੁਲਗਾਰੀਆ ਦਾ ਤਿੰਨ ਸਾਲਾ ਵਰਕ ਵੀਜ਼ਾ ਲਗਵਾਇਆ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਭਾਰਤ ਸਰਕਾਰ ਦੀ ਮਾਨਤਾ ਪ੍ਰਾਪਤ ਏਜੰਸੀ ਬੀ ਐੱਸ ਇੰਟਰਨੈਸ਼ਨਲ ਮਹਿਲ ਕਲਾਂ ਵੱਲੋਂ ਵਿਦੇਸ਼ੀ ਰੁਜ਼ਗਾਰ ਦੇ ਖੇਤਰ ’ਚ ਇੱਕ ਹੋਰ ਕਾਮਯਾਬੀ ਦਰਜ ਕਰਦੇ ਹੋਏ ਨੌਜਵਾਨ ਬਿਕਰਮਜੀਤ ਸਿੰਘ ਚੁਹਾਣਕੇ ਲਈ ਯੂਰਪੀ ਦੇਸ਼ ਬੁਲਗਾਰੀਆ ਦਾ ਤਿੰਨ ਸਾਲ ਦਾ ਵਰਕ ਵੀਜ਼ਾ ਲਗਵਾਇਆ ਗਿਆ ਹੈ।ਇਸ ਸੰਬੰਧੀ ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਬਲਦੇਵ ਸਿੰਘ ਗਾਗੇਵਾਲ ਨੇ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਸੁਰੱਖਿਅਤ ਤੇ ਯੋਗਤਾ ਅਨੁਸਾਰ ਰੁਜ਼ਗਾਰ ਪ੍ਰਦਾਨ ਕਰਵਾਉਣਾ ਹੈ।ਉਨ੍ਹਾਂ ਦੱਸਿਆ ਕਿ ਕੰਪਨੀ ਹਰ ਉਮੀਦਵਾਰ ਦੀ ਯੋਗਤਾ ਤੇ ਤਜਰਬੇ ਅਨੁਸਾਰ ਹੀ ਨੌਕਰੀ ਦੀ ਚੋਣ ਕਰਕੇ ਵਿਦੇਸ਼ ਭੇਜਦੀ ਹੈ, ਤਾਂ ਜੋ ਉਨ੍ਹਾਂ ਨੂੰ ਉਥੇ ਪੱਕਾ ਤੇ ਸੁਰੱਖਿਅਤ ਰੁਜ਼ਗਾਰ ਮਿਲ ਸਕੇ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਸੰਸਥਾ ਇਸੇ ਤਰ੍ਹਾਂ ਨੌਜਵਾਨਾਂ ਨੂੰ ਅਗਵਾਈ ਦਿੰਦੀ ਹੋਈ ਵਿਦੇਸ਼ੀ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਦੀ ਰਹੇਗੀ।

## ਭਾਰਤੀ ਵਪਾਰ ਮੰਡਲ ਵਪਾਰੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਾ : ਰਾਜੀਵ ਅਨੇਜਾ



ਨਾਭਾ (ਵਰਿੰਦਰ ਵਰਮਾ)-ਵਪਾਰੀਆਂ ਨੇ ਇੱਕ ਵਪਾਰਕ ਸੰਵਾਦ ਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਭਾਰਤ ਸਰਕਾਰ ਦੇ ਰਾਸ਼ਟਰੀ ਵਪਾਰੀ ਭਲਾਈ ਬੋਰਡ ਦੇ ਮੈਂਬਰ ਅਤੇ ਇੰਡੀਅਨ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ, ਪੰਜਾਬ ਦੇ ਪ੍ਰਧਾਨ ਰਾਜੀਵ ਅਨੇਜਾ ਨੇ ਆਪਣੇ ਸਾਥੀਆਂ ਨਾਲ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ।ਸਮਾਗਮ ਵਿੱਚ ਪਹੁੰਚਣ ’ਤੇ ਸੁਨੀਲ ਗੁਪਤਾ ਨੇ ਰਾਜੀਵ ਅਨੇਜਾ ਤੇ ਉਨ੍ਹਾਂ ਦੇ ਸਾਥੀਆਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਭਾਰਤੀ ਵਪਾਰ ਮੰਡਲ ਦੀ ਵਿਰਾਸਤ ਨੂੰ ਅੱਗੇ ਵਧਾਉਂਦੇ ਹੋਏ ਕਾਰੋਬਾਰੀ ਸੁਨੀਲ ਗੁਪਤਾ ਨੂੰ ਭਾਰਤੀ ਵਪਾਰ ਮੰਡਲ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ।ਰਾਜੀਵ ਅਨੇਜਾ ਨੇ ਸੁਨੀਲ ਗੁਪਤਾ ਨੂੰ ਮੰਡਲ ਵਿੱਚ ਸ਼ਾਮਲ ਹੋਣ ’ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਮੰਡਲ ਲਈ ਬਹੁਤ ਫਾਇਦੇ ਦੀ ਗੱਲ ਹੈ ਕਿ ਪੰਜਾਬ ਦੇ ਕਾਰੋਬਾਰੀ ਇਸ ਮੰਡਲ ਦੀਆਂ ਪ੍ਰਾਪਤੀਆਂ ਤੇ ਸਮਰਪਣ ਤੋਂ ਜਾਣੂ ਹਨ। ਮੰਡਲ ਦੇ ਸਾਰੇ ਮੈਂਬਰਾਂ ਨੇ ਹਮੇਸ਼ਾ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਕੇ ਉਨ੍ਹਾਂ ਦਾ ਸਮਰਥਨ ਕੀਤਾ ਹੈ ਤੇ ਭਵਿੱਖ ਵਿੱਚ ਵੀ ਕਰਦੇ ਰਹਿਣਗੇ।ਵਪਾਰੀਆਂ ਦੇ ਹਿੱਤ ਲਈ ਨਾ ਸਿਰਫ਼ ਪੰਜਾਬ ਵਿੱਚ ਸਗੋਂ ਦੇਸ਼ ਭਰ ਵਿੱਚ ਕਈ ਸੰਗਠਨ ਸਥਾਪਤ ਕੀਤੇ ਗਏ ਹਨ, ਪਰ ਭਾਰਤੀ ਵਪਾਰ ਮੰਡਲ ਹਮੇਸ਼ਾ ਅੱਗੇ ਵਧਦਾ ਹੈ ਅਤੇ ਵਪਾਰੀਆਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਾ ਹੈ।ਨਵ ਨਿਯੁਕਤ ਉਪ ਪ੍ਰਧਾਨ ਪੰਜਾਬ ਸੁਨੀਲ ਗੁਪਤਾ ਨੇ ਮੰਡਲ ਨਾਲ ਜੋੜ ਕੇ ਇੰਨੀ ਵੱਡੀ ਜ਼ਿੰਮੇਵਾਰੀ ਸੌਂਪਣ ਲਈ ਪ੍ਰਧਾਨ ਰਾਜੀਵ ਅਨੇਜਾ ਤੇ ਉਨ੍ਹਾਂ ਦੇ ਸਾਥੀਆਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਜਿਸ ਤਰ੍ਹਾਂ ਮੰਡਲ ਦੇ ਸਾਰੇ ਮੈਂਬਰ ਵਪਾਰੀਆਂ ਦੀ ਭਲਾਈ ਲਈ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ, ਉਸੇ ਤਰ੍ਹਾਂ ਉਹ ਵੀ ਇਸ ਯਤਨ ਨੂੰ ਅੱਗੇ ਵਧਾਉਂਦੇ ਰਹਿਣਗੇ।

## ਓ ਬੀ ਸੀ ਵਰਗ ਦੀਆਂ ਔਰਤਾਂ ਨੂੰ ਵੀ ਮਹਿਲਾ ਰਾਖਵਾਂਕਰਨ ਸੋਧ ਬਿੱਲ ’ਚ ਕੀਤਾ ਜਾਵੇ ਸ਼ਾਮਲ : ਭਾਰਤ ਮੁਕਤੀ ਮੋਰਚਾ



ਮਾਨਸਾ (ਆਤਮਾ ਸਿੰਘ ਪਮਾਰ)-ਭਾਰਤ ਮੁਕਤੀ ਮੋਰਚਾ ਦੇ ਸੂਬਾਈ ਪ੍ਰਧਾਨ ਦਲਵਿੰਦਰ ਸਿੰਘ ਤੇ ਬਹੁਜਨ ਮੁਕਤੀ ਪਾਰਟੀ ਦੇ ਮੀਤ ਪ੍ਰਧਾਨ ਜਸਵੰਤ ਸਿੰਘ ਨੇ ਕਿਹਾ ਕਿ ਦੇਸ਼ ਦੀ ਲੋਕ ਸਭਾ ’ਚ ਹਾਲ ਹੀ ’ਚ ਪੇਸ਼ ਕੀਤਾ ਗਿਆ ਮਹਿਲਾ ਰਾਖਵਾਂਕਰਨ ਸੋਧ ਬਿੱਲ ਖ਼ਾਮੀਆਂ ਭਰਪੂਰ ਹੈ।ਉਨ੍ਹਾਂ ਕਿਹਾ ਕਿ ਦੇਸ਼ ਵਿਚਲੇ ਪੱਛੜੇ ਵਰਗ ਦੀਆਂ ਵੱਡੀ ਗਿਣਤੀ ਔਰਤਾਂ ਨੂੰ ਇਸ ਬਿੱਲ ਦਾ ਹਿੱਸਾ ਹੀ ਨਹੀਂ ਬਣਾਇਆ ਗਿਆ, ਜਿਸ ਕਾਰਨ ਇਉਂ ਵਰਗ ਦੀਆਂ ਔਰਤਾਂ ਉਕਤ ਰਾਖਵੇਂਕਰਨ ਤੋਂ ਵਾਂਝੀਆਂ ਰਹਿ ਜਾਣਗੀਆਂ।ਉਨ੍ਹਾਂ ਤਰਕ ਦਿੱਤਾ ਕਿ ਆਗਾਮੀ ਜਨਗਣਨਾ ਜਾਤੀ ਅਧਾਰਤ ਹੋ ਰਹੀ ਹੈ।ਇਸ ਲਈ ਇਸ ਜਨਗਣਨਾ ਉਪਰੰਤ ਹੀ ਇਹ ਸੋਧ ਬਿੱਲ ਲੋਕ ਸਭਾ ’ਚ ਲਿਆਉਣਾ ਚਾਹੀਦਾ ਸੀ ਤਾਂ ਜੁ ਕਿਸੇ ਵਿਸ਼ੇਸ਼ ਵਰਗ ਨਾਲ ਵਿਤਕਰਾ ਹੋਣ ਤੋਂ ਬਚਾਇਆ ਜਾ ਸਕੇ।ਆਗੂਆਂ ਨੇ ਦੇਸ਼ ’ਚੋਂ ਈ.ਵੀ.ਐੱਮ. ਬੰਦ ਕਰਕੇ ਹਰ ਤਰ੍ਹਾਂ ਦੀਆਂ ਚੋਣਾਂ ਬੈਲਟ ਪੇਪਰ ਨਾਲ ਕਰਾਉਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ।ਇੱਕ ਵੱਖਰੇ ਬਿਆਨ ਰਾਹੀਂ ਮਜ਼ਦੂਰ ਆਗੂ ਭਗਵੰਤ ਸਿੰਘ ਸਮਾਓਂ ਨੇ ਕਿਹਾ ਕਿ ਕਿ ਬੀ.ਜੇ.ਪੀ. ਸਰਕਾਰ ਨੇ ਗਰੀਬ ਲੋਕਾਂ ਦਾ ਮਨਰੇਗਾ, ਵੋਟ ਤੇ ਓ.ਬੀ.ਸੀ. ਔਰਤਾਂ ਦੀ ਰਾਜਸੀ ਖੇਤਰ ਚੋਂ ਹਿੱਸੇਦਾਰੀ ਵੀ ਖੋਹ ਲਈ। ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਸਕੀਮ ਨੂੰ ਪਹਿਲਾਂ ਦੀ ਤਰ੍ਹਾਂ ਹੀ ਲਾਗੂ ਕੀਤਾ ਜਾਵੇ ਤੇ ਓ.ਬੀ.ਸੀ. ਮਹਿਲਾਵਾਂ ਨੂੰ ਸੰਵਿਧਾਨ ਅਨੁਸਾਰ ਕੋਟਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਬੰਦ ਦਾ ਜੋ ਸੱਦਾ ਦਿੱਤਾ ਸੀ ਉਹ ਤਹਿਤ 725 ਜ਼ਿਲ੍ਹਿਆਂ ਤੇ 31 ਰਾਜਾਂ ਅਤੇ 3000 ਤਹਿਸੀਲਾਂ ’ਚ ਪ੍ਰਦਰਸ਼ਨ ਹੋਇਆ ਹੈ।ਇਸ ਮੌਕੇ ਉਕਤ ਮੰਗਾਂ ਸੰਬੰਧੀ ਭਾਰਤ ਦੇ ਮਾਨਯੋਗ ਰਾਸ਼ਟਰਪਤੀ ਨੂੰ ਤਹਿਸੀਲਦਾਰ ਮਾਨਸਾ ਰਾਹੀਂ ਇੱਕ ਮੰਗ ਪੱਤਰ ਵੀ ਭੇਜਿਆ ਗਿਆ।

## ਕੰਮ ਕਰਨ ਤੋਂ ਅਸਮਰਥ ਲੋਕਾਂ ਨੂੰ ਦਿੱਤੀ ਵਿੱਤੀ ਸਹਾਇਤਾ



ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸ਼੍ਰੀ ਮੁਕਤਸਰ ਸਾਹਿਬ ਵਿਖੇ 70 ਕੰਮ ਕਰਨ ਤੋਂ ਅਸਮਰਥ ਲੋਕਾਂ ਨੂੰ ਸੱਤਰ ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਮਹੰਤ ਕਸ਼ਮੀਰ ਸਿੰਘ ਸੰਚਾਲਕ ਡੇਰਾ ਭਾਈ ਮਸਤਾਨ ਸਿੰਘ ਸ਼੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਲੋਕ ਪਿਛਲੇ ਲੰਮੇ ਸਮੇਂ ਤੋਂ ਕੰਮ ਕਰਨ ਤੋਂ ਅਸਮਰਥ ਹਨ ਤੇ ਕਈ ਲੰਮੇ ਸਮੇਂ ਤੋਂ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਹਨ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਡਾ. ਓਬਰਾਏ ਨੇ ਲੰਮੇ ਸਮੇਂ ਤੋਂ ਸਾਡੀ ਬਾਂਹ ਫੜੀ ਹੋਈ ਹੈ, ਸਮੇਂ ਸਮੇਂ ’ਤੇ ਸਾਨੂੰ ਵਿੱਤੀ ਸਹਾਇਤਾ ਦੇਣ ਦੇ ਨਾਲ ਨਾਲ ਦਵਾਈਆਂ ਆਦਿ ਖ੍ਰੀਦਣ ਲਈ ਵੀ ਮੱਦਦ ਕਰਦੇ ਰਹਿੰਦੇ ਹਨ।

## ਸਿਹਤ ਵਿਭਾਗ ਦੀ ਟੀਮ ਨੇ ਡੇਂਗੂ ਸੰਬੰਧੀ ਕੀਤਾ ਜਾਗਰੂਕ



ਕੋਟ ਈਸੇ ਖਾਂ (ਅਰੋੜਾ)-ਸਿਵਲ ਸਰਜਨ ਮੋਗਾ ਡਾਕਟਰ ਰਮਨਦੀਪ ਸਿੰਗਲਾ ਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਸੀਨੀਅਰ ਮੈਡੀਕਲ ਅਫਸਰ ਕੋਟ ਈਸੇ ਖਾਂ ਡਾਕਟਰ ਰਿਪੁਦਮਨ ਕੌਰ ਦੀ ਯੋਗ ਅਗਵਾਈ ਵਿੱਚ ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ ਪ੍ਰੋਗਰਾਮ ਤਹਿਤ ਹੌਟ ਸਪੌਟ ਏਰੀਏ ਤੇ ਭੱਠੇ ਵਿੱਚ ਲੋਕਾਂ ਨੂੰ ਡੇਂਗੂ ਸੰਬੰਧੀ ਜਾਗਰੂਕ ਕਰਨ ਲਈ ਸਿਹਤ ਵਿਭਾਗ ਦੀ ਟੀਮ ਨੇ ਲੋਕਾਂ ਨੂੰ ਡੇਂਗੂ ਤੇ ਮਲੇਰੀਏ ਤੋਂ ਬਚਣ ਦੇ ਸੁਝਾਅ ਦੱਸੇ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਸ੍ਰੀ ਜਸਪਾਲ ਸਿੰਘ ਤੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਸ੍ਰੀ ਜਤਿੰਦਰ ਸੂਦ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## 'ਵਧ ਰਹੀ ਮਹਿੰਗਾਈ ਨੇ ਗ਼ਰੀਬ ਵਰਗ ਦਾ ਲੱਕ ਤੋੜਿਆ'

**ਗੁਰਦਾਸਪੁਰ, (ਜਨਕ ਮਹਾਜਨ)**- ਅਮਰੀਕਾ-ਈਰਾਨ ਯੁੱਧ ਤੋਂ ਬਾਅਦ ਮਹਿੰਗਾਈ ਵਿਚ ਕਾਫ਼ੀ ਵਾਧਾ ਦਰਜ ਕੀਤਾ ਹੈ। ਇਸ ਯੁੱਧ ਦੇ ਬਾਅਦ ਹੁਣ ਹਰ ਇਕ ਵਸਤੂ ਪਹਿਲਾਂ ਨਾਲੋਂ ਵਧੇ ਰੇਟਾਂ 'ਤੇ ਮਿਲ ਰਹੀ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਮੱਧ ਵਰਗ ਦੇ ਲੋਕਾਂ ਨੇ ਦੱਸਿਆ ਕਿ ਹਰ ਵਸਤੂ ਦੀ ਕੀਮਤ ਵਿਚ ਪਹਿਲਾਂ ਨਾਲੋਂ ਵਾਧਾ ਕਰ ਦਿੱਤਾ ਗਿਆ ਪਰ ਗਰੀਬ ਵਰਗ ਦੀ ਆਮਦਨ ਵਿਚ ਕੋਈ ਵਾਧਾ ਨਹੀਂ ਹੋਇਆ। ਉਨ੍ਹਾਂ ਕਿਹਾ ਖਰਚਿਆਂ ਵਿਚ ਵਾਧਾ ਹੋ ਚੁੱਕਾ ਹੈ ਜਿਸ ਕਰਕੇ ਹੁਣ ਵਸਤੂਆਂ ਆਮ ਆਦਮੀ ਦੀ ਪਹੁੰਚ ਤੋਂ ਦੂਰ ਹੁੰਦੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਹੈਰਾਨੀ ਦੀ ਗੱਲ ਹੈ ਕਿ ਅਮਰੀਕਾ-ਈਰਾਨ ਯੁੱਧ ਸਮੇਂ ਨਾ ਤਾਂ ਪੈਟਰੋਲ, ਡੀਜ਼ਲ ਦੀਆਂ ਕੀਮਤਾਂ ਵਿਚ ਕੋਈ ਵਾਧਾ ਹੋਇਆ ਅਤੇ ਨਾ ਹੀ ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਵਿਚ ਕੋਈ ਵਾਧਾ ਦਰਜ ਕੀਤਾ ਗਿਆ ਪਰ ਫਿਰ ਵੀ ਬਾਜ਼ਾਰ ਵਿਚ ਮਿਲਣ ਵਾਲੀ ਵਸਤੂ ਹੁਣ ਪਹਿਲਾਂ ਨਾਲੋਂ ਮਹਿੰਗੇ ਭਾਅ 'ਤੇ ਮਿਲ ਰਹੀ ਹੈ। ਉਨ੍ਹਾਂ ਕਿਹਾ ਪਿਛਲੇ ਦਿਨੀਂ ਭਾਜਪਾ ਸਰਕਾਰ ਵਲੋਂ ਜੀ.ਐਸ.ਟੀ. ਦਰਾਂ ਵਿਚ ਕਾਫ਼ੀ ਕਟੌਤੀ ਕੀਤੀ ਗਈ ਸੀ ਅਤੇ ਇਸ ਗੱਲ ਦਾ ਸ਼ੋਸ਼ਲ ਮੀਡੀਆ 'ਤੇ ਢਿੰਡੋਰਾ ਪਿੱਟਿਆ ਗਿਆ ਸੀ ਕਿ ਹੁਣ ਹਰ ਇਕ ਚੀਜ਼ ਦੀ ਕੀਮਤ ਪਹਿਲਾਂ ਨਾਲੋਂ ਕਾਫ਼ੀ ਘੱਟ ਹੋ ਜਾਵੇਗੀ। ਬਾਵਜੂਦ ਇਸ ਦੇ ਕਿਸੇ ਵੀ ਵਸਤੂ ਦੀ ਕੀਮਤ ਘੱਟ ਨਹੀਂ। ਉਨ੍ਹਾਂ ਕਿਹਾ ਏ.ਸੀ., ਟੀ.ਵੀ., ਮੋਬਾਇਲ, ਪੈਨਡਰਾਈਵ, ਮੈਮਰੀਕਾਰਡ, ਕੂਲਰ, ਪੱਖੇ, ਵਾਸ਼ਿੰਗ ਮਸ਼ੀਨ, ਅਲਮਾਰੀਆਂ ਤੋਂ ਇਲਾਵਾ ਆਮ ਖਾਣ ਪੀਣ ਵਾਲੀਆਂ ਚੀਜ਼ਾਂ ਦੀਆਂ ਕੀਮਤਾਂ ਵਧ ਚੁੱਕੀਆਂ ਹਨ। ਲੋਕਾਂ ਦਾ ਕਹਿਣਾ ਹੈ ਕਿ ਜਦੋਂ ਤੇਲ ਦੀਆਂ ਕੀਮਤਾਂ ਸਥਿਰ ਹਨ ਤਾਂ ਫਿਰ ਆਮ ਚੀਜ਼ਾਂ ਦੀਆਂ ਕੀਮਤਾਂ ਵਿਚ ਵਾਧਾ ਚਿੰਤਾ ਦਾ ਵਿਸ਼ਾ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਹੋ ਹਾਲਾਤ ਰਹੇ ਤਾਂ ਗਰੀਬ ਵਰਗ ਲਈ ਆਉਣ ਵਾਲੇ ਸਮੇਂ ਵਿਚ ਜੀਵਨ ਬਸਰ ਕਰਨਾ ਹੋਰ ਵੀ ਔਖਾ ਹੋ ਜਾਵੇਗਾ। ਉਨ੍ਹਾਂ ਕੇਂਦਰ ਦੀ ਭਾਜਪਾ ਸਰਕਾਰ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਵਸਤੂਆਂ ਦੀਆਂ ਵਧ ਰਹੀਆਂ ਕੀਮਤਾਂ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ।

## ਜਨਗਣਨਾ ਦੇ ਪਹਿਲੇ ਗੇੜ ਦੇ ਕੰਮ ਲਈ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਦੀਆਂ ਟ੍ਰੇਨਿੰਗਾਂ ਸ਼ੁਰੂ

**ਜ਼ਿਲ੍ਹੇ ਵਿਚ 15 ਮਈ ਤੋਂ 13 ਜੂਨ ਤੱਕ ਹੋਵੇਗਾ ਪਹਿਲੇ ਗੇੜ ਦਾ ਕੰਮ : ਡਿਪਟੀ ਕਮਿਸ਼ਨਰ**



**ਪੱਟੀ (ਬਲਦੇਵ ਸਿੰਘ ਸੰਧੂ)**- ਜਨਗਣਨਾ ਦੇ ਪਹਿਲੇ ਗੇੜ ਦਾ ਕੰਮ 15 ਮਈ ਤੋਂ 13 ਜੂਨ ਤੱਕ ਹੋਣ ਜਾ ਰਿਹਾ ਹੈ। ਇਸ ਕੰਮ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੱਗਭਗ 2500 ਗਿਣਤੀਕਾਰ ਅਤੇ ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ਼ ਅਫ਼ਸਰ ਤਰਨ ਤਾਰਨ ਰਾਹੁਲ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਜਨਗਣਨਾ ਵਿਚ ਲੱਗੇ ਅਮਲੇ ਦੀਆਂ ਟ੍ਰੇਨਿੰਗਾਂ ਦਾ ਕੰਮ ਵੱਖ-ਵੱਖ ਚਾਰਜ ਪੱਧਰ 'ਤੇ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਜਨਗਣਨਾ ਦੇ ਮਹੱਤਵਪੂਰਨ ਕੰਮ ਨੂੰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਲੋੜੀਂਦੇ ਦਿਸ਼ਾ- ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਹਦਾਇਤ ਕੀਤੀ ਕਿ ਫੀਲਡ ਵਿਜ਼ਿਟ ਦੌਰਾਨ ਆਮ ਨਾਗਰਿਕਾਂ ਨਾਲ ਪ੍ਰੇਮ ਭਾਵ ਨਾਲ ਪੇਸ਼ ਆਇਆ ਜਾਵੇ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਕੰਮ ਵਿਚ ਅੜਚਣਗੀਰੀ ਜਾਂ ਕੰਮ ਵਿਚ ਆਨਾਕਾਨੀ ਕਰਨ ਦੀ ਸੂਰਤ ਵਿਚ ਮਰਦਮਸ਼ੁਮਾਰੀ ਅਧਿਨਿਯਮ 1948 ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਡਿਪਟੀ ਕਮਿਸ਼ਨਰ ਰਾਹੁਲ ਨੇ ਦੱਸਿਆ ਕਿ ਇਸ ਵਾਰ ਜਨਗਣਨਾ ਦੀ ਪੂਰੀ ਕਾਰਵਾਈ ਹਾਈ-ਟੈਕ ਤਰੀਕੇ ਨਾਲ ਡਿਜੀਟਲ ਮੋਡ ਰਾਹੀਂ ਪੂਰੀ ਕੀਤੀ ਜਾਵੇਗੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੱਤੀ ਕਿ ਆਮ ਲੋਕਾਂ ਦੀ ਸਹੂਲਤ ਲਈ ਸਵੈ-ਗਣਨਾ ਦੀ ਸੁਵਿਧਾ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਸਬੰਧੀ ਪੋਰਟਲ 30 ਅਪ੍ਰੈਲ ਤੋਂ 14 ਮਈ 2026 ਤੱਕ ਖੁੱਲ੍ਹੇਗਾ, ਜਿਸ ਰਾਹੀਂ ਕੋਈ ਵੀ ਵਿਅਕਤੀ ਘਰ ਬੈਠੇ ਹੀ ਆਪਣੇ ਪਰਵਾਰ ਦੀ ਜਾਣਕਾਰੀ ਆਨਲਾਈਨ ਦਰਜ ਕਰ ਸਕੇਗਾ। ਇਸ ਤੋਂ ਬਾਅਦ ਗਿਣਤੀਕਾਰਾਂ ਵੱਲੋਂ 15 ਮਈ ਤੋਂ 13 ਜੂਨ ਤੱਕ ਫੀਲਡ ਸਰਵੇ ਸ਼ੁਰੂ ਕੀਤਾ ਜਾਵੇਗਾ।

## ਯੂਕੇ ਦੀਆਂ ਸੰਗਤਾਂ ਨੇ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਦੇ ਹੜ੍ਹ ਪ੍ਰਭਾਵਿਤ ਕਿਸਾਨਾਂ ਦੀ ਫੜੀ ਬਾਂਹ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਵਿੱਚ ਪਿਛਲੇ ਦਿਨੀਂ ਆਏ ਹੜ੍ਹਾਂ ਕਾਰਨ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ, ਉਨ੍ਹਾਂ ਦੀ ਮਦਦ ਕਰਨ ਲਈ ਵੱਖ-ਵੱਖ ਧਾਰਮਿਕ ਸੰਸਥਾਵਾਂ ਅਤੇ ਜਥੇਬੰਦੀਆਂ ਵੱਲੋਂ ਕਿਸਾਨਾਂ ਨੂੰ ਮਾਲੀ ਮਦਦ, ਖਾਦ ਅਤੇ ਕਣਕ ਦੀ ਬਿਜਾਈ ਲਈ ਕਣਕ ਦਾ ਬੀਜ ਤੇ ਟਰੈਕਟਰਾਂ ਲਈ ਡੀਜ਼ਲ ਦੀ ਸੇਵਾ ਕੀਤੀ ਗਈ ਸੀ। ਉਸੇ ਲੜੀ ਤਹਿਤ ਗੁਰਦੁਆਰਾ ਸ੍ਰੀ ਹਰਿ ਰਾਏ ਸਾਹਿਬ ਵੈਸਟ ਬਰਾਮਿਚ (ਇੰਗਲੈਂਡ) ਯੂਕੇ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਕੱਠੀ ਕੀਤੀ ਗਈ ਰਾਸ਼ੀ ਨਾਲ ਕਿਸਾਨਾਂ ਨੂੰ ਕਣਕ ਦੀ ਕਟਾਈ ਕਰਨ ਲਈ 10 ਲੱਖ ਦੇ ਕਰੀਬ ਡੀਜ਼ਲ ਦੀ ਸੇਵਾ ਪਦਮਸ਼੍ਰੀ ਸੇਵਾ ਦੇ ਪੁੰਜ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲਿਆਂ ਦੀ ਰਹਿਨੁਮਾਈ ਅਤੇ ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਨਾਲ ਲੱਗਦੇ ਪਿੰਡ ਜੱਟਾਂ, ਪੱਛਿਆਂ ਦੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਵੰਡੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸ੍ਰੀ ਹਰਿ ਰਾਏ ਸਾਹਿਬ ਵੈਸਟ ਬਰਾਮਿਚ (ਇੰਗਲੈਂਡ) ਯੂਕੇ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਦਿਆ ਸਿੰਘ ਅਤੇ ਮੈਂਬਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵੈਸਟ ਬਰਾਮਿਚ ਇੰਗਲੈਂਡ ਯੂਕੇ ਦੀਆਂ ਸੰਗਤਾਂ ਵੱਲੋਂ ਡੇਰਾ ਬਾਬਾ ਨਾਨਕ ਇਲਾਕੇ ਦੇ ਹੜ੍ਹ ਪ੍ਰਭਾਵਿਤ ਖੇਤਰ





ਦੇ ਕਿਸਾਨਾਂ ਦੀ ਮਦਦ ਕਰਨ ਲਈ 10 ਲੱਖ ਦੀ ਸਹਾਇਤਾ ਰਾਸ਼ੀ ਇਕੱਠੀ ਕੀਤੀ ਗਈ ਸੀ, ਜੋ ਅੱਜ ਉਹ ਮਾਇਆ ਨਾਲ ਕਿਸਾਨਾਂ ਨੂੰ ਕਣਕ ਦੀ ਕਟਾਈ ਲਈ ਡੀਜ਼ਲ ਦੇ ਰੂਪ ਵਿੱਚ ਬਾਬਾ ਗੁਰਪ੍ਰੀਤ ਸਿੰਘ ਜੀ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਬਾਬਾ ਗੁਰਪ੍ਰੀਤ ਸਿੰਘ, ਬਾਬਾ ਬਿਸ਼ਨ ਸਿੰਘ ਪੱਪੂ ਡੇਰਾ ਬਾਬਾ ਨਾਨਕ ਕਾਰ ਸੇਵਾ ਵਾਲਿਆਂ ਵੱਲੋਂ ਪਿੰਡ ਜੱਟਾਂ, ਪੱਛਿਆਂ ਦੇ ਕਿਸਾਨਾਂ ਦੀ ਸਹਾਇਤਾ ਕੀਤੀ ਗਈ ਹੈ। ਇਸ ਮੌਕੇ ਬਾਬਾ ਗੁਰਪ੍ਰੀਤ ਸਿੰਘ ਨੇ ਯੂਕੇ ਦੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਤੇ ਨਗਰ ਵਾਸੀਆਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਪਿੰਡ ਜੱਟਾਂ, ਪੱਛਿਆਂ ਸਰਪੰਚ ਗੁਰਵਿੰਦਰਲ ਸਿੰਘ, ਅਵਤਾਰ ਸਿੰਘ ਮੈਂਬਰ, ਮਹਿੰਦਰ ਸਿੰਘ, ਰਾਜਵਿੰਦਰ ਸਿੰਘ ਅਤੇ ਸਮੂਹ ਨਗਰ ਨਿਵਾਸੀਆਂ ਨੇ ਕਿਹਾ ਕਿ ਯੂਕੇ ਇੰਗਲੈਂਡ ਦੀਆਂ ਸੰਗਤਾਂ ਨੇ ਸਾਡੇ ਕਣਕ ਦੀ ਕਟਾਈ ਕਰਨ ਲਈ ਡੀਜ਼ਲ ਦੀ ਸੇਵਾ ਕੀਤੀ ਗਈ ਹੈ, ਅਸੀਂ ਆਪਣੇ ਨਗਰ ਦੀਆਂ ਸੰਗਤਾਂ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਤੇ ਯੂਕੇ ਦੀਆਂ ਸੰਗਤਾਂ ਧੰਨਵਾਦ ਕਰਦੇ ਹਾਂ। ਇਸ ਮੌਕੇ ਜੱਟਾਂ, ਪੱਛਿਆਂ ਦੇ ਗੁਰਦੁਆਰਾ ਸਾਹਿਬ ਵਿਖੇ ਬਾਬਾ ਗੁਰਪ੍ਰੀਤ ਸਿੰਘ ਅਤੇ ਯੂਕੇ ਤੋਂ ਆਈ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬਾਬਾ ਅਜੀਤ ਸਿੰਘ ਸ਼ਹਿਜ਼ਾਦਾ, ਹਰਪਾਲ ਸਿੰਘ ਜੱਗੋਆਂ ਕਲਾਂ, ਬਲਜਿੰਦਰ ਸਿੰਘ, ਅਕਾਸ਼ਦੀਪ ਸਿੰਘ, ਸੁਰਜਨ ਸਿੰਘ ਆਦਿ ਹਾਜ਼ਰ ਸਨ।

## ਕਟਾਰੂਚੱਕ ਨੇ ਵੱਖ-ਵੱਖ ਸਕੂਲਾਂ 'ਚ 48 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

**ਪਠਾਨਕੋਟ (ਰਵਿੰਦਰ ਸਿੰਘ)** ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿੱਖਿਆ ਦੇ ਖੇਤਰ ਅੰਦਰ ਭਾਰੀ ਬਦਲਾਓ ਨੂੰ ਲੈ ਕੇ ਸਿੱਖਿਆ ਕ੍ਰਾਂਤੀ 2.0 ਦੇ ਅਧੀਨ ਸਕੂਲਾਂ ਅੰਦਰ ਵੱਖ ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਜਿਸ ਅਧੀਨ ਅੱਜ ਕਰੀਬ 48 ਲੱਖ ਰੁਪਏ ਦੇ ਵਿਕਾਸ ਪ੍ਰੋਜੈਕਟ ਵਿਧਾਨ ਸਭਾ ਹਲਕਾ ਭੋਆ ਦੇ ਵੱਖ ਵੱਖ ਸਕੂਲਾਂ ਦੇ ਅੰਦਰ ਮੁਕੰਮਲ ਕਰਕੇ ਸਕੂਲਾਂ ਨੂੰ ਸਮਰਪਤ ਕੀਤੇ ਗਏ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਸਿਹੋੜਾ ਕਲਾਂ, ਝੇਲਾ ਆਮਦਾ ਸਕਰਗੜ੍ਹ, ਨਰਾਇਣਪੁਰ ਅਤੇ ਤਾਰਾਗੜ੍ਹ ਵਿਖੇ ਸਥਿਤ ਸਕੂਲਾਂ ਅੰਦਰ ਵੱਖ ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਸ਼੍ਰੀ ਨਰੇਸ਼ ਸੈਣੀ ਸਕੱਤਰ ਮਾਝਾ ਜੋਨ ਇੰਚਾਰਜ, ਗੁਰਪ੍ਰੀਤ ਕੌਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਖ਼ੁਸ਼ਬੀਰ ਕਾਟਲ, ਐਡਵੋਕੇਟ ਰਮੇਸ਼ ਚੇਚਰ, ਨਿਤਿਨ ਠਾਕੁਰ ਮੈਂਬਰ ਜ਼ਿਲ੍ਹਾ ਪਰਿਸ਼ਦ, ਕਿਰਨ ਕੁਮਾਰੀ ਜ਼ਿਲ੍ਹਾ ਪਰਿਸ਼ਦ ਮੈਂਬਰ, ਲੋਕ ਸੰਮਤੀ ਉਪ ਚੇਅਰਮੈਨ ਰੀਤੂ ਮਨਹਾਸ, ਸਰਪੰਚ ਸਾਹੂ ਚੱਕ ਰਾਮ ਲਾਲ, ਸੰਨੂ ਨਰਾਇਣਪੁਰ, ਸਰਪੰਚ ਤਲੂਰ ਪਰਸ਼ੋਤਮ ਲਾਲ, ਅਮਨਦੀਪ ਕੁਮਾਰ ਡਿਪਟੀ ਡੀ ਈ ਓ ਸੈਕੰਡਰੀ,ਡੀ ਜੀ ਸਿੰਘ ਡਿਪਟੀ ਡੀਈਓ ਐਲੀਮੈਂਟਰੀ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜ ਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ।ਇਸ ਮੌਕੇ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਅੱਜ ਉਹਨਾਂ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਸਿੱਖਿਆ ਕ੍ਰਾਂਤੀ ਅਧੀਨ ਸਰਕਾਰੀ ਹਾਈ ਸਕੂਲ ਸਿਹੋੜਾ ਕਲਾ ਵਿਖੇ 9.55 ਲੱਖ ਰੁਪਏ ਦੀ ਲਾਗਤ ਦੇ ਨਾਲ ਏਸੀਟੀ ਕਮਰਿਆਂ ਦਾ ਨਿਰਮਾਣ, ਸਰਕਾਰੀ ਹਾਈ ਸਕੂਲ ਝੇਲਾ ਆਮਦਾ ਸਕਰਗੜ੍ਹ ਵਿਖੇ ਲਾਇਬ੍ਰੇਰੀ ਅਤੇ ਕਲਾਸ ਰੂਮ ਕਰੀਬ 21.15 ਲੱਖ ਰੁਪਏ ਦੀ ਲਾਗਤ ਦੇ ਨਾਲ, ਸਰਕਾਰੀ ਪ੍ਰਾਇਮਰੀ ਸਕੂਲ ਨਰਾਇਣਪੁਰ (ਨਰੋਟ ਜੈਮਲ ਸਿੰਘ) ਵਿਖੇ 7.51 ਲੱਖ ਰੁਪਏ ਦੀ ਲਾਗਤ ਦੇ ਨਾਲ ਕਮਰਿਆਂ ਦਾ ਨਿਰਮਾਣ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਤਾਰਾਗੜ੍ਹ ਵਿਖੇ 9.55 ਲੱਖ ਰੁਪਏ ਦੀ ਲਾਗਤ ਦੇ ਨਾਲ ਕਮਰਿਆਂ ਦਾ ਨਿਰਮਾਣ ਕਰਕੇ ਸਕੂਲਾਂ ਨੂੰ ਸਮਰਪਦ ਕੀਤੇ ਗਏ ਹਨ। ਉਹਨਾਂ ਕਿਹਾ ਕਿ ਇਸ ਤਰ੍ਹਾਂ ਅੱਜ ਵੱਖ-ਵੱਖ ਪਿੰਡਾਂ ਅੰਦਰ ਸਥਿਤ ਸਰਕਾਰੀ ਸਕੂਲਾਂ ਵਿੱਚ ਕਰੀਬ 48 ਲੱਖ ਰੁਪਏ ਦੀ ਲਾਗਤ ਦੇ ਨਾਲ ਵੱਖ-ਵੱਖ ਕੀਤੇ ਗਏ ਕਾਰਜਾਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਤ ਕੀਤੇ ਗਏ ਹਨ।



## ਚੇਅਰਮੈਨ ਜੋਬਨ ਰੰਧਾਵਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ ਖੇਡ ਮੈਦਾਨ ਲਈ 10 ਲੱਖ ਦੀ ਗ੍ਰਾਂਟ ਦੇਣ ਦਾ ਐਲਾਨ

**ਧਾਰੀਵਾਲ (ਮਨਦੀਪ ਵਿੱਕੀ)**- ਸਿੱਖਿਆ ਕ੍ਰਾਂਤੀ ਦੀ ਲਹਿਰ ਤਹਿਤ ਬਲਾਕ ਕਾਹਨੂੰਵਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਬਣੇ ਨਵੇਂ ਬਣੇ ਸਾਇੰਸ ਲੈਬ ਦਾ ਉਦਘਾਟਨ ਕੀਤਾ ਗਿਆ। ਜੋਬਨ ਰੰਧਾਵਾ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਯੋਜਨਾ ਬੋਰਡ ਫੰਡ ਵਿੱਚੋਂ 10 ਲੱਖ ਰੁਪਏ ਸਕੂਲ ਦਾ ਖੇਡ ਮੈਦਾਨ ਤਿਆਰ ਕਰਨ ਵਾਸਤੇ ਦਿੱਤੇ। ਇਸ ਮੌਕੇ ਸਕੂਲ ਦੀਆਂ ਦੋ ਵਿਦਿਆਰਥਣਾਂ ਧੀਆਂ ਵੱਲੋਂ ਬਹੁਤ ਹੀ ਵਧੀਆ ਸਿੱਖਿਆ ਉੱਤੇ ਸਪੀਚ ਦਿੱਤੀ ਗਈ। ਉਨ੍ਹਾਂ ਦੀ ਸਿੱਖਿਆਂ ਅਤੇ ਅਗਾਂਹਵਧੂ ਸੋਚ ਨੂੰ ਦੇਖ ਕੇ ਚੇਅਰਮੈਨ ਜੋਬਨ ਰੰਧਾਵਾ ਵੱਲੋਂ ਆਪਣੀ ਜ਼ਿਲ੍ਹਾ ਯੋਜਨਾ ਬੋਰਡ ਦੀ 1 ਮਹੀਨੇ ਦੀ ਤਨਖਾਹ ਉਹਨਾਂ ਦੋ ਧੀਆਂ ਨੂੰ ਸਨਮਾਨਤ ਰਾਸ਼ੀ ਦੇ ਤੌਰ 'ਤੇ ਦੇਣ ਦੀ ਗੱਲ ਆਖੀ।ਇਸ ਮੌਕੇ ਆਮ ਆਦਮੀ ਪਾਰਟੀ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਐਜੂਕੇਸ਼ਨ ਵਿੰਗ ਮਾਝਾ ਜੋਨ ਦੇ ਇੰਚਾਰਜ ਪ੍ਰਿੰਸੀਪਲ ਹਰਧਿਆਨ ਸਿੰਘ ਸੰਧੂ, ਚੇਅਰਮੈਨ ਮਾਰਕੀਟ ਕਮੇਟੀ ਕਾਹਨੂੰਵਾਨ ਜਸਪਾਲ ਸਿੰਘ ਪੰਧੇਰ, ਹਲਕਾ ਕੋਆਰਡੀਨੇਟਰ ਐਜੂਕੇਸ਼ਨ ਵਿੰਗ ਜਗਰੂਪ ਸਿੰਘ ਰਿਆੜ, ਸੋਸ਼ਲ ਮੀਡੀਆ ਜ਼ਿਲ੍ਹਾ ਗੁਰਦਾਸਪੁਰ ਤੋਂ ਵਾਈਸ ਪ੍ਰਧਾਨ ਗੁਰਵਿੰਦਰ ਸਿੰਘ ਪੰਨੂ, ਬਲਾਕ ਪ੍ਰਧਾਨ ਇੰਦਰਜੀਤ ਸਿੰਘ ਅਤੇ ਸਮੁੱਚੀ ਸਕੂਲ ਦੀ ਮੈਨੇਜਮੈਂਟ ਅਧਿਆਪਕ ਸਾਹਿਬਾਨ ਮੌਜੂਦ ਸਨ।



## ਝੋਨੇ ਦੀ ਲਵਾਈ ਲਈ 86 ਫ਼ੀਸਦੀ ਨਹਿਰੀ ਪਾਣੀ ਸਿੰਚਾਈ ਦਾ ਮਾਨ ਸਰਕਾਰ ਸਿਰਜੇਗੀ ਇਤਿਹਾਸ : ਧਾਲੀਵਾਲ



**ਅੰਮ੍ਰਿਤਸਰ/ਅਜਨਾਲਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਆਮ ਆਦਮੀ ਪਾਰਟੀ ਦੀ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੰਡੀਆਂ ਚ ਪੁੱਜ ਰਹੀ ਹਾੜ੍ਹੀ ਦੀ ਮੁੱਖ ਫ਼ਸਲ ਕਣਕ ਦੇ ਇੱਕ ਇੱਕ ਦਾਣੇ ਦੀ ਨਿਰੰਤਰ ਸਰਕਾਰੀ ਖ੍ਰੀਦ ਲਈ ਜੰਗੀ ਪੱਧਰ 'ਤੇ ਜਾਰੀ ਪ੍ਰਕ੍ਰਿਆ ਦੇ ਨਾਲ ਹੁਣ ਅੰਨ ਉਤਪਾਦਕਾਂ/ ਕਿਸਾਨਾਂ ਦੇ ਫੌਰੀ ਅਗਲੇ ਫ਼ਿਕਰ ਸਾਉਣੀ ਦੀ ਮੁੱਖ ਫ਼ਸਲ ਝੋਨੇ/ਪਲਮਲ/ ਬਾਸਮਤੀ ਦੀ ਸਿੰਚਾਈ ਤੇ ਰਸਾਇਣਕ ਖਾਦਾਂ ਦੀ ਲੋੜਾਂ ਪੂਰੀਆਂ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਬਕਾਇਦਾ ਪ੍ਰਬੰਧ ਕਰਨੇ ਸ਼ੁਰੂ ਕਰ ਲਏ ਹਨ, ਜਿਸ ਤਹਿਤ ਸਾਲ 2022 ਤੋਂ ਮਾਨ ਸਰਕਾਰ ਨੇ ਚਾਰ ਸਾਲ ਚ 6700 ਕਰੋੜ ਰੁਪਏ ਦੀ ਲਾਗਤ ਨਾਲ ਨਹਿਰਾਂ, ਖਾਲਿਆਂ, ਰਾਜਬਹਿਆਂ ਦਾ ਨਵੀਨੀਕਰਨ ਕਰਕੇ ਧਰਤੀ ਹੇਠਲੇ ਪਾਣੀ ਦੀ ਬੱਚਤ ਲਈ ਪੰਜਾਬ ਦੇ ਇਤਿਹਾਸ ਚ ਹੁਣ ਤੱਕ ਦਾ ਨਵਾਂ ਕ੍ਰਾਂਤੀਕਾਰੀ ਮੀਲ ਪੱਥਰ ਸਥਾਪਿਤ ਕਰ ਦਿੱਤਾ ਹੈ। ਇਸ ਵੇਰਾਂ ਸਾਉਣੀ ਫ਼ਸਲ ਚ 86 ਫ਼ੀਸਦ ਰਕਬਾ ਨਹਿਰੀ ਪਾਣੀ ਸਿੰਚਾਈ ਦਾ ਟੀਚਾ ਹਾਸਲ ਕਰਨ ਜਾ ਰਿਹਾ ਹੈ। ਧਾਲੀਵਾਲ ਨੇ ਅੱਜ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰੀਬ 85 ਲੱਖ ਰੁਪਏ ਦੀ ਲਾਗਤ ਨਾਲ ਹਲਕੇ ਦੇ ਪਿੰਡ ਹਸ਼ਮਪੁਰਾ ਤੋਂ ਬਲਲਾਮ ਵੱਖ ਪਿੰਡਾਂ ਨੂੰ ਮਿਲਦੀ 6 ਕਿਲੋਮੀਟਰ ਲੰਬੀ ਤੇ ਰਜਵਾਹਾ ਤੋਂ ਗਾਲਬ ਵੱਖ ਵੱਖ ਪਿੰਡਾਂ ਨੂੰ ਜੋੜਦੀ 18 ਕਿਲੋਮੀਟਰ ਲੰਬੀ ਸੜਕਾਂ ਦੇ ਨਵ ਨਿਰਮਾਣ ਕਾਰਜਾਂ ਦੇ ਨੀਂਹ ਪੱਥਰ ਰੱਖਣ ਮੌਕੇ ਸਮਾਗਮਾਂ ਨੂੰ ਸੰਬੋਧਨ ਕਰਨ ਮੌਕੇ ਤੇ ਮੌਜੂਦ ਕਿਸਾਨਾਂ ਦੀਆਂ ਸਮੱਸਿਆਵਾਂ ਸੁਣਨ ਦੌਰਾਨ ਕੀਤਾ। ਉਹਨਾਂ ਨੇ ਐਲਾਨ ਕੀਤਾ ਕਿ ਖੇਤੀ ਪ੍ਰਧਾਨ ਸੂਬੇ ਪੰਜਾਬ ਕੋਲ ਪਾਣੀ ਦੀ ਇੱਕ ਬੂੰਦ ਵੀ ਹੋਰਨਾਂ ਰਾਜਾਂ ਨੂੰ ਦੇਣ ਲਈ ਫਾਲਤੂ ਨਹੀ ਅਤੇ ਮਾਨ ਸਰਕਾਰ ਪਾਣੀਆਂ ਦੀ ਰਾਖ਼ੀ ਲਈ ਹਰ ਕੁਰਬਾਨੀ ਦੇਣ ਨੂੰ ਤਿਆਰ ਹੈ।

## ਡਿਪਟੀ ਕਮਿਸ਼ਨਰ ਨੇ ਕਿਸਾਨ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਵੱਲੋਂ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕਤਾ ਮੁਹਿੰਮ ਤਹਿਤ ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਅੰਮ੍ਰਿਤਸਰ ਤੋਂ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦਿੱਤੀ ਗਈ। ਜ਼ਿਲ੍ਹਾ ਅੰਮ੍ਰਿਤਸਰ ਅੰਦਰ ਕਣਕ ਦੀ ਕਟਾਈ ਚੱਲ ਰਹੀ ਹੈ ਜਿਸ ਉਪਰੰਤ ਕਿਸਾਨਾਂ ਨੂੰ ਵੱਖ-ਵੱਖ ਵਿਧੀਆਂ ਰਾਹੀਂ ਕਣਕ ਦੇ ਨਾੜ ਦਾ ਬਿਨਾਂ ਅੱਗ ਲਗਾਏ ਪ੍ਰਬੰਧਨ ਕਰਨ ਹਿੱਤ ਇਹ ਵੈਨਾਂ ਪਿੰਡ ਪੱਧਰ ਤੇ ਜਾਗਰੂਕ ਕਰਨਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਾਲੀ ਜਲਾਉਣ ਦੇ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਜਮੀਨ ਦੀ ਸਿਹਤ ਖਰਾਬ ਹੁੰਦੀ ਹੈ, ਮਿੱਤਰ ਕੀੜੇ ਮਰ ਜਾਂਦੇ ਹਨ ਅਤੇ ਬੇਸ਼ਕੀਮਤੀ ਖੁਰਾਕੀ ਤੱਤ ਅਤੇ ਜੈਵਿਕ ਮਾਦਾ ਵੀ ਨਸ਼ਟ ਹੋ ਜਾਂਦਾ ਹੈ। ਇਸ ਮੌਕੇ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅੰਮ੍ਰਿਤਸਰ ਨੇ ਦੱਸਿਆ ਕਿ ਮਾਣਯੋਗ ਕਮਿਸ਼ਨ ਫਾਰ ਏਅਰ ਕੁਆਲਟੀ ਮੈਨੇਜਮੈਂਟ ਵੱਲੋਂ ਕਿਸਾਨਾਂ ਦੁਆਰਾ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਉਹਨਾਂ ਜਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਲਗਾਏ ਬਿਨਾਂ ਸੁਚੱਜਾ ਪ੍ਰਬੰਧਨ ਕਰਨ ਲਈ ਅਪੀਲ ਕੀਤੀ। ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਡਾ. ਗੁਰਸਾਹਿਬ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਵਿਸ਼ੇਸ਼ ਮੁਹਿੰਮ ਚਲਾ ਕੇ ਪਿੰਡ ਅਤੇ ਬਲਾਕ ਪੱਧਰ ਤੇ ਕੈਂਪ, ਪਿੰਡ ਪੱਧਰ ਤੇ ਧਾਰਮਿਕ ਅਸਥਾਨਾਂ ਤੋਂ ਅਨਾਉਂਸਮੈਂਟਾਂ, ਨੁਕੜ ਨਾਟਕਾਂ ਅਤੇ ਬਲਾਕ ਪੱਧਰ ਤੇ ਅਗਾਂਹਵਧੂ ਕਿਸਾਨਾ ਅਤੇ ਪਿੰਡਾਂ ਦੇ ਮੋਹਤਬਰ ਨੁਮਾਇੰਦਿਆਂ ਜਿਵੇਂ ਕਿ ਸਰਪੰਚ, ਨੰਬਰਦਾਰ ਆਦਿ ਨਾਲ ਮੀਟਿੰਗਾਂ ਕਰਕੇ ਕਣਕ ਦੇ ਨਾੜ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਣਕ ਦੇ ਨਾੜ ਤੋਂ ਤੂੜੀ ਬਣਾਉਣ ਉਪਰੰਤ ਬਚੀ ਰਹਿੰਦ ਖੂੰਹਦ ਨੂੰ ਅੱਗ ਲਗਾਏ ਬਿਨਾਂ ਹੀ ਅਗਲੀ ਫਸਲ ਲਈ ਖੇਤ ਤਿਆਰ ਕੀਤੇ ਜਾਣ। ਇਸ ਮੌਕੇ ਐਸ.ਡੀ.ਐਮ ਅਲਕਾ ਕਾਲੀਆ, ਖੇਤੀਬਾੜੀ ਅਫਸਰ ਗੁਰਪ੍ਰੀਤ ਸਿੰਘ, ਨਵਤੇਜ ਸਿੰਘ ਅਤੇ ਗੁਰਜੋਤ ਸਿੰਘ, ਜਗਦੀਪ ਕੌਰ ਡੀ.ਪੀ.ਡੀ (ਆਤਮਾ), ਮਨਬੀਰ ਕੌਰ, ਖੇਤੀਬਾੜੀ ਵਿਕਾਸ ਅਫਸਰ (ਰੈਕਲਾਮੇਸ਼ਨ), ਹਰਗੁਰਨਾਦ ਸਿੰਘ, ਖੇਤੀਬਾੜੀ ਵਿਸਥਾਰ ਅਫਸਰ, ਸਵਿਤਾ ਚੌਹਾਨ ਸੀਨੀਅਰ ਸਹਾਇਕ ਅਤੇ ਖੇਤੀਬਾੜੀ ਵਿਭਾਗ ਤੋਂ ਰਜਨੀ ਬਿਸ਼ਟ, ਸ਼ਰਨਜੀਤ ਕੌਰ, ਜੋਰਾਵਰ ਸਿੰਘ, ਰਣਜੀਤ ਸਿੰਘ ਆਦਿ ਹਾਜ਼ਰ ਸਨ।



## ਵਿਦਿਆਰਥੀਆਂ ਲਈ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ

**ਛੇਹਰਟਾ, (ਮਨੋਜ ਕੁਮਾਰ)**- ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਟਸ ਵੱਲੋਂ ਡਾ. ਓਮ ਪ੍ਰਕਾਸ਼ ਆਈ ਇੰਸਟੀਚਿਊਟਸ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਇਹ ਕੈਂਪ ਸੀਨੀਅਰ ਸੈਕੰਡਰੀ ਸਕੂਲ ਬੋਹੜੂ ਤੇ ਡੀ ਏ ਵੀ ਸਕੂਲ ਲੋਹਗੜ੍ਹ ਦੇ ਵਿਦਿਆਰਥੀਆਂ ਲਈ ਲਗਾਇਆ ਗਿਆ ਸੀ, ਜਿਸ ਵਿਚ ਮਾਹਰ ਡਾਕਟਰਾਂ ਦੀ ਟੀਮ ਨੇ ਵਿਦਿਆਰਥੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਦਿੱਤੀ। ਇਸ ਮੌਕੇ ਉਨ੍ਹਾਂ ਬੱਚਿਆਂ, ਜਿਨ੍ਹਾਂ ਨੂੰ ਨਜ਼ਰ ਦੀ ਸਮੱਸਿਆ ਪਾਈ ਗਈ, ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ। ਇਸ ਮੌਕੇ ਰਾਧਿਕਾ ਚੁੱਘ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਨਾ ਸਿਰਫ਼ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ, ਸਗੋਂ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਪੂਰਾ ਕਰਨਾ ਵੀ ਹੈ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਟਸ ਸਮੇਂ-ਸਮੇਂ 'ਤੇ ਅਜਿਹੇ ਸਮਾਜਿਕ ਤੇ ਲੋਕ ਭਲਾਈ ਪ੍ਰੋਗਰਾਮਾਂ ਕਰਵਾਉਂਦਾ ਰਹਿੰਦਾ ਹੈ। ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਚੰਦਰ ਸ਼ੇਖਰ ਸ਼ਰਮਾ ਨੇ ਕਿਹਾ ਕਿ ਅਜਿਹੇ ਕੈਂਪ ਸਮਾਜ ਦੇ ਲੋੜਵੰਦ ਵਰਗਾਂ ਲਈ ਬਹੁਤ ਫ਼ਾਇਦੇਮੰਦ ਸਾਬਤ ਹੁੰਦੇ ਹਨ। ਸਰਬਜੀਤ ਸਿੰਘ ਸ਼ੈਂਟੀ ਨੇ ਕਿਹਾ ਕਿ ਸਮਾਜ ਸੇਵਾ ਸਭ ਤੋਂ ਵੱਡੀ ਸੇਵਾ ਹੈ। ਸਾਬਕਾ ਕੌਂਸਲਰ ਲਵਿੰਦਰ ਬੰਟੀ ਨੇ ਕਿਹਾ ਕਿ ਅਜਿਹੇ ਸਮਾਗਮ ਸਮਾਜ ਵਿਚ ਸਿਹਤ ਜਾਗਰੂਕਤਾ ਵਧਾਉਣ ਲਈ ਮਹੱਤਵਪੂਰਨ ਭੂਮਿਕਾ ਅਦਾ ਕਰਦੇ ਹਨ। ਇਸ ਮੌਕੇ ਹੇਮੰਤ ਪਿੰਕੀ, ਮੰਡਲ ਪ੍ਰਧਾਨ ਟਹਿਲ ਸਿੰਘ, ਮੰਡਲ ਜਨਰਲ ਸਕੱਤਰ ਗੌਰਵ ਭਾਟੀਆ, ਪ੍ਰਦੀਪ ਖੰਨਾ, ਅਨੁਜ ਸ਼ਰਮਾ, ਰਮਨ ਮਹਿਤਾ, ਮਨੀਸ਼ ਹਾਂਡਾ, ਵਿਸ਼ਾਲ ਆਰੀਆ, ਹਰੀਸ਼, ਵਰੁਣ ਅਰੋੜਾ, ਲਖਵਿੰਦਰ ਸਿੰਘ, ਮੈਨੇਜਰ ਮੋਨਿਕਾ ਤਲਵਾਰ, ਸਵਿਤਾ ਸ਼ਰਮਾ, ਸੁਨੈਨਾ, ਰਾਜਦੀਪ ਕੌਰ, ਰਮਨਦੀਪ ਕੌਰ, ਅਰਸ਼ਪ੍ਰੀਤ ਕੌਰ, ਸਨੇਹਾ, ਆਸਥਾ, ਆਂਚਲ ਮਹਿਰਾ, ਜਸ਼ਨਪ੍ਰੀਤ ਕੌਰ, ਪਾਇਲ, ਅਨਮੋਲ, ਇੰਦਰਪਾਲ, ਰਾਹੁਲ, ਕਿਰਨ, ਉਬੈਦ, ਮਨਿੰਦਰ, ਕਾਜਲ, ਸਿਮਰਨ ਸਿਘ ਆਦਿ ਮੌਜੂਦ ਸਨ। ਰਾਧਿਕਾ ਚੁੱਘ ਨੇ ਸਾਰੇ ਡਾਕਟਰਾਂ, ਮਹਿਮਾਨਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।



## ਮਹਾਰਾਜਾ ਗੈਸ ਸਰਵਿਸ ਏਜੰਸੀ ਵੱਲੋਂ ਗੈਸ ਦੀ ਸਪਲਾਈ ਨਿਰਵਿਘਨ ਜਾਰੀ : ਸੱਗੂ



**ਸ੍ਰੀ ਗੋਇੰਦਵਾਲ ਸਾਹਿਬ, (ਕਾਬੁਲ ਸਿੰਘ ਮੱਲ੍ਹੀ)** -ਸਥਾਨਕ ਮਹਾਰਾਜਾ ਗੈਸ ਸਰਵਿਸ ਦੇ ਪ੍ਰਬੰਧਕ ਅਮਰਿੰਦਰ ਸਿੰਘ ਸੰਨੀ ਨੇ ਗੈਸ ਏਜੰਸੀ ਨਾਲ ਜੁੜੇ ਖਪਤਕਾਰਾਂ ਨੂੰ ਅਪੀਲ ਕਰਦਿਆ ਆਖਿਆ ਕਿ ਕਿਸੇ ਵੀ ਉਪਭੋਗਤਾ ਨੂੰ ਗੈਸ ਸਿਲੰਡਰ ਭਰਵਾਉਣ ਲਈ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਕੇਂਦਰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਰ ਗੈਸ ਖਪਤਕਾਰ ਨੂੰ ਨਿਰਧਾਰਤ ਸਮੇਂ ਅਨੁਸਾਰ ਗੈਸ ਦੀ ਸਪਲਾਈ ਨਿਰਵਿਘਨ ਦਿੱਤੀ ਜਾ ਰਹੀ ਹੈ। ਉਨ੍ਹਾਂ ਵਿਸਥਾਰ ਨਾਲ ਦੱਸਿਆ ਕਿ ਇਸ ਵਕਤ ਸਰਕਾਰ ਵੱਲੋਂ ਡਲਿਵਰੀ ਟੂ ਡਲਿਵਰੀ ਦਾ ਵਕਫਾ 25 ਦਿਨ ਦਾ ਨਿਰਧਾਰਤ ਕੀਤਾ ਗਿਆ ਹੈ।ਗਾਹਕ ਦੂਸਰਾ ਰਿਫਲ (ਗੈਸ ਸਿਲੰਡਰ) ਲੈਣ ਲਈ 25 ਦਿਨ ਬਾਅਦ ਗੈਸ ਬੁੱਕ ਕਰਵਾ ਸਕਦਾ ਹੈ।ਗੈਸ ਬੁਕਿੰਗ ਤੋਂ ਬਾਅਦ ਜਦੋਂ ਕੰਪਨੀ ਵੱਲੋਂ ਡੀਏਸੀ ਕੋਡ ਰਿਲੀਜ਼ ਕਰ ਦਿੱਤਾ ਜਾਵੇਗਾ ਤਾਂ ਗੈਸ ਸਪਲਾਈ ਗਾਹਕ ਨੂੰ ਮਿਲ ਜਾਵੇਗੀ।ਉਨ੍ਹਾਂ ਨੇ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਆਖਿਆ ਕਿ ਗਾਹਕ ਸੰਜਮ ਬਣਾ ਕੇ ਰੱਖਣ ਅਤੇ ਅਫਵਾਹਾਂ ਅਤੇ ਝੂਠੇ ਪ੍ਰਚਾਰ ਤੋਂ ਬਚਣ।ਮਹਾਰਾਜਾ ਗੈਸ ਸਰਵਿਸ ਦੇ ਮਾਲਕ ਅਮਰਿੰਦਰ ਸਿੰਘ ਸੰਨੀ ਨੇ ਆਖਿਆ ਕਿ ਗਾਹਕ ਦੀ ਹਰ ਸਮੱਸਿਆ ਦਾ ਹੱਲ ਏਜੰਸੀ ਵੱਲੋਂ ਮੌਕੇ 'ਤੇ ਕੀਤਾ ਜਾਵੇਗਾ।

## 218723 ਮੀਟਰਕ ਟਨ ਕਣਕ ਦੀ ਖਰੀਦ ਹੋਈ,391 ਕਰੋੜ ਕਿਸਾਨਾਂ ਦੇ ਖ਼ਾਤਿਆਂ 'ਚ ਪਏ : ਡੀ ਸੀ

**ਗੁਰਦਾਸਪੁਰ, (ਜਨਕ ਮਹਾਜਨ)**- ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੇ ਦਿਨੀਂ ਤੱਕ 225969 ਮੀਟਰਕ ਟਨ ਕਣਕ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿਚੋਂ 218723 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਫਸਲ ਦੀ ਚੁਕਾਈ ਵੀ ਕੀਤੀ ਜਾ ਰਹੀ। ਕਿਸਾਨਾਂ ਦੇ ਖਾਤਿਆਂ ਵਿਚ 391 ਕਰੋੜ 65 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 90 ਫੀਸਦੀ ਬਣਦੀ ਹੈ। ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਫਸਲ ਦੀ ਆਮਦ ਦਿਨੋ ਦਿਨ ਵਧ ਰਹੀ ਹੈ ਅਤੇ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਨਿਰਧਾਰਿਤ ਸਮੇਂ ਅੰਦਰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਦੱਸਣਯੋਗ ਹੈ ਕਿ ਪਨਗਰੇਨ ਵੱਲੋਂ 62301 ਮੀਟਰਕ ਟਨ, ਮਾਰਕਫੈੱਡ ਵੱਲੋਂ 62699 ਮੀਟਰਕ ਟਨ, ਪਨਸਪ ਵੱਲੋਂ 47979 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 39657 ਅਤੇ ਐੱਫ. ਸੀ. ਆਈ. ਵੱਲੋਂ 6087 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।



## ਬਾਬਾ ਦੀਪ ਸਿੰਘ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰ ਦਾ ਨਤੀਜਾ ਰਿਹਾ 100%

**ਕਲਾਨੌਰ (ਮਨਦੀਪ ਕੋਹਲੀ)**- ਵਿਗਿਆਨਿਕ ਯੁੱਗ ਵਿੱਚ ਬੱਚਿਆਂ ਨੂੰ ਸਮੇਂ ਦਾ ਹਾਣੀ ਬਣਾਉਣਾ ਬਹੁਤ ਜ਼ਰੂਰੀ ਹੈ।ਬੱਚਿਆਂ ਨੂੰ ਸਮੇਂ ਦਾ ਹਾਣੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ ਬਾਬਾ ਦੀਪ ਸਿੰਘ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰ, ਜੋ ਬਟਾਲਾ ਗੁਰਦਾਸਪੁਰ ਮੇਨ ਹਾਈਵੇ ਤੇ ਪਿੰਡ ਸੰਗਤਪੁਰ ਵਿਖੇ ਬੱਚਿਆਂ ਨੂੰ ਉਚੇਰੀ ਸਿੱਖਿਆ ਪ੍ਰਦਾਨ ਕਰ ਰਿਹਾ ਹੈ।ਸੀਬੀਐੱਸਈ ਦੇ ਨਤੀਜਿਆਂ ਵਿੱਚ ਇਸ ਸਕੂਲ ਦਾ ਨਤੀਜਾ 100% ਰਿਹਾ। ਬੱਚਿਆਂ ਨੇ 90 ਤੋਂ 95% ਨੰਬਰ ਹਾਸਿਲ ਕਰਕੇ ਆਪਣੇ ਮਾਤਾ ਪਿਤਾ, ਅਧਿਆਪਕਾਂ ਅਤੇ ਇਲਾਕੇ ਵਿੱਚ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਜਸਬੀਰ ਸਿੰਘ ਸੋਢੀ ਅਤੇ ਚੇਅਰਮੈਨ ਲਖਬੀਰ ਸਿੰਘ ਸੋਢੀ ਨੇ ਕਿਹਾ ਕਿ ਸਾਡੇ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਸਵੀਂ ਦਾ ਨਤੀਜਾ 100% ਰਿਹਾ ਅਤੇ ਹਰ ਸਾਲ ਸਕੂਲ ਦਾ ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ 100% ਰਹਿੰਦਾ ਹੈ।ਪ੍ਰਿੰਸੀਪਲ ਅਤੇ ਚੇਅਰਮੈਨ ਨੇ ਅੱਗੇ ਦੱਸਿਆ ਕਿ ਸਕੂਲ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਹੋਰ ਐਕਟੀਵਿਟੀਆਂ ਵਿੱਚ ਵੀ ਜ਼ਿਲ੍ਹਾ ਅਤੇ ਸਟੇਟ ਲੈਵਲ ਤੇ ਮੋਹਰੀ ਹੋ ਕੇ ਭੂਮਿਕਾ ਨਿਭਾਉਂਦਾ ਹੈ।



## ਜੜ੍ਹਾਂ ਤੋਂ ਉੱਖੜੇ ਦਰੱਖਤ ਤੇ ਡਿੱਗੀਆਂ ਹੋਈਆਂ ਤਾਰਾਂ ਦੇ ਰਹੀਆਂ ਹਾਦਸਿਆਂ ਨੂੰ ਸੱਦਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਬਟਾਲਾ ਰੋਡ ਸਥਿਤ ਰਾਧਾ ਸੁਆਮੀ ਸਤਿਸੰਗ ਭਵਨ ਦੇ ਕੋਲ ਡੱਲਾ ਮੋੜ ਰੋਡ ਦੇ ਉੱਪਰ ਨਾਲੇ ਦੇ ਨਜ਼ਦੀਕ ਬਿਜਲੀ ਵਿਭਾਗ ਵੱਲੋਂ ਲਗਾਏ ਗਏ ਖੰਭੇ ਜੋ ਕਿ ਸੜਕ ਦੇ ਕਿਨਾਰੇ ਤੋਂ ਨਾਲੇ ਵੱਲ ਝੁਕਣ ਕਾਰਨ ਅਤੇ ਸਾਰੀਆਂ ਹੀ ਬਿਜਲੀ ਦੀਆਂ ਤਾਰਾਂ ਥੱਲੇ ਡਿੱਗਣ ਕਾਰਨ ਕਿਸੇ ਵੇਲੇ ਵੀ ਹਾਦਸਾ ਵਾਪਰਨ ਦਾ ਖਦਸਾ ਬਣਿਆ ਹੋਇਆ ਹੈ। ਇਸ ਸਬੰਧੀ ਸਥਾਨਕ ਲੋਕ ਜਿਨ੍ਹਾਂ ਵਿੱਚ ਇੰਟਰਨੈਸ਼ਨਲ ਹਿਊਮਨ ਰਾਈਟ ਡਿਫੈਂਡਰ ਪੰਜਾਬ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਕਾਦੀਆਂ ਤੋਂ ਇਲਾਵਾ ਬਲਵਿੰਦਰ ਸਿੰਘ, ਮਨਜੀਤ ਸਿੰਘ, ਸਮਾਜ ਸੇਵੀ ਰਾਜਬੀਰ ਕੌਰ, ਜਸਬੀਰ ਸਿੰਘ, ਅਵਤਾਰ ਸਿੰਘ ਆਦਿ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਇਸ ਰੋਡ ਦੇ ਉੱਪਰ ਨਾਲੇ ਵੱਲ ਬਿਜਲੀ ਵਿਭਾਗ ਵੱਲੋਂ ਲਗਾਇਆ ਗਿਆ ਖੰਭਾ ਝੁਕਿਆ ਹੋਇਆ ਹੈ ਅਤੇ ਬਿਜਲੀ ਦੀਆਂ ਹਾਈ ਵੋਲਟੇਜ ਤਾਰਾਂ ਦਰਖਤਾਂ ਵਿੱਚ ਲਟਕੀਆਂ ਹੋਈਆਂ ਹਨ ਜਿਸ ਕਾਰਨ ਕਿਸੇ ਵੇਲੇ ਵੀ ਕਿਸੇ ਦਾ ਜਾਨੀ ਮਾਲੀ ਨੁਕਸਾਨ ਹੋਣ ਦਾ ਖਦਸ਼ਾ ਬਣਿਆ ਹੋਇਆ ਹੈ।ਪਰ ਬਿਜਲੀ ਵਿਭਾਗ ਅਤੇ ਸੰਬੰਧਤ ਵਿਭਾਗ ਦਾ ਇਸ ਵੱਲ ਕੋਈ ਵੀ ਧਿਆਨ ਨਹੀਂ। ਉਹਨਾਂ ਕਿਹਾ ਕਿ ਜੇਕਰ ਆਉਣ ਵਾਲੇ ਸਮਿਆਂ ਦੇ ਵਿੱਚ ਕੋਈ ਵੀ ਜਾਨਵਰ ਜਾਂ ਵਿਅਕਤੀ ਇਸ ਤਾਰਾਂ ਦੀ ਲਪੇਟ ਵਿੱਚ ਆ ਕੇ ਉਸ ਦਾ ਕੋਈ





ਜਾਨੀ ਨੁਕਸਾਨ ਹੁੰਦਾ ਹੈ ਤਾਂ ਉਸ ਲਈ ਸੰਬੰਧਤ ਵਿਭਾਗ ਜ਼ਿੰਮੇਵਾਰ ਹੋ ਸਕਦਾ ਹੈ। ਉਹਨਾਂ ਮੰਗ ਕੀਤੀ ਕਿ ਜੰਗਲਾਤ ਵਿਭਾਗ ਨੂੰ ਵੀ ਇਸ ਵੱਲ ਧਿਆਨ ਦੇਣ ਦੀ ਲੋੜ ਹੈ ਕਿ ਜੋ ਦਰਖਤ ਡਿੱਗੇ ਹੋਏ ਹਨ ਉਹਨਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਇਹਨਾਂ ਦਰੱਖਤਾਂ ਦੀ ਕਟਵਾਈ ਕਰਵਾਈ ਜਾਵੇ ਤਾਂ ਜੋ ਨਾਲੇ ਦੀ ਸਾਫ ਸਫਾਈ ਰਹੇ ਅਤੇ ਜਿਸ ਕਾਰਨ ਪਾਣੀ ਨਿਕਲਣ ਦੇ ਕਾਰਨ ਕਿਸੇ ਤਰ੍ਹਾਂ ਦੀ ਰੁਕਾਵਟ ਪੈਦਾ ਨਾ ਹੋਵੇ।ਉਹਨਾਂ ਬਿਜਲੀ ਵਿਭਾਗ ਕਾਦੀਆਂ ਅਤੇ ਜੰਗਲਾਤ ਵਿਭਾਗ ਦੇ ਕੋਲੋਂ ਮੰਗ ਕੀਤੀ ਹੈ ਕਿ ਇਹਨਾਂ ਬਿਜਲੀ ਦੀਆਂ ਤਾਰਾਂ ਅਤੇ ਖੰਭਿਆਂ ਨੂੰ ਸਹੀ ਕਰਵਾਇਆ ਜਾਵੇ ਅਤੇ ਜੜ੍ਹਾਂ ਤੋਂ ਉੱਖੜੇ ਹੋਏ ਦਰੱਖਤਾਂ ਦੀ ਕਟਾਈ ਕਰਕੇ ਆਪਣੇ ਕਬਜ਼ੇ ਵਿੱਚ ਲਿਆ ਜਾਵੇ ਤਾਂ ਜੋ ਆਉਣ ਵਾਲੇ ਸਮਿਆਂ ਦੇ ਵਿੱਚ ਕੋਈ ਵੀ ਅਜਿਹਾ ਹਾਦਸਾ ਨਾ ਵਾਪਰ ਸਕੇ ਜਿਸ ਕਾਰਨ ਕਿਸੇ ਦਾ ਕੋਈ ਜਾਨੀ ਨੁਕਸਾਨ ਹੋ ਸਕੇ ।ਉਧਰ ਬਿਜਲੀ ਵਿਭਾਗ ਕਾਦੀਆਂ ਦੇ ਐਸ ਡੀ ਓ ਅੰਮ੍ਰਿਤਪਾਲ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਇਹ ਮਾਮਲਾ ਉਹਨਾਂ ਦੇ ਧਿਆਨ ਵਿੱਚ ਆ ਗਿਆ ਹੈ ਅਤੇ ਉਹ ਜਲਦ ਇਹ ਆਪਣੇ ਸੰਬੰਧਤ ਜੇਈ ਨਾਲ ਗੱਲ ਕਰਕੇ ਇਸ ਦਾ ਹੱਲ ਕਰਵਾਉਣਗੇ।

## ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਵੱਲੋਂ ਈ ਐੱਮ ਬੀ ਏ ਦੇ ਦਾਖਲੇ ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਅੰਮ੍ਰਿਤਸਰ ਵੱਲੋਂ ਆਪਣੇ ਦੋ ਸਾਲਾਂ ਦੇ ਐਗਜ਼ਿਕਿਊਟਿਵ ਐਮ ਬੀ ਏ (ਈ ਐਮ ਬੀ ਏ) ਪ੍ਰੋਗਰਾਮ ਦੇ ਛੇਵੇਂ ਬੈਚ ਲਈ ਦਾਖਲੇ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹ ਪ੍ਰੋਗਰਾਮ ਖ਼ਾਸ ਤੌਰ 'ਤੇ ਤਜਰਬੇਕਾਰ ਪ੍ਰੋਫੈਸ਼ਨਲਜ਼ ਲਈ ਤਿਆਰ ਕੀਤਾ ਗਿਆ ਹੈ। ਇਸ ਪ੍ਰੋਗਰਾਮ ਦੀ ਖਾਸ ਵਿਸ਼ੇਸ਼ਤਾ ਡੈਨਮਾਰਕ ਵਿੱਚ ਤਿੰਨ ਦਿਨਾਂ ਦਾ ਇੰਟਰਨੈਸ਼ਨਲ ਇਮਰਸ਼ਨ ਹੈ, ਜੋ ਕੋਪਨਹੇਗਨ ਵਿੱਚ ਡੈਨਿਸ਼ ਕਨਸੋਰਸ਼ਿਅਮ ਫਾਰ ਅਕਾਦਮਿਕ ਕ੍ਰਾਫਟਸਮੈਨਸ਼ਿਪ ਦੇ ਸਹਿਯੋਗ ਨਾਲ ਤਿਆਰ ਕੀਤਾ ਗਿਆ ਹੈ। ਇਸ ਮਾਡਿਊਲ ਰਾਹੀਂ ਸਟੇਕਹੋਲਡਰਸ ਨੂੰ ਸਸਟੇਨੇਬਿਲਟੀ, ਇਨੋਵੇਸ਼ਨ ਅਤੇ ਗਵਰਨੈਂਸ ਦੇ ਸਕੈਂਡੀਨੇਵੀਆਈ ਮਾਡਲ ਬਾਰੇ ਜਾਣਕਾਰੀ ਮਿਲਦੀ ਹੈ। ਛੇਵੇਂ ਬੈਚ ਦੀ ਘੋਸ਼ਣਾ ਸੰਸਥਾ ਦੇ ਡਾਇਰੈਕਟਰ ਪ੍ਰੋ. ਸਮੀਰ ਕੇ ਸ਼੍ਰੀਵਾਸਤਵ ਨੇ ਕੀਤੀ। ਇਸ ਮੌਕੇ ਈਐਮਬੀਏ ਦੀ ਚੇਅਰਪਰਸਨ ਪ੍ਰੋ. ਵਰਤਿਕਾ ਦੱਤਾ ਵੀ ਮੌਜੂਦ ਸਨ। ਇਹ ਪ੍ਰੋਗਰਾਮ ਬਲੈਂਡਡ ਲਰਨਿੰਗ ਫਾਰਮੈਟ 'ਚ ਕਰਵਾਇਆ ਜਾਂਦਾ ਹੈ, ਜਿਸ ਵਿੱਚ ਆਨਲਾਈਨ ਇੰਟਰਐਕਟਿਵ ਸੈਸ਼ਨ, ਕੈਂਪਸ ਮਾਡਿਊਲ ਅਤੇ ਅੰਤਰਰਾਸ਼ਟਰੀ ਤਜਰਬਾ ਸ਼ਾਮਲ ਹੁੰਦਾ ਹੈ। ਇਸ ਵਿੱਚ 750 ਘੰਟਿਆਂ ਤੋਂ ਵੱਧ ਦਾ ਵਿਸਤ੍ਰਿਤ ਟ੍ਰੇਨਿੰਗ ਪ੍ਰੋਗਰਾਮ ਹੈ, ਜਿਸ ਵਿੱਚ ਲਾਈਵ ਵਰਚੁਅਲ ਕਲਾਸਾਂ ਅਤੇ ਪ੍ਰੈਕਟਿਕਲ ਸਿੱਖਿਆ ਦਾ ਸੰਤੁਲਨ ਬਣਾਇਆ ਗਿਆ ਹੈ। ਇਸ ਕੋਰਸ ਵਿੱਚ 3 ਤੋਂ 15 ਸਾਲ ਜਾਂ ਇਸ ਤੋਂ ਵੱਧ ਤਜਰਬੇ ਵਾਲੇ ਮਿਡ-ਕੈਰੀਅਰ ਮੈਨੇਜਰ, ਸੀਨੀਅਰ ਲੀਡਰ ਅਤੇ ਉਦਯੋਗਪਤੀ ਹਿੱਸਾ ਲੈ ਸਕਦੇ ਹਨ। ਇਹ ਭਾਗੀਦਾਰ ਆਈਟੀ, ਬੈਂਕਿੰਗ, ਕਨਸਲਟਿੰਗ, ਮੈਨੂਫੈਕਚਰਿੰਗ, ਐਨਰਜੀ ਅਤੇ ਪਬਲਿਕ ਸੈਕਟਰ ਵਰਗੇ ਖੇਤਰਾਂ ਤੋਂ ਹੁੰਦੇ ਹਨ। ਇਸ ਦੇ ਨਾਲ ਹੀ ਮਾਰਕੀਟਿੰਗ, ਫਾਇਨੈਂਸ, ਅਕਾਉਂਟਿੰਗ, ਆਰਗੇਨਾਈਜ਼ੇਸ਼ਨਲ ਬਿਹੇਵਿਅਰ, ਐਚਆਰ, ਆਪਰੇਸ਼ਨਜ਼, ਇਕਨਾਮਿਕਸ ਅਤੇ ਆਈਟੀ ਵਿੱਚ ਵੀ ਵਿਸ਼ੇਸ਼ਤਾ ਹਾਸਲ ਕਰਨ ਦੇ ਵਿਕਲਪ ਮਿਲਦੇ ਹਨ।



## ਬਾਰ ਐਸੋਸੀਏਸ਼ਨ ਵੱਲੋਂ ਬਟਾਲਾ ਨੂੰ ਜ਼ਿਲ੍ਹਾ ਬਣਾਉਣ ਲਈ ਭੁੱਖ ਹੜਤਾਲ ਸ਼ੁਰੂ

**ਬਟਾਲਾ, (ਤਰਲੋਕ ਬੱਗਾ)**- ਬਟਾਲਾ ਬਾਰ ਐਸੋਸੀਏਸ਼ਨ ਵੱਲੋਂ ਅੱਜ ਬਟਾਲਾ ਨੂੰ ਵੱਖਰਾ ਜ਼ਿਲ੍ਹਾ ਬਣਾਉਣ ਦੀ ਮੰਗ ਨੂੰ ਲੈ ਕੇ ਭੁੱਖ ਹੜਤਾਲ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਭੁੱਖ ਹੜਤਾਲ 'ਤੇ ਬੈਠੇ ਵਕੀਲਾਂ ਨੇ ਕਿਹਾ ਕਿ ਬਟਾਲਾ ਇੱਕ ਇਤਿਹਾਸਕ, ਉਦਯੋਗਿਕ ਅਤੇ ਵਪਾਰਕ ਤੌਰ 'ਤੇ ਮਹੱਤਵਪੂਰਨ ਸ਼ਹਿਰ ਹੈ, ਪਰੰਤੂ ਇਸ ਨੂੰ ਅਜੇ ਤੱਕ ਜ਼ਿਲ੍ਹੇ ਦਾ ਦਰਜਾ ਨਹੀਂ ਮਿਲਿਆ।ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹਾ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਅਦਾਲਤੀ ਅਤੇ ਪ੍ਰਸ਼ਾਸਨਿਕ ਸਹੂਲਤਾਂ ਨੇੜੇ ਹੀ ਮਿਲਣਗੀਆਂ, ਜਿਸ ਨਾਲ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਹੋਵੇਗਾ।ਬਾਰ ਐਸੋਸੀਏਸ਼ਨ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬਟਾਲਾ ਨੂੰ ਤੁਰੰਤ ਜ਼ਿਲ੍ਹਾ ਐਲਾਨ ਕੀਤਾ ਜਾਵੇ।ਵਕੀਲਾਂ ਨੇ ਚੇਤਾਵਨੀ ਦਿੱਤੀ ਕਿ ਜੇ ਉਨ੍ਹਾਂ ਦੀਆਂ ਮੰਗ ਨੂੰ ਜਲਦ ਪੂਰਾ ਨਾ ਕੀਤਾ ਗਿਆ ਤਾਂ ਇਹ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਕਈ ਵਕੀਲਾਂ ਅਤੇ ਸਥਾਨਕ ਵਸਨੀਕਾਂ ਨੇ ਭੁੱਖ ਹੜਤਾਲ ਨੂੰ ਆਪਣਾ ਸਮਰਥਨ ਦਿੱਤਾ।ਭੁੱਖ ਹੜਤਾਲ ਸ਼ਾਂਤੀਪੂਰਨ ਢੰਗ ਨਾਲ ਜਾਰੀ ਹੈ ਅਤੇ ਮੰਗ ਪੂਰੀ ਹੋਣ ਤੱਕ ਜਾਰੀ ਰਹੇਗੀ।



## ਸੇਂਟ ਕਬੀਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਖੱਟਿਆ ਨਾਮਣਾ

**ਧਾਰੀਵਾਲ (ਮਨਦੀਪ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਦਸਵੀਂ ਦੇ ਐਲਾਨੇ ਗਏ ਸ਼ਾਨਦਾਰ ਨਤੀਜੇ 2025- 2026 ਨੇ ਵਿਦਿਆਰਥੀਆਂ ਦੀ ਹੱਡ- ਭੰਨਵੀ ਮਿਹਨਤ ਦਾ ਸਬੂਤ ਦਿੱਤਾ ਹੈ। ਸਕੂਲ ਪ੍ਰਿੰਸੀਪਲ ਐਸ.ਬੀ ਨਾਯਰ ਅਤੇ ਪ੍ਰਬੰਧਕ ਮੈਂਬਰ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਜਾਣਕਾਰੀ ਦਿੱਤੀ ਕਿ ਦਸਵੀਂ ਜਮਾਤ ਵਿੱਚੋਂ 9 ਵਿਦਿਆਰਥੀਆਂ ਇਮਾਨੀ, ਨਵਜੋਤ ਕੌਰ, ਜਸ਼ਨਦੀਪ ਸਿੰਘ, ਸ਼ੁਭਰੀਤ ਕੌਰ, ਦੀਆ, ਸਮਰਿਤੀ, ਰਿਮਲਪ੍ਰੀਤ ਸਿੰਘ, ਸਫ਼ਰੀਤ ਕੌਰ ਤੇ ਸੁਖਮਨਪ੍ਰੀਤ ਕੌਰ ਨੇ ਆਈ.ਟੀ ਵਿੱਚੋਂ 100 ਅੰਕ, ਅੱਠ ਵਿਦਿਆਰਥੀਆਂ ਸੁਖਮਨ ਕੌਰ, ਦਮਨਪ੍ਰੀਤ ਕੌਰ, ਦੀਆ, ਏਕਮਜੋਤ ਕੌਰ, ਪਲਕ, ਮਹਿਕ ਭਗਤ, ਅਨੁਰੀਤ ਕੌਰ, ਪੁਨੀਤ ਕੌਰ ਨੇ ਪੰਜਾਬੀ ਵਿਸ਼ੇ ਵਿੱਚੋਂ 100 ਅੰਕ ਅਤੇ ਕ੍ਰਿਸ਼ ਥਾਪਾ ਨੇ ਗਣਿਤ ਵਿਸ਼ੇ ਵਿੱਚੋਂ 100 ਅੰਕ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਆਸ- ਪਾਸ ਤੇ ਇਲਾਕੇ ਵਿੱਚ ਰੌਸ਼ਨ ਕੀਤਾ ਹੈ। ਇਸ ਤੋਂ ਇਲਾਵਾ ਇਮਾਨੀ, ਨਵਜੋਤ ਅਤੇ ਦੀਆ ਨੇ ਅੰਗਰੇਜ਼ੀ ਵਿਸ਼ੇ ਵਿੱਚੋਂ 99, ਆਦਰਸ਼ ਨੇ ਵਿਗਿਆਨ ਵਿਸ਼ੇ ਵਿੱਚੋਂ 99, ਜਸ਼ਨਦੀਪ ਸਿੰਘ ਨੇ ਹਿੰਦੀ ਵਿੱਚ 99 ਅਤੇ ਨਵਜੋਤ ਕੌਰ ਨੇ ਸਮਾਜਿਕ ਸਿੱਖਿਆ ਵਿੱਚੋਂ 96 ਅੰਕ ਹਾਸਲ ਕਰਕੇ ਹੋਰਨਾਂ ਵਿਦਿਆਰਥੀਆਂ ਲਈ ਮੀਲ-ਪੱਥਰ ਸਾਬਿਤ ਕੀਤਾ ਹੈ। ਹੋਣਹਾਰ ਵਿਦਿਆਰਥੀਆਂ ਨੂੰ ਇਸ ਸਫਲਤਾ ਲਈ ਪ੍ਰਿੰਸੀਪਲ ਐਸ ਬੀ ਨਾਯਰ ਤੇ ਮੈਨੇਜਮੈਂਟ ਮੈਂਬਰਾਂ ਵੱਲੋਂ ਵਧਾਈ ਦਿੰਦਿਆਂ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਅਧਿਆਪਕ ਵਿਸ਼ਾਲ ਸਿੰਘ, ਰਜਨੀ ਸ਼ਰਮਾ, ਮਨਮੀਤ ਕੌਰ, ਪੂਨਮ ਠਾਕੁਰ, ਰਵਿੰਦਰ ਕੌਰ ਸੈਣੀ , ਕੁਲਬੀਰ ਕੌਰ, ਕਰਮਜੀਤ ਕੌਰ ਸਮੇਤ ਸਮੂਹ ਸਕੂਲੀ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।



## ਕੱਟੜ ਕਾਂਗਰਸੀ ਭੱਲਾ ਪਰਿਵਾਰ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

**ਮਜੀਠਾ (ਸੋਇਮ ਆਨੰਦ)**- ਕਸਬਾ ਮਜੀਠਾ ਵਿਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵਕਤ ਵੱਡਾ ਬਲ ਮਿਲਿਆ ਜਦ ਸ਼ਹਿਰ ਦੀ ਵਾਰਡ ਨੰਬਰ 9 ਤੋਂ ਟਕਸਾਲੀ ਕਾਂਗਰਸੀ ਆਗੂ ਸੁਰਿੰਦਰ ਕੁਮਾਰ ਪੱਪੀ ਭੱਲਾ ਆਪਣੇ ਪਰਿਵਾਰ ਦੇ ਵੱਡੀ ਗਿਣਤੀ ਵਿਚ ਮੈਂਬਰਾਂ ਸਮੇਤ ਕਾਂਗਰਸ ਨੂੰ ਸਦਾ ਲਈ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਲ ਹੋ ਗਏ।ਪਰਿਵਾਰ ਨੂੰ ਸਾਬਕਾ ਮੰਤਰੀ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਪਾਰਟੀ ਵਿਚ ਸ਼ਾਮਲ ਕਰਕੇ ਸਨਮਾਨਿਤ ਕੀਤਾ ਅਤੇ ਪਾਰਟੀ ਵਿਚ ਜੀ ਆਇਆਂ ਕਿਹਾ।ਇਸ ਮੌਕੇ ਗਲਬਾਤ ਕਰਦਿਆਂ ਮਜੀਠੀਆ ਨੇ ਕਿਹਾ ਕਿ ਭੱਲਾ ਪਰਿਵਾਰ ਦੇ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਵੱਡਾ ਬਲ ਮਿਲਿਆ ਹੈ ਅਤੇ ਇਨ੍ਹਾਂ ਨੂੰ ਪਾਰਟੀ ਵਿਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਮਜੀਠੀਆ ਨੇ ਕਿਹਾ ਕਿ ਨਗਰ ਕੌਂਸਲ ਦੀਆਂ ਚੋਣਾਂ ਵਿਚ ਸਰਕਾਰ ਨੂੰ ਧੱਕੇਸ਼ਾਹੀ ਨਹੀਂ ਕਰਨ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਵਾਰ ਵੀ ਨਗਰ ਕੌਂਸਲ ਦੀਆਂ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਸ਼ਹਿਰ ਦੀਆਂ ਸਾਰੀਆਂ 13 ਵਾਰਡਾਂ ਤੋਂ ਵੱਡੀ ਜਿੱਤ ਦਰਜ ਕਰਵਾਏਗਾ। ਇਸ ਮੌਕੇ ਮਜੀਠੀਆ ਦੇ ਨਾਲ ਸਾਬਕਾ ਵਿਧਾਇਕ ਲਖਬੀਰ ਸਿੰਘ ਲੋਧੀਨੰਗਲ, ਐਡਵੋਕੇਟ ਰਾਕੇਸ਼ ਪ੍ਰਾਸ਼ਰ, ਸਾਬਕਾ ਪ੍ਰਧਾਨ ਕੌਂਸਲਰ ਤਰੁਨ ਕੁਮਾਰ ਅਬਰੋਲ, ਸੀਨੀਅਰ ਮੀਤ ਪ੍ਰਧਾਨ ਪ੍ਰਿੰਸ ਨਈਅਰ, ਸਾਬਕਾ ਵਾਈਸ ਚੇਅਰਮੈਨ ਦੁਰਗਾ ਦਾਸ, ਦਿਨੇਸ਼ ਕੁਮਾਰ ਚੋਪੜਾ, ਅਜੈ ਚੋਪੜਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸੁਰਜੀਤ ਸਿੰਘ ਭਿੱਟੇਵਿੱਡ, ਐਡਵੋਕੇਟ ਕਿਰਨਪ੍ਰੀਤ ਸਿੰਘ ਮੋਨੂੰ, ਨਵਜਿੰਦਰ ਸਿੰਘ ਗਾਂਧੀ ਨਿੱਬਰਵਿੰਡ, ਨਰੇਸ਼ ਕੁਮਾਰ, ਜੀਵਨ, ਪਾਰਟੀ ਵਿਚ ਸ਼ਾਮਲ ਹੋਣ ਵਾਲਿਆਂ ਵਿਚ ਸੁਰਿੰਦਰ ਕੁਮਾਰ ਪੱਪੀ ਭੱਲਾ, ਸੁਨੀਲ ਕੁਮਾਰ ਭੱਲਾ, ਅਸ਼ਵਨੀ ਭੱਲਾ, ਸੂਰਜ ਭੱਲਾ, ਰਾਜੀਵ ਭੱਲਾ, ਰਾਕੇਸ਼ ਕੁਮਾਰ ਭੱਲਾ, ਆਕਾਸ਼ ਭੱਲਾ ਇਸ ਤੋ ਇਸ ਮੌਕੇ ਕਵਲਦੀਪ ਸਿੰਘ ਲਾਲੀ, ਪਵਨ ਕੁਮਾਰ, ਸਤੀਸ਼ ਕੁਮਾਰ ਬਿਜਲੀ ਵਾਲੇ ਆਦਿ ਵੀ ਹਾਜ਼ਰ ਸਨ।



## ਸਰਕਾਰੀ ਸਕੂਲਾਂ 'ਚ ਦਿਵਿਆਂਗ ਬੱਚਿਆਂ ਲਈ ਅੱਜ ਵੀ ਅਧਿਆਪਕਾਂ ਦੀ ਘਾਟ : ਸਰਬਜੀਤ ਸਿੰਘ

**ਪੱਟੀ (ਬਲਦੇਵ ਸਿੰਘ ਸੰਧੂ)**- ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦੇ ਨਾਂ ਤੇ ਲਗਾਤਾਰ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਦਾਅਵਾ ਕੀਤਾ ਜਾ ਰਿਹਾ ਹੈ ਕਿ ਸਿੱਖਿਆ ਵਿਭਾਗ ਵਿਚ ਵੱਡੀ ਗਿਣਤੀ ਵਿਚ ਭਰਤੀਆਂ ਕੀਤੀਆਂ ਗਈਆਂ ਹਨ, ਪਰ ਅਜੇ ਵੀ ਵਿਸ਼ੇਸ਼ ਅਧਿਆਪਕਾਂ ਦੀ ਘਾਟ ਕਾਰਨ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਦਿਵਿਆਂਗ ਬੱਚੇ ਸਿੱਖਿਆ ਤੋਂ ਵਾਂਝੇ ਰਹਿ ਰਹੇ ਹਨ।ਪੰਜਾਬ ਸਰਕਾਰ ਨੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ ਪਿਛਲੇ ਸਾਲ 393 ਪ੍ਰਾਇਮਰੀ ਸਪੈਸ਼ਲ ਐਜੂਕੇਟਰ ਅਤੇ 332 ਟੀਜੀਟੀ ਸਪੈਸ਼ਲ ਐਜੂਕੇਟਰ ਭਰਤੀ ਕਰਕੇ ਪੜਾਅਵਾਰ ਭਰਤੀ ਦੀ ਸ਼ੁਰੂਆਤ ਤਾਂ ਕੀਤੀ ਸੀ, ਪਰ ਦੂਜੇ ਪੜਾਅ ਦੀਆਂ 1200 ਵਿਸ਼ੇਸ਼ ਅਧਿਆਪਕਾਂ ਦੀਆਂ ਪੋਸਟਾਂ ਨੂੰ ਉਡੀਕਦੇ ਬੇਰੁਜ਼ਗਾਰ ਵਿਸ਼ੇਸ਼ ਅਧਿਆਪਕ ਆਪਣੇ ਭਵਿੱਖ ਨੂੰ ਲੈ ਕੇ ਡੂੰਘੀ ਚਿੰਤਾ ਵਿਚ ਘਿਰੇ ਹੋਏ ਹਨ।ਬੇਰੁਜ਼ਗਾਰ ਸਪੈਸ਼ਲ ਐਜੂਕੇਟਰ ਫਰੰਟ ਪੰਜਾਬ ਦੇ ਸਟੇਟ ਕਮੇਟੀ ਮੈਂਬਰ ਸਰਬਜੀਤ ਸਿੰਘ ਨੇ ਇਸ ਮਾਮਲੇ ਬਾਰੇ ਆਪਣੀਆਂ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੁਪਰੀਮ ਕੋਰਟ ਵਿਚ ਦਾਖਲ ਕੀਤੇ ਹਲਫਨਾਮੇ ਅਨੁਸਾਰ ਦੂਜੇ ਪੜਾਅ ਦੀਆਂ 1200 ਵਿਸ਼ੇਸ਼ ਅਧਿਆਪਕਾਂ ਦੀਆਂ ਪੋਸਟਾਂ ਦਾ ਇਸ਼ਤਿਹਾਰ ਜਾਰੀ ਕਰਨ ਵਿਚ ਅਣਜਾਣੇ ਢੰਗ ਨਾਲ ਦੇਰੀ ਕਰ ਰਹੀ ਹੈ, ਜਿਸ ਨਾਲ ਬੇਰੁਜ਼ਗਾਰ ਵਿਸ਼ੇਸ਼ ਅਧਿਆਪਕਾਂ ਦਾ ਭਵਿੱਖ ਗੰਭੀਰ ਚਿੰਤਾ ਵੱਲ ਵਧ ਰਿਹਾ ਹੈ। ਉਨ੍ਹਾਂ ਆਪਣੀਆਂ ਮੰਗਾਂ ਸਪੱਸ਼ਟ ਕਰਦਿਆਂ ਕਿਹਾ ਕਿ ਸਰਕਾਰ ਵਿਸ਼ੇਸ਼ ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਨੂੰ ਤੁਰੰਤ ਤੇਜ਼ ਕਰੇ ਅਤੇ ਦੂਜੇ ਪੜਾਅ ਦੀਆਂ 1200 ਪੋਸਟਾਂ ਦਾ ਨੋਟੀਫਿਕੇਸ਼ਨ ਜਲਦ ਤੋਂ ਜਲਦ ਜਾਰੀ ਕੀਤਾ ਜਾਵੇ।ਤਤਕਾਲੀ ਭਰਤੀਆਂ ਵਿਚ ਖਾਲੀ ਰਹਿਣ ਵਾਲੀਆਂ ਪੋਸਟਾਂ (ਬੈਕਲਾਗ) ਨੂੰ ਤੁਰੰਤ ਭਰਿਆ ਜਾਵੇ।ਪ੍ਰਾਇਮਰੀ ਅਤੇ ਟੀਜੀਟੀ ਸਪੈਸ਼ਲ ਪੋਸਟਾਂ ਲਈ ਉਮਰ ਸੀਮਾ ਵਿਚ 10 ਸਾਲ ਦੀ ਛੋਟ ਦਿੱਤੀ ਜਾਵੇ।ਪ੍ਰਾਇਮਰੀ ਸਪੈਸ਼ਲ ਐਜੂਕੇਟਰ ਭਰਤੀ ਵਿਚ ਗ੍ਰੈਜੂਏਸ਼ਨ ਦੀ ਛੋਟ ਦਿੱਤੀ ਜਾਵੇ।ਬੀ.ਐੱਡ. ਸਪੈਸ਼ਲ ਐਜੂਕੇਟਰ ਭਰਤੀ ਵਿਚ 55% ਅੰਕਾਂ ਦੀ ਸ਼ਰਤ ਹਟਾਈ ਜਾਵੇ।ਉਨ੍ਹਾਂ ਯਾਦ ਕਰਵਾਇਆ ਕਿ ਪੰਜਾਬ ਸਰਕਾਰ ਨੇ ਸੁਪਰੀਮ ਕੋਰਟ ਵਿਚ ਸਿਵਲ ਰਿਟ ਪਟੀਸ਼ਨ ਨੰਬਰ 132/2016 ਵਿਚ ਦਿੱਤੇ ਐਫੀਡੇਵਿਟ ਵਿਚ ਵਚਨਬੱਧਤਾ ਜਤਾਈ ਸੀ ਕਿ ਹਰ ਸਾਲ ਪੜਾਅਵਾਰ ਵਿਸ਼ੇਸ਼ ਅਧਿਆਪਕ ਭਰਤੀ ਕੀਤੀ ਜਾਵੇਗੀ।ਪਹਿਲੇ ਸਾਲ 1100, ਦੂਜੇ ਸਾਲ 1200 ਅਤੇ ਤੀਜੇ ਸਾਲ 1300 (ਕੁੱਲ 3600 ਪੋਸਟਾਂ)।ਇਸ ਅਨੁਸਾਰ 2025 ਵਿਚ ਪਹਿਲਾ ਪੜਾਅ (1100 ਪੋਸਟਾਂ) ਪੂਰਾ ਕੀਤਾ ਗਿਆ ਸੀ, ਪਰ 2026 ਵਿਚ ਦੂਜੇ ਪੜਾਅ ਦੀਆਂ 1200 ਪੋਸਟਾਂ ਦਾ ਨੋਟੀਫਿਕੇਸ਼ਨ ਅਜੇ ਤੱਕ ਜਾਰੀ ਨਹੀਂ ਹੋਇਆ।



ਨਵਾਂ ਜ਼ਮਾਨਾ
ਸ਼ਨਿਵਾਰ, 25 ਅਪ੍ਰੈਲ 2026

# ਬਿਨਾਂ ਮੁਕਾਬਲਾ ?

*ਗੁਜਰਾਤ ਦੀਆਂ ਲੋਕਲ ਬਾਡੀਜ਼ ਚੋਣਾਂ ਵਿੱਚ 700 ਤੋਂ ਵੱਧ 'ਬਿਨਾਂ ਮੁਕਾਬਲਾ' ਜਿੱਤਾਂ ਨੂੰ ਸੱਤਾਧਾਰੀ ਭਾਜਪਾ ਦੀ ਪ੍ਰਸਿੱਧੀ ਦੇ ਸੰਕੇਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਪਰ ਇੱਥੇ ਇਹ ਸਵਾਲ ਪੈਦਾ ਹੁੰਦਾ ਹੈ ਕਿ ਜਦੋਂ ਇੰਨੀਆਂ ਸੀਟਾਂ 'ਤੇ ਕੋਈ ਮੁਕਾਬਲਾ ਹੀ ਨਾ ਹੋਵੇ ਤਾਂ ਚੋਣਾਂ ਦਾ ਅਰਥ ਕੀ ਰਹਿ ਜਾਂਦਾ ਹੈ? 15 ਨਗਰ ਨਿਗਮਾਂ, 84 ਨਗਰ ਪਾਲਿਕਾਵਾਂ, 34 ਜ਼ਿਲ੍ਹਾ ਪੰਚਾਇਤਾਂ ਅਤੇ 260 ਤਾਲੁਕਾ ਪੰਚਾਇਤਾਂ ਦੀਆਂ ਚੋਣਾਂ ਹੋਣੀਆਂ ਹਨ ਤੇ ਰਾਜ ਚੋਣ ਕਮਿਸ਼ਨ ਨੇ ਨਾਮਜ਼ਦਗੀਆਂ ਵਾਪਸ ਲੈਣ ਤੋਂ ਬਾਅਦ ਲੱਗਭੱਗ 730 ਸੀਟਾਂ 'ਤੇ ਉਮੀਦਵਾਰਾਂ ਨੂੰ ਬਿਨਾਂ ਮੁਕਾਬਲਾ ਜੇਤੂ ਐਲਾਨ ਦਿੱਤਾ ਹੈ। ਬਾਕੀ ਸੀਟਾਂ 'ਤੇ 26 ਅਪ੍ਰੈਲ ਨੂੰ ਵੋਟਿੰਗ ਹੋਵੇਗੀ, ਜਿਸ ਦੀ ਗਿਣਤੀ 28 ਅਪ੍ਰੈਲ ਨੂੰ ਹੋਵੇਗੀ।*

*ਜਦੋਂ ਵਿਰੋਧੀ ਪਾਰਟੀਆਂ ਦੇ ਵੱਡੀ ਗਿਣਤੀ ਵਿੱਚ ਉਮੀਦਵਾਰ ਪਿੱਛੇ ਹਟ ਜਾਂਦੇ ਹਨ ਤਾਂ ਇਹ ਇੱਕ ਡੂੰਘੀ ਚਿੰਤਾ ਬਣ ਜਾਂਦੀ ਹੈ ਕਿ ਕੀ ਪਹਿਲਾਂ ਇੱਕ ਬਰਾਬਰੀ ਦਾ ਮੈਦਾਨ ਮੌਜੂਦ ਸੀ ਅਤੇ ਕੀ ਅਰਥਪੂਰਨ ਮੁਕਾਬਲੇ ਨੂੰ ਕਦੇ ਪੂਰੀ ਤਰ੍ਹਾਂ ਆਕਾਰ ਲੈਣ ਦੀ ਇਜਾਜ਼ਤ ਦਿੱਤੀ ਗਈ ਸੀ। ਭੂਮੀ ਪ੍ਰਜਾਪਤੀ ਦਾ ਮਾਮਲਾ ਗੁਜਰਾਤ ਵਿੱਚ ਸੱਤਾਧਾਰੀ ਪਾਰਟੀ ਦੀ ਕਾਰਜਪ੍ਰਣਾਲੀ ਦੀ ਇੱਕ ਸ਼ਾਨਦਾਰ ਮਿਸਾਲ ਹੈ। ਵਡੋਦਰਾ ਤੋਂ ਕਾਂਗਰਸ ਦੀ ਉਮੀਦਵਾਰ ਪ੍ਰਜਾਪਤੀ ਨੇ ਵਾਪਸੀ ਦੇ ਆਖਰੀ ਦਿਨ ਆਪਣਾ ਨਾਮਜ਼ਦਗੀ ਪੱਤਰ ਵਾਪਸ ਲੈ ਲਿਆ। ਥੋੜ੍ਹੀ ਦੇਰ ਬਾਅਦ ਉਸ ਨੂੰ ਭਾਜਪਾ ਨੇਤਾਵਾਂ ਨਾਲ ਦੇਖਿਆ ਗਿਆ, ਉਨ੍ਹਾਂ ਦਾ ਆਸ਼ੀਰਵਾਦ ਲੈਂਦਿਆਂ ਤੇ ਭਾਜਪਾ ਵਿੱਚ ਸ਼ਾਮਲ ਹੁੰਦਿਆਂ। ਜੇ ਉਸ ਨੂੰ ਆਪਣੀ ਪਾਰਟੀ ਨਾਲ ਸੱਚੀ ਅਸਹਿਮਤੀ ਸੀ ਤਾਂ ਉਸ ਨੇ ਪਹਿਲਾਂ ਟਿਕਟ ਕਿਉਂ ਸਵੀਕਾਰ ਕੀਤੀ? ਨਾਮਜ਼ਦਗੀ ਕਾਗਜ਼ ਵਾਪਸ ਲੈਣ ਤੋਂ ਬਾਅਦ ਝੱਟਪੱਟ ਦੂਜੀ ਪਾਰਟੀ ਵਿੱਚ ਚਲੇ ਜਾਣਾ ਏਨਾ ਛੇਤੀ ਤੇ ਸਹਿਜੇ ਹੀ ਕਿਉਂ ਹੋ ਗਿਆ?*

*ਅਹਿਮਦਾਬਾਦ ਵਿੱਚ ਕਈ ਕਾਂਗਰਸੀ ਉਮੀਦਵਾਰਾਂ ਨੇ ਕਾਗਜ਼ ਵਾਪਸ ਲੈਣ ਲਈ ਦਬਾਅ ਅਤੇ ਜ਼ਬਰਦਸਤੀ ਦਾ ਦੋਸ਼ ਲਗਾਇਆ ਹੈ। ਬੀਨਾ ਮੋਦੀ ਨੇ ਵੀਡੀਓ ਬਿਆਨ ਵਿੱਚ ਜਨਤਕ ਤੌਰ 'ਤੇ ਦਾਅਵਾ ਕੀਤਾ ਕਿ ਉਸ ਨੂੰ ਨਾਮਜ਼ਦਗੀ ਵਾਪਸ ਲੈਣ ਲਈ ਲੱਗਭੱਗ 30 ਲੱਖ ਰੁਪਏ ਦੀ ਪੇਸ਼ਕਸ਼ ਕੀਤੀ ਗਈ ਸੀ। ਦੂਜਿਆਂ ਨੇ ਧਮਕੀਆਂ ਅਤੇ ਡਰਾਉਣ-ਧਮਕਾਉਣ ਦੀ ਗੱਲ ਕੀਤੀ ਹੈ। ਭਾਵੇਂ ਹਰ ਦਾਅਵਾ ਸਾਬਤ ਹੋਵੇ ਜਾਂ ਨਾ ਹੋਵੇ, ਇਹ ਤੱਥ ਕਿ ਉਮੀਦਵਾਰ ਜਨਤਕ ਤੌਰ 'ਤੇ ਅਜਿਹੀਆਂ ਚਿੰਤਾਵਾਂ ਉਠਾ ਰਹੇ ਹਨ, ਚੋਣਾਂ ਦੇ ਮਾਹੌਲ ਨੂੰ ਹੀ ਬਦਲ ਦਿੰਦਾ ਹੈ।*

*2024 ਦੀਆਂ ਲੋਕ ਸਭਾ ਚੋਣਾਂ 'ਚ ਸੂਰਤ ਹਲਕੇ ਵਿੱਚ ਕਾਂਗਰਸ ਉਮੀਦਵਾਰ ਦੀ ਨਾਮਜ਼ਦਗੀ ਜਾਂਚ ਦੌਰਾਨ ਰੱਦ ਹੋਣ ਤੋਂ ਬਾਅਦ ਭਾਜਪਾ ਉਮੀਦਵਾਰ ਬਿਨਾਂ ਮੁਕਾਬਲਾ ਜੇਤੂ ਬਣ ਗਿਆ ਸੀ। ਉਸ ਵੇਲੇ ਜਿਹੜੇ ਹੋਰ ਉਮੀਦਵਾਰ ਸਨ, ਉਨ੍ਹਾਂ ਆਖਰੀ ਮਿਤੀ ਤੱਕ ਨਾਂਅ ਵਾਪਸ ਲੈ ਲਏ ਸੀ। ਭਾਰਤੀ ਸੰਸਦੀ ਚੋਣਾਂ ਵਿੱਚ ਇਹ ਇੱਕ ਦੁਰਲੱਭ ਮਾਮਲਾ ਹੈ, ਜਿੱਥੇ ਬਿਨਾਂ ਵੋਟਿੰਗ ਦੇ ਉਮੀਦਵਾਰ ਜਿੱਤ ਗਿਆ ਸੀ।*

*ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਨੇ ਇੱਕ ਜਨਤਕ ਸਮਾਗਮ ਵਿੱਚ ਬੋਲਦਿਆਂ ਕਿਹਾ ਕਿ ਟੀਚਾ ਅਜਿਹੀ ਸਥਿਤੀ ਬਣਾ ਦੇਣਾ ਹੋਣਾ ਚਾਹੀਦਾ ਹੈ ਕਿ ਸੱਤਾਧਾਰੀ ਪਾਰਟੀ ਖਿਲਾਫ ਕੋਈ ਨਾਮਜ਼ਦਗੀ ਦਾਖਲ ਕਰਨ ਦੀ ਹਿੰਮਤ ਨਾ ਕਰ ਸਕੇ। ਇਹ ਬਿਆਨ ਚੋਣਾਂ ਜਿੱਤਣ ਵਾਲਾ ਘੱਟ ਅਤੇ ਚੋਣਾਂ ਲੜਨ ਦੀ ਲੋੜ ਨੂੰ ਖਤਮ ਕਰਨ ਵਾਲਾ ਵੱਧ ਲਗਦਾ ਹੈ। ਸਰਕਾਰੀ ਭ੍ਰਿਸ਼ਟਾਚਾਰ ਕਰਕੇ ਲੋਕ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੋਂ ਸੱਤਾ ਵਿੱਚ ਚਲੀ ਆ ਰਹੀ ਭਾਜਪਾ ਖਿਲਾਫ ਗੁੱਸੇ ਵਿੱਚ ਹਨ। ਜਿੱਥੇ ਚੋਣਾਂ ਹੋਣੀਆਂ ਹਨ, ਉੱਥੇ ਲੋਕਾਂ ਨੇ ਸਵੈ-ਇੱਛਾ ਨਾਲ ਰਿਹਾਇਸ਼ੀ ਸੁਸਾਇਟੀਆਂ ਦੇ ਪ੍ਰਵੇਸ਼ ਦੁਆਰ 'ਤੇ ਬੈਨਰ ਲਗਾਏ ਹਨ ਕਿ ਸਿਆਸੀ ਵਰਕਰ ਚੋਣ ਪ੍ਰਚਾਰ ਲਈ ਅੰਦਰ ਨਾ ਆਉਣ, ਕਿਉਂਕਿ ਉਨ੍ਹਾਂ ਨੇ ਹੜ੍ਹਾਂ ਅਤੇ ਹੋਰ ਸੰਕਟਾਂ ਸਮੇਂ ਉਨ੍ਹਾਂ ਦੀ ਮਦਦ ਲਈ ਕੁਝ ਨਹੀਂ ਕੀਤਾ।*

*ਜਾਰਜ ਓਰਵੈੱਲ ਦੀ ਮਸ਼ਹੂਰ ਰਚਨਾ 'ਐਨੀਮਲ ਫਾਰਮ' ਵਿੱਚ ਨੈਪੋਲੀਅਨ ਪਤਿਆ ਕੇ ਜਾਂ ਖੁੱਲ੍ਹੇ ਚੋਣ ਮੁਕਾਬਲੇ ਰਾਹੀਂ ਸੱਤਾ ਪ੍ਰਾਪਤ ਨਹੀਂ ਕਰਦਾ। ਇਸ ਦੀ ਥਾਂ ਉਹ ਵਿਰੋਧੀਆਂ ਨੂੰ ਹੌਲੀ-ਹੌਲੀ ਲਾਂਭੇ ਕਰਕੇ ਆਪਣੀ ਅਥਾਰਟੀ ਨੂੰ ਮਜ਼ਬੂਤ ਕਰਦਾ ਹੈ, ਜਦੋਂ ਤੱਕ ਕਿ ਵਿਰੋਧੀ ਧਿਰ ਹੋਂਦ ਗੁਆ ਦਿੰਦੀ ਹੈ। ਹਾਲਾਂਕਿ ਲੋਕਤੰਤਰ ਦੇ ਬਾਹਰੀ ਢਾਂਚੇ ਜਨਤਕ ਪ੍ਰਦਰਸ਼ਨ ਲਈ ਬਣੇ ਰਹਿੰਦੇ ਹਨ। ਓਰਵੈਲ ਦੀ ਚੇਤਾਵਨੀ ਇਸ ਬਾਰੇ ਹੈ ਕਿ ਕਿਵੇਂ ਸਿਸਟਮਾਂ ਨੂੰ ਹੌਲੀ-ਹੌਲੀ ਤੋੜਿਆ ਜਾਂਦਾ ਹੈ, ਤਾਂ ਜੋ ਮੁਕਾਬਲਾ ਬੇਲੋੜਾ ਹੋ ਜਾਵੇ। ਜਦੋਂ ਚੋਣਾਂ ਜ਼ਬਰਦਸਤੀ ਤੇ ਪਿੱਛੇ ਹਟਣ ਦੇ ਦਬਾਅ ਦੇ ਦੋਸ਼ਾਂ ਦਰਮਿਆਨ ਵੱਡੀ ਗਿਣਤੀ ਵਿੱਚ ਬਿਨਾਂ ਮੁਕਾਬਲਾ ਜਿੱਤਾਂ ਪੈਦਾ ਕਰਦੀਆਂ ਹਨ, ਤਾਂ ਲੋਕਤੰਤਰੀ ਪ੍ਰਕਿਰਿਆ ਆਪਣਾ ਅਰਥ ਗੁਆਉਣਾ ਸ਼ੁਰੂ ਕਰ ਦਿੰਦੀ ਹੈ।*

## ਪਾਠਕ-ਸੱਥ

### ਰੀਲਾਂ 'ਚ ਰੰਗੀ ਦੁਨੀਆ

ਸਮੇਂ ਦੇ ਇਸ ਪਰਿਵਰਤਨ ਸ਼ੀਲ ਗੇੜ ਵਿੱਚ ਵੱਖ-ਵੱਖ ਸਮਿਆਂ ਵਿੱਚ ਮਨੋਰੰਜਨ ਦੇ ਵੱਖ-ਵੱਖ ਰੰਗਾਂ ਦਾ ਬੋਲਬਾਲਾ ਰਿਹਾ ਹੈ। ਕਿਸੇ ਸਮੇਂ ਲੋਕ-ਗੀਤ, ਕਿੱਸੇ-ਕਹਾਣੀਆਂ, ਮੇਲੇ-ਤਿਉਹਾਰ ਅਤੇ ਖੇਡਾਂ ਤੋਂ ਹੁੰਦੇ ਹੋਏ ਕਠਪੁਤਲੀ ਸ਼ੋਅ, ਬਾਇਓਸਕੋਪ, ਰੇਡੀਓ, ਟੈਲੀਵਿਜ਼ਨ, ਸਿਨੇਮਾ ਆਦਿ ਦੀ ਵੀ ਸਰਦਾਰੀ ਰਹੀ। ਅੱਜ ਸਮਾਰਟ ਫੋਨ ਦੀ ਸੋਸ਼ਲ ਐਪਸ 'ਚੋਂ ਨਾ ਮੁੱਕਣ ਵਾਲਾ ਅਜਿਹਾ ਸੱਪ ਪੈਦਾ ਹੋਇਆ, ਜਿਸ ਨੇ ਬੱਚੇ ਤੋਂ ਬੁੱਢੇ ਤੱਕ ਹਰ ਤਰ੍ਹਾਂ ਦੀ ਪੀੜ੍ਹੀ ਨੂੰ ਨਸ਼ੇ ਦਾ ਅਜਿਹਾ ਡੰਗ ਮਾਰਿਆ ਕਿ ਇਸ ਦੇ ਨਸ਼ੇ 'ਚ ਅੰਨ੍ਹੀ ਹੋਈ ਜਨਤਾ ਦੋ-ਦੋ, ਤਿੰਨ-ਤਿੰਨ ਘੰਟੇ ਉਂਗਲਾਂ ਮਾਰਦੀ ਉੱਠਣ ਦਾ ਨਾਂਅ ਨਹੀਂ ਲੈਂਦੀ, ਭਾਵੇਂ ਕੋਈ ਕੋਲ ਬੈਠਾ ਬੰਦਾ ਮਰ ਕਿਉਂ ਨਾ ਰਿਹਾ ਹੋਵੇ। ਆਪਣੇ ਆਪ 'ਚ ਇਕੱਲੇ ਬੈਠੇ ਹੱਸਦਿਆਂ ਕਿਸੇ ਪਾਗਲ ਹੋਣ ਦਾ ਜ਼ਰੂਰ ਅਹਿਸਾਸ ਕਰਾਉਂਦੇ ਹਨ। ਐਨੇ ਹੱਥ ਉਂਗਲਾਂ ਜੇ ਆਪਣੇ ਕੰਮ ਕਾਰ 'ਚ ਮਾਰ ਲਏ ਜਾਣ ਤਾਂ ਸਾਡਾ ਦੇਸ਼ ਤਰੱਕੀ ਦੀਆਂ ਹੋਰ ਮੰਜ਼ਿਲਾਂ ਸਰ ਕਰ ਸਕਦਾ ਹੈ। ਅਜੋਕੇ ਸਮੇਂ ਵਿੱਚ ਮਨੁੱਖ ਦੀ ਅਜਿਹੀ ਧਾਰਨਾ ਬਣ ਗਈ ਹੈ ਕਿ ਉਹ ਘੱਟ ਤੋਂ ਘੱਟ ਸਮੇਂ ਵਿੱਚ ਵੱਧ ਤੋਂ ਵੱਧ ਅਨੰਦ ਲੈਣ ਨੂੰ ਤਰਜੀਹ ਦਿੰਦਾ ਹੈ। 25-30 ਸੈਕਿੰਡ ਦੀਆਂ ਬੇਲੋੜੀਆਂ ਰੀਲਾਂ ਹੀ ਉਸ ਦੀ ਜ਼ਿੰਦਗੀ ਬਣ ਗਏ ਹਨ ਤੇ ਲਾਇਬ੍ਰੇਰੀਆਂ ਵਿੱਚ ਉਨ੍ਹਾਂ ਮਹਾਨ ਲੇਖਕਾਂ ਦੇ ਮਿੱਟੀ ਨਾਲ ਭਰੇ ਨਾਵਲ, ਜੀਵਨੀਆਂ ਆਪਣੀ ਹੋਣੀ ਨੂੰ ਕੋਸ ਰਹੇ ਹਨ। ਟੇਪ ਰਿਕਾਰਡ ਕੈਸੇਟ ਦੀ ਰੀਲ ਮੁੱਕ ਜਾਂਦੀ, ਧਾਗੇ ਦੀ ਰੀਲ ਵੀ ਮੁੱਕ ਜਾਂਦੀ, ਪਰ ਇਸ ਨਾ ਮੁੱਕਣ ਵਾਲੀ ਰੀਲ ਨੇ ਸਾਡੇ ਸਮਾਜ ਨੂੰ ਵਿਹਲੜ ਤੇ ਨਿਕੰਮਾ ਬਣਾ ਕੇ ਜ਼ਰੂਰ ਮੁਕਾ ਦੇਣਾ ਹੈ। ਇਥੋਂ ਤੱਕ ਕਿ ਭੋਲ਼ਾ ਬਚਪਨ ਵੀ ਇਸ ਦੀ ਲਪੇਟ 'ਚ ਬੁਰੀ ਤਰ੍ਹਾਂ ਫਸਦਾ ਜਾ ਰਿਹਾ ਹੈ। ਲੋਕ ਸਰੀਰਕ ਤੇ ਮਾਨਸਿਕ ਬਿਮਾਰੀਆਂ ਨਾਲ ਗ੍ਰਸਤ ਹੋ ਰਹੇ ਹਨ। ਅੱਖਾਂ, ਸਿਰ ਅਤੇ ਸਰਵਾਈਕਲ ਦੀਆਂ ਸਮੱਸਿਆਵਾਂ ਆਮ ਹੋ ਗਈਆਂ ਹਨ। ਇੱਕਾ-ਦੁੱਕਾ ਛੱਡ ਕੇ ਜ਼ਿਆਦਾਤਰ ਰੀਲਾਂ ਗਲਤ ਧਾਰਨਾਵਾਂ, ਗਲਤ ਪ੍ਰਚਾਰ, ਗਲਤ ਮਸ਼ਹੂਰੀ ਤੇ ਮਾੜੀ ਸੇਧ ਤੋਂ ਇਲਾਵਾ ਕੁਝ ਵੀ ਚੰਗਾ ਪ੍ਰਦਾਨ ਨਹੀਂ ਕਰ ਰਹੀਆਂ। ਇਹਨਾਂ ਰੀਲਾਂ ਜ਼ਰੀਏ ਪਹਿਲਾਂ ਵਿਅਕਤੀ ਨੂੰ ਵੱਖਰੇ-ਵੱਖਰੇ ਸੁਆਦ ਦੀਆਂ ਵਸਤਾਂ ਪੇਸ਼ ਕੀਤੀਆਂ ਜਾਂਦੀਆਂ ਤੇ ਫਿਰ ਉਸ ਦੇ ਟੇਸਟ ਨੂੰ ਪਛਾਣ ਕੇ ਸੰਬੰਧਤ ਹੋਰ ਅਣਗਿਣਤ ਕਿਸਮ ਦਾ ਮਸਾਲਾ ਪਰੋਸਿਆ ਜਾਂਦਾ। ਕਿਸੇ ਭੱਦਰ ਪੁਰਸ਼ ਤੋਂ ਭੁੱਲ ਭੁਲੇਖੇ ਕੁਝ ਗਲਤ ਦੇਖ ਲਿਆ ਜਾਵੇ ਤਾਂ ਮੁੜ ਕੇ ਅਜਿਹੇ ਕੰਟੈਂਟ ਤੋਂ ਖਹਿੜਾ ਛੁਡਾਉਣਾ ਔਖਾ ਹੋ ਜਾਂਦਾ। ਸਾਨੂੰ ਆਪਣੇ ਅਤੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਅਜਿਹੀਆਂ ਮਾੜੀਆਂ ਪੋਸਟਾਂ ਤੋਂ ਦੂਰੀ ਬਣਾਉਂਦੇ ਹੋਏ ਵਧੀਆ ਸੇਧਵਰਧਕ ਲਿਖਤਾਂ, ਪੋਸਟਾਂ ਪੜ੍ਹਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਹਰ ਚੀਜ਼ ਕਿਸੇ ਹੱਦ ਤੱਕ ਹੀ ਸ਼ੋਭਦੀ ਹੈ।

-ਗੁਰਾਂਦਿੱਤਾ ਸਿੰਘ ਮਨੂ (ਮੈਥ ਮਾਸਟਰ), 88725-26500

# ਮੱਧ ਪੂਰਬ ਏਸ਼ੀਆ 'ਚ ਚੀਨ ਦੀ ਭੂਮਿਕਾ

**ਡਾ. ਮੋਹਨ ਸਿੰਘ**

2008 ਦੇ ਵਿਸ਼ਵ ਸੰਕਟ ਨੇ ਅਮਰੀਕੀ ਆਰਥਿਕਤਾ ਨੂੰ ਝੰਜੋੜ ਕੇ ਰੱਖ ਦਿੱਤਾ ਸੀ ਅਤੇ ਇਸ ਵਿਸ਼ਵ ਆਰਥਿਕ ਸੰਕਟ ਦੌਰਾਨ ਚੀਨ ਨੇ ਦੁਨੀਆ ਦੇ ਵਿਸ਼ਵ ਆਰਥਿਕ ਮੰਚ 'ਤੇ ਇਕ ਲੰਮੀ ਛਲਾਂਗ ਲਾਈ ਸੀ, ਪਰ ਮੌਜੂਦਾ ਮੱਧ ਪੂਰਬ ਜੰਗ ਦੌਰਾਨ ਚੀਨ ਵੱਲੋਂ ਆਪਣੇ ਹਿੱਤਾਂ ਨੂੰ ਅੱਗੇ ਵਧਾਉਣ ਲਈ ਵਿਸ਼ਵ ਅੰਦਰ ਸ਼ਾਂਤੀ ਬਣਾਈ ਰੱਖਣ ਦਾ ਪੈਂਤੜਾ ਲਿਆ ਗਿਆ ਹੈ। ਚੀਨ ਇਸ ਸਮੇਂ ਦੁਨੀਆ ਦਾ ਆਰਥਿਕ-ਫੌਜੀ ਤੌਰ 'ਤੇ ਦੂਜਾ ਵੱਡਾ ਸਾਮਰਾਜੀ ਦੇਸ਼ ਬਣ ਗਿਆ ਹੈ। ਜਦੋਂ ਅਸੀਂ ਵੱਡੇ ਦੇਸ਼ਾਂ ਦੀਆਂ ਅਰਥ ਵਿਵਸਥਾਵਾਂ ਦਾ ਤੁਲਨਾਤਮਕ ਅਧਿਐਨ ਕਰਕੇ ਦੇਖਦੇ ਹਾਂ ਤਾਂ ਸੰਯੁਕਤ ਰਾਜ ਅਮਰੀਕਾ ਇਸ ਸਮੇਂ ਵਿਸ਼ਵ ਦਾ ਸਭ ਤੋਂ ਸ਼ਕਤੀਸ਼ਾਲੀ ਦੇਸ਼ ਬਣਿਆ ਚੱਲਿਆ ਆ ਰਿਹਾ ਹੈ ਅਤੇ ਕੌਮਾਂਤਰੀ ਮੁਦਰਾ ਕੋਸ਼ 2024 ਦੀ ਰਿਪੋਰਟ ਅਨੁਸਾਰ ਅਮਰੀਕਾ $32.38 ਟ੍ਰਿਲੀਅਨ ਡਾਲਰ ਦੀ ਆਰਥਿਕਤਾ ਨਾਲ ਉਹ ਦੁਨੀਆ ਦਾ ਪਹਿਲੇ ਨੰਬਰ ਦਾ ਦੇਸ਼ ਹੈ ਅਤੇ ਚੀਨ ਦੀ ਆਰਥਿਕਤਾ $20.85 ਟ੍ਰਿਲੀਅਨ ਡਾਲਰ ਨਾਲ ਉਹ ਦੂਜੇ ਨੰਬਰ 'ਤੇ ਹੈ। ਇਸੇ ਤਰ੍ਹਾਂ ਜਰਮਨੀ $ 5.45 ਟ੍ਰਿਲੀਅਨ, ਜਾਪਾਨ $4.38 ਟ੍ਰਿਲੀਅਨ ਅਤੇ ਯੂਨਾਈਟਿਡ ਕਿੰਗਡਮ $ 4.36 ਟ੍ਰਿਲੀਅਨ ਡਾਲਰ ਦੀ ਕੁੱਲ ਘਰੇਲੂ ਪੈਦਾਵਾਰ ਦੀ ਤਰਤੀਬਵਾਰ ਤੀਜੇ, ਚੌਥੇ ਅਤੇ ਪੰਜਵੇਂ ਸਥਾਨ 'ਤੇ ਆਉਂਦੇ ਹਨ। ਭਾਰਤ ਜਿਸ ਨੂੰ ਮੋਦੀ ਸਰਕਾਰ ਵੱਲੋਂ ਜਲਦੀ ਦੁਨੀਆ ਦੀ ਤੀਜੀ ਵੱਡੀ ਆਰਥਿਕ ਸ਼ਕਤੀ ਬਣਨ ਦੇ ਦਾਅਵੇ ਕੀਤੇ ਜਾ ਰਹੇ ਸਨ, ਹੁਣ ਤਾਜ਼ਾ ਅੰਕੜਿਆਂ ਮੁਤਾਬਕ ਉਹ ਇਸ ਸੂਚੀ ਵਿਚ 6ਵੇਂ ਸਥਾਨ 'ਤੇ ਪਹੁੰਚ ਗਿਆ ਹੈ।

ਇਸ ਤੋਂ ਇਲਾਵਾ ਘਰੇਲੂ ਖਰੀਦ ਸ਼ਕਤੀ (ਪੀ ਪੀ ਪੀ) ਦੇ ਪੈਮਾਨੇ ਮੁਤਾਬਕ ਪਹਿਲੇ ਪੰਜ ਦੇਸ਼ਾਂ ਦੇਸ਼ ਦੀ ਅਰਥ ਵਿਵਸਥਾ ਦੀ ਪੁਜ਼ੀਸ਼ਨ ਵਿਚ ਚੀਨ $38.19 ਟ੍ਰਿਲੀਅਨ ਡਾਲਰ ਨਾਲ ਪਹਿਲੇ ਨੰਬਰ 'ਤੇ ਹੈ, ਅਮਰੀਕਾ $29.18 ਟ੍ਰਿਲੀਅਨ ਡਾਲਰ ਨਾਲ ਦੂਜੇ, ਭਾਰਤ $16.19 ਟ੍ਰਿਲੀਅਨ ਡਾਲਰ ਨਾਲ ਤੀਜੇ, ਰੂਸ 6.92 ਟ੍ਰਿਲੀਅਨ ਡਾਲਰ ਨਾਲ ਚੌਥੇ ਅਤੇ ਜਾਪਾਨ $ 6.41 ਟ੍ਰਿਲੀਅਨ ਡਾਲਰ ਪੰਜਵੇਂ ਸਥਾਨ 'ਤੇ ਹੈ। ਦਰਅਸਲ ਕਿਸੇ ਦੇਸ਼ ਦੀ ਅਰਥ ਵਿਵਸਥਾ ਦੀ ਅਸਲੀ ਆਰਥਿਕ ਸਮਰੱਥਾ ਸਮਝਣ ਲਈ ਪੀ ਪੀ ਪੀ ਪੈਮਾਨਾ ਵੱਧ ਵਿਗਿਆਨਕ ਅਤੇ ਉਪਯੋਗੀ ਗਿਣਿਆ ਜਾਂਦਾ ਹੈ, ਪਰ ਮੌਜੂਦਾ ਵਿਸ਼ਵ ਹਾਲਤਾਂ ਅੰਦਰ ਦੁਨੀਆ ਅੰਕੜਾ ਸੰਸਥਾਵਾਂ ਉਪਰ ਅਮਰੀਕਾ ਅਤੇ ਪੱਛਮੀ ਦੇਸ਼ਾਂ ਦੀ ਸਰਦਾਰੀ ਹੋਣ ਕਰਕੇ ਅਮਰੀਕਾ ਦੀ ਅੰਕੜਾ ਪ੍ਰਣਾਲੀ ਦੀ ਪ੍ਰਮੁੱਖਤਾ ਕਾਰਨ ਤੁਲਨਾਤਮਕ ਅਧਿਐਨ ਨੌਮੀਨਲ ਮੁਦਰਾ ਪ੍ਰਣਾਲੀ ਨਾਲ ਕੀਤਾ ਜਾਂਦਾ ਹੈ, ਪਰ ਹੁਣ ਚੀਨ ਦੀ ਅਗਵਾਈ ਵਿਚ ਬਰਿਕਸ ਗਰੁੱਪ ਵੱਲੋਂ ਮੁਦਰਾ ਪ੍ਰਣਾਲੀ ਨੂੰ ਡਾਲਰ ਦੀ ਬਜਾਏ ਡਿਜੀਟਲ ਢੰਗ ਨਾਲ ਅੰਗਣ ਦੀਆਂ ਕੋਸ਼ਿਸ਼ਾਂ ਚੱਲ ਰਹੀਆਂ ਹਨ। ਇਸ ਕਰਕੇ ਮੌਜੂਦਾ ਵਿਸ਼ਵ ਆਰਥਿਕ ਪ੍ਰਣਾਲੀ ਦੇ ਸਮੇਂ ਨੂੰ ਅੰਤਰਕਾਲੀ ਦੌਰ ਕਿਹਾ ਜਾ ਸਕਦਾ ਹੈ ਅਤੇ 2007-08 ਦੀ ਆਰਥਿਕ ਮੰਦੀ ਤੋਂ ਬਾਅਦ ਅਮਰੀਕਾ ਦੀ ਅਰਥ ਵਿਵਸਥਾ ਨੂੰ ਦੁਨੀਆ ਅੰਦਰ ਖੋਰਾ ਲੱਗ ਰਿਹਾ ਹੈ ਅਤੇ ਦੂਜੇ ਪਾਸੇ ਚੀਨ ਦਾ ਅਰਥਚਾਰਾ ਉਠਾਣ ਵਿਚ ਹੈ। ਦੁਨੀਆ ਦੇ ਬਹੁਤ ਸਾਰੇ ਦੇਸ਼ ਡਾਲਰ ਦੀ ਸਰਦਾਰੀ ਤੋਂ ਪਰੇਸ਼ਾਨ ਹੋਣ ਦੇ ਬਾਵਜੂਦ ਅਜੇ ਵੀ ਡਾਲਰ ਨੂੰ ਹੀ ਕੌਮਾਂਤਰੀ ਮੁਦਰਾ ਪ੍ਰਵਾਨ ਕਰਨ ਲਈ ਮਜਬੂਰ ਹਨ, ਪਰ ਅਮਰੀਕਾ ਡਾਲਰ ਪ੍ਰਣਾਲੀ ਨੂੰ ਇਕ ਰਣਨੀਤਕ ਹਥਿਆਰ ਦੇ ਤੌਰ 'ਤੇ ਵਰਤ ਰਿਹਾ ਹੈ। ਜੇ ਬਰਿਕਸ ਗਰੁੱਪ ਦੀਆਂ ਡਾਲਰ ਦੀ ਥਾਂ ਡਿਜੀਟਲ ਕਰੰਸੀ ਬਣਾਉਣ ਦੀਆ ਕੋਸ਼ਿਸ਼ਾਂ ਸਫ਼ਲ ਹੋ ਜਾਂਦੀਆਂ ਤਾਂ 1945 ਦੀ ਅਮਰੀਕਾ ਦੀ ਸਰਦਾਰੀ ਹੇਠ ਸਿਰਜੀ ਵਿਸ਼ਵ ਆਰਥਿਕ ਪ੍ਰਣਾਲੀ ਦੀ ਥਾਂ ਨਵੀਂ ਵਿਸ਼ਵ ਆਰਥਿਕ ਪ੍ਰਣਾਲੀ ਲ਼ੈ ਸਕਦੀ ਹੈ, ਜਿਸ ਨਾਲ ਬਰਤਾਨੀਆ ਵਾਂਗ ਅਮਰੀਕਾ ਦਾ ਸਿਤਾਰਾ ਵੀ ਗਰਦਸ਼ ਵਿਚ ਫਸ ਸਕਦਾ ਹੈ।

ਜਦੋਂ ਅਸੀਂ ਇਸ ਵੇਲੇ ਦੁਨੀਆ ਦੇ ਸਭ ਤੋਂ ਵੱਧ ਸਕਤੀਸ਼ਾਲੀ ਦੇਸ਼ਾਂ ਦੀ ਸੂਚੀ ਦੇਖਦੇ ਹਾਂ ਤਾਂ ਫ਼ੌਜੀ ਖ਼ਰਚ ਕਰਨ ਵਾਲਾ ਅਮਰੀਕਾ ਦੁਨੀਆ ਦੇ ਦੇਸ਼ਾਂ ਦੀ ਸੂਚੀ ਵਿਚ ਪਹਿਲੇ ਨੰਬਰ 'ਤੇ ਹੈ ਅਤੇ ਨਾਰਵੇ ਦੀ ਏਜੰਸੀ ਸਿਪਰੀ, ਜੋ ਹਰ ਸਾਲ ਦੁਨੀਆ ਦੇ ਦੇਸ਼ਾਂ ਦੇ ਫੌਜੀ ਖ਼ਰਚੇ ਦੀ ਸੂਚੀ ਤਿਆਰ ਕਰਦੀ ਹੈ, ਇਸ ਵਿਚ ਸੰਯੁਕਤ ਰਾਜ ਅਮਰੀਕਾ ਦਾ ਫੌਜੀ ਬਜਟ 997 ਅਰਬ ਡਾਲਰ ਨਾਲ ਪਹਿਲੇ ਨੰਬਰ 'ਤੇ ਹੈ, ਚੀਨ ਦਾ 314 ਅਰਬ ਡਾਲਰ ਨਾਲ ਦੂਜੇ ਨੰਬਰ 'ਤੇ ਹੈ, ਰੂਸ 149 ਅਰਬ ਡਾਲਰ ਨਾਲ ਤੀਜੇ ਨੰਬਰ'ਤੇ ਹੈ। ਇਸੇ ਤਰ੍ਹਾਂ ਜਰਮਨੀ 88.5 ਅਰਬ ਡਾਲਰ ਨਾਲ ਚੌਥੇ, ਭਾਰਤ 86.5 ਅਰਬ ਡਾਲਰ ਨਾਲ 5ਵੇਂ, ਯੂ ਕੇ 81.8 ਨਾਲ ਛੇਵੇਂ, ਸਾਊਦੀ ਅਰਬ 80.3 ਨਾਲ 7ਵੇਂ ਅਤੇ ਫਰਾਂਸ 64.7 ਨਾਲ ਅੱਠਵੇਂ ਅਤੇ ਜਾਪਾਨ 55.3 ਨਾਲ ਨੌਵੇਂ ਸਥਾਨ'ਤੇ ਹੈ। ਇਸੇ ਵੇਲੇ ਅਮਰੀਕਾ ਦੁਨੀਆ ਦਾ ਸਭ ਤੋਂ ਵੱਡਾ ਕਰਜ਼ਾਈ ਦੇਸ਼ ਬਣ ਚੁੱਕਿਆ ਹੈ ਅਤੇ ਇਸ ਸਿਰ 39 ਟ੍ਰਿਲੀਅਨ ਡਾਲਰ ਤੋਂ ਵੱਧ ਦਾ ਕਰਜ਼ਾ ਹੈ, ਜੋ ਇਸ ਦੀ ਕੁੱਲ਼ ਘਰੇਲੂ ਪੈਦਾਵਾਰ ਨਾਲੋਂ ਵੀ ਵੱਧ ਹੈ। ਅਮਰੀਕਾ ਨੇ ਸੋਵੀਅਤ ਯੂਨੀਅਨ, ਸਮਾਜਵਾਦੀ ਚੀਨ ਅਤੇ ਸਮਾਜਵਾਦੀ ਕੈਂਪ ਦੇ ਦੇਸ਼ਾਂ ਨੂੰ ਘੇਰਨ ਲਈ ਯੂਰਪੀ ਯੂਨੀਅਨ ਅਤੇ ਜਾਪਾਨ ਨੂੰ ਲੈ ਕੇ ਨਾਟੋ ਗਰੁੱਪ ਸਥਾਪਤ ਕੀਤਾ ਸੀ ਅਤੇ ਯੂਰਪੀ ਦੇਸ਼ਾਂ ਦੇ ਦੂਜੀ ਜੰਗ ਵਿਚ ਝੰਬੇ ਜਾਣ ਕਰਕੇ ਨਾਟੋ ਦਾ ਜ਼ਿਆਦਾ ਖ਼ਰਚਾ ਅਮਰੀਕਾ ਕਰਦਾ ਸੀ, ਪਰ ਹੁਣ ਇਕ ਪਾਸੇ ਅਮਰੀਕਾ ਆਰਥਕ ਸੰਕਟ ਵਿਚ ਫਸਦਾ ਜਾ ਰਿਹਾ ਹੈ ਅਤੇ ਇਹ ਕਰਜ਼ੇ ਦੇ ਸੰਕਟ ਵਿਚ ਫਸਣ ਕਰਕੇ ਅਮਰੀਕਾ ਕੁੜਿੱਕੀ ਵਿਚ ਫਸ ਗਿਆ ਹੈ। ਇਸ ਕਰਜ਼ ਸੰਕਟ ਨੂੰ ਕਾਬੂ ਕਰਨ ਲਈ ਅਮਰੀਕਾ ਆਪਣੇ ਖ਼ਰਚ ਘਟਾਉਣ ਲਈ ਇਕ ਪਾਸੇ ਨਾਟੋ ਦੇਸ਼ਾਂ 'ਤੇ ਆਪੋ-ਆਪਣੇ ਫੌਜੀ ਬਜਟ ਵਧਾਉਣ ਲਈ ਦਬਾਅ ਪਾਉਂਦਾ ਆ ਰਿਹਾ ਹੈ ਅਤੇ ਦੂਜੇ ਪਾਸੇ ਇਹ ਦੁਨੀਆ ਭਰ ਦੇ ਮੁਲਕਾਂ ਉੱਤੇ ਆਪਣੇ ਦੇਸ਼ ਵਿਚ ਆਉਣ ਵਾਲੇ ਮਾਲ ਦੇ ਆਯਾਤ 'ਤੇ ਟੈਰਿਫ ਵਧਾ ਰਿਹਾ ਹੈ। ਇਸ ਨਾਲ਼ ਅਮਰੀਕਾ ਸਮੇਤ ਸਾਰੇ ਦੇਸ਼ਾਂ ਅੰਦਰ ਮਹਿੰਗਾਈ ਵਧ ਰਹੀ ਹੈ, ਜਿਸ ਨਾਲ ਮਜ਼ਦੂਰਾਂ, ਮੁਲਾਜ਼ਮਾਂ ਅਤੇ ਵਿਸ਼ਾਲ ਲੋਕਾਈ ਅੰਦਰ ਬੇਚੈਨੀ ਵਧ ਰਹੀ ਹੈ। ਇਸ ਬੇਚੈਨੀ ਕਾਰਨ ਬਹੁਤ ਸਾਰੇ ਦੇਸ਼ਾਂ ਅੰਦਰ ਨੌਜਵਾਨ ਜ਼ੈੱਨ-ਜੀ ਅੰਦੋਲਨ ਚਲਾ ਰਹੇ ਹਨ ਅਤੇ ਉਨ੍ਹਾਂ ਲਗਪਗ 70 ਦੇਸ਼ਾਂ ਅੰਦਰ ਜ਼ੈੱਨ-ਜੀ ਅੰਦੋਲਨ ਚਲਾਏ ਹਨ। ਹੁਣੇ-ਹੁਣੇ ਹੀ ਹੰਗਰੀ ਦੇ ਮਹਿੰਗਾਈ ਤੋਂ ਪਰੇਸ਼ਾਨ ਆਮ ਲੋਕਾਂ ਨੇ ਉਥੋਂ ਦੇ ਤਾਨਸ਼ਾਹ ਵਿਕਟਰ ਫਾਡੇਸ ਦਾ ਪਿਛਲੇ ਕਈ ਦਹਾਕਿਆਂ ਤੋਂ ਚੱਲ ਰਿਹਾ ਪ੍ਰਸ਼ਾਸਨ, ਜੋ ਭਾਰਤ ਦੀ ਮੋਦੀ ਸਰਕਾਰ ਵਾਂਗ ਮੀਡੀਆ, ਨਿਆਂਪਾਲਿਕਾ, ਕਾਰਜਪਾਲਿਕਾ, ਵਿਧਾਨਪਾਲਿਕਾ ਅਤੇ ਹੋਰ ਰਾਜਤੰਤਰ 'ਤੇ ਕਾਬਜ਼ ਤਾਨਾਸ਼ਾਹੀ ਜਮਾਈ ਬੈਠੇ ਤਾਨਾਸ਼ਾਹ ਫਾਡੇਸ ਨੂੰ ਗੱਦੀਓਂ ਲਾਹ ਦਿਤਾ ਹੈ।

ਉਧਰ ਅਮਰੀਕੀ ਡਾਲਰ ਦੀ ਚੌਧਰ ਨੂੰ ਮਿਲ ਰਹੀ ਚੁਣੌਤੀ ਨੂੰ ਨਜਿੱਠਣ ਲਈ ਅਮਰੀਕਾ ਨੇ ਦੁਨੀਆ ਦੇ ਕੱਚੇ ਤੇਲ ਦੇ ਭੰਡਾਰਾਂ ਉਪਰ ਕਬਜ਼ਾ ਕਰਨ ਲਈ ਪਹਿਲਾਂ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਮਾਦੁਰੋ ਨੂੰ ਅਗਵਾ ਕਰਕੇ ਉਥੋਂ ਦੀ ਸੱਤਾ 'ਤੇ ਕਬਜ਼ਾ ਕਰਕੇ ਤੇਲ ਭੰਡਾਰਾਂ 'ਤੇ ਕਬਜ਼ਾ ਕਰ ਲਿਆ ਅਤੇ ਇਸ ਦੇ ਨਾਲ ਹੀ ਉਸ ਨੇ ਮੈਕਸੀਕੋ, ਪਾਨਾਮਾ, ਗਰੀਨਲੈਂਡ, ਕੈਨੇਡਾ, ਕਿਊਬਾ ਆਦਿ ਦੇਸ਼ਾਂ 'ਤੇ ਕਬਜ਼ਾ ਕਰਨ ਦੀਆਂ ਧਮਕੀਆਂ ਦਿੱਤੀਆਂ ਹਨ ਅਤੇ ਈਰਾਨ ਦੇ ਤੇਲ ਉੱਪਰ ਕਬਜ਼ਾ ਕਰਨ ਅਤੇ ਨਿਜ਼ਾਮ ਬਦਲਣ ਲਈ ਇਕੀਵੀਂ ਸ਼ਤਾਬਦੀ ਦੇ ਵਿਗਿਆਨਕ ਅਤੇ ਡਿਜੀਟਲੀ ਜਾਗਰੂਕ ਵਿਸ਼ਵ ਅੰਦਰ ਵਿਸ਼ਵ ਦੇ ਸਥਾਪਤ ਕਾਇਦੇ ਕਾਨੂੰਨ ਉਲੰਘ ਕੇ ਈਰਾਨ ਉੱਤੇ ਧਾਕੜ ਹਮਲਾ ਬੋਲ ਕੇ ਉਸ ਨੇ ਹਿਟਲਰਸ਼ਾਹੀ ਦੇ ਸਾਰੇ ਪੁਰਾਣੇ ਰਿਕਾਰਡ ਤੋੜ ਦਿੱਤੇ ਹਨ। ਉਧਰ ਚੀਨ ਅਮਰੀਕਾ ਲਈ ਇਕ ਵੱਡੀ ਚੁਣੌਤੀ ਪੇਸ਼ ਕਰ ਰਿਹਾ ਹੈ, ਪਰ ਚੀਨ ਅਮਰੀਕਾ ਲਈ ਇਸ ਸਮੇਂ ਸਭ ਤੋਂ ਵੱਡੀ ਆਰਥਿਕ ਅਤੇ ਫੌਜੀ ਚੁਣੌਤੀ ਬਣ ਕੇ ਉਭਰ ਰਿਹਾ ਹੈ। ਚੀਨ ਨੇ ਏਸ਼ੀਆ ਪ੍ਰਸ਼ਾਂਤ ਸਾਗਰ ਅੰਦਰ ਤਾਈਵਾਨ 'ਤੇ ਲਗਾਤਾਰ ਸ਼ਿਕੰਜਾ ਕੱਸਣ ਦੀਆਂ ਕੋਸ਼ਿਸਾਂ ਨੇ ਅਮਰੀਕਾ ਦੇ ਸਾਮਰਾਜੀ ਪਸਾਰੇ ਨੂੰ ਰੋਕਣ ਦੀ ਸਿਰਦਰਦੀ ਲਗਾਤਾਰ ਵਧਾਈ ਹੋਈ ਹੈ। ਚੀਨ ਨੇ ਸਾਰੇ ਅਫ਼ਰੀਕਨ ਮਹਾਂਦੀਪ ਅੰਦਰ ਆਪਣੇ ਪੈਰ ਪਸਾਰ ਲਏ ਹਨ ਅਤੇ ਇਸ ਨੇ ਦੱਖਣੀ ਅਮਰੀਕਾ ਅਤੇ ਆਸਟਰੇਲੀਆ ਮਹਾਂਦੀਪ ਅੰਦਰ ਆਪਣਾ ਪ੍ਰਭਾਵ ਵਧਾ ਲਿਆ ਹੈ।


ਉਧਰ ਚੀਨ ਨੇ ਦੁਨੀਆ ਦੇ 90 ਪ੍ਰਤੀਸ਼ਤ ਦੁਰਲੱਭ ਤੱਤਾਂ ਉੱਤੇ ਯੋਜਨਾਬੱਧ ਢੰਗ ਨਾਲ ਏਕਾਅਧਿਕਾਰ ਸਥਾਪਤ ਕਰ ਲਿਆ ਹੈ। ਚੀਨ ਨੇ ਭਾਰੀ ਸਬਸਿਡੀਆਂ, ਸਸਤੀ ਮਜ਼ਦੂਰੀ ਅਤੇ ਵਾਤਾਵਰਣ ਨਿਯਮਾਂ ਵਿਚ ਢਿੱਲ ਦੇ ਕੇ ਇਹ ਇਨ੍ਹਾਂ ਦੁਰਲੱਭ ਤੱਤਾਂ 'ਤੇ ਅਧਿਕਾਰ ਜਮਾ ਕੇ ਅਮਰੀਕਾ ਅਤੇ ਹੋਰ ਵਿਕਸਤ ਸਾਮਰਾਜੀ ਦੇਸ਼ਾਂ ਦੀ ਚਿੰਤਾ ਵਧਾ ਦਿੱਤੀ ਹੈ। ਚੀਨ ਕੋਲ ਇਨ੍ਹਾਂ ਤੱਤਾਂ ਦੇ ਨਾ ਕੇਵਲ ਭੰਡਾਰ ਹਨ, ਸਗੋਂ ਰੀਫਾਈਨਿੰਗ ਅਤੇ ਪ੍ਰੋਸੈਸਿੰਗ ਵਿਚ ਪਰਬੀਨਤਾ ਹਾਸਲ ਕਰਕੇ ਇਸ ਨੇ ਦੁਨੀਆਂ ਦੇ 90 ਪ੍ਰਤੀਸ਼ਤ ਤੋਂ ਵੱਧ ਧਰਤੀ ਦੇ ਦੁਰਲੱਭ ਤੱਤਾਂ 'ਤੇ ਵਿਸ਼ਵਵਿਆਪੀ ਹਿੱਸੇਦਾਰੀ ਦੀ ਸਪਲਾਈ 'ਤੇ ਕੰਟਰੋਲ ਕੀਤਾ ਹੈ। ਇਸ ਦੇ ਏਕਾਧਿਕਾਰ ਦੇ ਮੁੱਖ ਕਾਰਨਾਂ ਵਿੱਚ ਬਹੁਤ ਪਹਿਲ ਪ੍ਰਿਥਮੇ ਨਿਵੇਸ਼ ਉੱਤੇ ਰਾਜਕੀ ਯੋਜਨਾਬੰਦੀ ਦਾ ਵੱਡਾ ਰੋਲ ਹੈ।

ਚੀਨ ਨੇ 1980ਵਿਆਂ ਦੇ ਦਹਾਕੇ ਵਿਚ ਦੁਰਲੱਭ ਤੱਤਾਂ ਦੀ ਮਹੱਤਤਾ ਨੂੰ ਅਗਾਊਂ ਭਾਂਪ ਕੇ ਅਤੇ ਉਨ੍ਹਾਂ ਦੀ ਯੁੱਧਨੀਤਕ ਮਹੱਤਤਾ ਨੂੰ ਸਮਝ ਕੇ ਮਾਨਤਾ ਦਿੱਤੀ। ਚੀਨੀ ਸਰਕਾਰ ਨੇ ਤਕਨੀਕ ਵਿਕਸਤ ਕਰਨ ਅਤੇ ਖੋਜ ਵਿਕਾਸ ਲਈ ਭਾਰੀ ਭਰਕਮ ਰਕਮ ਮੁਹੱਈਆ ਕਰਾਈ। ਚੀਨ ਇਕੱਲਾ ਕੱਚਾ ਮਾਲ ਹੀ ਨਹੀ ਕੱਢਦਾ, ਸਗੋਂ ਇਸ ਨੇ 2024 ਤੱਕ ਦੁਨੀਆ ਦੇ ਲਗਪਗ 91 ਪ੍ਰਤੀਸ਼ਤ ਸੋਧਣ ਸਮਰੱਥਾ ਹਾਸਲ ਕਰ ਲਈ ਸੀ। ਇਹ ਮਾਈਨਿੰਗ ਤੋਂ ਲੈ ਕੇ ਚੁੰਬਕ ਬਣਾਉਣ ਤੱਕ ਦੀ ਪ੍ਰਕਿਰਿਆ ਨੂੰ ਕੰਟਰੋਲ ਕਰਦਾ ਹੈ। ਚੀਨ ਨੇ ਦੁਰਲੱਭ ਤੱਤਾਂ ਦੇ ਕੱਚੇ ਮਾਲ ਨੂੰ ਬਹੁਤ ਘੱਟ ਕੀਮਤਾਂ 'ਤੇ ਵੇਚ ਕੇ ਆਪਣੇ ਮਕਾਬਲੇਬਾਜ਼ਾਂ ਨੂੰ ਬਾਜ਼ਾਰ ਵਿਚੋਂ ਬਾਹਰ ਕਰ ਦਿੱਤਾ ਹੈ। ਚੀਨ ਨੇ ਵਤਾਵਰਣ ਨਿਯਮਾਂ ਵਿਚ ਢਿੱਲ ਦੇਣ ਨਾਲ ਪ੍ਰੋਸੈਸਿੰਗ ਲਾਗਤਾਂ ਘੱਟ ਰੱਖਣ ਵਿਚ ਸਹਾਇਤਾ ਕੀਤੀ, ਜਿਸ ਨਾਲ ਚੀਨ ਅੰਦਰ ਦੁਰਲੱਭ ਤੱਤਾਂ ਦੀ ਲਾਗਤ ਘਟ ਗਈ। ਇਸ ਨੇ ਸਨਅਤੀ ਇਕਾਈਆਂ ਦੇ ਏਕੀਕਰਨ ਅਤੇ ਨਿਰਯਾਤ ਕੰਟਰੋਲ ਕਰਨ ਰਾਹੀ ਛੋਟੀਆਂ ਕੰਪਨੀਆਂ ਨੂੰ ਮਿਲਾ ਕੇ 6 ਵੱਡੇ ਰਾਜਕੀ ਮਾਲਕੀ ਵਾਲੇ ਉਦਮਾਂ ਵਿਚ ਤਬਦੀਲ ਕਰ ਦਿੱਤਾ।

ਚੀਨੀ ਕਮਿਊਨਿਸਟ ਪਾਰਟੀ ਦੇ ਚੀਨ ਇਕ ਸਮਾਜਵਾਦੀ ਦੇਸ਼ ਹੋਣ ਅਤੇ ਇਸ ਦੀਆਂ ਚੀਨੀ ਵਿਸ਼ੇਸ਼ਤਾਈਆਂ ਦੇ ਵਿਲੱਖਣ ਹੋਣ ਦੇ ਦਾਅਵਿਆਂ ਦੇ ਬਾਵਜੂਦ ਇਹ ਇਕ ਪੂੰਜੀਵਾਦੀ ਦੇਸ਼ ਹੈ। ਇਸ ਕਰਕੇ ਮੱਧ ਪੂਰਬ ਏਸ਼ੀਆ ਜੰਗ ਵਿਚ ਇਸ ਦਾ ਰੋਲ ਮਜ਼ਦੂਰ ਜਮਾਤ ਜਾਂ ਸਮਾਜਵਾਦ ਦੇ ਹਿੱਤਾਂ ਨੂੰ ਅੱਗੇ ਵਧਾਉਣ ਵਾਲਾ ਨਹੀਂ ਹੈ, ਸਗੋਂ ਇਸ ਦੇ ਹਿੱਤ ਚੀਨ ਦੀਆਂ ਪੂੰਜੀਵਾਦੀ ਹਾਕਮ ਜਮਾਤਾਂ ਦੇ ਹਿੱਤਾਂ ਨੂੰ ਅੱਗੇ ਵਧਾਉਣ ਵਿਚ ਹਨ। ਇਸ ਕਰਕੇ ਚੀਨ ਦਾ ਈਰਾਨ-ਅਮਰੀਕਾ ਜੰਗ ਵਿਚ ਮੁੱਖ ਰੋਲ ਚੀਨ ਦੀਆਂ ਹਾਕਮ ਜਮਾਤਾਂ ਦੀਆਂ ਪੂੰਜੀਵਾਦੀ ਲਾਲਸਾਵਾਂ ਨੂੰ ਅੱਗੇ ਵਧਾਉਣ ਵਾਲਾ ਹੈ, ਨਾ ਕਿ ਸਮਾਜਵਾਦ ਅਤੇ ਮਜ਼ਦੂਰ ਜਮਾਤ ਦੇ ਹਿੱਤਾਂ ਨੂੰ ਅੱਗੇ ਵਧਾਉਣ ਵਾਲਾ ਹੈ। ਚੀਨ ਈਰਾਨ ਤੋਂ ਸਸਤਾ ਤੇਲ ਲੈਣ, ਆਪਣੀ ਊਰਜਾ ਸੁਰੱਖਿਆ ਯਕੀਨੀ ਬਣਾਉਣ ਅਤੇ ਅਮਰੀਕੀ ਦਬਦਬੇ ਨੂੰ ਘਟਾਉਣ ਲਈ ਇਸ ਟਕਰਾਅ ਵਿਚ ਈਰਾਨ ਦਾ ਸਮਰਥਨ ਕਰਦਾ ਹੈ ਇਸ ਵਿਚ ਚੀਨ-ਈਰਾਨ 26 ਸਾਲਾ ਸਹਿਯੋਗ ਸੰਧੀ ਵੀ ਸ਼ਾਮਿਲ ਹੈ। ਚੀਨ ਦਾ ਜੰਗ ਵਿਚ ਮੁੱਖ ਲਗਾਅ ਆਪਣੇ ਆਰਥਿਕ ਸਵਾਰਥ ਵਿੱਚ ਪਿਆ ਹੈ। ਚੀਨ ਈਰਾਨ ਦੇ ਤੇਲ ਦਾ ਸਭ ਤੋਂ ਵੱਡਾ ਖਰੀਦਦਾਰ ਹੈ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇਰਾਨ ਉਪਰ ਬੰਦਸ਼ਾਂ ਦੇ ਬਾਵਜੂਦ ਚੀਨ ਈਰਾਨ ਲਈ ਆਰਥਿਕ ਜੀਵਨ ਰੇਖਾ ਬਣਿਆ ਹੋਇਆ ਹੈ। 2025 ਵਿਚ ਚੀਨ ਨੇ ਈਰਾਨ ਦੇ ਤੇਲ ਦੀ 80 ਪ੍ਰਤੀਸ਼ਤ ਤੋਂ ਵੱਧ ਦੀ ਖਰੀਦ ਕੀਤੀ ਹੈ। ਚੀਨ ਦੇ ਈਰਾਨ ਨਾਲ ਰਣਨੀਤਕ ਹਿੱਤ ਪੂਰੀ ਤਰ੍ਹਾਂ ਵੀ ਜੁੜੇ ਹੋਏ ਹਨ। ਚੀਨ ਈਰਾਨ ਨੂੰ ਮੁਸੀਬਤ ਵਿਚ ਇਕ 'ਦੋਸਤ' ਦੇ ਨਾਂਅ ਦੇ ਤੌਰ 'ਤੇ ਵਰਤਦਾ ਹੈ।

**# ਸੰਪਰਕ : 78883-27695**

# ਖਾਸ ਜ਼ਰੂਰਤਾਂ ਵਾਲੇ ਵਿਦਿਆਰਥੀਆਂ ਲਈ ਸਹਾਇਕ ਸਿੱਖਿਆ ਪ੍ਰਣਾਲੀ



ਡਾ. ਪਰਦੀਪ ਨਾਂਗਲੂ

ਅੱਜ ਦੇ ਸਮੇਂ ਵਿੱਚ ਸਿੱਖਿਆ ਸਿਰਫ ਕਿਤਾਬਾਂ ਤੱਕ ਸੀਮਿਤ ਨਹੀਂ ਰਹੀ, ਬਲਕਿ ਹਰ ਬੱਚੇ ਦੀਆਂ ਵਿਅਕਤੀਗਤ ਲੋੜਾਂ ਨੂੰ ਸਮਝਣ ਅਤੇ ਉਸ ਮੁਤਾਬਕ ਸਹਾਇਤਾ ਦੇਣ ਵੱਲ ਵਧ ਰਹੀ ਹੈ। ਖਾਸ ਤੌਰ 'ਤੇ ਉਹ ਬੱਚੇ, ਜਿਨ੍ਹਾਂ ਨੂੰ ਸਿੱਖਣ ਜਾਂ ਧਿਆਨ ਨਾਲ ਜੁੜੀਆਂ ਮੁਸ਼ਕਲਾਂ ਹੁੰਦੀਆਂ ਹਨ, ਉਹਨਾਂ ਲਈ ਸਮੇਂ 'ਤੇ ਸਹੀ ਸਹਾਇਤਾ ਬਹੁਤ ਮਹੱਤਵਪੂਰਨ ਹੈ।

ਅਧਿਐਨ ਦੱਸਦੇ ਹਨ ਕਿ ਜਿਨ੍ਹਾਂ ਬੱਚਿਆਂ ਨੂੰ ਸਿੱਖਣ ਦੀਆਂ ਦਿੱਕਤਾਂ ਹੁੰਦੀਆਂ ਹਨ, ਉਹ ਵੀ ਹੋਰ ਬੱਚਿਆਂ ਵਾਂਗ ਹੀ ਸਮਰੱਥ ਹੁੰਦੇ ਹਨ। ਜੇ ਉਹਨਾਂ ਨੂੰ ਢੰਗ ਦੀ ਰਹਿਨੁਮਾਈ ਅਤੇ ਸਹਾਇਤਾ ਮਿਲੇ, ਤਾਂ ਉਹ ਵੀ ਉੱਚੀ ਸਫਲਤਾ ਹਾਸਲ ਕਰ ਸਕਦੇ ਹਨ। ਇਸ ਲਈ ਸ਼ੁਰੂਆਤੀ ਪਹਿਚਾਣ ਅਤੇ ਇਲਾਜ ਬਹੁਤ ਜ਼ਰੂਰੀ ਹੈ। ਸਰਕਾਰ ਵੱਲੋਂ ਬਣਾਏ ਕਾਨੂੰਨ ਬੱਚਿਆਂ ਦੇ ਹੱਕਾਂ ਦੀ ਰੱਖਿਆ ਕਰਦੇ ਹਨ ਅਤੇ ਉਹਨਾਂ ਨੂੰ ਮੁਫ਼ਤ ਅਤੇ ਉਚਿਤ ਸਿੱਖਿਆ ਦੇਣ ਦੀ ਗਰੰਟੀ ਦਿੰਦੇ ਹਨ। ਇਸ ਦੇ ਤਹਿਤ ਵਿਅਕਤੀਗਤ ਸਿੱਖਿਆ ਯੋਜਨਾ ਤਿਆਰ ਕੀਤੀ ਜਾਂਦਾ ਹੈ, ਜਿਸ ਵਿੱਚ ਹਰ ਬੱਚੇ ਦੀ ਲੋੜ ਅਨੁਸਾਰ ਯੋਜਨਾ ਬਣਾਈ ਜਾਂਦੀ ਹੈ। ਇਸ ਵਿੱਚ ਸਪੀਚ ਥੈਰੇਪੀ, ਆਕੂਪੇਸ਼ਨਲ ਥੈਰੇਪੀ ਅਤੇ ਹੋਰ ਸਹਾਇਕ ਸੇਵਾਵਾਂ ਸ਼ਾਮਲ ਹੋ ਸਕਦੀਆਂ ਹਨ।

ਹਾਲਾਂਕਿ ਹਰ ਬੱਚਾ ਆਈ ਈ ਪੀ ਲਈ ਯੋਗ ਨਹੀਂ ਹੁੰਦਾ। ਕੁਝ ਬੱਚਿਆਂ ਲਈ 504 ਯੋਜਨਾ ਵਰਤੀ ਜਾਂਦੀ ਹੈ, ਜਿਸ ਨਾਲ ਉਹਨਾਂ ਨੂੰ ਵਾਧੂ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਜਿਵੇਂ ਕਿ ਵਧੇਰੇ ਸਮੇਂ ਦੇ ਬ੍ਰੇਕ, ਕੰਮ ਵਿੱਚ ਲਚਕ ਅਤੇ ਫਿਜਟ ਟੂਲ ਵਰਤਣ ਦੀ ਆਜ਼ਾਦੀ। ਇਹ ਸਭ ਉਨ੍ਹਾਂ ਦੀ ਸਿੱਖਣ ਦੀ ਸਮਰੱਥਾ ਨੂੰ ਸੁਧਾਰਨ ਵਿੱਚ ਮਦਦ ਕਰਦਾ ਹੈ।

ਖੋਜ ਇਹ ਵੀ ਦਰਸਾਉਂਦੀ ਹੈ ਕਿ ਏ ਡੀ ਐਚ ਡੀ ਡਿਸਲੇਕਸੀਆ ਅਤੇ ਹੋਰ ਸਿੱਖਣ ਨਾਲ ਸੰਬੰਧਤ ਸਮੱਸਿਆਵਾਂ ਦਿਮਾਗ ਦੇ ਕੰਮ ਕਰਨ ਦੇ ਢੰਗ ਨਾਲ ਜੁੜੀਆਂ ਹੁੰਦੀਆਂ ਹਨ। ਇਸ ਲਈ ਸਿੱਖਿਆ ਦੇ ਤਰੀਕੇ ਵੀ ਵਿਗਿਆਨਕ ਸਬੂਤਾਂ 'ਤੇ ਆਧਾਰਤ ਹੋਣੇ ਚਾਹੀਦੇ ਹਨ। ਆਧੁਨਿਕ ਸਕੂਲਾਂ ਵਿੱਚ ਟੈਕਨੋਲੋਜੀ ਦਾ ਵੀ ਵੱਡਾ ਯੋਗਦਾਨ ਹੈ-ਜਿਵੇਂ ਆਡੀਓਬੁੱਕਸ, ਟਾਕਿੰਗ ਕੈਲਕੁਲੇਟਰ ਅਤੇ ਡਿਜੀਟਲ ਵਰਕਸ਼ੀਟਸ, ਜੋ ਬੱਚਿਆਂ ਦੀ ਸਿੱਖਣ ਦੀ ਪ੍ਰਕਿਰਿਆ ਨੂੰ ਆਸਾਨ ਬਣਾਉਂਦੇ ਹਨ। ਸਭ ਤੋਂ ਵਧੀਆ ਨਤੀਜੇ ਉਹਨਾਂ ਪ੍ਰੋਗਰਾਮਾਂ ਤੋਂ ਮਿਲਦੇ ਹਨ, ਜਿੱਥੇ ਅਧਿਆਪਕ, ਮਾਪੇ ਅਤੇ ਮਾਹਰ ਇਕੱਠੇ ਮਿਲ ਕੇ ਕੰਮ ਕਰਦੇ ਹਨ। ਹਰ ਬੱਚਾ ਵੱਖਰਾ ਹੁੰਦਾ ਹੈ, ਇਸ ਲਈ ਉਸ ਦੇ ਲਈ ਸਿੱਖਣ ਦਾ ਤਰੀਕਾ ਵੀ ਵੱਖਰਾ ਹੋਣਾ ਚਾਹੀਦਾ ਹੈ।

**ਆਟੀਜ਼ਮ ਅਤੇ ਏ ਡੀ ਐੱਚ ਡੀ ਵਾਲੇ ਬੱਚਿਆਂ ਲਈ ਪ੍ਰਯੋਗਿਕ ਰਹਿਨੁਮਾਈ:** ਆਧੁਨਿਕ ਸਮੇਂ ਵਿੱਚ ਆਟੀਜ਼ਮ ਅਤੇ ਏ ਡੀ ਐੱਚ ਡੀ ਵਰਗੀਆਂ ਸਥਿਤੀਆਂ ਬਾਰੇ ਸਮਝ ਕਾਫੀ ਵਧੀ ਹੈ। ਇਹ ਬੱਚੇ ਕਿਸੇ ਵੀ ਤਰ੍ਹਾਂ ਘੱਟ ਸਮਰੱਥ ਨਹੀਂ ਹੁੰਦੇ, ਸਿਰਫ ਉਹਨਾਂ ਦਾ ਸੋਚਣ, ਸਮਝਣ ਅਤੇ ਪ੍ਰਤੀਕਿਰਿਆ ਦੇਣ ਦਾ ਢੰਗ ਵੱਖਰਾ ਹੁੰਦਾ ਹੈ। ਇਸ ਲਈ ਸਾਨੂੰ ਆਪਣੇ ਤਰੀਕੇ ਬਦਲਣ ਦੀ ਲੋੜ ਹੈ।

1. **ਰੁਟੀਨ ਅਤੇ ਢਾਂਚਾ ਬਣਾਓ:** ਇਹ ਬੱਚੇ ਨਿਯਮਿਤਤਾ ਨਾਲ ਜ਼ਿਆਦਾ ਸੁੱਖ ਮਹਿਸੂਸ ਕਰਦੇ ਹਨ। ਰੋਜ਼ਾਨਾ ਦਾ ਇਕ ਸਧਾਰਨ ਅਤੇ ਸਥਿਰ ਰੁਟੀਨ ਉਹਨਾਂ ਨੂੰ ਸੁਰੱਖਿਆ ਦਾ ਅਹਿਸਾਸ ਦਿੰਦਾ ਹੈ।
2. **ਛੋਟੇ ਟਾਸਕ ਵਿੱਚ ਸਿਖਲਾਈ ਦਿਓ:** ਵੱਡੇ ਕੰਮਾਂ ਨੂੰ ਛੋਟੇ ਹਿੱਸਿਆਂ ਵਿੱਚ ਵੰਡ ਕੇ ਸਿਖਾਉਣਾ ਜ਼ਿਆਦਾ ਪ੍ਰਭਾਵਸ਼ਾਲੀ ਹੁੰਦਾ ਹੈ। ਇਸ ਨਾਲ ਬੱਚੇ ਨੂੰ ਬੋਝ ਨਹੀਂ ਮਹਿਸੂਸ ਹੁੰਦਾ।
3. **ਪਾਜ਼ੇਟਿਵ ਰੀਇਨਫੋਰਸਮੈਂਟ (ਸ਼ਾਬਾਸ਼ੀ):** ਹਰ ਛੋਟੀ ਪ੍ਰਗਤੀ 'ਤੇ ਬੱਚੇ ਨੂੰ ਪ੍ਰੋਤਸਾਹਿਤ ਕਰੋ। ਇਹ ਉਸ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦਾ ਹੈ।
4. **ਸੈਂਸਰੀ ਸਹਾਇਤਾ ਵਰਤੋ:** ਕੁਝ ਬੱਚਿਆਂ ਨੂੰ ਆਵਾਜ਼, ਰੋਸ਼ਨੀ ਜਾਂ ਛੂਹ ਨਾਲ ਜ਼ਿਆਦਾ ਸੰਵੇਦਨਸ਼ੀਲਤਾ ਹੁੰਦੀ ਹੈ। ਫਿਜਟ ਟੂਲ, ਨਰਮ ਲਾਈਟ ਜਾਂ ਸ਼ਾਂਤ ਵਾਤਾਵਰਣ ਉਹਨਾਂ ਦੀ ਮਦਦ ਕਰ ਸਕਦੇ ਹਨ।
5. ਟੈਕਨਾਲੋਜੀ ਦੀ ਸਹਾਇਤਾ ਲਵੋ:ਆਡੀਓਬੁੱਕਸ, ਵਿਜ਼ੂਅਲ ਐਪਸ ਅਤੇ ਇੰਟਰੈਕਟਿਵ ਸਿਖਲਾਈ ਸਾਧਨ ਬੱਚਿਆਂ ਦੀ ਸਿੱਖਣ ਦੀ ਪ੍ਰਕਿਰਿਆ ਨੂੰ ਆਸਾਨ ਬਣਾਉਂਦੇ ਹਨ।
6. **ਸਮਾਜਿਕ ਹੁਨਰਾਂ ਦਾ ਅਭਿਆਸ:** ਬੱਚਿਆਂ ਨੂੰ ਛੋਟੀਆਂ ਗਤੀਵਿਧੀਆਂ ਰਾਹੀਂ ਦੂਜਿਆਂ ਨਾਲ ਗੱਲਬਾਤ ਅਤੇ ਵਿਹਾਰ ਸਿਖਾਇਆ ਜਾ ਸਕਦਾ ਹੈ।
7. **ਮਾਹਰਾਂ ਨਾਲ ਸਹਿਯੋਗ:** ਸਪੀਚ ਥੈਰੇਪਿਸਟ, ਆਕੂਪੇਸ਼ਨਲ ਥੈਰੇਪਿਸਟ ਅਤੇ ਮਨੋਵਿਗਿਆਨਕ ਮਾਹਰਾਂ ਨਾਲ ਮਿਲ ਕੇ ਕੰਮ ਕਰਨਾ ਬਹੁਤ ਲਾਭਦਾਇਕ ਹੁੰਦਾ ਹੈ।

**ਸਮਾਜ ਲਈ ਸਨੇਹਾ:** ਇਹ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਕਿ ਅਸੀਂ ਹਰ ਬੱਚੇ ਨੂੰ ਸਵੀਕਾਰ ਕਰੀਏ ਅਤੇ ਉਸ ਨੂੰ ਅੱਗੇ ਵਧਣ ਦਾ ਮੌਕਾ ਦੇਈਏ। ਆਟੀਜ਼ਮ ਜਾਂ ਏ ਡੀ ਐੱਚ ਡੀ ਕੋਈ ਕਮੀ ਨਹੀਂ, ਇਹ ਇੱਕ ਵੱਖਰੀ ਯੋਗਤਾ ਹੈ। ਸਹੀ ਮਾਹੌਲ, ਸਹੀ ਮਾਰਗ ਦਰਸ਼ਨ ਅਤੇ ਪਿਆਰ ਨਾਲ ਇਹ ਬੱਚੇ ਵੀ ਆਪਣੀ ਵੱਖਰੀ ਪਹਿਚਾਣ ਬਣਾ ਸਕਦੇ ਹਨ।

ਸਹੀ ਸਮੇਂ 'ਤੇ ਸਹੀ ਸਹਾਇਤਾ ਅਤੇ ਸਮਝ ਨਾਲ ਹਰ ਬੱਚਾ ਸਿੱਖ ਸਕਦਾ ਹੈ ਅਤੇ ਅੱਗੇ ਵਧ ਸਕਦਾ ਹੈ। ਸਿੱਖਿਆ ਦਾ ਅਸਲ ਮਕਸਦ ਵੀ ਇਹੀ ਹੈ ਕਿ ਕਿਸੇ ਵੀ ਬੱਚੇ ਨੂੰ ਪਿੱਛੇ ਨਾ ਛੱਡਿਆ ਜਾਵੇ।

**ਕੈਲੇਫੋਰਨੀਆ** +12792453149

# ਮਜ਼ਦੂਰੋ ! ਤੁਹਾਡੀ ਏਕਤਾ ਹੀ ਤੁਹਾਡੀ ਭਾਵੁਕ ਤਾਕਤ ਹੈ



ਗੁਰਮੇਲ ਸਿੰਘ ਸੰਗਤਪੁਰਾ

ਇੱਕ ਕਾਲੀ-ਬੋਲੀ ਠੰਢੀ ਰਾਤ 'ਚ ਇੱਕ ਫੈਕਟਰੀ ਵਿੱਚ ਬਲਵੰਤ ਸਿੰਘ ਆਪਣੇ ਥੱਕੇ ਤੇ ਲਹੂ ਉਤਰੇ ਹੱਥਾਂ ਨਾਲ ਦੇਰ ਰਾਤ ਨੂੰ ਮਸ਼ੀਨ ਚਲਾ ਰਿਹਾ ਸੀ। ਉਸ ਦੀਆਂ ਅੱਖਾਂ ਵਿਚ ਅੱਥਰੂ ਭਰੇ ਹੋਏ ਸਨ, ਜਿਹੜੇ ਨਾ ਸਿਰਫ਼ ਥਕਾਵਟ ਦੇ, ਸਗੋਂ ਉਸ ਅੰਦਰੂਨੀ ਦਰਦ ਦੇ ਜੋ ਉਸ ਦੇ, ਦਿਲ ਨੂੰ ਚੀਰ ਰਿਹਾ ਸੀ। ਉਸ ਦੇ ਹੱਥਾਂ ਵਿਚ ਗਰਮ ਲੋਹਾ ਜੋ ਪਸੀਨਾ ਅਤੇ ਖ਼ੂਨ ਇੱਕ ਕਰ ਰਿਹਾ ਸੀ ਅਤੇ ਉਸ ਦੀ ਆਤਮਾ ਕਹਿ ਰਹੀ ਸੀ ਇਹ ਮਸ਼ੀਨ ਮੇਰੀ ਹੈ ਜਾਂ ਉਸ ਫੈਕਟਰੀ ਮਾਲਕ ਦੀ?

ਇੱਕ ਪਾਸੇ ਉਹ ਬੁਰਜੂਆ ਜਮਾਤ ਹੈ, ਜਿਸ ਨੇ ਇਹ ਸਭ ਖੜ੍ਹਾ ਕੀਤਾ, ਦੂਜੇ ਪਾਸੇ ਮੈਂ ਪ੍ਰੋਲੇਤਾਰੀ, ਜਿਸ ਤੋਂ ਬਿਨਾਂ ਇਹ ਸਭ ਚੱਲ ਨਹੀਂ /ਟਿਕ ਨਹੀਂ ਸਕਦਾ। ਇਸ ਵਿਰੋਧ ਦੇ ਬਾਵਜੂਦ ਦੋਨਾਂ ਵਿਚ ਇੱਕ ਅਜੀਬ ਅਤੇ ਦਰਦ ਭਰੀ ਵਿਰੋਧੀਆਂ ਵਾਲੀ ਨੇੜਤਾ ਹੈ, ਜਿਵੇਂ ਇੱਕੋ ਮਾਂ ਦੇ ਗਰਭ ਵਿਚ ਰਹਿਣ ਵਾਲੇ ਦੋ ਵਿਰੋਧੀ ਭਾਈ ਜੋ ਇੱਕ-ਦੂਜੇ ਨੂੰ ਗਲਾਸ਼ ਕਰਨਾ ਚਾਹੁੰਦੇ ਹਨ, ਪਰ ਇੱਕੋ ਲਹੂ ਵਿਚ ਬੱਝੇ ਹੋਏ ਹਨ। ਇਹੀ ਗੱਲ ਮਾਰਕਸਵਾਦ ਦਾ ਸਭ ਤੋਂ ਭਾਵੁਕ ਰਾਜ਼ ਹੈ, ਪ੍ਰੋਲੇਤਾਰੀਏ ਅਤੇ ਬੁਰਜੂਆ ਜਮਾਤਾਂ ਇੱਕ ਦੂਜੇ ਦੇ ਜਿੰਨੇ ਨੇੜੇ ਹਨ, ਓਨੀਆਂ ਹੀ ਵਿਰੋਧੀ। ਇਹ ਵਾਕ ਇੱਕ ਸਾਦੀ ਗੱਲ ਨਹੀਂ, ਇਹ ਇੱਕ ਦਰਦ ਭਰੀ ਚੀਕ ਹੈ, ਇੱਕ ਇਨਕਲਾਬੀ ਰੋਸ ਹੈ, ਇੱਕ ਆਤਮਾ ਦੀ ਤਰਸਦੀ ਪੁਕਾਰ ਹੈ!

ਇਹਨਾਂ ਦੋਵਾਂ ਜਮਾਤਾਂ ਦੀ ਨੇੜਤਾ ਉਸ ਤਰ੍ਹਾਂ ਹੈ, ਜਿਵੇਂ ਇੱਕੋ ਛੱਤ ਹੇਠ ਰਹਿਣ ਵਾਲੀਆਂ ਦੋ ਵਿਰੋਧੀ ਆਤਮਾਵਾਂ ਜੋ ਇੱਕ ਦੂਜੇ ਤੋਂ ਬਿਨਾਂ ਰਹਿ ਨਹੀਂ ਸਕਦੀਆਂ। ਬਲਵੰਤ ਸਿੰਘ ਵਰਗੇ ਪ੍ਰੋਲੇਤਾਰੀ ਦੇ ਬਿਨਾਂ ਬੁਰਜੂਆ ਇੱਕ ਵੀ ਇੱਟ ਨਹੀਂ ਰੱਖ ਸਕਦਾ। ਉਸ ਦੀਆਂ ਫੈਕਟਰੀਆਂ, ਬੈਂਕਾਂ, ਬੰਗਲਿਆਂ ਅਤੇ ਗੱਡੀਆਂ ਦਾ ਹਰ ਇੱਕ ਟੁਕੜਾ ਬਲਵੰਤ ਸਿੰਘ ਦੇ ਖ਼ੂਨ-ਪਸੀਨੇ, ਉਸ ਦੀਆਂ ਡੁਸਕ ਦੀਆਂ ਅੱਖਾਂ ਅਤੇ ਉਸ ਦੀਆਂ ਟੁੱਟੀਆਂ ਹੋਈਆਂ ਉਮੀਦਾਂ ਨਾਲ ਬਣਿਆ ਹੈ। ਬਲਵੰਤ ਸਿੰਘ ਰਾਤ-ਦਿਨ ਮਿਹਨਤ ਕਰਦਾ ਹੈ, ਉਸ ਦੀ ਪਤਨੀ ਘਰ ਵਿਚ ਸਿਰੀਆਂ ਅੱਖਾਂ ਨਾਲ ਰੋਟੀ ਬਣਾਉਂਦੀ ਹੈ, ਉਸ ਦੀ ਧੀ ਬੀਮਾਰ ਪਈ ਹੈ ਅਤੇ ਉਸ ਦਾ ਬੇਟਾ ਗਲੀ ਵਿਚ ਭੁੱਖ ਨਾਲ ਖੇਡਦਾ ਹੈ। ਉਸੇ ਵੇਲੇ ਫੈਕਟਰੀ ਮਾਲਕ ਆਪਣੇ ਏ ਸੀ ਵਾਲੇ ਮਹਿਲ ਵਿਚ ਆਰਾਮ ਨਾਲ ਸੁੱਤਾ ਹੁੰਦਾ ਹੈ, ਆਪਣੀ ਪਤਨੀ ਨਾਲ ਹੱਸਦਾ ਹੈ ਅਤੇ ਆਪਣੇ ਬੱਚਿਆਂ ਨੂੰ ਵਿਦੇਸ਼ ਘੁਮਾਉਣ ਲਈ ਟਿਕਟਾਂ ਖਰੀਦਦਾ ਹੈ। ਇਹ ਰਿਸ਼ਤਾ ਇੱਕੋ ਆਰਥਿਕ ਢਾਂਚੇ ਵਿਚ ਬੱਝਿਆ ਹੋਇਆ ਹੈ, ਪਰ ਇਸ ਵਿਚ ਇੱਕ ਅਜੀਬ ਭਾਵੁਕ ਲਗਾਅ ਹੈ - ਜਿਵੇਂ ਮਾਂ ਅਤੇ ਬੱਚੇ ਦਾ, ਪਰ ਇਸ ਲਗਾਅ ਵਿਚ ਜ਼ਹਿਰ ਭਰਿਆ ਹੋਇਆ ਹੈ। ਇਹ ਲਗਾਅ ਨਹੀਂ, ਇੱਕ ਗਲਾਅ ਹੈ, ਜੋ ਬਲਵੰਤ ਸਿੰਘ ਦੀ ਆਤਮਾ ਨੂੰ ਰੋਜ਼ ਚੀਰਦਾ ਹੈ!

ਇਸੇ ਨੇੜਤਾ ਵਿਚ ਵਿਰੋਧ ਵੀ ਉਸੇ ਤੀਬਰ ਭਾਵੁਕ ਤਾਕਤ ਨਾਲ ਖੜ੍ਹਾ ਹੈ। ਬੁਰਜੂਆ ਆਪਣੀ ਹੋਂਦ ਲਈ ਬਲਵੰਤ (ਪ੍ਰੋਲੇਤਾਰੀਏ) ਸਿੰਘ ਨੂੰ ਲੁੱਟਦਾ ਹੈ, ਉਸ ਦੀ ਵਾਧੂ ਦੀ ਲੁੱਟ ਕਰਦਾ ਹੈ। ਬਲਵੰਤ ਸਿੰਘ ਦੀ ਇੱਕ ਘੰਟੇ ਦੀ ਮਿਹਨਤ ਤੋਂ ਬਣੀ ਚੀਜ਼ ਉਸ ਨੂੰ ਸਿਰਫ਼ ਇੱਕ ਮੁੱਠੀ ਮਿਹਨਤਾਨਾ ਦੇ ਕੇ ਬਾਕੀ ਸਭ ਹੜੱਪ ਲੈਂਦਾ ਹੈ। ਇਹ ਲੁੱਟ ਇੱਕ ਭਾਵੁਕ ਤਸੀਹਾ ਹੈ, ਜੋ ਰਾਤਾਂ ਨੂੰ ਬਲਵੰਤ ਸਿੰਘ ਨੂੰ ਰੁਲਾ ਦਿੰਦਾ ਹੈ। ਉਸ ਦੀ ਧੀ ਦੀ ਬੀਮਾਰੀ ਵਿਚ ਉਹ ਡਾਕਟਰ ਕੋਲ ਨਹੀਂ ਲੈ ਜਾ ਸਕਦਾ, ਉਸ ਦੀ ਪਤਨੀ ਰੋਜ਼ ਉਸ ਦੀ ਛਾਤੀ ਨਾਲ ਲੱਗ ਕੇ ਰੋਂਦੀ ਹੈ ਅਤੇ ਉਸ ਦਾ ਬੇਟਾ ਉਸ ਨੂੰ ਪਾਪਾ, ਭੁੱਖ ਲੱਗੀ ਹੈ, ਕਹਿ ਕੇ ਤੱਕਦਾ ਹੈ। ਉਸ ਵੇਲੇ ਬੁਰਜੂਆ ਆਪਣੀ ਲਗਜ਼ਰੀ ਗੱਡੀ ਵਿਚ ਘੁੰਮਦਾ ਹੈ, ਆਪਣੀਆਂ ਛੁੱਟੀਆਂ ਵਿਦੇਸ਼ ਮਨਾਉਂਦਾ ਹੈ ਅਤੇ ਆਪਣੇ ਬੱਚਿਆਂ ਨੂੰ ਸਭ ਤੋਂ ਮਹਿੰਗੀਆਂ ਚੀਜ਼ਾਂ ਦਿੰਦਾ ਹੈ। ਇਹ ਵਿਰੋਧ ਇੱਕ ਅੱਗ ਹੈ, ਜੋ ਬਲਵੰਤ ਸਿੰਘ ਦੇ ਸੀਨੇ ਵਿਚ ਭੜਕਦੀ ਹੈ। ਉਹ ਆਪਣੀਆਂ ਥੱਕੇ ਹੱਥਾਂ ਨਾਲ ਮਸ਼ੀਨ ਚਲਾਉਂਦਾ ਹੈ ਅਤੇ ਦਿਲ ਵਿਚ ਚੀਕਦਾ ਹੈ ਮੈਂ ਇਸ ਸਭ ਨੂੰ ਬਣਾਇਆ ਹੈ, ਫਿਰ ਵੀ ਮੈਂ ਅਤੇ ਮੇਰਾ ਪਰਿਵਾਰ ਭੁੱਖਾ ਅਤੇ ਤਸੀਹੇ ਵਿਚ ਕਿਉਂ? ਇਹ ਵਿਰੋਧ ਇੱਕ ਭਾਵੁਕ ਰੋਸ ਹੈ, ਇੱਕ ਇਨਸਾਨੀ ਚੀਕ ਹੈ, ਜੋ ਸਦੀਆਂ ਤੋਂ ਗੂੰਜ ਰਹੀ ਹੈ ਅਤੇ ਲੱਖਾਂ ਬਲਵੰਤ ਸਿੰਘਾਂ ਦੀਆਂ ਰੂਹਾਂ ਨੂੰ ਜਗਾ ਰਹੀ ਹੈ। ਇਹ ਵਿਰੋਧ ਨਾ ਤਾਂ ਛੋਟਾ ਹੈ ਤੇ ਨਾ ਹੀ ਆਰਾਮ ਨਾਲ ਖਤਮ ਹੋਣ ਵਾਲਾ। ਇਹ ਇੱਕ ਇਤਿਹਾਸਕ, ਦਿਲ-ਦਰਦ ਭਰੀ ਲੜਾਈ ਹੈ!

ਮਾਰਕਸ ਅਤੇ ਏਂਗਲਸ ਨੇ ਇਸ ਨੂੰ ਡਾਇਲੈਕਟੀਕਲ ਵਿਗਿਆਨ ਵਿਚ ਭਾਵੁਕ ਰੂਪ ਵਿਚ ਸਮਝਾਇਆ। ਇਹ ਏਕਤਾ ਇੱਕ ਗਮ ਭਰਿਆ ਰਾਜ਼ ਹੈ। ਇੱਕੋ ਢਾਂਚੇ ਵਿਚ ਰਹਿਣ ਵਾਲੀਆਂ ਇਹਨਾਂ ਜਮਾਤਾਂ ਵਿਚ ਇੱਕ-ਦੂਜੇ ਨੂੰ ਖਤਮ ਕਰਨ ਵਾਲੀ ਤਾਕਤ ਵੀ ਹੈ ਅਤੇ ਇੱਕ-ਦੂਜੇ ਤੋਂ ਬਿਨਾਂ ਰਹਿਣ ਵਾਲੀ ਅਸਮਰਥਤਾ ਵੀ। ਇਸ ਤਰ੍ਹਾਂ ਉਹ ਇੱਕ ਦੂਜੇ ਦੇ ਨੇੜੇ ਹਨ ਜਿਵੇਂ ਚੰਦ ਅਤੇ ਸੂਰਜ। ਇੱਕੋ ਆਕਾਸ਼ ਵਿਚ, ਪਰ ਇੱਕ-ਦੂਜੇ ਤੋਂ ਦੂਰ, ਇੱਕ-ਦੂਜੇ ਨੂੰ ਤਸੀਹਾ ਦਿੰਦੇ ਹੋਏ। ਇਸ ਨੇੜਤਾ ਵਿਚ ਵੀ ਉਹ ਇੱਕ ਦੂਜੇ ਨੂੰ ਭਾਵੁਕ ਚੁਣੌਤੀ ਦਿੰਦੇ ਹਨ। ਇਸ ਵਿਰੋਧ ਵਿਚੋਂ ਹੀ ਇਨਕਲਾਬ ਪੈਦਾ ਹੁੰਦਾ ਹੈ।

ਪੰਜਾਬ ਵਿਚ ਇਸ ਗੱਲ ਦਾ ਸਭ ਤੋਂ ਤਸੀਹੇ ਭਰਿਆ ਉਦਾਹਰਣ ਹੈ। ਲੁਧਿਆਣੇ, ਅੰਮ੍ਰਿਤਸਰ ਅਤੇ ਜਲੰਧਰ ਦੀਆਂ ਫੈਕਟਰੀਆਂ ਵਿਚ ਹਜ਼ਾਰਾਂ ਬਲਵੰਤ ਸਿੰਘ ਇਸ ਨੇੜਤਾ ਅਤੇ ਵਿਰੋਧ ਨੂੰ ਹਰ ਰੋਜ਼ ਆਪਣੀਆਂ ਰੂਹਾਂ ਵਿਚ ਮਹਿਸੂਸ ਕਰਦੇ ਹਨ। ਉਹਨਾਂ ਦੀਆਂ ਔਰਤਾਂ ਘਰ ਵਿਚ ਰੋਂਦੀਆਂ ਹਨ, ਬੱਚੇ ਭੁੱਖੇ ਸੌਂਦੇ ਹਨ ਅਤੇ ਉਹ ਖੁਦ ਥੱਕੇ ਹੋਏ, ਅੱਥਰੂ ਲੁਕਾਉਂਦੇ ਫਿਰਦੇ ਹਨ। ਉਸ ਵੇਲੇ ਬੁਰਜੂਆ ਆਪਣੀਆਂ ਗੱਡੀਆਂ ਵਿਚ ਘੁੰਮਦਾ ਹੈ ਅਤੇ ਆਪਣੇ ਲਾਭਾਂ ਲਈ ਸਰਕਾਰ ਨੂੰ ਖਰੀਦਦਾ ਹੈ। ਇਹ ਦ੍ਰਿਸ਼ ਇੱਕ ਭਾਵੁਕ ਤਸਵੀਰ ਹੈ। ਇੱਕ ਪਾਸੇ ਅਮੀਰੀ ਦਾ ਝਲਕਾ, ਦੂਜੇ ਪਾਸੇ ਗਰੀਬੀ ਦਾ ਸਾਗਰ ਅਤੇ ਰੋਣ ਵਾਲੀਆਂ ਰੂਹਾਂ ਦੀ ਬੰਦਰਗਾਹ।

ਇਸ ਲਈ ਅੱਜ ਵੀ ਇਹ ਗੱਲ ਸਾਨੂੰ ਸਿੱਲ੍ਹੀਆਂ ਅੱਖਾਂ ਨਾਲ ਯਾਦ ਰੱਖਣੀ ਚਾਹੀਦੀ ਹੈ ਕੀ, ਪ੍ਰੋਲੇਤਾਰੀਏ ਅਤੇ ਬੁਰਜੂਆ ਇੱਕ ਦੂਜੇ ਤੋਂ ਵੱਖ ਨਹੀਂ ਹੋ ਸਕਦੇ, ਪਰ ਉਹਨਾਂ ਵਿਚ ਵਿਰੋਧ ਵੀ ਅਟੱਲ ਅਤੇ ਭਾਵੁਕ ਹੈ। ਇਸ ਵਿਰੋਧ ਨੂੰ ਸਮਝ ਕੇ ਹੀ ਅਸੀਂ ਇੱਕ ਨਵੀਂ ਦੁਨੀਆ ਬਣਾ ਸਕਦੇ ਹਾਂ, ਇੱਕ ਸਮਾਜਵਾਦੀ ਦੁਨੀਆ ਜਿੱਥੇ ਨਾ ਲੁੱਟ ਹੋਵੇ, ਨਾ ਭੁੱਖ ਹੋਵੇ, ਨਾ ਗਮ ਵਾਲੀਆਂ ਅੱਖਾਂ ਹੋਣ ਅਤੇ ਨਾ ਹੀ ਤਸੀਹਾ। ਬਲਵੰਤ ਸਿੰਘ ਵਰਗੇ ਹਰ ਮਜ਼ਦੂਰ ਲਈ ਇਹ ਇੱਕ ਭਾਵੁਕ ਸੰਦੇਸ਼ ਹੈ, ਤੂੰ, ਕੱਲਾ ਨਹੀਂ ਹੈਂ, ਤੇਰੀ ਮਿਹਨਤ ਇੱਕ ਤਾਕਤ ਹੈ। ਇਸ ਤਾਕਤ ਨੂੰ ਵਰਤ ਕੇ ਤੂੰ ਆਪਣੀਆਂ ਜ਼ੰਜੀਰਾਂ ਤੋੜ ਸਕਦਾ ਹੈਂ, ਆਪਣੀਆਂ ਰੋਂਦੀਆਂ ਅੱਖਾਂ ਨੂੰ ਹੱਸਦੀਆਂ ਬਣਾ ਸਕਦਾ ਹੈਂ। ਇਹ ਵਾਕ ਇੱਕ ਰੋਸ ਨਹੀਂ, ਇੱਕ ਭਾਵੁਕ ਉਮੀਦ ਹੈ। ਇੱਕ ਇਨਕਲਾਬੀ ਉਮੀਦ, ਜੋ ਹਰ ਥੱਕੀ, ਰੋਂਦੀ ਆਤਮਾ ਵਿਚ ਬਲ ਭਰਦੀ ਹੈ।

ਇਸ ਤਰ੍ਹਾਂ ਇਹ ਦੋ ਜਮਾਤਾਂ ਇੱਕ-ਦੂਜੇ ਦੇ ਨੇੜੇ ਵੀ ਹਨ ਅਤੇ ਵਿਰੋਧੀ ਵੀ। ਇਸ ਨੇੜਤਾ ਵਿਚ ਵੀ ਇੱਕ ਵਿਸਫੋਟ ਹੈ ਅਤੇ ਇਸ ਵਿਸਫੋਟ ਵਿਚੋਂ ਹੀ ਭਾਵੁਕ ਰੋਸ਼ਨੀ ਆਵੇਗੀ। ਇਹ ਰੋਸ਼ਨੀ ਹੀ ਉਸ ਬਲਵੰਤ ਸਿੰਘ ਲਈ ਹੈ, ਜੋ ਰਾਤ-ਦਿਨ ਮਿਹਨਤ ਕਰਦਾ ਹੈ ਅਤੇ ਉਸ ਲਈ ਵੀ ਜੋ ਇਸ ਮਿਹਨਤ ਤੋਂ ਲਾਭ ਲੈਂਦਾ ਹੈ। ਇਹ ਰੋਸ਼ਨੀ ਇੱਕ ਭਾਵੁਕ ਇਨਕਲਾਬ ਹੈ, ਇੱਕ ਅਜਿਹਾ ਇਨਕਲਾਬ, ਜੋ ਇਨਸਾਨੀਅਤ ਨੂੰ ਗਮ ਤੋਂ ਆਜ਼ਾਦ ਕਰੇਗਾ ਅਤੇ ਹੱਸਦੀਆਂ ਅੱਖਾਂ ਵਾਲੀ ਦੁਨੀਆ ਬਣਾਏਗਾ। ਇਸ ਇਨਕਲਾਬ ਲਈ ਤਿਆਰ ਰਹੋ, ਮਜ਼ਦੂਰੋ! ਤੁਹਾਡੀ ਏਕਤਾ ਹੀ ਤੁਹਾਡੀ ਭਾਵੁਕ ਤਾਕਤ ਹੈ। ਤੁਹਾਡੀਆਂ ਰੋਂਦੀਆਂ ਅੱਖਾਂ ਹੀ ਇਨਕਲਾਬ ਲਿਆਉਣ ਵਾਲੀਆਂ ਹਨ!

**# ਸੰਪਰਕ : 98769-57180**

# ਮਜ਼ਦੂਰ ਵਰਗ ਨੂੰ ਚੁੱਪ ਨਹੀਂ ਕਰਾਇਆ ਜਾ ਸਕਦਾ : ਅਮਰਜੀਤ ਕੌਰ

**ਏਆਈਟੀਯੂਸੀ ਵੱਲੋਂ ਯੋਗੀ ਅਦਿੱਤਿਆ ਨਾਥ ਨੂੰ ਚੇਤਾਵਨੀ**

**ਲੁਧਿਆਣਾ (ਐੱਮ ਐੱਸ ਭਾਟੀਆ)**

ਏਟਕ ਦੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਅਦਿੱਤਿਆ ਨਾਥ ਵੱਲੋਂ 22 ਅਪ੍ਰੈਲ ਨੂੰ ਲਖਨਊ ਵਿੱਚ ਇਕ ਉੱਚ-ਪੱਧਰੀ ਮੀਟਿੰਗ ਦੌਰਾਨ ਦਿੱਤੇ ਗਏ ਬਹੁਤ ਹੀ ਚਿੰਤਾਜਨਕ ਤੇ ਮਜ਼ਦੂਰ ਵਿਰੋਧੀ ਬਿਆਨ ਦੀ ਤਿੱਖੀ ਨਿੰਦਾ ਕੀਤੀ ਹੈ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ 1 ਮਈ, ਮਜ਼ਦੂਰ ਦਿਵਸ ਤੋਂ ਪਹਿਲਾਂ ਮਜ਼ਦੂਰਾਂ ਵਿੱਚ ਬੇਚੈਨੀ ਦੀ ਸੰਭਾਵਨਾ ਹੈ ਅਤੇ ਅਜਿਹੇ 'ਦੁਰਭਾਵਨਾਪੂਰਨ' ਯਤਨਾਂ ਨੂੰ ਨਾਕਾਮ ਕੀਤਾ ਜਾਵੇਗਾ।ਕਾਮਰੇਡ ਅਮਰਜੀਤ ਕੌਰ ਨੇ ਕਿਹਾ ਕਿ ਇਹ ਬਹੁਤ ਹੀ ਚਿੰਤਾਜਨਕ ਗੱਲ ਹੈ ਕਿ ਇੱਕ ਮੁੱਖ ਮੰਤਰੀ, ਜਿਸ ਨੇ ਭਾਰਤ ਦੇ ਸੰਵਿਧਾਨ ਦੀ ਰੱਖਿਆ ਕਰਨ ਦੀ ਸਹੁੰ ਚੁੱਕੀ ਹੈ, ਇਸ ਤਰ੍ਹਾਂ ਦੀਆਂ ਟਿੱਪਣੀਆਂ ਕਰੇ ਜੋ ਮਜ਼ਦੂਰ ਵਰਗ ਦੇ ਜਮਹੂਰੀ ਪ੍ਰਗਟਾਵੇ ਨੂੰ ਅਪਰਾਧ ਬਣਾਉਂਦੀਆਂ ਹਨ।ਮਈ ਦਿਵਸ 'ਤੇ ਮਜ਼ਦੂਰਾਂ ਦੇ ਇਕੱਠ ਨੂੰ ਦੁਰਭਾਵਨਾਪੂਰਨ ਕਹਿਣਾ ਨਾ ਸਿਰਫ਼ ਰਾਜਨੀਤਕ ਤੌਰ 'ਤੇ ਅਸਵੀਕਾਰਯੋਗ ਹੈ, ਸਗੋਂ ਸੰਵਿਧਾਨਕ ਤੌਰ 'ਤੇ ਵੀ ਗਲਤ ਹੈ।ਇਹ ਦਮਨਕਾਰੀ ਸ਼ਾਸਨ ਦਾ ਖੁੱਲ੍ਹਾ ਸੰਕੇਤ ਹੈ।ਏਟਕ ਇਸ ਬਿਆਨ ਨੂੰ ਮਜ਼ਦੂਰ ਵਰਗ ਲਈ ਸਿੱਧੀ ਧਮਕੀ ਮੰਨਦੀ ਹੈ।ਮਈ ਦਿਵਸ, ਜੋ ਮਜ਼ਦੂਰ ਇਕਜੁੱਟਤਾ ਦਾ ਇਤਿਹਾਸਕ ਦਿਨ ਹੈ, 'ਤੇ ਮਜ਼ਦੂਰਾਂ ਦੇ ਜਾਇਜ਼ ਸੰਘਰਸ਼ਾਂ ਤੇ ਪ੍ਰਗਟਾਵਿਆਂ ਨੂੰ ਦੁਰਭਾਵਨਾਪੂਰਨ ਕਹਿਣਾ ਭਾਰਤ ਦੇ ਮਿਹਨਤੀ ਲੋਕਾਂ ਦੀ ਬੇਇਜ਼ਤੀ ਹੈ।ਇਹ ਉਹ ਲੋਕ ਹਨ, ਜੋ ਦੇਸ਼ ਦੀ ਆਰਥਿਕ ਤਰੱਕੀ ਨੂੰ ਸੰਭਾਲਦੇ ਹਨ ਤੇ ਸਾਡੇ ਲੋਕਤੰਤਰ ਦੀ ਰੀੜ੍ਹ ਦੀ ਹੱਡੀ ਹਨ।ਉਨ੍ਹਾਂ ਨੂੰ ਸ਼ੱਕ ਨਾਲ ਦੇਖਣਾ ਜਾਂ ਉਨ੍ਹਾਂ ਨੂੰ ਡਰਾਉਣ ਦੀ ਕੋਸ਼ਿਸ਼ ਕਰਨਾ ਭਾਰਤੀ ਗਣਰਾਜ ਦੀ ਬੇਇਜ਼ਤੀ ਹੈ।ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਤੇ ਹੈਰਾਨੀਜਨਕ ਹੈ ਕਿ ਅਜਿਹੇ ਸਮੇਂ 'ਚ, ਜਦੋਂ ਕਈ ਰਾਜਾਂ ਦੇ ਵੱਖ-ਵੱਖ ਉਦਯੋਗਿਕ ਇਕਾਈਆਂ ਵਿੱਚ ਹਜ਼ਾਰਾਂ ਠੇਕੇ 'ਤੇ ਕੰਮ ਕਰਦੇ ਮਜ਼ਦੂਰ ਪਿਛਲੇ ਇੱਕ ਮਹੀਨੇ ਤੋਂ ਆਪਣੇ ਜਾਇਜ਼ ਮੰਗਾਂ 'ਘੱਟੋ-ਘੱਟ ਮਜ਼ਦੂਰੀ, ਨੌਕਰੀ ਦੀ ਸੁਰੱਖਿਆ ਤੇ ਮਨੁੱਖੀ ਕੰਮਕਾਜ ਦੀਆਂ ਹਾਲਤਾਂ' ਲਈ ਸਵੈ-ਸਫੂਰਤੀ ਨਾਲ ਸੰਘਰਸ਼ ਕਰ ਰਹੇ ਹਨ, ਰਾਜ ਮਜ਼ਦੂਰਾਂ ਨਾਲ ਗੱਲਬਾਤ ਕਰਨ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਡਰਾਉਣ ਤੇ ਦਬਾਉਣ ਦਾ ਰਸਤਾ ਚੁਣ ਰਿਹਾ ਹੈ।ਇੱਜ਼ਤ ਤੇ ਅਧਿਕਾਰਾਂ ਲਈ ਲੜਾਈ ਦਾ ਸਾਹਮਣਾ ਤਾਨਾਸ਼ਾਹੀ ਹੰਕਾਰ ਨਾਲ ਕੀਤਾ ਜਾ ਰਿਹਾ ਹੈ, ਜੋ ਸ਼ਰਮਨਾਕ ਹੈ।ਉਨ੍ਹਾਂ ਕਿਹਾ ਕਿ ਮਈ ਦਿਵਸ ਮਜ਼ਦੂਰ ਵਰਗ ਦੇ ਜਮਹੂਰੀ ਅਧਿਕਾਰਾਂ ਦੇ ਪ੍ਰਗਟਾਵੇ ਦਾ ਪ੍ਰਤੀਕ ਹੈ। ਮਜ਼ਦੂਰਾਂ ਦੇ ਇਕੱਠ ਨੂੰ ਰੋਕਣ, ਅਪਰਾਧ ਘੋਸ਼ਿਤ ਕਰਨ ਜਾਂ ਦਬਾਉਣ ਦੀ ਕੋਈ ਵੀ ਕੋਸ਼ਿਸ਼ ਸੰਵਿਧਾਨ ਵੱਲੋਂ ਦਿੱਤੇ ਗਏ ਮੂਲ ਅਧਿਕਾਰਾਂ, ਜਿਵੇਂ ਸੰਗਠਨ ਬਣਾਉਣ ਦਾ ਅਧਿਕਾਰ, ਸ਼ਾਂਤੀਪੂਰਨ ਇਕੱਠ ਤੇ ਪ੍ਰਗਟਾਵੇ ਦੀ ਆਜ਼ਾਦੀ ਦਾ ਖੁੱਲ੍ਹਾ ਉਲੰਘਣ ਹੈ।ਏਟਕ ਉੱਤਰ ਪ੍ਰਦੇਸ਼ ਸਰਕਾਰ ਨੂੰ ਚੇਤਾਵਨੀ ਦਿੰਦੀ ਹੈ ਕਿ ਉਹ ਮਜ਼ਦੂਰਾਂ ਤੇ ਟ੍ਰੇਡ ਯੂਨੀਅਨਾਂ ਵਿਰੁੱਧ ਜਬਰ ਜਾਂ ਤਾਕਤ ਦੇ ਇਸਤੇਮਾਲ ਤੋਂ ਬਚੇ।ਅਜਿਹੀ ਫਾਸ਼ੀਵਾਦੀ ਭਾਸ਼ਾ ਤੇ ਕਾਰਵਾਈ ਦੇਸ਼ ਭਰ ਦੇ ਮਜ਼ਦੂਰ ਵਰਗ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰੇਗੀ।ਏਟਕ ਸਾਰੀਆਂ ਲੋਕਤਾਂਤਰਿਕ ਤਾਕਤਾਂ, ਟ੍ਰੇਡ ਯੂਨੀਅਨਾਂ ਤੇ ਮਿਹਨਤੀ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਉਹ ਇਕੱਠੇ ਹੋ ਕੇ ਮਜ਼ਦੂਰ ਸੰਘਰਸ਼ਾਂ ਨੂੰ ਅਪਰਾਧ ਬਣਾਉਣ ਦੀ ਇਸ ਵਧ ਰਹੇ ਰੁਝਾਨ ਦਾ ਵਿਰੋਧ ਕਰਨ।ਮਜ਼ਦੂਰ ਵਰਗ ਨੂੰ ਕਦੇ ਵੀ ਚੁੱਪ ਨਹੀਂ ਕਰਾਇਆ ਜਾ ਸਕਦਾ।

## ਹਰਦਿਆਲ ਕੰਬੋਜ ਨੇ ਵੇਣੂ ਗੋਪਾਲ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਸੀਨੀਅਰ ਆਗੂ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਚੰਡੀਗੜ੍ਹ ਵਿਖੇ ਏ ਆਈ ਸੀ ਸੀ ਦੇ ਜਨਰਲ ਸਕੱਤਰ ਤੇ ਸੰਸਦ ਮੈਂਬਰ ਸ੍ਰੀ ਕੇ. ਸੀ. ਵੇਣੂਗੋਪਾਲ ਨਾਲ ਮੁਲਾਕਾਤ ਕਰਕੇ ਪੰਜਾਬ ਦੀ ਮੌਜੂਦਾ ਰਾਜਨੀਤਕ ਸਥਿਤੀ ਉੱਤੇ ਵਿਸਥਾਰ ਨਾਲ ਚਰਚਾ ਕੀਤੀ।ਮੀਟਿੰਗ ਵਿੱਚ ਆਉਣ ਵਾਲੇ ਸਮੇਂ ਲਈ ਰਣਨੀਤੀਆਂ 'ਤੇ ਵੀ ਗੱਲਬਾਤ ਕੀਤੀ।ਕੰਬੋਜ ਨੇ ਕਿਹਾ ਕਿ ਕਾਂਗਰਸ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪੂਰੀ ਤਿਆਰੀ ਕੀਤੀ ਜਾ ਰਹੀ ਹੈ, ਜਿਸ ਦੇ ਮੱਦੇਨਜ਼ਰ ਪੰਜਾਬ ਦੇ ਲੋਕਾਂ ਨੂੰ ਕਾਂਗਰਸ ਨਾਲ ਲਾਮਬੰਦ ਕਰਨ ਲਈ ਜਲਦ ਹੀ ਪੰਜਾਬ ਪੱਧਰ 'ਤੇ ਇਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਮੁੱਖ ਮਕਸਦ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ, ਪੰਜਾਬ ਦੇ ਹੱਕਾਂ ਦੀ ਰੱਖਿਆ ਕਰਨੀ ਤੇ ਵਿਕਾਸ ਦੇ ਨਵੇਂ ਮਾਪਦੰਡ ਸਥਾਪਤ ਕਰਨਾ ਹੈ।

## ਐੱਮ ਡੀ ਪਬਲਿਕ ਹਾਈ ਸਕੂਲ 'ਚ ਗ੍ਰਾਮ ਪੰਚਾਇਤ ਰਾਜ ਦਿਵਸ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਐੱਮ ਡੀ ਪਬਲਿਕ ਸਕੂਲ ਸਕੂਲ ਵਿੱਚ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਨਾਟਕ ਪੇਸ਼ ਕੀਤਾ ਗਿਆ।ਨਾਟਕ ਰਾਹੀਂ ਵਿਦਿਆਰਥੀਆਂ ਨੇ ਪਿੰਡ ਦੀ ਪੰਚਾਇਤ ਪ੍ਰਣਾਲੀ ਬਾਰੇ ਜਾਗਰੂਕਤਾ ਫੈਲਾਈ।ਸਰਪੰਚ ਤੇ ਪੰਜ ਪੰਚਾਂ ਦੀ ਭੂਮਿਕਾ ਤੇ ਜ਼ਿੰਮੇਵਾਰੀਆਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਦਰਸਾਇਆ ਗਿਆ। ਵਿਦਿਆਰਥੀਆਂ ਨੇ ਦਿਖਾਇਆ ਕਿ ਕਿਵੇਂ ਪੰਚਾਇਤ ਪਿੰਡ ਦੇ ਵਿਕਾਸ, ਨਿਆਂ ਤੇ ਸਫ਼ਾਈ ਵਰਗੇ ਮਹੱਤਵਪੂਰਨ ਕੰਮਾਂ ਨੂੰ ਸੰਭਾਲਦੀ ਹੈ।

# ਸੀਵਰੇਜ ਸਮੱਸਿਆ ਤੋਂ ਭੜਕੇ ਲੋਕਾਂ ਵੱਲੋਂ ਸਰਕਾਰ ਖ਼ਿਲਾਫ਼ ਪ੍ਰਦਰਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**

ਬਾਗਵਾਲੀ ਗਲੀ ਵਿੱਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਸੀਵਰੇਜ ਦੀ ਸਮੱਸਿਆ ਤੋਂ ਭੜਕੇ ਲੋਕਾਂ ਨੇ ਸ਼ੁੱਕਰਵਾਰ ਨੂੰ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਦੀ ਅਗਵਾਈ ਹੇਠ ਗਲੀ ਵਿੱਚ ਰੋਸ ਪ੍ਰਦਰਸ਼ਨ ਕੀਤਾ।ਇਸ ਦੌਰਾਨ ਮੁਹੱਲਾ ਵਾਸੀਆਂ ਨੇ 'ਆਪ' ਸਰਕਾਰ ਤੇ 'ਆਪ' ਆਗੂਆਂ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਆਪਣੀ ਭੜਾਸ ਕੱਢੀ।

ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਤੇ ਹੋਰ ਮੁਹੱਲਾ ਵਾਸੀਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਲੋਕ ਲੰਬੇ ਸਮੇਂ ਤੋਂ ਇਸ ਸਮੱਸਿਆ ਨਾਲ ਜੂਝ ਰਹੇ ਹਨ।ਪ੍ਰਸ਼ਾਸਨ ਵੱਲੋਂ ਹਰ ਵਾਰ ਆਰਜ਼ੀ ਤੌਰ 'ਤੇ ਮਸ਼ੀਨਾਂ ਲਗਵਾ ਕੇ ਪਾਣੀ ਕਢਵਾ ਦਿੱਤਾ ਜਾਂਦਾ ਹੈ, ਪਰ ਇਸ ਸਮੱਸਿਆ ਦਾ ਸਥਾਈ ਹੱਲ ਅੱਜ ਤੱਕ ਨਹੀਂ ਹੋ ਸਕਿਆ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਅੱਜ ਸ਼ਾਮ ਤੱਕ ਸਮੱਸਿਆ ਦਾ ਹੱਲ ਨਾ ਹੋਇਆ ਤੇ ਗਲੀ ਵਿੱਚੋਂ ਸਾਰਾ ਪਾਣੀ ਨਾ ਨਿਕਲਿਆ ਤਾਂ ਉਹ ਸ਼ਨੀਵਾਰ ਨੂੰ ਓਵਰਬ੍ਰਿਜ 'ਤੇ ਜਾਮ ਲਗਾਉਣਗੇ ਤੇ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕਰਨਗੇ।ਗੋਰਾ ਪਠੇਲਾ ਨੇ ਕਿਹਾ ਕਿ ਇਹ ਸਮੱਸਿਆ ਅੱਜ ਦੀ ਨਹੀਂ ਸਗੋਂ ਸਾਲਾਂ ਤੋਂ ਚੱਲੀ ਆ ਰਹੀ ਹੈ।ਹਰ ਦੂਜੇ-ਤੀਜੇ ਦਿਨ ਬਾਗਵਾਲੀ ਗਲੀ ਜਾਂ ਇਸ ਦੇ ਆਸ-ਪਾਸ ਦੀਆਂ ਗਲੀਆਂ ਵਿੱਚ ਸੀਵਰੇਜ ਦਾ ਪਾਣੀ ਭਰ ਜਾਂਦਾ ਹੈ।ਜਿੰਨਾ ਚਿਰ ਇਸ ਦਾ ਕੋਈ ਪੱਕਾ ਹੱਲ ਨਹੀਂ ਲੱਭਿਆ ਜਾਂਦਾ, ਇਹ ਸਮੱਸਿਆ ਖ਼ਤਮ ਨਹੀਂ ਹੋ ਸਕਦੀ।ਬਾਗਵਾਲੀ ਗਲੀ ਵਿੱਚ ਸਥਿਤ ਸ੍ਰੀ ਬਾਲਾ ਜੀ ਮੰਦਰ ਦੇ ਪੁਜਾਰੀ ਪੰਡਤ ਗੁਲਸ਼ਨ ਸ਼ਰਮਾ ਨੇ ਕਿਹਾ ਕਿ ਗਲੀ ਵਿੱਚ ਮੰਦਰ ਹੋਣ ਕਾਰਨ ਅਕਸਰ ਸ਼ਰਧਾਲੂਆਂ ਦਾ ਆਉਣਾ-ਜਾਣਾ ਲੱਗਿਆ ਰਹਿੰਦਾ ਹੈ, ਪਰ ਸੀਵਰੇਜ ਦਾ ਗੰਦਾ ਪਾਣੀ ਭਰਿਆ ਰਹਿਣ ਕਾਰਨ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਵੀ ਠੇਸ ਪਹੁੰਚਦੀ ਹੈ।ਗਲੀ ਨਿਵਾਸੀ ਸੰਜੀਵ ਕੁਮਾਰ ਚਲਾਨਾ ਨੇ ਦੱਸਿਆ ਕਿ 25 ਅਪ੍ਰੈਲ (ਸ਼ਨੀਵਾਰ) ਨੂੰ ਉਨ੍ਹਾਂ ਦੇ ਸਪੁੱਤਰ ਆਕਾਸ਼ ਕੁਮਾਰ ਚਲਾਨਾ ਦਾ ਵਿਆਹ ਹੈ ਤੇ ਅੱਜ ਮਹਿਲਾ ਸੰਗੀਤ ਸੀ।ਸੀਵਰੇਜ ਦੇ ਗੰਦੇ ਪਾਣੀ ਕਾਰਨ ਵਿਆਹ ਦੀਆਂ ਤਿਆਰੀਆਂ ਪ੍ਰਭਾਵਿਤ ਹੋਈਆਂ ਹਨ।ਇਸ ਮੌਕੇ ਭਾਜਪਾ ਆਗੂ ਨੀਟਾ ਤੰਵਰ, ਅਮਿਤ ਦਾਬੜਾ ਮੀਤੂ, ਤਰਸੇਮ ਲਾਲ, ਪੱਪੂ ਗਰਗ, ਦੀਪਕ, ਬੱਤਰਾ ਕਰਿਆਨਾ ਵਾਲਾ, ਰਾਕੇਸ਼ ਕੁਮਾਰ, ਇੰਦੋ ਕੁਮਾਰ, ਪੱਪੂ ਗੇਰਾ, ਮੋਹਿਤ ਵਾਟਸ, ਸ਼ਿਵ ਗਾਂਧੀ, ਦੀਪੂ ਭਾਟੀਆ ਆਦਿ ਨੇ ਵੀ ਪ੍ਰਸ਼ਾਸਨ ਤੋਂ ਇਸ ਸਮੱਸਿਆ ਦੇ ਸਥਾਈ ਹੱਲ ਦੀ ਮੰਗ ਕੀਤੀ ਹੈ।

## ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ, ਦੋ ਜ਼ਖ਼ਮੀ



**ਧੂਰੀ (ਮਨੋਹਰ ਸਿੰਘ ਸੱਗੂ)**-ਲੰਘੀ ਦੇਰ ਰਾਤ ਸ਼ਹਿਰੋਂ ਬਾਹਰ ਧੂਰੀ-ਸੰਗਰੂਰ ਸੜਕ 'ਤੇ ਵਾਪਰੇ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ, ਜਦੋਂ ਕਿ ਉਸ ਦੇ ਦੋ ਸਾਥੀ ਫੱਟੜ ਹੋ ਗਏ।ਹਾਦਸੇ ਸੰਬੰਧੀ ਮਿਲੀ ਜਾਣਕਾਰੀ ਅਨੁਸਾਰ ਵੀਰਵਾਰ ਦੀ ਦੇਰ ਰਾਤ ਵਜੇ ਦਿਹਾੜੀ ਦੱਪਾ ਕਰਕੇ ਧੂਰੀ ਤੋਂ ਪਿੰਡ ਲੱਡਾ ਨੂੰ ਜਾ ਰਹੇ ਮੋਟਰਸਾਈਕਲ ਸਵਾਰ ਸ਼ਹਿਰੋਂ ਬਾਹਰ ਸ਼ਵੈਨ ਵਰਡ ਹੋਟਲ ਨੇੜੇ ਅੱਗਿਓਂ ਆ ਰਹੇ ਅਗਿਆਤ ਵਾਹਨ ਦੀ ਫੇਟ ਦਾ ਸ਼ਿਕਾਰ ਹੋ ਗਏ।ਹਾਦਸੇ ਦੌਰਾਨ ਮੋਟਰਸਾਈਕਲ ਸਵਾਰਾਂ 'ਚੋਂ ਇੱਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਉਸ ਦੇ ਨਾਲ ਸਵਾਰ ਦੋ ਨੌਜਵਾਨ ਫੱਟੜ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਧੂਰੀ ਲਿਆਂਦਾ ਗਿਆ, ਜਿੱਥੇ ਫੱਟੜਾਂ 'ਚੋਂ ਇੱਕ ਨੌਜਵਾਨ ਨੂੰ ਮੁੱਢਲੀ ਡਾਕਟਰੀ ਸਹਾਇਤਾ ਦੇਣ ਉਪਰੰਤ ਪਟਿਆਲਾ ਲਈ ਰੈਫ਼ਰ ਕਰ ਦਿੱਤਾ ਗਿਆ, ਜਦੋਂ ਕਿ ਦੂਜੇ ਫੱਟੜ ਨੂੰ ਮੁਢਲੇ ਇਲਾਜ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ।ਮ੍ਰਿਤਕ ਸ਼ਿੰਦਾ ਸਿੰਘ (32) ਪੁੱਤਰ ਜੀਤ ਸਿੰਘ ਪਿੰਡ ਲੱਡਾ ਦਾ ਰਹਿਣ ਵਾਲਾ ਸੀ ਤੇ ਉਹ ਆਪਣੇ ਪਿੱਛੇ ਪਤਨੀ, ਦੋ ਲੜਕੀਆਂ ਤੇ ਇੱਕ ਲੜਕਾ ਛੱਡ ਗਿਆ।

## ਕੁੰਢਾ ਸਿੰਘ ਬਾਜੇ ਕੇ ਨਮਿੱਤ ਪਾਠ ਦਾ ਭੋਗ ਭਲਕੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਸਬਾ ਮਹਿਲ ਕਲਾਂ ਦੇ ਸਫ਼ਲ ਕਿਸਾਨ ਕੁੰਢਾ ਸਿੰਘ ਭੱਠਲ ਸਪੁੱਤਰ ਸਵ: ਗੁਰਦਿਆਲ ਸਿੰਘ ਬਾਜੇ ਕੇ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਵੱਖ ਵੱਖ ਆਗੂਆਂ ਸਰਪੰਚ ਕਿਰਨਾਂ ਰਾਣੀ ਬਾਂਸਲ, ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਰਾਗੀ ਭਾਈ ਜਗਸੀਰ ਸਿੰਘ, ਭਾਈ ਲਾਲੋ ਮੰਚ ਦੇ ਹਰਜੀਤ ਸਿੰਘ ਖਿਆਲੀ, ਭਾਕਿਯੂ ਕਾਦੀਆਂ ਦੇ ਆਗੂ ਮਲਕੀਤ ਸਿੰਘ ਮੀਤਾ, ਮਾ: ਰਵਿੰਦਰ ਰਵੀ, ਹਰਵਿੰਦਰ ਸ਼ਰਮਾ, ਕੈਮਿਸਟ ਐਸੋਸੀਏਸ਼ਨ ਦੇ ਡਾ: ਲਾਜਪਤ ਰਾਏ ਬਾਂਸਲ, ਗੁਰਪ੍ਰੀਤ ਸਿੰਘ ਅਣਖੀ, ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਦੇ ਮਾ: ਜਗਰਾਜ ਸਿੰਘ ਭੱਠਲ, ਪ੍ਰੈੱਸ ਕਲੱਬ ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਬਲਵਿੰਦਰ ਸਿੰਘ ਵਜੀਦਕੇ ਤੋਂ ਇਲਾਵਾ ਸਮੂਹ ਨਗਰ ਪੰਚਾਇਤਾਂ, ਯੂਥ ਕਲੱਬਾਂ, ਕਿਸਾਨ ਜਥੇਬੰਦੀਆਂ ਨੇ ਪੀੜਤ ਬਾਜੇ ਕੇ ਪਰਿਵਾਰ ਦੁੱਖ ਸਾਂਝਾ ਕੀਤਾ ਹੈ।ਸ: ਕੁੰਢਾ ਸਿੰਘ ਬਾਜੇ ਕੇ ਨਮਿੱਤ ਪਾਠ ਦਾ ਭੋਗ, ਅੰਤਿਮ ਅਰਦਾਸ 26 ਅਪ੍ਰੈਲ ਐਤਵਾਰ ਨੂੰ 1 ਵਜੇ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀ ਮਹਿਲ ਕਲਾਂ (ਬਰਨਾਲਾ) ਵਿਖੇ ਹੋਵੇਗੀ।

## ਕਾਤਰਾਂ

### ਛੁੱਟੀ ਕੱਟਣ ਆਏ ਫੌਜੀ ਦੀ ਸੜਕ ਹਾਦਸੇ 'ਚ ਮੌਤ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਨੇੜਲੇ ਪਿੰਡ ਬਟੂਹਾ ਦੇ ਛੁੱਟੀ ਕੱਟਣ ਆਏ ਫੌਜੀ ਦੀ ਸੜਕ ਹਾਦਸੇ 'ਚ ਮੌਤ ਹੋ ਗਈ।ਹਾਦਸੇ ਦਾ ਸ਼ਿਕਾਰ ਹੋਏ ਮ੍ਰਿਤਕ ਫੌਜੀ ਲਾਂਸ ਨਾਇਕ ਰਾਜਿੰਦਰ ਸਿੰਘ (33) ਪੁੱਤਰ ਦਰਸ਼ਨ ਸਿੰਘ ਦੇ ਨਜ਼ਦੀਕੀ ਦੋਸਤ ਫੌਜੀ ਪਰਮਜੀਤ ਸਿੰਘ, ਵਾਸੀ ਭੋਜੋਵਾਲੀ ਨੇ ਦੱਸਿਆ ਕਿ ਫੌਜੀ ਰਾਜਿੰਦਰ ਸਿੰਘ ਨੇ ਛੁੱਟੀ ਕੱਟ ਕੇ 19 ਅਪ੍ਰੈਲ ਨੂੰ ਵਾਪਸ ਨਿਆਰੀ (ਜੰਮੂ ਕਸ਼ਮੀਰ) ਵਿਖੇ ਆਪਣੀ ਡਿਊਟੀ 'ਤੇ ਜਾਣਾ ਸੀ, ਪਰ 18 ਅਪ੍ਰੈਲ ਨੂੰ ਧੂਰੀ ਰੇਲਵੇ ਸਟੇਸ਼ਨ ਤੋਂ ਗੱਡੀ ਫੜਨ ਲਈ ਪਿੰਡ ਬਟੂਹਾ ਤੋਂ ਆਪਣੇ ਮੋਟਰਸਾਈਕਲ 'ਤੇ ਜਾਂਦੇ ਸਮੇਂ ਰਸਤੇ 'ਚ ਪਿੰਡ ਕਾਂਝਲਾ ਨੇੜੇ ਅੱਗਿਓਂ ਆ ਰਹੇ ਮੋਟਰਸਾਈਕਲ ਨਾਲ ਟਕਰਾਅ ਜਾਣ ਕਾਰਨ ਗੰਭੀਰ ਫੱਟੜ ਹੋ ਗਿਆ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਸੰਗਰੂਰ ਭੇਜਿਆ ਗਿਆ, ਜਿੱਥੋਂ ਡਾਕਟਰਾਂ ਨੇ ਉਸ ਨੂੰ ਮੁੱਢਲੀ ਸਹਾਇਤਾ ਦੇਣ ਉਪਰੰਤ ਰੈਫਰ ਕਰ ਦਿੱਤਾ ਤੇ ਕਮਾਂਡ ਹਸਪਤਾਲ ਚੰਡੀ ਮੰਦਿਰ (ਪੰਚਕੂਲਾ) ਵਿਖੇ 20 ਅਪ੍ਰੈਲ ਨੂੰ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।
ਫੋਟੋ ਕੈਪਸ਼ਨ ਧੂਰੀ - ਮ੍ਰਿਤਕ ਫੌਜੀ ਦੀ ਫਾਈਲ ਫੋਟੋ

### 104 ਗ੍ਰਾਮ ਹੈਰੋਇਨ ਸਮੇਤ ਨਾਮੀ ਤਸਕਰ ਗ੍ਰਿਫ਼ਤਾਰ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜ਼ਿਲ੍ਹਾ ਫਰੀਦਕੋਟ ਵਿੱਚ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਸ ਨੇ ਇੱਕ ਵੱਡੀ ਕਾਰਵਾਈ ਕਰਦਿਆਂ 104 ਗ੍ਰਾਮ ਹੈਰੋਇਨ ਸਮੇਤ ਇੱਕ ਤਸਕਰ ਨੂੰ ਕਾਬੂ ਕੀਤਾ ਹੈ।ਕਾਬੂ ਕੀਤੇ ਗਏ ਮੁਲਜ਼ਮ ਦੀ ਪਛਾਣ ਗਗਨਦੀਪ ਸਿੰਘ ਉਰਫ਼ ਹੈਪੀ ਬੋਲਾ (ਵਾਸੀ ਬਾਜ਼ੀਗਰ ਬਸਤੀ, ਫਰੀਦਕੋਟ) ਵਜੋਂ ਹੋਈ ਹੈ।ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਦੇ ਨਿਰਦੇਸ਼ਾਂ ਤੇ ਐਸ.ਪੀ. (ਇੰਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਦੀ ਰਹਿਨੁਮਾਈ ਹੇਠ ਸੀ.ਆਈ.ਏ. ਸਟਾਫ਼ ਫਰੀਦਕੋਟ ਦੀ ਟੀਮ ਸਰਗਰਮੀ ਨਾਲ ਚੈਕਿੰਗ ਕਰ ਰਹੀ ਸੀ।ਇੰਸਪੈਕਟਰ ਅਮਰਿੰਦਰ ਸਿੰਘ ਦੀ ਨਿਗਰਾਨੀ ਹੇਠ ਸਹਾਇਕ ਥਾਣੇਦਾਰ ਹਾਕਮ ਸਿੰਘ ਨੇ ਸਮੇਤ ਪੁਲਸ ਪਾਰਟੀ ਛਾਉਣੀ ਰੋਡ ਨੇੜੇ ਜਹਾਜ ਗਰਾਊਂਡ ਵਿਖੇ ਨਾਕਾਬੰਦੀ ਕੀਤੀ ਹੋਈ ਸੀ।ਇਸ ਦੌਰਾਨ ਸ਼ੱਕੀ ਹਾਲਤ ਵਿੱਚ ਜਾ ਰਹੇ ਗਗਨਦੀਪ ਸਿੰਘ ਨੂੰ ਰੋਕ ਕੇ ਜਦੋਂ ਤਲਾਸ਼ੀ ਲਈ ਗਈ ਤਾਂ ਉਸ ਪਾਸੋਂ 104 ਗ੍ਰਾਮ ਹੈਰੋਇਨ ਤੇ ਇੱਕ ਸੈਮਸੰਗ ਮੋਬਾਈਲ ਫ਼ੋਨ ਬਰਾਮਦ ਹੋਇਆ।ਪੁਲਸ ਦੋਸ਼ੀ ਖ਼ਿਲਾਫ਼ ਥਾਣਾ ਸਿਟੀ ਫਰੀਦਕੋਟ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

### ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਆਰਿਫ ਕੇ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਵਿਅਕਤੀਆਂ ਨੂੰ 8 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਰਸਤੇ ਵਿੱਚ ਪੈਂਦੀ ਨਹਿਰ ਦੇ ਪੁਲ ਕੋਲ ਪੁੱਜੀ ਤਾਂ ਸਾਹਮਣੇ ਤੋਂ ਦੋ ਨੌਜਵਾਨ ਸਲਮਾਨ ਉਰਫ ਸ਼ਾਨਾ ਪੁੱਤਰ ਮੰਗਲ ਵਾਸੀ ਪਿੰਡ ਨਿਜ਼ਾਮਵਾਲਾ ਤੇ ਰੋਹਿਤ ਪੁੱਤਰ ਸ਼ਿੰਦਰਪਾਲ ਵਾਸੀ ਪਿੰਡ ਨਿਜ਼ਾਮਵਾਲਾ ਪੈਦਲ ਆਉਂਦੇ ਵਿਖਾਈ ਦਿੱਤੇ, ਜਿਨ੍ਹਾਂ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਨ੍ਹਾਂ ਦੀ ਤਲਾਸ਼ੀ ਲਈ ਗਈ ਤਾਂ ਉਨ੍ਹਾਂ ਕੋਲੋਂ 8 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਨੂੰਹ 'ਤੇ ਪੁੱਤ ਦੇ ਕਤਲ ਦੀ ਸਾਜ਼ਿਸ਼ ਦਾ ਦੋਸ਼, ਬਜ਼ੁਰਗ ਮਾਂ ਨੇ ਕੀਤੀ ਇਨਸਾਫ ਦੀ ਮੰਗ



**ਚੌਂਕੀਮਾਨ/ਲੁਧਿਆਣਾ (ਬਲਬੀਰ ਸਿੰਘ ਮਾਨ/ਐੱਮ ਐੱਸ ਭਾਟੀਆ)**

ਲੁਧਿਆਣਾ ਦੇ ਆਤਮ ਪਾਰਕ ਨੇੜੇ ਪੈਂਦੀ ਪਿੰਡ ਪੱਦੀ ਕਲੋਨੀ ਦੀ ਮਾਤਾ ਸਵਰਨ ਕੌਰ ਨੇ ਕਮਿਸ਼ਨਰ ਲੁਧਿਆਣਾ ਨੂੰ ਪੇਸ਼ ਹੋ ਕੇ ਦਿੱਤੀ ਦਰਖਾਸਤ ਰਾਹੀਂ ਪੁਲਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਸਬੰਧੀ ਗੁਹਾਰ ਲਗਾਈ ਹੈ।ਪੀੜਤ ਮਾਂ ਨੇ ਸਹਾਇਕ ਪੁਲਸ ਕਮਿਸ਼ਨਰ ਸਾਊਥ ਲੁਧਿਆਣਾ ਦੇ ਦਫ਼ਤਰ ਹਾਜ਼ਰ ਹੋ ਕੇ ਕਿਹਾ ਕਿ ਮੇਰੇ ਲੜਕੇ ਕੁਲਵਿੰਦਰ ਸਿੰਘ ਨੂੰ ਮਰਨ ਲਈ ਮਜਬੂਰ ਕਰਨ ਸਬੰਧੀ ਇੱਕ ਸਾਜ਼ਿਸ਼ ਰਚੀ ਗਈ।ਇਸ ਲਈ ਮੇਰੀ ਨੂੰਹ ਮਨਦੀਪ ਕੌਰ ਖਿਲਾਫ ਮੁਕੱਦਮਾ ਦਰਜ ਕੀਤਾ ਜਾਵੇ।

ਮਾਤਾ ਸਵਰਨ ਕੌਰ ਸੁਪਤਨੀ ਸ: ਕਰਮ ਸਿੰਘ ਪਿੰਡ ਪੱਦੀ ਕਲੋਨੀ ਜ਼ਿਲ੍ਹਾ ਲੁਧਿਆਣ ਨੇ ਦੱਸਿਆ ਕਿ ਮੇਰੇ ਲੜਕੇ ਦੀ ਸ਼ਾਦੀ ਮਨਦੀਪ ਕੌਰ ਪੁੱਤਰੀ ਹਰੀ ਸਿੰਘ ਪੁੱਤਰ ਮਾਘੀ ਸਿੰਘ ਪਿੰਡ ਢੰਡਾਰੀ ਖ਼ੁਰਦ ਨਾਲ਼ ਹੋਈ ਸੀ।ਵਿਆਹ ਤੋਂ ਕੁਝ ਸਮਾਂ ਬਾਅਦ ਹੀ ਵਿਦੇਸ਼ ਜਾ ਕੇ ਸੈੱਟ ਹੋਣ ਲਈ ਮੇਰੀ ਨੂੰਹ ਮੇਰੇ ਲੜਕੇ 'ਤੇ ਦਬਾਅ ਬਣਾਈ ਰੱਖਦੀ ਸੀ।ਮੇਰਾ ਲੜਕਾ ਮੇਰੀ ਨੂੰਹ ਤੇ ਆਪਣੀ ਸੱਸ, ਸੁਰਿੰਦਰ ਕੌਰ ਤੋਂ ਕਾਫੀ ਤੰਗ ਪ੍ਰੇਸ਼ਾਨ ਰਹਿੰਦਾ ਸੀ।ਇਨ੍ਹਾਂ ਵੱਲੋਂ ਸਾਡੇ ਪਰਵਾਰ ਖਿਲਾਫ ਕੋਈ ਡਾਇਰੀ ਲਿਖਵਾ ਕੇ ਇਨ੍ਹਾਂ ਆਪਣੇ ਪਾਸ ਰੱਖੀ ਹੋਈ ਸੀ, ਜਿਸ ਕਰਕੇ ਇਹ ਦੋਵੇਂ ਮੇਰੇ ਲੜਕੇ ਨੂੰ ਤੰਗ ਪ੍ਰੇਸ਼ਾਨ ਕਰਕੇ ਲੱਖਾਂ ਰੁਪਈਆਂ ਦੀ ਮੰਗ ਕਰਦੀਆਂ ਸਨ।ਇਨ੍ਹਾਂ ਪ੍ਰੇਸ਼ਾਨ ਕਰਨ ਵਾਲੀਆਂ ਸਾਜ਼ਿਸ਼ਾਂ ਕਰਕੇ ਮੇਰਾ ਲੜਕਾ ਸ਼ਰਾਬ ਪੀਣ ਦਾ ਆਦੀ ਹੋ ਕੇ ਅਕਸਰ ਬਿਮਾਰ ਰਹਿਣ ਲੱਗ ਪਿਆ, ਜਿਸ ਦੇ ਇਲਾਜ ਦਾ ਸਾਰਾ ਖ਼ਰਚਾ ਵੀ ਮੇਰੇ ਦੁਆਰਾ ਕੀਤਾ ਗਿਆ ਹੈ।ਇਸ ਸਮੇਂ ਇਲਾਜ ਦੌਰਾਨ ਹੀ ਉਸ ਦੀ ਮੌਤ ਹੋ ਗਈ ਹੈ। ਅੱਜ ਸਹਾਇਕ ਕਮਿਸ਼ਨਰ ਲੁਧਿਆਣਾ (ਦੱਖਣੀ ) ਦੇ ਦਫ਼ਤਰ ਪਿੰਡ ਦੀ ਪੰਚਾਇਤ ਸਮੇਤ ਹਾਜ਼ਰ ਹੋ ਕੇ ਕੁਲਵਿੰਦਰ ਸਿੰਘ ਦੇ ਮਰਨ ਉਪਰੰਤ ਮਿਲੀ ਹੱਥ ਲਿਖਤ ਡਾਇਰੀ, ਉਸ ਦੇ ਮੋਬਾਈਲ ਫੋਨ ਵਿੱਚ ਬਣਾਈ ਹੋਈ ਆਖਰੀ ਵੀਡੀਓ ਤੇ ਆਡੀਓ ਪੇਸ਼ ਕਰਦਿਆਂ ਭਰੇ ਮਨ ਨਾਲ 75 ਸਾਲਾ ਬਜ਼ੁਰਗ ਮਾਤਾ ਨੇ ਦੱਸਿਆ ਕਿ ਸਹਾਇਕ ਕਮਿਸ਼ਨਰ ਸਾਊਥ ਲੁਧਿਆਣਾ ਨੇ ਮਸਲਾ ਗੰਭੀਰਤਾ ਨਾਲ ਸੁਣਦਿਆਂ ਮੁੱਖ ਅਫਸਰ ਥਾਣਾ ਡੇਹਲੋਂ ਨੂੰ ਦੁਖੀ ਪਰਵਾਰ ਵੱਲੋਂ ਪੇਸ਼ ਕੀਤੇ ਤੱਥਾਂ ਨੂੰ ਪੜਤਾਲ ਕੇ ਕਾਰਵਾਈ ਕਰਨ ਲਈ ਕਿਹਾ।ਹੁਣ ਦੇਖਣਾ ਹੈ ਕਿ ਕਾਨੂੰਨੀ ਕਾਰਵਾਈ ਇਸ ਮਸਲੇ ਵਿੱਚ ਕਦੋਂ ਇਨਸਾਫ ਕਰਾਉਂਦੀ ਹੈ।ਇਸ ਸਬੰਧੀ ਮੁੱਖ ਮੰਤਰੀ ਪੰਜਾਬ ਨੂੰ ਲਿਖਤੀ ਪੱਤਰ ਭੇਜ ਕੇ ਸਖਤ ਕਾਰਵਾਈ ਦੀ ਵੀ ਮੰਗ ਕੀਤੀ ਗਈ ਹੈ।

# ਕਿਸਾਨ ਆਗੂ ਵੱਲੋਂ ਨਸ਼ਾ ਵੇਚਣ ਦੀ ਬਣਾਈ ਵੀਡੀਓ ਤੋਂ ਬਾਅਦ ਪੁਲਸ ਆਈ ਹਰਕਤ 'ਚ

- ਸਿੰਘਾਂਵਾਲਾ ਦੇ ਨੌਜਵਾਨ ਤੇ ਉਸ ਦੇ ਪਿਓ ਨੂੰ ਪੁਲਸ ਨੇ ਕੀਤਾ ਕਾਬੂ
- ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਬਰਾਮਦ, ਸਾਥੀਆਂ ਦੀ ਭਾਲ ਜਾਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਪਿੰਡ ਸਿੰਘਾਂਵਾਲਾ ਵਿੱਚ ਨਸ਼ਾ ਤਸਕਰੀ ਦੇ ਇੱਕ ਮਾਮਲੇ ਨੂੰ ਲੈ ਕੇ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀ ਪਿਓ-ਪੁੱਤ ਨੂੰ ਕਾਬੂ ਕਰ ਲਿਆ ਹੈ।ਜਾਣਕਾਰੀ ਅਨੁਸਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਇੱਕਬਾਲ ਸਿੰਘ ਸਿੰਘਾਂਵਾਲਾ ਨੇ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਨੂੰ ਕਾਬੂ ਕਰਕੇ ਉਸ ਦੀਆਂ ਜੇਬਾਂ ਵਿੱਚੋਂ ਪੁੜੀਆਂ ਕੱਢਦੇ ਦੀ ਵੀਡੀਓ ਬਣਾਈ, ਜੋ ਬਾਅਦ ਵਿੱਚ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ।ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਸ ਹਰਕਤ ਵਿੱਚ ਆ ਗਈ ਤੇ ਅੱਜ ਪਿੰਡ ਸਿੰਘਾਂਵਾਲਾ ਵਿੱਚ ਪਹੁੰਚ ਕੇ ਕਾਰਵਾਈ ਕੀਤੀ।ਪੁਲਸ ਨੇ ਵੀਡੀਓ ਦੇ ਆਧਾਰ 'ਤੇ ਨਸ਼ਾ ਵੇਚਣ ਦੇ ਦੋਸ਼ 'ਚ ਦੋ ਪਿਓ-ਪੁੱਤਾਂ ਨੂੰ ਗ੍ਰਿਫ਼ਤਾਰ ਕਰ ਲਿਆ।ਪੁਲਸ ਵੱਲੋਂ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਸਿਟੀ ਮੋਗਾ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਪਿੰਡ ਸਿੰਘਾਂਵਾਲਾ ਵਿੱਚ ਨਸ਼ਿਆਂ ਖ਼ਿਲਾਫ਼ ਪੁਲਸ ਵੱਲੋਂ ਤੁਰੰਤ ਤੇ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਕੱਲ੍ਹ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋਈ ਸੀ, ਜਿਸ ਵਿੱਚ ਇੱਕ ਕਿਸਾਨ ਆਗੂ ਵੱਲੋਂ ਇੱਕ ਨੌਜਵਾਨ ਨੂੰ ਰੋਕ ਕੇ ਉਸ ਕੋਲੋਂ ਸ਼ੱਕੀ ਪਦਾਰਥ ਬਰਾਮਦ ਕਰਨ ਦੀ ਘਟਨਾ ਸਾਹਮਣੇ ਆਈ ਸੀ।ਵੀਡੀਓ ਦੇ ਆਧਾਰ 'ਤੇ ਪੁਲਸ ਨੇ ਤੁਰੰਤ ਟੀਮ ਭੇਜ ਕੇ ਜਾਂਚ ਸ਼ੁਰੂ ਕੀਤੀ। ਕਾਰਵਾਈ ਦੌਰਾਨ ਪੁਲਸ ਨੇ ਸੁੱਚਾ ਸਿੰਘ ਤੇ ਉਸ ਦੇ ਪਿਤਾ ਗੁਰਪ੍ਰੀਤ ਸਿੰਘ ਨੂੰ ਕਾਬੂ ਕਰ ਲਿਆ।ਮੁਲਜ਼ਮਾਂ ਕੋਲੋਂ ਲਗਭਗ 5 ਗ੍ਰਾਮ ਹੈਰੋਇਨ ਤੇ ਕਰੀਬ 40 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ। ਇਸ ਸਬੰਧੀ ਪੁਲਸ ਨੇ ਮੁਕੱਦਮਾ ਦਰਜ ਕਰਕੇ ਦੋਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਤੇ ਅੱਜ ਉਨ੍ਹਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਨ ਦੀ ਕਾਰਵਾਈ ਕੀਤੀ ਜਾ ਰਹੀ ਹੈ।ਡੀ.ਐੱਸ.ਪੀ ਨੇ ਦੱਸਿਆ ਕਿ ਮੁਲਜ਼ਮਾਂ ਦੇ ਪੁਰਾਣੇ ਰਿਕਾਰਡ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਤੇ ਰਿਮਾਂਡ ਦੌਰਾਨ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਗੜੇਮਾਰੀ ਕਾਰਨ ਬਰਬਾਦ ਹੋਈ ਫਸਲ ਦੇ ਪੀੜਤ ਕਿਸਾਨਾਂ ਦੀ ਅਕਾਲੀ ਦਲ ਕਰੇਗਾ ਮਦਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪਿਛਲੇ ਦਿਨੀਂ ਹੋਈ ਬੇਮੌਸਮੀ ਬਾਰਸ਼ ਤੇ ਤਬਾਹਕੁਨ ਗੜੇਮਾਰੀ ਨੇ ਇਲਾਕੇ ਦੇ ਕਿਸਾਨਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ।ਖੇਤਾਂ ਵਿੱਚ ਤਿਆਰ ਖੜ੍ਹੀ ਫਸਲ ਪਲਾਂ ਵਿੱਚ ਬਰਬਾਦ ਹੋ ਗਈ, ਪਰ ਇਸ ਸੰਕਟ ਦੀ ਘੜੀ ਵਿੱਚ ਸਰਕਾਰ ਦੀ ਚੁੱਪੀ ਨੇ ਕਿਸਾਨਾਂ ਦੇ ਜ਼ਖਮਾਂ 'ਤੇ ਨਮਕ ਛਿੜਕਣ ਦਾ ਕੰਮ ਕੀਤਾ ਹੈ।ਇਸ ਗੰਭੀਰ ਸਥਿਤੀ ਨੂੰ ਦੇਖਦੇ ਹੋਏ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਹਲਾ ਕਲਾਂ ਵਿਖੇ ਇੱਕ ਅਹਿਮ ਤੇ ਐਮਰਜੈਂਸੀ ਮੀਟਿੰਗ ਬੁਲਾਈ ਗਈ।ਇਹ ਮੀਟਿੰਗ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਹਲਕਾ ਬਾਘਾ ਪੁਰਾਣਾ ਦੀ ਅਕਾਲੀ ਦਲ ਜਥੇਬੰਦੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਈ।ਮੀਟਿੰਗ ਦੌਰਾਨ ਆਗੂਆਂ ਨੇ ਇਕਸੁਰ ਹੋ ਕੇ ਕਿਹਾ ਕਿ ਸਰਕਾਰ ਨੇ ਅਜੇ ਤੱਕ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਲਈ ਕੋਈ ਢੰਗ ਦਾ ਕਦਮ ਨਹੀਂ ਚੁੱਕਿਆ।ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਦੇ ਮੰਤਰੀ ਸਿਰਫ਼ ਬਿਆਨਬਾਜ਼ੀ ਤੱਕ ਸੀਮਿਤ ਹਨ, ਜਦਕਿ ਜ਼ਮੀਨੀ ਪੱਧਰ 'ਤੇ ਕਿਸਾਨ ਬਿਲਕੁਲ ਅਕੇਲੇ ਛੱਡ ਦਿੱਤੇ ਗਏ ਹਨ।ਕੋਰ ਕਮੇਟੀ ਮੈਂਬਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਪ੍ਰਧਾਨ ਨਿਹਾਲ ਭੁੱਲਰ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਇਹ ਸਰਕਾਰ ਕਿਸਾਨ ਵਿਰੋਧੀ ਸੋਚ ਨਾਲ ਚੱਲ ਰਹੀ ਹੈ, ਜਿਸ ਨੂੰ ਕਿਸਾਨਾਂ ਦੀਆਂ ਮੁਸ਼ਕਲਾਂ ਨਾਲ ਕੋਈ ਲੈਣਾ-ਦੇਣਾ ਨਹੀਂ। ਉਨ੍ਹਾਂ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੀ ਸਹਾਇਤਾ ਲਈ ਅੱਗੇ ਆਉਂਦਿਆਂ ਕਣਕ ਇਕੱਠੀ ਕਰਕੇ ਪ੍ਰਭਾਵਿਤ ਪਰਵਾਰਾਂ ਤੱਕ ਪਹੁੰਚਾਵੇਗਾ, ਤਾਂ ਜੋ ਉਨ੍ਹਾਂ ਨੂੰ ਇਸ ਮੁਸ਼ਕਲ ਘੜੀ ਵਿੱਚ ਰਾਹਤ ਮਿਲ ਸਕੇ।ਉਨ੍ਹਾਂ ਕਿਹਾ ਕਿ ਜੇ ਸਰਕਾਰ ਨੇ ਜਲਦ ਹੀ ਮੁਆਵਜ਼ਾ ਜਾਰੀ ਨਾ ਕੀਤਾ ਤਾਂ ਅਕਾਲੀ ਦਲ ਵੱਲੋਂ ਸੜਕਾਂ 'ਤੇ ਉੱਤਰ ਕੇ ਸੰਘਰਸ਼ ਕੀਤਾ ਜਾਵੇਗਾ ਤੇ ਕਿਸਾਨਾਂ ਦੀ ਆਵਾਜ਼ ਬੁਲੰਦ ਕੀਤੀ ਜਾਵੇਗੀ। ਮੀਟਿੰਗ ਵਿੱਚ ਸੁਖਚਰਨ ਸਿੰਘ ਛਿੰਦਾ ਸਾਬਕਾ ਚੇਅਰਮੈਨ, ਬਚਿੱਤਰ ਸਿੰਘ ਕਾਲੇਕੇ , ਹਰਮੇਲ ਸਿੰਘ ਮੌੜ ਸਾਬਕਾ ਚੇਅਰਮੈਨ, ਸੋਖਹਰਪ੍ਰੀਤ ਸਿੰਘ ਰੋਡੇ ਮੈਂਬਰ ਐਸ.ਜੀ.ਪੀ.ਸੀ., ਸੁਖਜੀਤ ਸਿੰਘ ਮਾਹਲਾ ਮੈਂਬਰ ਯੂਥ ਕੋਰ ਕਮੇਟੀ, ਸੰਜੀਵ ਬਿੱਟੂ ਰੋਡੇ ਸਰਕਲ ਪ੍ਰਧਾਨ, ਜਗਰੂਪ ਸਿੰਘ ਲੰਗੇਆਣਾ ਸਰਕਲ ਪ੍ਰਧਾਨ, ਜਸਪ੍ਰੀਤ ਸਿੰਘ ਮਾਹਲਾ, ਹਰਜੀਤ ਸਿੰਘ ਗਿੱਲ ਸਰਕਲ ਪ੍ਰਧਾਨਬਲਵਿੰਦਰ ਸਿੰਘ ਵਾਂਦਰ ਸਰਕਲ ਪ੍ਰਧਾਨ, ਜਸਵੀਰ ਸਿੰਘ ਸਰਕਲ ਪ੍ਰਧਾਨ, ਹਰਜੋਤ ਸਿੰਘ ਡੇਮਰੂ, ਰਣਧੀਰ ਸਿੰਘ ਸਮਾਲਸਰ, ਕੁਲਦੀਪ ਸਿੰਘ ਵਾਂਦਰ ਸਮੇਤ ਹੋਰ ਕਈ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ।

## ਬੁਢਲਾਡਾ ਪੀ ਆਰ ਟੀ ਸੀ ਡੀਪੂ ਨੂੰ ਮਿਲੀਆਂ 6 ਨਵੀਆਂ ਬੱਸਾਂ

**ਵਿਧਾਇਕ ਨੇ ਬੱਸਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ**



**ਬੁਢਲਾਡਾ (ਅਸ਼ੋਕ ਲਾਕੜਾ)**-ਪੀ.ਆਰ.ਟੀ.ਸੀ. ਡੀਪੂ ਬੁਢਲਾਡਾ ਨੂੰ 6 ਨਵੀਆਂ ਬੱਸਾਂ ਮਿਲਣ ਨਾਲ ਯਾਤਰੀਆਂ ਦੀਆਂ ਸੁਵਿਧਾਵਾਂ ਵਿਚ ਮਹੱਤਵਪੂਰਨ ਵਾਧਾ ਹੋਇਆ ਹੈ।ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ 6 ਨਵੀਆਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਇਨ੍ਹਾਂ ਬੱਸਾਂ ਦੇ ਸ਼ਾਮਲ ਹੋਣ ਨਾਲ ਇਲਾਕੇ ਦੇ ਯਾਤਰੀਆਂ ਨੂੰ ਹੋਰ ਸੁਵਿਧਾਜਨਕ ਤੇ ਬਿਹਤਰ ਕਨੈਕਟੀਵਿਟੀ ਮਿਲੇਗੀ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਤੇ ਚੇਅਰਮੈਨ ਹਰਪਾਲ ਜੁਨੇਜਾ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਿਹਤਰ ਆਵਾਜਾਈ ਸਹੂਲਤਾਂ ਦੇਣ ਲਈ ਲਗਾਤਾਰ ਯਤਨਸ਼ੀਲ ਹੈ।ਇਹ ਬੱਸਾਂ ਬੁਢਲਾਡਾ ਤੋਂ ਦਿੱਲੀ, ਜਲੰਧਰ, ਬਠਿੰਡਾ, ਪਟਿਆਲਾ ਵਾਇਆ ਬੋਹਾ ਤੇ ਅੰਮ੍ਰਿਤਸਰ ਲਈ ਨਵੇਂ ਰੂਟਾਂ 'ਤੇ ਚੱਲਣਗੀਆਂ।ਇਸ ਮੌਕੇ ਬੁਢਲਾਡਾ ਡੀਪੂ ਜੀ ਐੱਮ ਪ੍ਰਵੀਨ ਕੁਮਾਰ, ਮਾਰਕੀਟ ਕਮੇਟੀ ਦੇ ਚੇਅਰਮੈਨ ਸਤੀਸ਼ ਸਿੰਗਲਾ, ਕੋਆਪ੍ਰੇਟਿਵ ਬੈਂਕ ਦੇ ਚੇਅਰਮੈਨ ਸੋਹਣਾ ਸਿੰਘ ਕਲੀਪੁਰ, ਬਸ ਅੱਡਾ ਇੰਚਾਰਜ ਜਗਸੀਰ ਸਿੰਘ, ਪ੍ਰਿੰਸੀਪਲ ਗੁਰਮੀਤ ਸਿੰਘ ਸਿੱਧੂ, ਬਲਜਿੰਦਰ ਸਿੰਘ ਸੈਕਟਰੀ ਤੇ ਬਲਵਿੰਦਰ ਸਿੰਘ ਹਾਜ਼ਰ ਸਨ।

# 'ਸਰਕਾਰ ਏ ਖ਼ਾਲਸਾ : ਇੱਕ ਪੁਨਰ ਚਿੰਤਨ' ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ

- ਗੁਰੂ ਸਿਧਾਂਤਾਂ ਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਤੇ ਨੈਤਿਕ ਜ਼ਿੰਮੇਵਾਰੀ : ਐਡਵੋਕੇਟ ਧਾਮੀ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਅਧੀਨ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ ਵਿੱਚ ਸਿੱਖਿਆ ਸਕੱਤਰ ਦੇ ਦਿਸ਼ਾ ਨਿਰਦੇਸ਼ਾਂ ਹੇਠ 'ਸਰਕਾਰ ਏਖ਼ਾਲਸਾ : ਇੱਕ ਪੁਨਰ ਚਿੰਤਨ' ਵਿਸ਼ੇ 'ਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ, ਪਟਿਆਲਾ ਵਿਖੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਤੋਂ ਵਿਦਵਾਨਾਂ, ਖੋਜ ਕਰਤਿਆਂ, ਪ੍ਰੋਫੈਸਰ ਸਾਹਿਬਾਨ ਤੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਲਗਭਗ 90 ਪਰਚੇ ਪੜ੍ਹੇ ਗਏ। ਸੈਮੀਨਾਰਾਂ ਦੀ ਸ਼ੁਰੂਆਤ ਖਾਲਸਾ ਕਾਲਜ ਪਟਿਆਲਾ ਦੇ ਵਿਦਿਆਰਥੀਆਂ ਵੱਲੋਂ ਉਦਘਾਟਨੀ ਸ਼ਬਦ ਰਾਹੀਂ ਕੀਤੀ ਗਈ।ਡਾ. ਰਜਿੰਦਰ ਕੌਰ ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਲੁਧਿਆਣਾ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਮੰਚ ਸੰਚਾਲਨ ਵੀ ਕੀਤਾ।ਇਸ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹਿਸਟਰੀ ਵਿਭਾਗ ਦੇ ਰਿਟਾ. ਪ੍ਰੋ. ਸੁਲੱਖਣ ਸਿੰਘ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਕਿਹਾ ਕਿ ਇਸ ਸੈਮੀਨਾਰ ਦਾ ਵਿਸ਼ਾ ਸਿਰਫ ਇਤਿਹਾਸਕ ਅਧਿਐਨ ਤੱਕ ਸੀਮਿਤ ਨਹੀਂ, ਸਗੋਂ ਸਾਡੇ ਸਮਾਜਿਕ, ਰਾਜਨੀਤਕ ਤੇ ਨੈਤਿਕ ਮੁੱਲਾਂ ਨਾਲ ਜੁੜਿਆ ਹੋਇਆ ਹੈ।ਸਰਕਾਰ ਏ ਖ਼ਾਲਸਾ ਦੀ ਸੰਕਲਪਨਾ ਸਾਨੂੰ ਸਿੱਖ ਇਤਿਹਾਸ ਦੇ ਸੁਨਹਿਰੀ ਯੁੱਗ ਵੱਲ ਲੈ ਜਾਂਦੀ ਹੈ, ਜਿੱਥੇ ਨਿਆਂ, ਸਮਾਨਤਾ ਤੇ ਸੇਵਾ ਦੇ ਮੂਲ ਸਿਧਾਂਤਾਂ 'ਤੇ ਅਧਾਰਤ ਪ੍ਰਬੰਧ ਸਥਾਪਤ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਏ ਖ਼ਾਲਸਾ ਸਿਰਫ਼ ਇੱਕ ਰਾਜਨੀਤਿਕ ਪ੍ਰਣਾਲੀ ਨਹੀਂ ਸੀ, ਸਗੋਂ ਨਿਆਂ, ਸਮਾਨਤਾ ਤੇ ਧਾਰਮਿਕ ਆਜ਼ਾਦੀ ਦੇ ਅਧਾਰ 'ਤੇ ਖੜੀ ਇੱਕ ਵਿਲੱਖਣ ਪ੍ਰਣਾਲੀ ਸੀ।ਉਨ੍ਹਾਂ ਕਿਹਾ ਕਿ ਅੱਜ ਦੇ ਸੈਮੀਨਾਰ ਦਾ ਉਦੇਸ਼ ਸਿਰਫ਼ ਇਤਿਹਾਸ ਨੂੰ ਯਾਦ ਕਰਨਾ ਹੀ ਨਹੀਂ, ਸਗੋਂ ਉਸ ਤੋਂ ਸੇਧ ਲੈਣਾ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਵੱਲੋਂ ਮਿਲੇ ਹੋਏ ਗੁਰੂ ਸਿਧਾਂਤਾਂ ਦੀ ਬਖ਼ਸ਼ਿਸ਼ ਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਤੇ ਨੈਤਿਕ ਜ਼ਿੰਮੇਵਾਰੀ ਹੈ।

ਉਦਘਾਟਨੀ ਸਮਾਰੋਹ ਦੀ ਸਮਾਪਤੀ ਮੌਕੇ ਸਿੱਖਿਆ ਸਕੱਤਰ ਸੁਖਮਿੰਦਰ ਸਿੰਘ ਵੱਲੋਂ ਪੁੱਜੀਆਂ ਸਖ਼ਸ਼ੀਅਤਾਂ ਦਾ ਧੰਨਵਾਦ ਕੀਤਾ ਗਿਆ ਤੇ ਡਾ. ਪਰਮਜੀਤ ਕੌਰ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਤੇ ਡਾ. ਦਵਿੰਦਰ ਸਿੰਘ, ਖਾਲਸਾ ਕਾਲਜ, ਪਟਿਆਲਾ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।

## ਮਿੱਡ-ਡੇ-ਮੀਲ ਵਰਕਰ ਯੂਨੀਅਨ ਨੇ ਵਿਧਾਇਕ ਨੂੰ ਸੌਂਪਿਆ ਮੰਗ ਪੱਤਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਮਿੱਡ-ਡੇ ਮੀਲ ਵਰਕਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਕਰਮਜੀਤ ਕੌਰ ਰਾਏਸਰ ਦੀ ਅਗਵਾਈ ਹੇਠ ਵਰਕਰਾਂ ਨੇ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨ ਉਪਰੰਤ ਵਰਕਰਾਂ ਵੱਲੋਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਕੌਰ ਰਾਏਸਰ ਨੇ ਕਿਹਾ ਕਿ ਮਿੱਡ-ਡੇ ਮੀਲ ਵਰਕਰਾਂ ਦੀਆਂ ਭਖਦੀਆਂ ਮੰਗਾਂ ਪਿਛਲੇ ਚਾਰ ਸਾਲਾਂ ਤੋਂ ਲਟਕ ਰਹੀਆਂ ਹਨ, ਪਰ ਸਰਕਾਰ ਵੱਲੋਂ ਕੋਈ ਢੁੱਕਵੇਂ ਕਦਮ ਨਹੀਂ ਚੁੱਕੇ ਗਏ।ਉਨ੍ਹਾਂ ਦੋਸ਼ ਲਾਇਆ ਕਿ ਚੋਣਾਂ ਦੌਰਾਨ ਕੀਤੇ ਵਾਅਦਿਆਂ ਤੋਂ ਪੰਜਾਬ ਸਰਕਾਰ ਮੁੱਕਰ ਗਈ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਹੱਕੀ ਮੰਗਾਂ ਛੇਤੀ ਨਾ ਲਾਗੂ ਕੀਤੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਯੂਨੀਅਨ ਨੇ ਮੰਗ ਕੀਤੀ ਕਿ ਮਿੱਡ-ਡੇ ਮੀਲ ਵਰਕਰਾਂ ਦੇ ਮਿਹਨਤਾਨੇ ਵਿੱਚ ਤੁਰੰਤ ਵਾਧਾ ਕੀਤਾ ਜਾਵੇ ਤੇ ਉਨ੍ਹਾਂ ਨੂੰ ਘੱਟੋ-ਘੱਟ ਉਜ਼ਰਤ ਦੇ ਘੇਰੇ ਵਿੱਚ ਲਿਆਂਦਾ ਜਾਵੇ।ਵਰਕਰਾਂ ਨੂੰ ਪੱਕਾ ਕੀਤਾ ਜਾਵੇ, ਕੇਨਰਾ ਬੈਂਕ ਵਿੱਚ ਖਾਤੇ ਖੋਲ੍ਹੇ ਜਾਣ ਤੇ ਸਰਕਾਰ ਵੱਲੋਂ ਮੁਫ਼ਤ ਜੀਵਨ ਬੀਮਾ ਮੁਹੱਈਆ ਕਰਵਾਇਆ ਜਾਵੇ।ਇਸ ਦੇ ਨਾਲ ਗਰਮੀ ਤੇ ਸਰਦੀ ਦੀਆਂ ਵਰਦੀਆਂ, ਪ੍ਰਸੂਤਾ ਛੁੱਟੀ, ਅਚਾਨਕ ਮੈਡੀਕਲ ਛੁੱਟੀ ਤੇ ਹਰ ਸਾਲ 10 ਛੁੱਟੀਆਂ ਦੇਣ ਦੀ ਮੰਗ ਵੀ ਕੀਤੀ ਗਈ।ਵਰਕਰਾਂ ਨੇ ਦੱਸਿਆ ਕਿ ਉਨ੍ਹਾਂ ਤੋਂ ਵਾਧੂ ਕੰਮ ਲਿਆ ਜਾਂਦਾ ਹੈ, ਦੁਕਾਨਾਂ ਤੋਂ ਸਾਮਾਨ ਖ੍ਰੀਦਣ ਤੇ ਸਕੂਲਾਂ ਦੀ ਸਫਾਈ ਕਰਵਾਈ ਜਾਂਦੀ ਹੈ, ਜੋ ਬੰਦ ਕੀਤਾ ਜਾਵੇ।ਬੱਚਿਆਂ ਦੀ ਵਧਦੀ ਗਿਣਤੀ ਦੇ ਮੱਦੇਨਜ਼ਰ ਹਰ ਸਕੂਲ ਵਿੱਚ ਵਧੀਕ ਵਰਕਰ ਰੱਖਣ, ਹਟਾਈਆਂ ਗਈਆਂ ਵਰਕਰਾਂ ਨੂੰ ਬਹਾਲ ਕਰਨ ਤੇ ਬਚਦਾ ਖਾਣਾ ਡਸਟਬਿਨ ਵਿੱਚ ਪਾਉਣ ਦੀ ਬਜਾਏ ਵਰਕਰਾਂ ਨੂੰ ਲੈ ਜਾਣ ਦੀ ਆਗਿਆ ਦੇਣ ਦੀ ਮੰਗ ਵੀ ਉਠਾਈ ਗਈ।ਵਰਕਰਾਂ ਨੇ ਕਿਹਾ ਕਿ ਤਨਖ਼ਾਹ ਵਿੱਚ ਲੰਮੇ ਸਮੇਂ ਤੋਂ ਵਾਧਾ ਨਹੀਂ ਹੋਇਆ ਤੇ ਬਕਾਇਆ ਭੁਗਤਾਨ ਵੀ ਸਮੇਂ ਸਿਰ ਨਹੀਂ ਮਿਲਦੇ।ਸੇਵਾ ਦੌਰਾਨ ਮੌਤ ਦੀ ਸੂਰਤ ਵਿੱਚ ਪਰਿਵਾਰਕ ਮੈਂਬਰ ਨੂੰ ਨੌਕਰੀ ਦੇਣ, ਮੈਡੀਕਲ ਸਹੂਲਤਾਂ ਤੇ ਸਮਾਜਕ ਸੁਰੱਖਿਆ ਯੋਜਨਾਵਾਂ ਲਾਗੂ ਕਰਨ ਦੀ ਮੰਗ ਵੀ ਰੱਖੀ ਗਈ।ਆਗੂਆਂ ਨੇ ਸਪੱਸ਼ਟ ਕਿਹਾ ਕਿ ਜੇ ਸਰਕਾਰ ਨੇ ਮੰਗਾਂ ਬਾਰੇ ਛੇਤੀ ਧਿਆਨ ਨਾ ਦਿੱਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

# 560 ਦਿਨਾਂ ਬਾਅਦ ਟਾਵਰ ਤੋਂ ਸੁਰੱਖਿਅਤ ਉਤਾਰੇ ਗੁਰਜੀਤ ਸਿੰਘ ਖ਼ਾਲਸਾ

**ਬੇਅਦਬੀ ਵਿਰੋਧੀ ਕਾਨੂੰਨ ਦੀ ਮੰਗ ਨੂੰ ਲੈ ਕੇ 400 ਫੁੱਟ ਉੱਚੇ ਬੀ ਐੱਸ ਐੱਨ ਐੱਲ ਟਾਵਰ 'ਤੇ ਡਟੇ ਹੋਏ ਸਨ ਖ਼ਾਲਸਾ**



**ਸਮਾਣਾ/ਪਟਿਆਲਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ/ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਪ੍ਰਸ਼ਾਸਨ ਨੇ ਭਾਰਤੀ ਫ਼ੌਜ ਦੇ ਸਹਿਯੋਗ ਨਾਲ ਸ਼ੁੱਕਰਵਾਰ ਸਵੇਰੇ ਇੱਕ ਵੱਡੇ ਆਪ੍ਰੇਸ਼ਨ ਰਾਹੀਂ ਕਿਸਾਨ ਗੁਰਜੀਤ ਸਿੰਘ ਖ਼ਾਲਸਾ (43) ਨੂੰ ਸੁਰੱਖਿਅਤ ਹੇਠਾਂ ਉਤਾਰ ਲਿਆ ਹੈ।ਖ਼ਾਲਸਾ ਪਿਛਲੇ 560 ਦਿਨਾਂ ਤੋਂ ਇੱਥੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਸਥਿਤ 400 ਫੁੱਟ ਉੱਚੇ ਬੀ.ਐੱਸ.ਐੱਨ.ਐੱਲ. ਟਾਵਰ 'ਤੇ ਆਪਣਾ ਵਿਰੋਧ ਪ੍ਰਦਰਸ਼ਨ ਕਰ ਰਹੇ ਸਨ।ਫ਼ੌਜ ਤੇ ਜ਼ਿਲ੍ਹਾ ਪੁਲਸ ਦੀਆਂ ਵਾਧੂ ਟੀਮਾਂ ਦੀ ਨਿਗਰਾਨੀ ਹੇਠ ਇਹ ਸਾਂਝਾ ਆਪ੍ਰੇਸ਼ਨ ਮਹਿਜ਼ 30 ਮਿੰਟਾਂ ਵਿੱਚ ਨੇਪਰੇ ਚੜ੍ਹਿਆ।ਟਾਵਰ ਤੋਂ ਹੇਠਾਂ ਆਉਂਦਿਆਂ ਹੀ ਗੁਰਜੀਤ ਸਿੰਘ ਖ਼ਾਲਸਾ ਨੇ ਪੂਰੇ ਜੋਸ਼ ਵਿੱਚ 'ਮੈਂ ਚੜ੍ਹਦੀ ਕਲਾ ਵਿੱਚ ਹਾਂ' ਦੇ ਸ਼ਬਦ ਕਹੇ।ਉਨ੍ਹਾਂ ਇਸ ਨੇਕ ਕਾਰਜ ਲਈ ਸਮਰਥਨ ਦੇਣ ਵਾਲੀ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਫ਼ਰ ਸੌਖਾ ਨਹੀਂ ਸੀ, ਪਰ ਮੇਰੇ ਗੁਰੂ 'ਤੇ ਅਟੁੱਟ ਭਰੋਸੇ ਨੇ ਹੀ ਇਹ ਸਭ ਸੰਭਵ ਬਣਾਇਆ ਹੈ।ਬਚਾਅ ਕਾਰਜ ਵਿੱਚ ਸ਼ਾਮਲ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਹਵਾ ਦੀ ਰਫ਼ਤਾਰ ਅਨੁਕੂਲ ਹੋਣ ਤੇ ਚੰਗੀ ਧੁੱਪ ਕਾਰਨ ਹਾਈ-ਟੈਕ ਕ੍ਰੇਨ ਤੇ ਮਨੁੱਖੀ ਮਦਦ ਨਾਲ ਇਹ ਆਪ੍ਰੇਸ਼ਨ ਸੁਖਾਲਾ ਰਿਹਾ।

ਜ਼ਿਕਰਯੋਗ ਹੈ ਕਿ ਖ਼ਾਲਸਾ ਅਕਤੂਬਰ 2024 ਤੋਂ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਟਾਵਰ 'ਤੇ ਚੜ੍ਹੇ ਹੋਏ ਸਨ।ਇਸ ਸੰਘਰਸ਼ ਨੂੰ ਉਦੋਂ ਵੱਡੀ ਜਿੱਤ ਮਿਲੀ ਜਦੋਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ 'ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਨੂੰ ਮਨਜ਼ੂਰੀ ਦੇ ਦਿੱਤੀ।ਇਸ ਕਾਨੂੰਨੀ ਪ੍ਰਵਾਨਗੀ ਤੋਂ ਬਾਅਦ ਖ਼ਾਲਸਾ ਨੇ ਆਪਣਾ ਧਰਨਾ ਖ਼ਤਮ ਕਰਨ ਦਾ ਫ਼ੈਸਲਾ ਕੀਤਾ ਸੀ।

ਟਾਵਰ ਉੱਪਰ ਰਹਿਣ ਦੌਰਾਨ ਉਨ੍ਹਾਂ ਦੇ ਹਾਲਾਤ ਬੇਹੱਦ ਚੁਣੌਤੀਪੂਰਨ ਸਨ।ਉਹ ਪਲਾਸਟਿਕ ਦੀ ਤਰਪਾਲ ਹੇਠ ਰਹਿ ਰਹੇ ਸਨ ਤੇ ਦੋ ਸੇਵਾਦਾਰ ਦਿਨ ਵਿੱਚ ਇੱਕ ਵਾਰ ਭੋਜਨ-ਪਾਣੀ ਪਹੁੰਚਾਉਂਦੇ ਸਨ। ਸਰੀਰਕ ਗਤੀਵਿਧੀ ਨਾ ਹੋਣ ਕਾਰਨ ਉਨ੍ਹਾਂ ਦਾ ਬਲੱਡ ਪ੍ਰੈਸ਼ਰ ਤੇ ਸ਼ੂਗਰ ਪੱਧਰ ਵੀ ਕਈ ਵਾਰ ਵਿਗੜਿਆ।ਪੇਸ਼ੇ ਤੋਂ ਡੇਅਰੀ ਮਾਲਕ ਤੇ ਕਿਸਾਨ ਖ਼ਾਲਸਾ ਨੇ ਦੱਸਿਆ ਕਿ ਸੂਬੇ ਵਿੱਚ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਨੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਸੱਟ ਮਾਰੀ ਸੀ, ਜਿਸ ਕਾਰਨ ਉਨ੍ਹਾਂ ਨੇ ਘਰ-ਬਾਰ ਛੱਡ ਕੇ ਸੰਘਰਸ਼ ਦਾ ਰਾਹ ਚੁਣਿਆ।ਹੁਣ ਸਮਾਣਾ ਟਾਵਰ ਮੋਰਚਾ ਦੇ ਮੈਂਬਰਾਂ ਵੱਲੋਂ ਪ੍ਰਦਰਸ਼ਨ ਵਾਲੀ ਥਾਂ 'ਤੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾ ਰਹੇ ਹਨ, ਜਿਸ ਤੋਂ ਬਾਅਦ ਇਹ ਧਰਨਾ ਅਧਿਕਾਰਤ ਤੌਰ 'ਤੇ ਸਮਾਪਤ ਹੋ ਜਾਵੇਗਾ।

## ਚੇਅਰਮੈਨ ਜਤਿੰਦਰ ਮਸੀਹ ਗੌਰਵ ਦਾ ਸੰਗਰੂਰ ਪਹੁੰਚਣ 'ਤੇ ਨਿੱਘਾ ਸਵਾਗਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਜਤਿੰਦਰ ਮਸੀਹ ਗੌਰਵ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਨਾਲ ਵਿਸ਼ੇਸ਼ ਮੀਟਿੰਗ ਕਰਨ ਲਈ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਪਹੁੰਚੇ। ਇੱਥੇ ਪਹੁੰਚਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਸਨਮਾਨ ਵਜੋਂ 'ਗਾਰਡ ਆਫ ਆਨਰ' ਦਿੱਤਾ ਗਿਆ।ਉਪਰੰਤ ਚੇਅਰਮੈਨ ਸਾਹਿਬ ਦੀ ਪ੍ਰਧਾਨਗੀ ਹੇਠ ਘੱਟ ਗਿਣਤੀ ਭਾਈਚਾਰੇ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਇੱਕ ਅਹਿਮ ਮੀਟਿੰਗ ਹੋਈ।ਮਸੀਹ ਭਾਈਚਾਰੇ ਸਮੇਤ ਹੋਰ ਘੱਟ ਗਿਣਤੀ ਵਰਗਾਂ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਆਪਣੀਆਂ ਦਿੱਕਤਾਂ ਚੇਅਰਮੈਨ ਸਾਹਿਬ ਦੇ ਸਨਮੁੱਖ ਰੱਖੀਆਂ।ਸ਼੍ਰੀ ਗੌਰਵ ਨੇ ਤਤਕਾਲ ਕਾਰਵਾਈ ਕਰਦਿਆਂ ਮੌਜੂਦ ਅਧਿਕਾਰੀਆਂ ਨੂੰ ਮਸਲਿਆਂ ਦੇ ਫੌਰੀ ਹੱਲ ਲਈ ਹਦਾਇਤਾਂ ਜਾਰੀ ਕੀਤੀਆਂ।ਮੀਟਿੰਗ ਦੌਰਾਨ ਕਬਰਿਸਤਾਨਾਂ ਦੀ ਘਾਟ ਦਾ ਮੁੱਦਾ ਪ੍ਰਮੁੱਖਤਾ ਨਾਲ ਉੱਭਰਿਆ।ਚੇਅਰਮੈਨ ਨੇ ਡੀ.ਸੀ. ਸੰਗਰੂਰ ਨੂੰ ਆਦੇਸ਼ ਦਿੱਤੇ ਕਿ ਜਿੱਥੇ ਵੀ ਕਬਰਿਸਤਾਨਾਂ ਦੀ ਸਮੱਸਿਆ ਹੈ, ਉਸ ਸਬੰਧੀ 15 ਦਿਨਾਂ ਦੇ ਅੰਦਰ-ਅੰਦਰ ਰਿਪੋਰਟ ਪੇਸ਼ ਕੀਤੀ ਜਾਵੇ।ਚੇਅਰਮੈਨ ਸ਼੍ਰੀ ਜਤਿੰਦਰ ਮਸੀਹ ਗੌਰਵ ਨੇ ਕਿਹਾ ਕਿ ਉਹ ਘੱਟ ਗਿਣਤੀਆਂ ਦੀ ਭਲਾਈ ਲਈ ਹਮੇਸ਼ਾਂ ਵਚਨਬੱਧ ਹਨ ਤੇ ਉਨ੍ਹਾਂ ਦੇ ਹੱਕਾਂ ਦੀ ਆਵਾਜ਼ ਨੂੰ ਲਗਾਤਾਰ ਬੁਲੰਦ ਕਰਦੇ ਰਹਿਣਗੇ।

# ਸ੍ਰੀ ਸ਼ਿਵ ਧਰਮਸ਼ਾਲਾ ਦੇ ਉਦਘਾਟਨੀ ਸਮਾਰੋਹ 'ਚ ਆਰਤੀ ਖੰਨਾ ਨੇ ਭਜਨਾਂ ਨਾਲ ਬੰਨ੍ਹਿਆ ਰੰਗ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੀ ਸਾਲਾਸਰ ਬਾਲਾ ਜੀ ਵਿਖੇ ਬਾਘਾ ਪੁਰਾਣਾ ਦੇ ਦਾਨੀਆਂ ਦੇ ਸਹਿਯੋਗ ਨਾਲ ਤਿਆਰ ਹੋ ਰਹੀ ਬਾਘਾ ਪੁਰਾਣਾ ਵਾਸੀਆਂ ਦੀ ਸ਼੍ਰੀ ਸ਼ਿਵ ਧਰਮਸ਼ਾਲਾ ਦਾ ਨੀਂਹ ਪੱਥਰ ਧਾਰਮਿਕ ਰਸਮਾਂ ਅਨੁਸਾਰ ਸ਼ਰਧਾ ਤੇ ਉਤਸ਼ਾਹ ਨਾਲ ਰੱਖਿਆ ਗਿਆ।ਨੀਂਹ ਪੱਥਰ ਰੱਖਣ ਤੋਂ ਪਹਿਲਾਂ ਪ੍ਰਸਿੱਧ ਪੁਜਾਰੀਆਂ ਵੱਲੋਂ ਵਿਧੀਵਤ ਪੂਜਾ ਅਰਚਨਾ ਕਰਵਾਈ ਗਈ।ਸਮਾਗਮ ਦੌਰਾਨ ਆਰਤੀ ਖੰਨਾ ਵੱਲੋਂ ਬਾਲਾ ਜੀ ਦੇ ਸੁਰੀਲੇ ਭਜਨਾਂ ਦਾ ਰੰਗ ਬੰਨਿਆ ਗਿਆ, ਜਦਕਿ ਭਜਨ ਮੰਡਲੀ ਵੱਲੋਂ ਇੱਕ ਤੋਂ ਵੱਧ ਇੱਕ ਭਜਨ ਪੇਸ਼ ਕਰਕੇ ਹਾਜ਼ਰ ਸੰਗਤ ਨੂੰ ਨਿਹਾਲ ਕੀਤਾ ਗਿਆ।ਪ੍ਰਬੰਧਕ ਬਲਵਿੰਦਰ ਗਰਗ, ਸੰਦੀਪ ਗੋਇਲ, ਅਸ਼ਵਨੀ ਸ਼ਰਮਾ, ਤੀਰਥ ਬਾਂਸਲ, ਰਾਕੇਸ਼ ਜਿੰਦਲ (ਤੋਤਾ), ਰੋਸ਼ਨ ਲਾਲ (ਰੋਸ਼ੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਬਾਘਾ ਪੁਰਾਣਾ ਤੋਂ ਕਰੀਬ 70 ਕਾਰਾਂ ਤੇ ਦੋ ਲਗਜ਼ਰੀ ਬੱਸਾਂ ਰਾਹੀਂ ਸੰਗਤ ਸਾਲਾਸਰ ਪਹੁੰਚੀ।ਉਨ੍ਹਾਂ ਦੱਸਿਆ ਕਿ ਸੰਗਤ ਲਈ ਸਵੇਰੇ, ਦੁਪਹਿਰ ਤੇ ਸ਼ਾਮ ਦੇ ਖਾਣੇ ਦੀ ਮੁਫਤ ਵਿਵਸਥਾ ਕੀਤੀ ਗਈ ਸੀ, ਜਦਕਿ ਬਾਘਾ ਪੁਰਾਣਾ ਤੋਂ ਆਉਣ-ਜਾਣ ਲਈ ਵੀ ਫਰੀ ਬੱਸਾਂ ਦਾ ਪ੍ਰਬੰਧ ਕੀਤਾ ਗਿਆ।ਸਾਲਾਸਰ ਵਿਖੇ ਸ਼ਰਧਾਲੂਆਂ ਦਾ ਭਾਰੀ ਇਕੱਠ ਇਸ ਪਵਿੱਤਰ ਮੌਕੇ ਦੇਖਣ ਨੂੰ ਮਿਲਿਆ।ਇਸ ਸਮਾਗਮ ਵਿਚ ਮਹੇਸ਼ ਜੀ ਪੁਜਾਰੀ (ਈਸ਼ਰ ਦਾਸ ਜੀ) ਤੇ ਮਹੇਸ਼ ਜੀ ਪੁਜਾਰੀ (ਕੰਨੀ ਦਾਸ ਜੀ), ਮੁੱਖ ਪੁਜਾਰੀ ਸਾਲਾਸਰ ਮੰਦਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਤੇ ਉਨ੍ਹਾਂ ਧਰਮਸ਼ਾਲਾ ਦੇ ਨਿਰਮਾਣ ਨੂੰ ਇੱਕ ਵੱਡਾ ਧਾਰਮਿਕ ਤੇ ਸੇਵਾਭਾਵੀ ਉਪਰਾਲਾ ਕਰਾਰ ਦਿੱਤਾ।ਇਸ ਤੋਂ ਇਲਾਵਾ ਅਤੁਲ ਗਰਗ (ਵਿਨੀਪੈਗ, ਕੈਨੇਡਾ), ਭਾਗ ਚੰਦ ਐਂਡ ਐਂਡ ਸੰਨਜ਼ (ਸੁਭਾਸ਼ ਮੰਡੀ, ਬਾਘਾ ਪੁਰਾਣਾ), ਨੀਰਜ ਬਾਂਸਲ (ਲੁਧਿਆਣਾ), ਕੇਵਲ ਕ੍ਰਿਸ਼ਨ ਸਿੰਗਲਾ (ਬਠਿੰਡਾ) ਤੇ ਓਮ ਪ੍ਰਕਾਸ਼ (ਬਾਘਾ ਪੁਰਾਣਾ) ਸਮੇਤ ਕਈ ਪ੍ਰਮੁੱਖ ਹਸਤੀਆਂ ਨੇ ਵੀ ਆਪਣੀ ਹਾਜ਼ਰੀ ਲਗਵਾਈ।ਧਰਮਸ਼ਾਲਾ ਦੇ ਨਿਰਮਾਣ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਬਲਵਿੰਦਰ ਗਰਗ, ਸੰਦੀਪ ਗੋਇਲ, ਅਸ਼ਵਨੀ ਸ਼ਰਮਾ, ਤੀਰਥ ਬਾਂਸਲ, ਰਾਕੇਸ਼ ਜਿੰਦਲ (ਤੋਤਾ), ਗੌਰਵ ਖੁਰਾਣਾ, ਰੋਸ਼ਨ ਲਾਲ (ਰੋਸ਼ੀ) ਤੇ ਅਰੁਣ ਬਾਂਸਲ ਨੇ ਦੱਸਿਆ ਕਿ ਇਹ ਧਰਮਸ਼ਾਲਾ ਆਧੁਨਿਕ ਸੁਵਿਧਾਵਾਂ ਨਾਲ ਲੈਸ ਕੀਤੀ ਜਾਵੇਗੀ।ਇਸ ਵਿੱਚ ਏ.ਸੀ. ਕਮਰੇ, ਵਿਸ਼ਾਲ ਹਾਲ, ਸੁਵਿਧਾਜਨਕ ਪਾਰਕਿੰਗ ਤੇ ਵਧੀਆ ਕੈਂਟੀਨ ਦੀ ਵਿਵਸਥਾ ਹੋਵੇਗੀ, ਤਾਂ ਜੋ ਦੂਰ-ਦੂਰ ਤੋਂ ਆਉਣ ਵਾਲੇ ਯਾਤਰੀਆਂ ਨੂੰ ਰਹਿਣ-ਸਹਿਣ ਵਿੱਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ।ਉਨ੍ਹਾਂ ਹੋਰ ਦੱਸਿਆ ਕਿ ਦਾਨੀਆਂ ਵੱਲੋਂ ਦਿੱਤਾ ਗਿਆ ਹਰ ਇਕ ਯੋਗਦਾਨ ਪੂਰੀ ਪਾਰਦਰਸ਼ਿਤਾ ਨਾਲ ਯਾਤਰੀਆਂ ਦੀ ਭਲਾਈ ਲਈ ਵਰਤਿਆ ਜਾ ਰਿਹਾ ਹੈ।ਨਾਲ ਹੀ ਸਮੂਹ ਸੰਗਤ ਨੂੰ ਅਪੀਲ ਕੀਤੀ ਗਈ ਕਿ ਇਸ ਪੁਨਿੱਤ ਕਾਰਜ ਵਿੱਚ ਵਧ ਚੜ੍ਹ ਕੇ ਆਪਣਾ ਯੋਗਦਾਨ ਪਾਇਆ ਜਾਵੇ, ਤਾਂ ਜੋ ਇਹ ਧਰਮਸ਼ਾਲਾ ਭਵਿੱਖ ਵਿੱਚ ਸੰਗਤ ਲਈ ਵੱਡੀ ਸਹੂਲਤ ਬਣ ਸਕੇ ਤੇ ਬਾਘਾ ਪੁਰਾਣਾ ਵਾਸੀਆਂ ਦੀ ਸੇਵਾ ਭਾਵਨਾ ਨੂੰ ਹੋਰ ਮਜ਼ਬੂਤ ਕਰੇ। ਇਸ ਮੌਕੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗੁਪਤਾ, ਸਾਬਕਾ ਪ੍ਰਧਾਨ ਬਾਲ ਕ੍ਰਿਸ਼ਨ ਬਾਲੀ, ਵਿਜੇ ਸ਼ਰਮਾ, ਵਿਜੇ ਬਾਂਸਲ, ਕੇਵਲ ਕ੍ਰਿਸ਼ਨ ਬਾਂਸਲ, ਵਿਜੇ ਬੰਟੀ, ਸੁਨੀਲ ਸੋਮੀ, ਮੁਨੀਸ਼ ਗਰਗ ਟੀਨੀ, ਅਰੁਣ ਬਾਂਸਲ (ਪ੍ਰਧਾਨ, ਸ਼੍ਰੀ ਰਾਮਲੀਲ੍ਹਾ ਉਤਸਵ ਕਮੇਟੀ), ਸੁਭਾਸ਼ ਗੋਇਲ, ਵਿਜੇ ਗੁਪਤਾ (ਪ੍ਰਧਾਨ, ਸ਼੍ਰੀ ਸਾਲਾਸਰ ਸੇਵਾ ਮੰਡਲ), ਸੁਖਜੀਵਨ ਭਗਤੂ (ਪ੍ਰਧਾਨ, ਸ਼੍ਰੀ ਗਣਪਤੀ ਸੇਵਾ ਮੰਡਲ), ਮਨੋਜ ਗੋਇਲ, ਬਿਮਲ ਗੋਇਲ, ਰਜਿੰਦਰ ਗੋਇਲ, ਦੀਪਕ ਬੌਬੀ ਗਰਗ, ਸੰਜੀਵ ਟੀਟੂ ਗਰਗ, ਕ੍ਰਿਸ਼ਨ ਗਰਗ, ਸੰਜੀਵ ਮਿੱਤਲ ਆੜਤੀ, ਨਰੇਸ਼ ਗੋਇਲ, ਸੁਰਿੰਦਰ ਬਾਂਸਲ (ਡੀ. ਐੱਮ. ਵਾਲੇ), ਮੋਹਿਤ ਸਿੰਗਲਾ, ਅਸ਼ੋਕ ਗੋਇਲ, ਯਸ਼ਪਾਲ ਗਰਗ, ਦਵਿੰਦਰ ਗਰਗ, ਅਮਨ ਤਨੇਜਾ, ਦਲੀਪ ਕੁਮਾਰ, ਤੀਰਥ ਬਾਂਸਲ, ਸਤੀਸ਼ ਗੋਇਲ, ਅਜੇ ਪੁਰੀ, ਦੀਪਾ ਅਰੋੜਾ, ਟੋਨੀ ਗੋਇਲ, ਰਾਮ ਗੁਪਤਾ, ਸ਼ੁਭਮ ਸ਼ਰਮਾ, ਨਰੋਤਮ ਕੰਬੋਜ, ਗੁਰਪ੍ਰੀਤ ਸਿੰਘ ਕਾਲਾ, ਅਸ਼ਵਨੀ ਮਿੱਤਲ, ਵਿਕਰਮ ਬਾਂਸਲ, ਸੋਨੂੰ ਅਰੋੜਾ, ਵਰਿੰਦਰ ਕੱਦੂ, ਬਿੱਟੂ ਜੈਦਕਾ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਰਹੇ।

## ਮਾਨ ਸਰਕਾਰ ਸੜਕੀ ਕ੍ਰਾਂਤੀ ਰਾਹੀਂ ਆਵਾਜਾਈ ਬਣਾ ਰਹੀ ਸੁਰੱਖਿਅਤ : ਡਾ. ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਵਿੱਚ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ ਵੱਲ ਵੱਡੇ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਭਰ ਵਿੱਚ ਸੜਕੀ ਨੈੱਟਵਰਕ ਨੂੰ ਨਵੀਂ ਦਿਸ਼ਾ ਦੇ ਰਹੀ ਹੈ।ਇਹ ਪ੍ਰਗਟਾਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕੀਤਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਇਤਿਹਾਸਕ ਸੜਕੀ ਪ੍ਰੋਜੈਕਟਾਂ ਤਹਿਤ ਪੰਜਾਬ ਦੇ ਹਰ ਕੋਨੇ ਵਿੱਚ ਉੱਚ-ਗੁਣਵੱਤਾ ਵਾਲੀਆਂ ਸੜਕਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ, ਜਿਸ ਨਾਲ ਲੋਕਾਂ ਦੀ ਆਵਾਜਾਈ ਨਾ ਸਿਰਫ ਸੁਖਾਲੀ ਹੋਵੇਗੀ ਸਗੋਂ ਸੁਰੱਖਿਅਤ ਵੀ ਬਣੇਗੀ।ਡਾ. ਜਵੰਧਾ ਨੇ ਦੱਸਿਆ ਕਿ ਸਰਕਾਰ ਸਿਰਫ ਸੜਕਾਂ ਦੇ ਨਿਰਮਾਣ ਤੱਕ ਸੀਮਿਤ ਨਹੀਂ, ਸਗੋਂ ਉਨ੍ਹਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਵੀ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮਕਸਦ ਲਈ ਫਲਾਇੰਗ ਸਕੁਐਡ ਵੱਲੋਂ ਲਗਾਤਾਰ ਮੌਕੇ 'ਤੇ ਜਾ ਕੇ ਜਾਂਚ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਸਕੁਐਡ ਦੀਆਂ ਟੀਮਾਂ ਨੇ ਹਰਦਾਸਾ, ਕਾਸੋਆਣਾ, ਕੋਟਕਪੂਰਾ ਦੇ ਪ੍ਰਤਾਪ ਨਗਰ, ਸਤੀਆ ਵਾਲਾ, ਤਲਵੰਡੀ ਸਾਬੋ, ਖੋਖਰ, ਲੀਲਾਂ, ਹਰਦਾਸਪੁਰਾ, ਵਾੜਾ ਵਰਿਆਮ ਸਿੰਘ ਵਾਲਾ, ਕਿਲ੍ਹਾ ਲਾਲ ਸਿੰਘ, ਕਲਾਨੌਰ ਤੇ ਮੰਗਲ ਸੈਨ ਵਰਗੇ ਇਲਾਕਿਆਂ ਵਿੱਚ ਨਵੀਂ ਬਣੀਆਂ ਸੜਕਾਂ ਦੇ ਨਮੂਨੇ ਭਰ ਕੇ ਜਾਂਚ ਕੀਤੀ।ਚੇਅਰਮੈਨ ਨੇ ਸਪੱਸ਼ਟ ਕੀਤਾ ਕਿ ਸਰਕਾਰੀ ਧਨ ਦੀ ਦੁਰਵਰਤੋਂ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜੇਕਰ ਕਿਸੇ ਵੀ ਪ੍ਰੋਜੈਕਟ ਵਿੱਚ ਘਟੀਆ ਸਮੱਗਰੀ ਜਾਂ ਲਾਪ੍ਰਵਾਹੀ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਅਧਿਕਾਰੀਆਂ ਤੇ ਠੇਕੇਦਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਪੰਜਾਬ ਦੀਆਂ ਸੜਕਾਂ ਨੂੰ ਹਾਦਸਾ-ਮੁਕਤ ਅਤੇ ਮਿਆਰੀ ਬਣਾਉਣਾ ਹੈ, ਤਾਂ ਜੁ ਹਰ ਨਾਗਰਿਕ ਦਾ ਸਫ਼ਰ ਆਰਾਮਦਾਇਕ ਤੇ ਸੁਰੱਖਿਅਤ ਹੋ ਸਕੇ।ਡਾ. ਜਵੰਧਾ ਨੇ ਆਖਿਰ ਵਿੱਚ ਕਿਹਾ ਕਿ ਨਵੀਆਂ ਸੜਕਾਂ ਨਾਲ ਜਿੱਥੇ ਪੇਂਡੂ ਆਰਥਿਕਤਾ ਨੂੰ ਵੱਡਾ ਬਲ ਮਿਲੇਗਾ, ਉੱਥੇ ਹੀ ਪਿੰਡਾਂ ਅਤੇ ਸ਼ਹਿਰਾਂ ਦਰਮਿਆਨ ਸੰਪਰਕ ਹੋਰ ਮਜ਼ਬੂਤ ਹੋਵੇਗਾ।

# ਲਿਬਰੇਸ਼ਨ ਦਾ ਸੱਤਵਾਂ ਜ਼ਿਲ੍ਹਾ ਅਜਲਾਸ ਸਫ਼ਲਤਾ ਪੂਰਵਕ ਸੰਪੰਨ

## 27 ਮੈਂਬਰੀ ਕਮੇਟੀ ਦੀ ਚੋਣ ਤੇ ਸੁਰਿੰਦਰ ਪਾਲ ਚੁਣੇ ਜ਼ਿਲ੍ਹਾ ਸਕੱਤਰ





**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐੱਮ ਐੱਲ) ਲਿਬਰੇਸ਼ਨ ਜ਼ਿਲ੍ਹਾ ਮਾਨਸਾ ਦਾ ਸੱਤਵਾਂ ਜ਼ਿਲ੍ਹਾ ਡੈਲੀਗੇਟ ਅਜਲਾਸ ਬਾਬਾ ਬੂਝਾ ਸਿੰਘ ਭਵਨ ਮਾਨਸਾ ਵਿਖੇ ਬੀਤੀ ਸ਼ਾਮ ਸੰਪੰਨ ਹੋਇਆ।ਅਜਲਾਸ ਨੇ ਸਰਬਸੰਮਤੀ ਨਾਲ 27 ਮੈਂਬਰੀ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਤੇ ਕਮੇਟੀ ਨੇ ਸੰਖੇਪ ਮੀਟਿੰਗ ਕਰਕੇ ਕਾਮਰੇਡ ਸੁਰਿੰਦਰ ਪਾਲ ਸ਼ਰਮਾ ਨੂੰ ਪਾਰਟੀ ਦਾ ਨਵਾਂ ਜ਼ਿਲ੍ਹਾ ਸਕੱਤਰ ਚੁਣ ਲਿਆ।ਅਜਲਾਸ ਕਾਮਰੇਡ ਬਲਵਿੰਦਰ ਕੌਰ ਖਾਰਾ, ਮੁਖਤਿਆਰ ਸਿੰਘ ਕੁਲਹਿਰੀ, ਭੂਰਾ ਸਿੰਘ ਸਮਾਓਂ, ਹਰਦੇਵ ਸਿੰਘ ਖਿਆਲਾ ਤੇ ਬਿੰਦਰ ਕੌਰ ਉੱਡਤ ਦੀ ਪ੍ਰਧਾਨਗੀ ਹੇਠ ਨੇਪਰੇ ਚੜ੍ਹਿਆ।ਅਜਲਾਸ ਦਾ ਉਦਘਾਟਨ ਕਰਦਿਆਂ ਪਾਰਟੀ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾਮਰੇਡ ਨਛੱਤਰ ਸਿੰਘ ਖੀਵਾ ਨੇ ਦੱਸਿਆ ਕਿ ਅੱਜ ਜਿੱਥੇ ਕੌਮਾਂਤਰੀ ਕਮਿਊਨਿਸਟ ਲਹਿਰ ਦੇ ਮਹਾਨ ਆਗੂ ਕਾਮਰੇਡ ਲੈਨਿਨ ਦਾ ਜਨਮ ਦਿਹਾੜਾ ਹੈ, ਉੱਥੇ ਅੱਜ ਸੀਪੀਆਈ (ਐੱਮ ਐੱਲ) ਦਾ 57ਵਾਂ ਸਥਾਪਨਾ ਦਿਵਸ ਵੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਅਸੀਂ ਕਾਰਪੋਰੇਟ ਪ੍ਰਸਤ ਹਿੰਦੂਤਵੀ ਫਾਸ਼ੀਵਾਦੀ ਸ਼ਕਤੀਆਂ ਨੂੰ ਹਾਰ ਦੇਣ ਲਈ ਸਮੂਹ ਹਮਖਿਆਲ ਇਨਕਲਾਬੀ ਤੇ ਜਮਹੂਰੀ ਤਾਕਤਾਂ ਨੂੰ ਇਕਜੁੱਟ ਕਰਨ ਲਈ ਯਤਨਸ਼ੀਲ ਹਾਂ।ਇਸ ਸੈਸ਼ਨ ਨੂੰ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਤੇ ਪੰਜਾਬ ਦੇ ਇੰਚਾਰਜ ਪੁਰਸ਼ੋਤਮ ਸ਼ਰਮਾ, ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਰਾਜਵਿੰਦਰ ਸਿੰਘ ਰਾਣਾ, ਪਾਰਟੀ ਦੇ ਸੂਬਾ ਆਗੂ ਤੇ ਆਲ ਇੰਡੀਆ ਕਿਸਾਨ ਮਹਾਸਭਾ ਦੇ ਕੌਮੀ ਪ੍ਰਧਾਨ ਰੁਲਦੂ ਸਿੰਘ ਮਾਨਸਾ ਤੇ ਸੂਬਾ ਕਮੇਟੀ ਵੱਲੋਂ ਨਿਯੁਕਤ ਅਬਜ਼ਰਵਰ ਕਾਮਰੇਡ ਗੁਲਜ਼ਾਰ ਸਿੰਘ ਭੂੰਬਲੀ ਨੇ ਵੀ ਸੰਬੋਧਨ ਕੀਤਾ।ਪਾਰਟੀ ਆਗੂਆਂ ਨੇ ਕੌਮੀ ਤੇ ਕੌਮਾਂਤਰੀ ਰਾਜਨੀਤਕ ਹਾਲਾਤਾਂ ਅਤੇ ਪਾਰਟੀ ਦੀ ਭੂਮਿਕਾ ਬਾਰੇ ਵਿਆਖਿਆ ਕੀਤੀ।ਇਸ ਮੌਕੇ ਪਾਰਟੀ ਵੱਲੋਂ ਦਹਾਕਿਆਂ ਤੋਂ ਕਮਿਊਨਿਸਟ ਲਹਿਰ ਲਈ ਕੰਮ ਕਰਦੇ ਆ ਰਹੇ ਸੀਨੀਅਰ ਇਨਕਲਾਬੀ ਸਾਥੀਆਂ ਕਾਮਰੇਡ ਰਾਮਫਲ ਸਿੰਘ ਬਹਾਦਰਪੁਰ, ਕਾਮਰੇਡ ਹਾਕਮ ਸਿੰਘ ਖਿਆਲਾ, ਕਾਮਰੇਡ ਗੁਲਜ਼ਾਰ ਖ਼ਾਨ ਦਲੇਲ ਸਿੰਘ ਵਾਲਾ, ਕਾਮਰੇਡ ਮੁਖਤਿਆਰ ਸਿੰਘ ਕੁਵੈਂਟਰੀ ਕਾਮਰੇਡ ਗੁਲਜ਼ਾਰ ਸਿੰਘ ਭੁੰਬਲੀ ਤੇ ਨਛੱਤਰ ਸਿੰਘ ਖੀਵਾ ਨੂੰ ਸਨਮਾਨਤ ਵੀ ਕੀਤਾ ਗਿਆ।ਅਗਲੇ ਸੈਸ਼ਨ ਵਿੱਚ ਪਿਛਲੀ ਜ਼ਿਲ੍ਹਾ ਕਮੇਟੀ ਵੱਲੋਂ ਸਕੱਤਰ ਸਾਥੀ ਗੁਰਮੀਤ ਸਿੰਘ ਨੰਦਗੜ੍ਹ ਵੱਲੋਂ ਸਿਆਸੀ ਤੇ ਜਥੇਬੰਦਕ ਰਿਪੋਰਟ ਪੇਸ਼ ਕੀਤੀ ਗਈ।ਇਸ ਰਿਪੋਰਟ ਬਾਰੇ ਚੱਲੀ ਚਰਚਾ ਵਿੱਚ 15 ਡੈਲੀਗੇਟਾਂ ਨੇ ਅਪਣੇ ਸੁਝਾਅ ਪੇਸ਼ ਕੀਤੇ।ਅਖੀਰ ਵਿੱਚ ਇਸ ਰਿਪੋਰਟ ਨੂੰ ਕੁਝ ਵਾਧਿਆਂ ਸਹਿਤ ਪ੍ਰਵਾਨਗੀ ਦਿੱਤੀ ਗਈ।ਅਜਲਾਸ ਵਿੱਚ ਪਾਰਟੀ ਦੀਆਂ ਤਹਿਸੀਲ ਤੇ ਸ਼ਹਿਰ ਕਮੇਟੀਆਂ ਤੇ ਜਨਤਕ ਜਥੇਬੰਦੀਆਂ ਦੀ ਪ੍ਰਤੀਨਿਧਤਾ ਕਰਦੇ 118 ਡੈਲੀਗੇਟ ਤੇ ਦਰਸ਼ਕ ਹਾਜ਼ਰ ਸਨ।ਅਜਲਾਸ ਵੱਲੋਂ ਸਰਬਸੰਮਤੀ ਨਾਲ ਪਾਰਟੀ ਦੀ 27 ਮੈਂਬਰੀ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ, ਜਿਸ ਨੇ ਅੱਗੋਂ ਅਪਣੀ ਸੰਖੇਪ ਮੀਟਿੰਗ ਕਰਕੇ ਸਾਥੀ ਸੁਰਿੰਦਰ ਪਾਲ ਸ਼ਰਮਾ ਨੂੰ ਜ਼ਿਲ੍ਹਾ ਸਕੱਤਰ ਚੁਣਿਆ।

## ਸੰਗਰੂਰ 'ਚ ਪ੍ਰਧਾਨ ਮੰਤਰੀ ਮੋਦੀ ਤੇ ਯੂ ਪੀ ਦੇ ਮੁੱਖ ਮੰਤਰੀ ਦੀ ਅਰਥੀ ਫੂਕੀ



**ਦਿੜ੍ਹਬਾ (ਜਸਵੀਰ ਲਾਡੀ)**-ਨੋਇਡਾ ਵਿਖੇ ਆਪਣੀਆਂ ਉਜਰਤਾਂ ਵਿੱਚ ਵਾਧਾ ਕਰਾਉਣ ਅਤੇ ਹੋਰ ਮੰਗਾਂ ਲਈ ਸੰਘਰਸ਼ ਕਰ ਰਹੇ ਮਜ਼ਦੂਰਾਂ ਉੱਤੇ ਢਾਹੇ ਜਬਰ ਅਤੇ ਕੀਤੀਆਂ ਗਿਰਫ਼ਤਾਰੀਆਂ ਦੇ ਖ਼ਿਲਾਫ਼ ਪੰਜਾਬ ਦੀਆਂ ਟਰੇਡ ਯੂਨੀਅਨਾਂ ਵੱਲੋਂ ਦਿੱਤੇ ਸੱਦੇ ਤਹਿਤ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੀ ਅਗਵਾਈ ਵਿੱਚ ਉੱਤਰ ਪ੍ਰਦੇਸ਼ ਦੀ ਯੋਗੀ ਅਤੇ ਕੇਂਦਰ ਦੀ ਮੋਦੀ ਸਰਕਾਰ ਦੀ ਅਰਥੀ ਫੂਕੀ ਗਈ।

ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀ ਸਰਪ੍ਰਸਤੀ ਹੇਠ ਚੱਲ ਰਹੀ ਉੱਤਰ ਪ੍ਰਦੇਸ਼ ਦੀ ਯੋਗੀ ਸਰਕਾਰ ਨੇ ਲੰਮੇ ਸਮੇਂ ਤੋਂ ਘੱਟੋ-ਘੱਟ ਉਜ਼ਰਤਾਂ ਵਿੱਚ ਵਾਧਾ ਨਾ ਕਰਨ ਅਤੇ ਫੈਕਟਰੀ ਮਾਲਕਾਂ ਵੱਲੋਂ ਵੱਧ ਤਨਖਾਹ ਤੇ ਹਸਤਾਖਰ ਕਰਾ ਕੇ ਘੱਟ ਤਨਖਾਹ ਦਿੱਤੇ ਜਾਣ ਖ਼ਿਲਾਫ਼ ਨੋਇਡਾ ਵਿੱਚ ਉੱਠੇ ਵਿਸ਼ਾਲ ਮਜ਼ਦੂਰ ਰੋਹ ਨੂੰ ਸਰਕਾਰ ਦੁਆਰਾ ਪੁਲਸੀਆ ਦਮਨ ਰਾਹੀਂ ਕੁਚਲਣ ਦਾ ਜੋ ਯਤਨ ਕੀਤਾ ਹੈ, ਉਹ ਅਤਿ ਨਿੰਦਣਯੋਗ ਅਤੇ ਅਸੰਵੇਦਨਸ਼ੀਲ ਹੈ।

ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ 01-04-2026 ਤੋਂ ਮਜ਼ਦੂਰ ਪੱਖੀ ਦੱਸ ਕੇ ਜੋ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕੀਤੇ ਹਨ, ਉਸ ਨਾਲ ਪਹਿਲਾਂ ਤੋਂ ਹੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਮਜ਼ਦੂਰ ਵਰਗ ਦੇ ਹਾਲਾਤ ਹੋਰ ਵੀ ਤਰਸਯੋਗ ਹੋ ਗਏ ਹਨ, ਜਿਸ ਕਾਰਨ ਕੇਵਲ ਉੱਤਰ ਪ੍ਰਦੇਸ਼ ਹੀ ਨਹੀਂ ਸਗੋਂ ਪੰਜਾਬ ਸਮੇਤ ਹੋਰਨਾਂ ਸੂਬਿਆਂ ਵਿੱਚ ਵੀ ਮਜ਼ਦੂਰ ਵਰਗ ਵਿੱਚ ਰੋਹ ਹੈ।ਆਗੂਆਂ ਨੇ ਕਿਹਾ ਕਿ ਨੋਇਡਾ ਵਿੱਚ ਗ੍ਰਿਫਤਾਰ ਕੀਤੇ ਸਾਰੇ ਮਜ਼ਦੂਰਾਂ ਨੂੰ ਫੌਰੀ ਰਿਹਾਅ ਕੀਤਾ ਜਾਵੇ, ਪੂਰੇ ਦੇਸ਼ ਵਿੱਚ ਘੱਟ-ਘੱਟ ਉਜ਼ਰਤ 30000/- ਰੁਪਏ ਮਹੀਨਾ ਤੈਅ ਕਰਕੇ ਹਰ ਤਰ੍ਹਾਂ ਦੇ ਸਕੀਮ ਵਰਕਰਾਂ ਨੂੰ ਵੀ ਇਸਦੇ ਘੇਰੇ ਵਿੱਚ ਲਿਆਂਦਾ ਜਾਵੇ, ਅੱਠ ਘੰਟੇ ਦੀ ਡਿਊਟੀ ਤੋਂ ਵੱਧ ਲੱਗੇ ਓਵਰ ਟਾਈਮ ਦਾ ਦੁੱਗਣਾ ਮਿਹਨਤਾਨਾ ਦਿੱਤਾ ਜਾਵੇ ਤੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕਰਕੇ ਪੁਰਾਣੇ ਕਿਰਤ ਕਾਨੂੰਨ ਲਾਗੂ ਕੀਤੇ ਜਾਣ।

## ਖੇਤੀਬਾੜੀ 'ਵਰਸਿਟੀ 'ਚ ਕਿਸਾਨੀ ਪਰਵਾਰਾਂ ਲਈ ਰੱਖੀਆਂ ਰਾਖਵੀਆਂ ਸੀਟਾਂ : ਵੀ ਸੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੀ.ਏ.ਯੂ. ਦੇ ਮਾਡਲ ਹਾਈ ਸਕੂਲ ਕਾਉਣੀ ਵਿਖੇ ਸਲਾਨਾ ਸਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ। ਇਸ ਮੌਕੇ ਵਾਈਸ ਚਾਂਸਲਰ ਡਾ. ਗੋਸਲ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਯੂਨੀਵਰਸਿਟੀ ਨੇ ਦੂਰ ਦਰਾਜ ਦੇ ਖੇਤਰ ਵਿਚ ਇਲਾਕੇ ਦੇ ਬੱਚਿਆਂ ਨੂੰ ਸਿੱਖਿਅਤ ਕਰਨ ਦੇ ਮੰਤਵ ਨਾਲ ਇਸ ਸਕੂਲ ਨੂੰ ਚਾਲੂ ਰੱਖਿਆ ਹੋਇਆ ਹੈ।ਡਾ. ਗੋਸਲ ਨੇ ਯੂਨੀਵਰਸਿਟੀ ਦੇ ਦਾਖ਼ਲਿਆਂ ਵਿਚ ਕਿਸਾਨੀ ਪਰਿਵਾਰਾਂ ਲਈ ਰਾਖਵੀਆਂ ਸੀਟਾਂ ਬਾਰੇ ਵੀ ਜਾਣਕਾਰੀ ਦਿੱਤੀ।ਕਮਿਊਨਿਟੀ ਸਾਇੰਸ ਕਾਲਜ ਦੇ ਡੀਨ ਡਾ. ਕਿਰਨ ਬੈਂਸ ਨੇ ਸਿੱਖਿਆ ਦੇ ਮਹੱਤਵ ਬਾਰੇ ਗੱਲ ਕਰਦਿਆਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਵੱਲੋਂ ਨਿਰੰਤਰ ਕੀਤੇ ਜਾਂਦੇ ਉਪਰਾਲੇ ਸ਼ਲਾਘਾਯੋਗ : ਡੀ ਐਸ ਪੀ ਢਿੱਲੋਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਜ਼ਿਲਾ ਕਬੱਡੀ ਐਸੋਸੀਏਸ਼ਨ ਬਰਨਾਲਾ ਵਲੋਂ ਸੈਂਟਰ ਸਕੂਲ ਮਹਿਲ ਕਲਾਂ ਵਿਖੇ ਸੈਂਟਰ ਦੇ 11 ਸਕੂਲਾਂ ਵਿਦਿਆਰਥੀਆਂ ਨੂੰ ਚਾਰ ਹਜ਼ਾਰ ਦੇ ਕਰੀਬ ਕਾਪੀਆਂ ਵੰਡੀਆਂ ਗਈਆਂ । ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਡੀ ਐਸ ਪੀ ਬਲਜੀਤ ਸਿੰਘ ਢਿੱਲੋਂ ਨੇ ਜ਼ਿਲਾ ਕਬੱਡੀ ਐਸੋਸੀਏਸ਼ਨ ਵੱਲੋਂ ਕੀਤੇ ਜਾਂਦੇ ਲਗਾਤਾਰ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਅਜਿਹੇ ਕਾਰਜ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਬੀ ਡੀ ਪੀ ਓ ਬਨਵੀਰ ਸਿੰਘ, ਸੀ ਐਚ ਟੀ ਮੈਡਮ ਸ਼ਿੰਦਰ ਕੌਰ ਨੇ ਇਸ ਨੇਕ ਕਾਰਜ ਲਈ ਜ਼ਿਲਾ ਕਬੱਡੀ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰਾਂ, ਮੈਂਬਰਾਂ ਦਾ ਉਚੇਚਾ ਧੰਨਵਾਦ ਕੀਤਾ।ਇਸ ਮੌਕੇ ਕਬੱਡੀ ਐਸੋਸੀਏਸ਼ਨ ਬਰਨਾਲਾ ਦੇ ਪ੍ਰਧਾਨ ਬਲਜੀਤ ਸਿੰਘ ਮਾਨ, ਸੈਕਟਰੀ ਹਰਮੇਲ ਸਿੰਘ ਸੰਘੇੜਾ, ਮਾ: ਜਗਰਾਜ ਸਿੰਘ ਭੱਠਲ, ਡਾ: ਸੁਖਜੀਤ ਸਿੰਘ, ਬਿੰਨੀ ਧਾਲੀਵਾਲ, ਪਰਮਜੀਤ ਸਿੰਘ ਬੱਡਬਰ, ਉਮ ਪ੍ਰਕਾਸ਼ ਘੰਡਾਬੰਨਾ, ਸੁਖਵਿੰਦਰ ਸਿੰਘ ਲੈਕਚਰਾਰ, ਕੁਲਦੀਪ ਸਿੰਘ ਲੇਖਾਕਾਰ, ਜਸਦੇਵ ਸਿੰਘ ਐਸ ਡੀ ਓ, ਅਮਰਿੰਦਰ ਸਿੰਘ ਏ ਐਸ ਡੀ ਓ, ਮੀਤ ਪ੍ਰਧਾਨ ਸੋਨੀ ਜਾਗਲ, ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਹੈੱਡ ਟੀਚਰ, ਅਤੇ ਸੈਂਟਰ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਧਾਰਮਿਕ ਬੇਅਦਬੀ ਦੇ ਅਪਰਾਧ ਰੋਕਣ ਲਈ ਸਖ਼ਤ ਸਜ਼ਾਵਾਂ ਕੋਈ ਠੋਸ ਗਾਰੰਟੀ ਨਹੀਂ : ਤਰਕਸ਼ੀਲ ਆਗੂ

**ਮਾਨਸਾ (ਆਤਮਾ ਸਿੰਘ ਪਮਾਰ)** ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਮਾਨਸਾ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ 'ਚ ਪਾਸ ਧਾਰਮਿਕ ਬੇਅਦਬੀ ਵਿਰੋਧੀ ਪਾਸ ਕੀਤੇ ਬਿੱਲ, ਜੋ ਕਾਨੂੰਨ ਵੀ ਬਣ ਚੁੱਕਾ ਹੈ, ਨੂੰ ਮੌਜੂਦਾ ਸਰਕਾਰ ਵੱਲੋਂ ਅਮਨ ਕਾਨੂੰਨ ਦੀ ਮਾੜੀ ਹਾਲਤ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਮਹਿੰਗਾਈ, ਖੁਦਕੁਸ਼ੀਆਂ, ਕਿਸਾਨੀ ਸੰਕਟ ਦੀਆਂ ਸਮੱਸਿਆਵਾਂ ਤੋਂ ਧਿਆਨ ਲਾਂਭੇ ਹਟਾਉਣ ਤੇ ਆਮ ਜਨਤਾ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਦਾ ਐਕਾਪੂਰਨ ਫਿਰਕੂ ਸਿਆਸਤ ਕਰਾਰ ਦਿੱਤਾ ਹੈ।ਪ੍ਰੈਸ ਦੇ ਨਾਮ ਬਿਆਨ ਜਾਰੀ ਕਰਦਿਆਂ ਜ਼ੋਨ ਮੁਖੀ ਅੰਮ੍ਰਿਤ ਰਿਸ਼ੀ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਮਾ. ਲੱਖਾ ਸਿੰਘ ਸਹਾਰਨਾ, ਭੁਪਿੰਦਰ ਫੌਜੀ, ਭਰਭੂਰ ਸਿੰਘ ਮੰਨਨ, ਜਸਵੀਰ ਸੋਨੀ, ਗੁਰਦੀਪ ਸਿੰਘ ਸਿੱਧੂ, ਹਰਬੰਸ ਸਿੰਘ ਢਿੱਲੋਂ, ਕ੍ਰਿਸ਼ਨ ਮਾਨਬੀਬੜੀਆਂ, ਮਾ. ਮਹਿੰਦਰ ਪਾਲ ਅਤਲਾ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਧਾਰਮਿਕ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਦੇ ਅਸਲ ਕਾਰਨਾਂ ਤੇ ਫਿਰਕੂ ਤਾਕਤਾਂ ਦਾ ਪਰਦਾਫਾਸ਼ ਕਰਕੇ ਹੀ ਅਜਿਹੇ ਅਪਰਾਧਾਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ, ਸਖ਼ਤ ਸਜ਼ਾਵਾਂ ਦੇ ਕੇ ਨਹੀਂ। ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਸਖ਼ਤ ਸਜ਼ਾਵਾਂ ਦੇਣ ਦਾ ਕਾਨੂੰਨ ਬਣਾ ਕੇ ਲਾਗੂ ਕਰਨਾ ਕਿਸੇ ਅਪਰਾਧ ਨੂੰ ਰੋਕਣ ਦੀ ਕੋਈ ਠੋਸ ਗਾਰੰਟੀ ਨਹੀਂ, ਕਿਉਂਕਿ ਭਾਰਤੀ ਨਿਆਂ ਪ੍ਰਣਾਲੀ ਵਿੱਚ ਕਤਲ ਤੇ ਬਲਾਤਕਾਰ ਦੇ ਦੋਸ਼ੀਆਂ ਲਈ ਮੌਤ ਦੀ ਸਖ਼ਤ ਸਜ਼ਾ ਹੋਣ ਦੇ ਬਾਵਜੂਦ ਦੇਸ਼ ਵਿੱਚ ਕਤਲ ਤੇ ਬਲਾਤਕਾਰ ਦੀਆਂ ਘਟਨਾਵਾਂ ਰੁਕ ਨਹੀਂ, ਸਗੋਂ ਹੋਰ ਵਧ ਰਹੇ ਹਨ। ਆਗੂਆਂ ਨੇ ਇਸ ਕਾਨੂੰਨ ਦੀ ਦੁਰਵਰਤੋਂ ਹੋਣ ਦਾ ਖਦਸ਼ਾ ਜ਼ਾਹਰ ਕਰਦਿਆਂ ਕਿਹਾ ਕਿ ਜਿਵੇਂ ਮੋਦੀ ਹਕੂਮਤ ਵੱਲੋਂ ਯੂ ਏ ਪੀ ਏ ਤੇ ਐੱਨ ਐੱਸ ਏ ਵਰਗੇ ਕਾਲੇ ਵਿਰੋਧੀ ਸਖ਼ਤ ਕਾਨੂੰਨਾਂ ਦੀ ਆਪਣੇ ਸਿਆਸੀ ਵਿਰੋਧੀਆਂ ਖ਼ਿਲਾਫ਼ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਕਈ ਕਈ ਸਾਲ ਜੇਲ੍ਹਾਂ ਵਿੱਚ ਬੰਦ ਕੀਤਾ ਗਿਆ ਹੈ, ਓਵੇਂ ਹੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਹੇਠ ਸਿਆਸੀ ਵਿਰੋਧੀਆਂ ਤੇ ਵਿਗਿਆਨਕ ਸੋਚ ਦੇ ਧਾਰਨੀਆਂ ਨੂੰ ਧਾਰਮਿਕ ਬੇਅਦਬੀ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਉਨ੍ਹਾਂ ਦੀ ਜ਼ੁਬਾਨਬੰਦੀ ਕੀਤੀ ਜਾਵੇਗੀ।

## ਸੜਕ ਨਿਰਮਾਣ 'ਚ ਕਿਸੇ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਹੋਵੇਗੀ : ਵਿਧਾਇਕ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪਿਛਲੇ ਦਿਨਾਂ ਵਿੱਚ ਐਮ ਡੀ ਐਫ ਗ੍ਰਾਂਟ ਰਾਹੀ ਚੱਲ ਰਹੇ ਸੜਕ ਨਿਰਮਾਣ ਕਾਰਜਾਂ ਦਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਐਸ ਡੀ ਐਮ ਗੁਰਕਿਰਨ ਸਿੰਘ ਤੇ ਈ ਓ ਵਰੁਣ ਸਹੋਤਾ ਵੱਲੋਂ ਜਾਇਜ਼ਾ ਲਿਆ ਗਿਆ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਪਿਛਲੇ ਦਿਨਾਂ ਵਿੱਚ ਸੂਬਾ ਸਰਕਾਰ ਵੱਲੋਂ ਐਮ ਡੀ ਐਫ ਗ੍ਰਾਂਟ ਜਰੀਏ ਸ਼ਹਿਰ ਦੀਆਂ ਉਹ ਸੜਕਾਂ ਦਾ ਕੰਮ ਸ਼ੁਰੂ ਕਰਵਾਇਆ ਜੋ ਬਿਲਕੁਲ ਖਸਤਾ ਹਾਲਤ ਵਿੱਚ ਹਨ।ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਪਹਿਲਾ ਬੂੜਾ ਗੁੱਜਰ ਰੋਡ ਦਾ ਕੰਮ ਮੁਕੰਮਲ ਕਰਵਾਇਆ ਗਿਆ ਹੁਣ ਸਰਕਾਰੀ ਹਸਪਤਾਲ ਵਾਲੀ ਰੋਡ ਤੋਂ ਜਲਾਲਾਬਾਦ ਰੋਡ ਬਣ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਕੰਮ ਲਈ ਬਿਲਕੁਲ ਵੀ ਢਿੱਲ ਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ, ਜੇ ਈ ਨਿਰਭੈ ਸਿੰਘ, ਜੇ ਈ ਵਿਜੈ ਸ਼ਰਮਾ, ਅੰਸ਼, ਨਸ਼ੋ ਮੁਕਤੀ ਮੋਰਚਾ ਦੇ ਪ੍ਰਧਾਨ ਜਗਸੀਰ ਸਿੰਘ ਸਰਪੰਚ ਤੇ ਹੋਰ ਕਰਮਚਾਰੀ ਹਾਜ਼ਰ ਸਨ।

## ਬੀ ਐੱਸ ਐੱਫ ਤੇ ਪੁਲਸ ਵੱਲੋਂ ਸਰਚ ਦੌਰਾਨ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਫਿਰੋਜ਼ਪੁਰ ਦੇ ਸਰਹੱਦੀ ਪਿੰਡ ਪਛਾੜੀਆਂ ਦੇ ਖੇਤਾਂ ਵਿੱਚੋਂ ਬੀ ਐੱਸ ਐੱਫ ਤੇ ਪੁਲਸ ਨੇ ਸਰਚ ਦੌਰਾਨ ਇਕ ਡਰੋਨ ਬਰਾਮਦ ਕੀਤਾ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸ ਸੀ ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਅਸ਼ੀਸ਼ ਆਨੰਦ ਕੰਪਨੀ ਕਮਾਂਡੈਂਟ ਬੀਐੱਸਐੱਫ ਬੀਓਪੀ ਪਛਾੜੀਆਂ ਫਿਰੋਜ਼ਪੁਰ ਦਾ ਥਾਣਾ ਮੈਸੂਜ ਹੋਇਆ ਕਿ ਪਿੰਡ ਪਛਾੜੀਆਂ ਦੇ ਖੇਤਾਂ ਵਿੱਚ ਡਰੋਨ ਐਕਟੀਵਿਟੀ ਹੋਈ ਹੈ। ਜਾਂਚਕਰਤਾ ਰਮੇਸ਼ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਬੀਐੱਸਐੱਫ ਦੇ ਜਵਾਨਾਂ ਨਾਲ ਪਿੰਡ ਪਛਾੜੀਆਂ ਦੇ ਖੇਤਾਂ ਵਿੱਚ ਸਰਚ ਕੀਤੀ ਤਾਂ ਇਕ ਡਰੋਨ ਡੀਜੇਆਈ ਮਾਵਿਕ 4 ਪਰੋ ਬਰਾਮਦ ਕੀਤਾ ਗਿਆ। ਪੁਲਸ ਵੱਲੋਂ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਨਨਕਾਣਾ ਸਾਹਿਬ ਸਕੂਲ 'ਚ ਧਰਤੀ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਵਧਦੀ ਆਲਮੀ ਤਪਸ਼, ਡਿੱਗਦਾ ਪਾਣੀ ਦਾ ਪੱਧਰ, ਜਲਵਾਯੂ ਪਰਿਵਰਤਨ ਵਰਗੀਆਂ ਸਮੱਸਿਆਵਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਾਉਣ ਹਿੱਤ ਨਨਕਾਣਾ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਮਪੁਰ ਵੱਲੋਂ ਧਰਤ ਦਿਵਸ ਮੌਕੇ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ।ਸਵੇਰ ਦੀ ਵਿਸ਼ੇਸ਼ ਸਭਾ ਦੌਰਾਨ ਅਧਿਆਪਕਾਂ ਵੱਲੋਂ ਧਰਤੀ ਦਿਵਸ ਦੀ ਮਹੱਤਤਾ ਤੇ ਧਰਤ ਸੰਭਾਲ ਪ੍ਰਤੀ ਵਿਸ਼ੇਸ਼ ਉਪਰਾਲੇ ਕਰਨ ਹਿੱਤ ਭਾਸ਼ਣ ਦਿੱਤੇ ਗਏ ਤੇ ਬੱਚਿਆਂ ਵੱਲੋਂ ਇਸ ਵਿਸ਼ੇ ਸਬੰਧੀ ਇੱਕ ਲਘੂ ਨਾਟਕ ਦੀ ਪੇਸ਼ਕਾਰੀ ਕੀਤੀ ਗਈ।ਇਸ ਉਪਰੰਤ ਵਿਦਿਆਰਥੀਆਂ ਵਿੱਚ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ।ਬੱਚਿਆਂ ਨੇ ਰੰਗ ਬਰੰਗੀਆਂ ਪੁਸ਼ਾਕਾਂ ਵਿੱਚ ਸਜ ਕੇ ਧਰਤੀ ਤੇ ਸਾਧਨਾਂ ਦੀ ਸੰਭਾਲ ਪ੍ਰਤੀ ਵਿਸ਼ੇਸ਼ ਸੁਨੇਹਾ ਦਿੱਤਾ।ਪਹਿਲੀ ਤੋਂ ਦੂਸਰੀ ਜਮਾਤ ਦੇ ਬੱਚਿਆਂ ਨੇ ਇਸ ਸਬੰਧੀ ਕਵਿਤਾਵਾਂ ਸੁਣਾਈਆਂ, ਜਦਕਿ ਤੀਸਰੀ ਤੋਂ ਲੈ ਕੇ ਪੰਜਵੀਂ ਜਮਾਤ ਦੇ ਬੱਚਿਆਂ ਵਿੱਚ ਕਹਾਣੀਆਂ ਸੁਣਾਉਣ ਦਾ ਮੁਕਾਬਲਾ ਕਰਵਾਇਆ ਗਿਆ।ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਧਰਤੀ ਦੀ ਸੰਭਾਲ ਪ੍ਰਤੀ ਸੁਨੇਹਾ ਦਿੰਦੇ ਪੋਸਟਰ ਬਣਾਏ ਗਿਆਰਵੀਂ ਤੇ ਬਾਰਵੀਂ ਜਮਾਤ ਦੇ ਬੱਚਿਆਂ ਵਿੱਚ ਵੱਖ-ਵੱਖ ਵਿਸ਼ਿਆਂ ਉੱਪਰ ਭਾਸ਼ਣ ਮੁਕਾਬਲੇ ਕਰਵਾਏ ਗਏ।

## ਕੈਬਨਿਟ ਮੰਤਰੀ ਸੌਂਦ ਵੱਲੋਂ ਦਾਣਾ ਮੰਡੀ 'ਚ ਕਣਕ ਖਰੀਦ ਤੇ ਲਿਫਟਿੰਗ ਪ੍ਰਬੰਧਾਂ ਦੀ ਸਮੀਖਿਆ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀਰਵਾਰ ਨੂੰ ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਖੰਨਾ ਦੇ ਮਾਰਕੀਟ ਕਮੇਟੀ ਦੇ ਮੀਟਿੰਗ ਹਾਲ ਵਿੱਚ ਕਣਕ ਦੀ ਖਰੀਦ ਤੇ ਲਿਫਟਿੰਗ ਦੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਖਰੀਦ ਏਜੰਸੀਆਂ ਦੇ ਮੁਖੀਆਂ, ਮੰਡੀ ਬੋਰਡ ਅਤੇ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਹੋਰ ਸੰਬੰਧਤ ਵਿਭਾਗਾਂ ਤੇ ਆੜ੍ਹਤੀਆ ਐਸੋਸੀਏਸ਼ਨ ਖੰਨਾ ਨਾਲ ਮੀਟਿੰਗ ਕੀਤੀ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਰਤਨਹੇੜੀ ਤੇ ਉਪ ਮੰਡਲ ਮੈਜਿਸਟ੍ਰੇਟ ਖੰਨਾ ਸਵਾਤੀ ਟਿਵਾਣਾ ਵੀ ਮੌਜੂਦ ਸਨ। ਕੈਬਨਿਟ ਮੰਤਰੀ ਸੌਂਦ ਨੇ ਇਸ ਮੀਟਿੰਗ ਵਿੱਚ ਸਾਰਿਆਂ ਨੂੰ ਆਪਣੀ ਬਣਦੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ ਤਾਂ ਜੋ ਮੌਜੂਦਾ ਕਣਕ ਦੇ ਸੀਜ਼ਨ ਦੌਰਾਨ ਕਿਸਾਨਾਂ ਦੀ ਸਹਾਇਤਾ ਲਈ ਕਣਕ ਦੀ ਨਿਰਵਿਘਨ ਤੇ ਮੁਸ਼ਕਲ ਰਹਿਤ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਜਾ ਸਕੇ।ਸੌਂਦ ਨੇ ਅਧਿਕਾਰੀਆਂ ਨੂੰ ਸਪੱਸ਼ਟ ਕਿਹਾ ਕਿ ਅਨਾਜ ਮੰਡੀ ਵਿੱਚ ਆਏ ਕਿਸਾਨਾਂ ਦੇ ਇੱਕ-ਇੱਕ ਦਾਣੇ ਦੀ ਖਰੀਦ ਤਰੁੰਤ ਕੀਤੀ ਜਾਵੇ ਤੇ ਖਰੀਦ ਕੀਤੀ ਕਣਕ ਦੀ ਸਮੇਂ ਸਿਰ ਲਿਫਟਿੰਗ ਕਰਨ ਨੂੰ ਵੀ ਯਕੀਨੀ ਬਣਾਇਆ ਜਾਵੇ।

## ਮਈ ਦਿਵਸ ਦੀ ਤਿਆਰੀ ਸੰਬੰਧੀ ਮੀਟਿੰਗ

**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਪੈਨਸ਼ਨਰ ਭਵਨ ਵਿਖੇ ਮਈ ਦਿਵਸ ਮਨਾਉਣ ਤੇ ਸਰਕਾਰ ਦੀਆਂ ਵਧੀਕੀਆਂ ਵਿਰੁੱਧ ਰੋਸ ਪ੍ਰਗਟ ਕਰਨ ਲਈ ਵੱਖ ਵੱਖ ਭਰਾਤਰੀ ਜਥੇਬੰਦੀਆਂ ਦੀ ਮੀਟਿੰਗ ਪ੍ਰਗਟ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਨੂੰ ਸਰਪ੍ਰਸਤ ਗੁਰਚਰਨ ਸਿੰਘ ਮਾਨ, ਟਰੇਡ ਯੂਨੀਅਨ ਆਗੂ ਜਗਸੀਰ ਸਿੰਘ ਰਾਏਕੇ, ਫਰੂਟ ਐਂਡ ਸਬਜ਼ੀ ਵਿਕਰੇਤਾ ਪ੍ਰਧਾਨ ਚਿਮਨ ਲਾਲ ਕਾਕਾ, ਆਸ਼ਾ ਵਰਕਰ ਯੂਨੀਅਨ ਪ੍ਰਧਾਨ ਕਿਰਨਜੀਤ ਕੌਰ ਟਾਹਲੀਆਂ, ਹਰਪ੍ਰੀਤ ਸਿੰਘ ਪ੍ਰਧਾਨ ਐੱਮ ਪੀ ਡਬਲਯੂ ਯੂਨੀਅਨ, ਰਾਜਵੀਰ ਕੌਰ, ਐੱਨ ਪੀ ਐੱਸ ਯੂਨੀਅਨ ਦੇ ਪ੍ਰਧਾਨ ਪ੍ਰਭਜੋਤ ਸਿੰਘ ਸਾਹਨੀ, ਕੱਚੇ ਕਾਮੇ ਵਰਕਰ ਯੂਨੀਅਨ ਵਿੱਕੀ ਕੁਮਾਰ, ਵਾਰਡ ਅਟੈਂਡੈਂਟ ਯੂਨੀਅਨ ਦੇ ਪ੍ਰਧਾਨ ਗੁਰਜੰਟ ਸਿੰਘ, ਬੀ ਕੇ ਯੂ ਡਕੌਂਦਾ ਸ਼ਹਿਰੀ ਦੇ ਪ੍ਰਧਾਨ ਹਰਦੇਵ ਸਿੰਘ ਦਰੀਆਪੁਰ ਤੇ ਆਟੋ ਰਿਕਸ਼ਾ ਯੂਨੀਅਨ ਦੇ ਆਗੂ ਅਮਰੀਕ ਸਿੰਘ ਬੱਛੋਆਣਾ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਈ ਦਿਹਾੜਾ ਧੂਮ ਧਾਮ ਨਾਲ ਮਨਾਉਣ ਤੇ ਸਰਕਾਰਾਂ ਦੇ ਅੜੀਅਲ ਤੇ ਮਜ਼ਦੂਰ ਮਾਰੂ ਤੇ ਸਰਮਾਏਦਾਰੀ ਪੱਖੀ ਨੀਤੀਆਂ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਦੀ ਸਹਿਮਤੀ ਦਿੱਤੀ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਰਘੂਨਾਥ ਸਿੰਗਲਾ, ਜਰਨੈਲ ਸਿੰਘ ਚਹਿਲ, ਅਵਤਾਰ ਸਿੰਘ, ਗੁਰਮੇਲ ਸਿੰਘ ਬੋੜਾਵਾਲ, ਬਿਹਾਰੀ ਸਿੰਘ, ਸ਼ਾਮ ਸੁੰਦਰ ਸ਼ਰਮਾ ਨੇ ਵੀ ਸੰਬੋਧਨ ਕੀਤਾ।

## ਵਾੜਾ ਦਰਾਕਾ ਦੀ ਸੰਗਤ ਵੱਲੋਂ ਸਪੀਕਰ ਸੰਧਵਾਂ ਦਾ ਸਨਮਾਨ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪਿੰਡ ਵਾੜਾ ਦਰਾਕਾ ਦੀ ਪੰਚਾਇਤ, ਗੁਰਦਵਾਰਾ ਪ੍ਰਬੰਧਕ ਕਮੇਟੀ ਤੇ ਸਮੂਹ ਸੰਗਤ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਦੀ ਰੱਖਿਆ ਲਈ ਬਣਾਏ ਗਏ ਕਾਨੂੰਨ ਦੇ ਮੱਦੇਨਜ਼ਰ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਦਾ ਸਨਮਾਨ ਕੀਤਾ ਗਿਆ ਤੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਇਸ ਮੌਕੇ ਪਿੰਡ ਦੇ ਸਰਪੰਚ ਅੰਗਰੇਜ਼ ਸਿੰਘ ਨੇ ਕਿਹਾ ਕਿ ਇਹ ਕਾਨੂੰਨ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਤੇ ਭਾਈਚਾਰਕ ਸਾਂਝ ਨੂੰ ਖੋਰਾ ਲਗਾਉਣ ਵਾਲੇ ਸ਼ਰਾਰਤੀ ਅਨਸਰਾਂ 'ਤੇ ਸ਼ਖ਼ਤੀ ਕਰਨ ਲਈ ਚੁੱਕਿਆ ਗਿਆ ਇਕ ਇਤਿਹਾਸਕ ਕਦਮ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰੇ ਤੇ ਸ਼ਾਂਤੀ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਸਪੀਕਰ ਸੰਧਵਾਂ ਤੇ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲਿਆ ਗਿਆ ਇਹ ਫੈਸਲਾ ਕਾਬਿਲ-ਏ-ਤਾਰੀਫ਼ ਹੈ।ਸਮਾਗਮ ਦੌਰਾਨ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਸਾਹਿਬਾਨ ਤੇ ਹੋਰ ਪ੍ਰਮੁੱਖ ਹਸਤੀਆਂ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।ਅੰਤ ਵਿੱਚ ਸੰਗਤ ਵੱਲੋਂ ਉਮੀਦ ਜਤਾਈ ਗਈ ਕਿ ਭਵਿੱਖ ਵਿੱਚ ਵੀ ਅਜਿਹੇ ਕਦਮ ਧਾਰਮਿਕ ਮਰਯਾਦਾ ਦੀ ਰੱਖਿਆ ਤੇ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਿਤ ਹੋਣਗੇ।

## ਮਈ ਦਿਹਾੜਾ ਮਨਾਉਣ ਲਈ ਟਰੇਡ ਯੂਨੀਅਨ ਕੌਂਸਲ ਵੱਲੋਂ ਤਿਆਰੀਆਂ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਟਰੇਡ ਯੂਨੀਅਨ ਕੌਂਸਲ ਮੌੜ ਵੱਲੋਂ 1 ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜੇ ਨੂੰ ਮਨਾਉਣ ਲਈ ਤਿਆਰੀ ਮੀਟਿੰਗ ਕੀਤੀ ਗਈ। ਵਿਚਾਰ ਚਰਚਾ ਕਰਦਿਆਂ ਜਥੇਬੰਦਕ ਆਗੂਆਂ ਗੁਰਦੀਪ ਸਿੰਘ, ਤੇਜਾ ਸਿੰਘ ਮਾਸਟਰ, ਬਲਰਾਜ ਮੌੜ, ਹਰਨੇਕ ਮੌੜ ਨੇ ਦੱਸਿਆ ਕਿ ਸਾਰੀਆਂ ਜਥੇਬੰਦੀਆਂ ਆਪਣੇ-ਆਪਣੇ ਦਫ਼ਤਰਾਂ, ਕੰਮ ਕਰਨ ਵਾਲੇ ਸਥਾਨਾਂ ਤੇ ਝੰਡੇ ਚੜ੍ਹਾ ਕੇ 9 ਵਜੇ 639 ਪੱਲੇਦਾਰ ਯੂਨੀਅਨ ਮੌੜ ਦੇ ਦਫ਼ਤਰ ਵਿਚ ਇਕੱਤਰ ਹੋਣਗੀਆਂ। ਉਪਰੰਤ ਸ਼ਹਿਰ ਵਿੱਚ ਮਾਰਚ ਕੱਢਿਆ ਜਾਵੇਗਾ ਤੇ ਦਾਣਾ ਮੰਡੀ ਸ਼ੈੱਡਾਂ ਹੇਠਾਂ 10 ਵਜੇ ਇਕੱਠੇ ਹੋ ਕੇ ਸਾਂਝੇ ਝੰਡੇ ਨੂੰ ਝੁਲਾ ਕੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ, ਜਿੱਥੇ ਵੱਖ-ਵੱਖ ਬੁਲਾਰਿਆਂ ਵਲੋਂ ਆਪਣੇ ਵਿਚਾਰ ਰੱਖੇ ਜਾਣਗੇ, ਉੱਥੇ ਜੁਗਰਾਜ ਸਿੰਘ ਧੌਲਾ ਦੀ ਗੀਤ-ਸੰਗੀਤ ਮੰਡਲੀ ਵਲੋਂ ਆਪਣੇ ਇਨਕਲਾਬੀ ਗੀਤ ਪੇਸ਼ ਕੀਤੇ ਜਾਣਗੇ।ਇਸ ਵਾਰ ਦਾ ਇਹ ਸ਼ਹੀਦੀ ਦਿਹਾੜਾ ਸਰਕਾਰ ਵਿਰੋਧੀ ਦਿਵਸ ਤੌਰ 'ਤੇ ਮਨਾਇਆ ਜਾਵੇਗਾ, ਸੋ ਸਾਰੇ ਮੌੜ ਇਲਾਕਾ ਨਿਵਾਸੀਆਂ, ਮੁਲਾਜ਼ਮਾਂ ਦੀਆ ਜਥੇਬੰਦੀਆਂ, ਕਿਸਾਨ ਜਥੇਬੰਦੀਆਂ, ਵਿਦਿਆਰਥੀ ਜਥੇਬੰਦੀਆਂ ਨੂੰ ਅਪੀਲ ਕਰਦੇ ਹਾਂ ਕਿ ਵੱਧ ਤੋਂ ਵੱਧ ਸਾਥਿਆਂ ਨੂੰ ਇਸ ਵਿੱਚ ਸ਼ਾਮਲ ਹੋਣ।

## ਛੇ ਗ੍ਰਾਮ ਹੈਰੋਇਨ ਸਮੇਤ ਇੱਕ ਕਾਬੂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸਰਕਾਰ ਵੱਲੋਂ ਮਾੜੇ ਅਨਸਰਾਂ ਤੇ ਨਸਿਆਂ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ ਡੀਜੀਪੀ, ਨੀਲਾਬਰੀ ਜਗਦਲੈ ਵਿਜੈ ਆਈ.ਪੀ.ਐਸ, ਆਈ.ਜੀ ਫਰੀਦਕੋਟ ਰੇਂਜ ਤੇ ਮੋਗਾ ਦੇ ਐਸ.ਐਸ.ਪੀ ਸ੍ਰੀ ਅਜੈ ਗਾਂਧੀ ਤੇ ਡਿਪਟੀ ਅਨਵਰ ਅਲੀ ਉਪ ਕਪਤਾਨ ਨਿਹਾਲ ਸਿੰਘ ਵਾਲਾ ਦੀ ਰਹਿਨੁਮਾਈ ਹੇਠ ਤੇ ਐਸ.ਐਚ.ਓ ਜਤਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਰਿੰਦਰ ਕੁਮਾਰ ਏ.ਐਸ.ਆਈ ਤੇ ਉਨ੍ਹਾਂ ਦੀ ਪੁਲਸ ਦੀ ਸਮੁੱਚੀ ਟੀਮ ਵੱਲੋਂ ਦਾਣਾ ਮੰਡੀ ਨਿਹਾਲ ਸਿੰਘ ਵਾਲਾ ਤੋਂ ਥੋੜ੍ਹੀ ਅੱਗੇ ਪੁੱਜੀ ਤਾਂ ਉੱਥੇ ਉਨ੍ਹਾਂ ਨੂੰ ਇੱਕ ਮੋਨਾ ਵਿਅਕਤੀ ਖੜਾ ਦਿਖਾਈ ਦਿੱਤਾ, ਜਿਸ ਨੇ ਪੁਲਸ ਪਾਰਟੀ ਨੂੰ ਦੇਖ ਕੇ ਆਪਣੀ ਜੇਬ 'ਚੋਂ ਇੱਕ ਲਿਫ਼ਾਫ਼ਾ ਕੱਢ ਕੇ ਸੁੱਟ ਦਿੱਤਾ, ਜਿਸ 'ਤੇ ਏ.ਐਸ.ਆਈ ਵਰਿੰਦਰ ਕੁਮਾਰ ਤੇ ਉਨ੍ਹਾਂ ਦੀ ਪੁਲਸ ਟੀਮ ਵੱਲੋਂ ਇੱਕ ਦੋਸ਼ੀ ਪੱਪੀ ਸਿੰਘ ਪੁੱਤਰ ਗੋਪੀ ਸਿੰਘ ਵਾਸੀ ਧਾਨਕਾਂ ਬਸਤੀ ਨਿਹਾਲ ਸਿੰਘ ਵਾਲਾ ਨੂੰ ਕਾਬੂ ਕਰਕੇ ਉਸ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ, ਜਿਸ 'ਤੇ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਮੁਕੱਦਮਾ ਨੰਬਰ 66 ਮਿਤੀ 24.04.26 ਅਧੀਨ ਧਾਰਾਵਾਂ 21/61/85/ ਐਨ ਡੀ ਪੀ ਐਸ ਐਕਟ ਤਹਿਤ ਦਰਜ ਕਰਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਦੋਸ਼ੀ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਇਹ ਪਤਾ ਲਾਇਆ ਜਾ ਸਕੇ। ਇਹ ਹੈਰੋਇਨ ਕਿੱਥੋਂ ਲਿਆਂਦੀ ਗਈ ਸੀ ਤੇ ਇਸ ਤੋਂ ਇਲਾਵਾ ਹੋਰ ਪੁੱਛਗਿੱਛ ਕੀਤੀ ਜਾਵੇਗੀ।

## ਕਮਿਊਨਿਟੀ ਹੈਲਥ ਸੈਂਟਰ ਵਿਖੇ ਗਰਭਵਤੀ ਔਰਤਾਂ ਲਈ ਚੈੱਕਅਪ ਕੈਂਪ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸਿਵਲ ਸਰਜਨ ਫਿਰੋਜ਼ਪੁਰ ਡਾ: ਮੀਨਾਕਸ਼ੀ ਢੀਂਗਰਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਸੀਨੀਅਰ ਮੈਡੀਕਲ ਅਫ਼ਸਰ ਮਮਦੋਟ ਡਾ. ਰੇਖਾ ਭੱਟੀ ਦੀ ਅਗਵਾਈ ਵਿੱਚ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਵਿਖੇ ਪ੍ਰਧਾਨ ਮੰਤਰੀ ਸੁਰੱਖਿਆ ਮਾਤ੍ਰਿਤਵ ਯੋਜਨਾ ਤਹਿਤ ਗਰਭਵਤੀ ਔਰਤਾਂ ਦਾ ਡਾਕਟਰੀ ਚੈੱਕਅਪ ਕਰਨ ਲਈ ਕੈਂਪ ਲਗਾਇਆ ਗਿਆ।ਇਸ ਮੌਕੇ ਡਾ. ਰੇਖਾ ਭੱਟੀ ਨੇ ਦੱਸਿਆ ਕਿ ਇਸ ਕੈਂਪ ਦਾ ਮਕਸਦ ਗਰਭਵਤੀ ਔਰਤਾਂ ਦੀ ਸਮੇਂ ਸਿਰ ਦੇਖਭਾਲ ਕਰ ਕੇ ਸੁਰੱਖਿਅਤ ਬੱਚੇ ਦੇ ਜਨਮ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਨੇ ਰੁਟੀਨ ਚੈੱਕਅਪ, ਪੋਸ਼ਣ ਸਲਾਹ ਮਸ਼ਵਰਾ ਤੇ ਉੱਚ ਖਤਰੇ ਵਾਲੀਆਂ ਗਰਭਵਤੀ ਔਰਤਾਂ ਦੀ ਸਕ੍ਰੀਨਿੰਗ ਕੀਤੀ। ਇਸ ਦੇ ਨਾਲ ਗਰਭਵਤੀ ਔਰਤਾਂ ਦੇ ਟੈਸਟ ਤੇ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਉਨ੍ਹਾ ਵੱਲੋਂ ਗਰਭਵਤੀ ਔਰਤਾਂ ਨੂੰ ਫਲ ਵੰਡੇ ਗਏ।ਇਸ ਮੌਕੇ ਸਟਾਫ ਨਰਸ ਲਵਦੀਪ ਕੌਰ, ਨਵਦੀਪ ਕੌਰ, ਗੁਰਵਿੰਦਰ ਕੌਰ ਤੇ ਸੁਖਵਿੰਦਰ ਕੌਰ ਤੇ ਹੋਰ ਸਟਾਫ ਵੀ ਹਾਜ਼ਰ ਰਿਹਾ।

## ਮਿਮਿਟ 'ਚ ਵਿਸ਼ਵ ਕ੍ਰਿਏਟੀਵਿਟੀ ਤੇ ਇਨੋਵੇਸ਼ਨ ਦਿਵਸ ਮਨਾਇਆ

**ਮਲੋਟ/ਮੁਕਤਸਰ (ਓਮ ਪ੍ਰਕਾਸ਼ ਸ਼ੇਖੂ/ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਿਮਿਟ ਮਲੋਟ ਵਿਖੇ ਐੱਨ.ਸੀ.ਸੀ. (ਆਰਮੀ ਤੇ ਨੇਵਲ ਵਿੰਗ) ਵੱਲੋਂ ਵਿਸ਼ਵ ਕ੍ਰਿਏਟੀਵਿਟੀ ਤੇ ਇਨੋਵੇਸ਼ਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਹ ਪ੍ਰੋਗਰਾਮ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ, 6 ਪੰਜਾਬ ਬਟਾਲੀਅਨ ਐੱਨ.ਸੀ.ਸੀ. ਮਲੋਟ ਦੇ ਕਮਾਂਡਿੰਗ ਅਫ਼ਸਰ ਭੁਪਿੰਦਰ ਸਿੰਘ ਤੇ 3 ਪੰਜਾਬ ਨੇਵਲ ਯੂਨਿਟ ਬਠਿੰਡਾ ਦੇ ਕਮਾਂਡਿੰਗ ਅਫ਼ਸਰ ਕੈਪਟਨ ਵਿਸ਼ਵਰਾਜ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਇਆ ਗਿਆ। ?ਇਸ ਮੌਕੇ ਕੈਡਿਟਾਂ ਵੱਲੋਂ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਸ਼ੇ 'ਤੇ ਪੋਸਟਰ ਬਣਾਏ ਗਏ ਤੇ ਭਾਸ਼ਣ ਦਿੱਤੇ ਗਏ।ਵਿਸ਼ੇਸ਼ ਮਾਹਰ ਵਜੋਂ ਪਹੁੰਚੇ ਸੀ.ਐੱਸ.ਈ. ਵਿਭਾਗ ਦੇ ਅਸਿਸਟੈਂਟ ਪ੍ਰੋਫ਼ੈਸਰ ਡਾ. ਕੁਲਵੀਰ ਸਿੰਘ ਨੇ ਲੈਕਚਰ ਰਾਹੀਂ ਕੈਡਿਟਾਂ ਨੂੰ ਏ ਆਈ ਦੀ ਮਹੱਤਤਾ ਤੇ ਇਸ ਦੀ ਨਿੱਜੀ ਜੀਵਨ ਵਿੱਚ ਵਰਤੋਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ?ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਕੈਡਿਟਾਂ ਦੇ ਵਿਚਾਰਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਸਬ-ਲੈਫਟੀਨੈਂਟ ਸੁਰਿੰਦਰ ਕੁਮਾਰ, ਸੂਬੇਦਾਰ ਅਨਿਲ ਕੁਮਾਰ ਯਾਦਵ, ਹਵਲਦਾਰ ਕੌਸ਼ਲ ਸਿੰਘ, ਐਕਸ ਹਵਲਦਾਰ ਜਯ ਸਿੰਘ ਤੇ ਕਲਰਕ ਮੈਡਮ ਪ੍ਰੇਮਲਤਾ ਸਮੇਤ ਵੱਡੀ ਗਿਣਤੀ ਵਿੱਚ ਕੈਡਿਟ ਹਾਜ਼ਰ ਸਨ।




## ਕੰਪਿਊਟਰ ਅਧਿਆਪਕ ਭਲਕੇ ਕਰਨਗੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਦੇ ਹਜ਼ਾਰਾਂ ਕੰਪਿਊਟਰ ਅਧਿਆਪਕਾਂ ਨੇ ਸਰਕਾਰ ਦੇ ਝੂਠੇ ਵਾਅਦਿਆਂ ਤੇ ਲਗਾਤਾਰ ਹੋ ਰਹੀ ਅਣਦੇਖੀ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ।ਕੰਪਿਊਟਰ ਟੀਚਰਜ ਯੂਨੀਅਨ ਪੰਜਾਬ ਵੱਲੋਂ ਲਏ ਗਏ ਫੈਸਲੇ ਅਨੁਸਾਰ 26 ਅਪ੍ਰੈਲ ਨੂੰ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।

ਪੰਜਾਬ ਦੇ 6640 ਕੰਪਿਊਟਰ ਅਧਿਆਪਕਾਂ ਨੂੰ 2.12.2010 ਵਿੱਚ ਰਾਜਪਾਲ ਦੀ ਪ੍ਰਵਾਨਗੀ ਨਾਲ ਪੰਜਾਬ ਸਰਕਾਰ ਵੱਲੋਂ ਜਾਰੀ ਰੈਗੂਲਰ ਨੋਟੀਫਿਕੇਸ਼ਨ ਤੇ 2011 ਵਿੱਚ ਰੈਗੂਲਰ ਨਿਯੁਕਤੀ ਪੱਤਰ ਮਿਲਣ ਦੇ ਬਾਵਜੂਦ, ਸੋਸਾਇਟੀ ਦੇ ਨਾਂ 'ਤੇ ਗੁਮਰਾਹ ਕੀਤਾ ਜਾ ਰਿਹਾ ਹੈ।ਮਾਨਯੋਗ ਹਾਈਕੋਰਟ ਵਿੱਚ ਕੰਪਿਊਟਰ ਅਧਿਆਪਕਾਂ ਦੇ ਹੱਕ ਵਿੱਚ ਫੈਸਲਾ ਆਉਣ ਦੇ ਬਾਵਜੂਦ ਪੰਜਾਬ ਸਰਕਾਰ ਉਸ ਨੂੰ ਲਾਗੂ ਕਰਨ ਦੀ ਥਾਂ ਸੁਪਰੀਮ ਕੋਰਟ ਚਲੀ ਗਈ ਹੈ ਤੇ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ।ਇਸ ਸਬੰਧੀ ਕੰਪਿਊਟਰ ਟੀਚਰਜ਼ ਯੂਨੀਅਨ ਜ਼ਿਲ੍ਹਾ ਮੋਗਾ ਦੇ ਆਗੂਆਂ ਰਾਕੇਸ਼ ਸਿੰਘ ਖਾਲਸਾ, ਹਰਭਗਵਾਨ ਸਿੰਘ, ਇਕਬਾਲ ਸਿੰਘ ਗਿੱਲ, ਸੁਖਜਿੰਦਰ ਸਿੰਘ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਗਿਆ ਕਿ ਸਰਕਾਰ ਸਿਰਫ਼ ਵੋਟਾਂ ਵੇਲੇ ਵਾਅਦੇ ਕਰਦੀ ਹੈ, ਪਰ ਅਮਲੀ ਰੂਪ ਵਿੱਚ ਹਮੇਸ਼ਾ ਉਨ੍ਹਾਂ ਨੂੰ ਲਾਗੂ ਕਰਨ ਤੋਂ ਭੱਜ ਜਾਂਦੀ ਹੈ।ਅਧਿਆਪਕਾਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ 2.12.2010 ਦਾ ਨੋਟੀਫਿਕੇਸ਼ਨ, ਚੋਣ ਮੈਨੀਫੈਸਟੋ ਵਿੱਚ ਕੀਤਾ ਵਾਅਦਾ ਤੇ 15 ਸਤੰਬਰ 2022 ਨੂੰ ਸਿੱਖਿਆ ਮੰਤਰੀ ਵੱਲੋਂ ਕੀਤਾ ਅਧਿਕਾਰਤ ਐਲਾਨ ਇੰਨ-ਬਿੰਨ ਲਾਗੂ ਨਹੀਂ ਹੁੰਦਾ, ਸੰਘਰਸ਼ ਜਾਰੀ ਰਹੇਗਾ।ਇਸ ਸਮੇਂ ਪਰਮਿੰਦਰ ਸਿੰਘ, ਗੁਰਪਿਆਰ ਸਿੰਘ, ਰਾਜਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਮੈਡਮ ਬਲਜੀਤ ਕੌਰ, ਆਰਤੀ, ਗੁਰਜੀਤ ਕੌਰ, ਦਵਿੰਦਰ ਕੌਰ, ਰਵਿੰਦਰਪਾਲ ਸਿੰਘ, ਹਰਜਿੰਦਰ ਸਿੰਘ, ਗਗਨਦੀਪ ਸਿੰਘ, ਅਜਮੇਰ ਸਿੰਘ, ਸੁਭਾਸ਼ ਪਲਤਾ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ ਆਦਿ ਹਾਜ਼ਰ ਸਨ।

## ਪੱਤਰਕਾਰ ਅਖਾੜਾ ਭਾਜਪਾ 'ਚ ਸ਼ਾਮਲ



**ਜਗਰਾਉਂ (ਅਮਿਤ ਖੰਨਾ)**-ਜਗਰਾਓਂ ਦੇ ਪ੍ਰਸਿੱਧ ਪੱਤਰਕਾਰ ਅਜੀਤ ਸਿੰਘ ਅਖਾੜਾ ਨੇ ਅੱਜ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋ ਕੇ ਆਪਣੀ ਰਾਜਨੀਤਕ ਪਾਰੀ ਦੀ ਸ਼ੁਰੂਆਤ ਕੀਤੀ।ਇਸ ਮੌਕੇ ਪੰਜਾਬ ਭਾਜਪਾ ਦੇ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਸ਼ਰਮਾ ਦੀ ਅਗਵਾਈ ਹੇਠ ਅਜੀਤ ਸਿੰਘ ਅਖਾੜਾ ਦਾ ਪਾਰਟੀ ਵਿੱਚ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਅਜੀਤ ਸਿੰਘ ਅਖਾੜਾ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਰਸਿਮਰਨ ਸਿੰਘ ਰਸੂਲਪੁਰ, ਹਰਵਿੰਦਰ ਸਿੰਘ ਗੋਰਾ ਕਾਉਂਕੇ ਤੇ ਅਭੀ ਗੋਇਲ ਜਗਰਾਓਂ ਮੌਜੂਦ ਸਨ।

## ਮਾੜੇ ਖਰੀਦ ਪ੍ਰਬੰਧਾਂ ਕਾਰਨ ਕਿਸਾਨ ਤੇ ਆੜ੍ਹਤੀ ਹੋ ਰਹੇ ਪ੍ਰੇਸ਼ਾਨ : ਪਰਮਜੀਤ ਸਿੰਘ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਹਲਕਾ ਸਮਰਾਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਤੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ ਵੱਲੋਂ ਆਪਣੇ ਸਾਥੀਆਂ ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਜਥੇਦਾਰ ਹਰਦੀਪ ਸਿੰਘ ਬਹਿਲੋਲਪੁਰ, ਜਥੇਦਾਰ ਹਰਜਤਿੰਦਰ ਸਿੰਘ ਬਾਜਵਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ, ਅਰਵਿੰਦਰਪਾਲ ਸਿੰਘ ਵਿੱਕੀ, ਸਾਬਕਾ ਪ੍ਰਧਾਨ ਟਹਿਲ ਸਿੰਘ ਔਜਲਾ, ਸਾਬਕਾ ਸਰਪੰਚ ਹਰਵਿੰਦਰ ਸਿੰਘ ਸ਼ੇਰੀਆਂ, ਨੰਬਰਦਾਰ ਦਰਸ਼ਨ ਸਿੰਘ ਮਿੱਠੇਵਾਲ, ਹੈਪੀ ਬਾਂਸਲ ਨਾਲ ਮਾਛੀਵਾੜਾ ਅਨਾਜ ਮੰਡੀ ਦਾ ਦੌਰਾ ਕੀਤਾ ਗਿਆ, ਜਿੱਥੇ ਉਨ੍ਹਾਂ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕੀਤੀ। ਪਰਮਜੀਤ ਢਿੱਲੋਂ ਨੇ 'ਆਪ' ਸਰਕਾਰ ਨੂੰ ਅਨਾਜ ਮੰਡੀਆਂ ਦੇ ਮਾੜੇ ਖਰੀਦ ਪ੍ਰਬੰਧਾਂ 'ਤੇ ਘੇਰਦਿਆਂ ਕਿਹਾ ਕਿ ਕਿਸਾਨ ਮੰਡੀਆਂ ਵਿਚ ਰੁਲ ਰਿਹਾ ਹੈ ਅਤੇ ਆੜ੍ਹਤੀ ਲਿਫਟਿੰਗ ਨਾ ਹੋਣ ਕਾਰਨ ਪ੍ਰੇਸ਼ਾਨ ਹਨ।

ਉਨ੍ਹਾਂ ਕਿਹਾ ਕਿ ਮਾਛੀਵਾੜਾ ਮੰਡੀ ਤੇ ਉਪ ਖਰੀਦ ਕੇਂਦਰਾਂ ਵਿਚ 5 ਲੱਖ ਬੋਰੀ ਲਿਫਟਿੰਗ ਨਾ ਹੋਣ ਕਾਰਨ ਖੁੱਲ੍ਹੇ ਅਸਮਾਨ ਹੇਠ ਪਈ ਹੈ ਤੇ ਜੇਕਰ ਬੇਮੌਸਮੀ ਬਾਰਿਸ਼ ਜਾਂ ਚੋਰੀ ਹੋ ਜਾਂਦੀ ਹੈ ਤਾਂ ਉਸਦਾ ਖ਼ੁਮਿਆਜ਼ਾ ਆੜ੍ਹਤੀਆਂ ਤੇ ਕਿਸਾਨਾਂ ਨੂੰ ਭੁਗਤਨਾ ਪਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦੇ 72 ਘੰਟੇ 'ਚ ਲਿਫਟਿੰਗ ਹੋਣ ਦੇ ਦਾਅਵੇ ਖੋਖਲੇ ਸਾਬਿਤ ਹੋਏ ਤੇ ਬਾਰਦਾਨੇ ਲਈ ਵੀ ਆੜ੍ਹਤੀਆਂ ਨੂੰ ਵੀ ਪ੍ਰੇਸ਼ਾਨ ਹੋਣਾ ਪੈ ਰਿਹਾ ਹੈ। ਪਰਮਜੀਤ ਢਿੱਲੋਂ ਨੇ ਕਿਹਾ ਕਿ ਸਰਕਾਰ ਨੇ ਫਸਲ ਖਰੀਦ ਸਬੰਧੀ ਪਹਿਲਾਂ ਕੋਈ ਪ੍ਰਬੰਧ ਨਹੀਂ ਕੀਤੇ ਅਤੇ ਨਾ ਹੀ ਇਨ੍ਹਾਂ ਕੋਲ ਗੁਦਾਮਾਂ ਵਿਚ ਸਟੋਰੇਜ ਲਈ ਜਗ੍ਹਾ ਹੈ ਤੇ ਨਾ ਹੀ ਢੋਆ-ਢੁਆਈ ਲਈ ਲੋੜੀਂਦੇ ਵਾਹਨ ਹਨ। ਇਸ ਮੌਕੇ ਮੌਜੂਦ ਲੇਬਰ ਠੇਕੇਦਾਰ ਦਰਸ਼ਨ ਲਾਲ ਨੇ ਕਿਹਾ ਕਿ ਇਸ ਵਾਰ ਬਾਹਰਲੇ ਸੂਬਿਆਂ ਤੋਂ ਮਜ਼ਦੂਰ ਨਹੀਂ ਆਏ ਕਿਉਂਕਿ ਪੰਜਾਬ ਸਰਕਾਰ ਵਲੋਂ ਜੋ ਮੰਡੀਆਂ ਵਿਚ ਫਸਲ ਦੀ ਸਫ਼ਾਈ, ਤੁਲਾਈ ਅਤੇ ਢੋਆ-ਢੁਆਈ ਦੇ ਰੇਟ ਦਿੱਤੇ ਜਾਂਦੇ ਉਹ ਬਹੁਤ ਹੀ ਘੱਟ ਹਨ ਜਿਸ ਲਈ ਰੇਟਾਂ ਵਿਚ ਵਾਧਾ ਕੀਤਾ ਜਾਵੇ। ਸੱਚਾ ਸੌਦਾ ਆੜ੍ਹਤੀ ਐਸੋਸ਼ੀਏਸ਼ਨ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਕਿਹਾ ਕਿ ਮਾਛੀਵਾੜਾ ਅਨਾਜ ਮੰਡੀ ਵਿਚ ਖਰੀਦ ਪ੍ਰਬੰਧਾਂ ਦੇ ਹਾਲਾਤ ਬਹੁਤ ਮਾੜੇ ਹਨ ਅਤੇ ਲਿਫਟਿੰਗ ਦਾ ਕੰਮ ਵੀ ਮੱਧਮ ਰਫ਼ਤਾਰ ਨਾਲ ਚੱਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਕੋਲ ਮਾਛੀਵਾੜਾ ਵਿਖੇ ਗੁਦਾਮਾਂ ਵਿਚ ਅਨਾਜ ਲਾਉਣ ਲਈ ਜਗ੍ਹਾ ਹੀ ਨਹੀਂ ਹੈ। ਇਸ ਲਈ ਨੇੜੇ ਲੱਗਦੇ ਸ਼ਹਿਰਾਂ ਵਿਚ ਸਟੋਰੇਜ ਦੇ ਇੰਤਜ਼ਾਮ ਕੀਤੇ ਜਾ ਰਹੇ ਹਨ, ਪਰ ਉਦੋਂ ਤੱਕ ਇਹ 5 ਲੱਖ ਬੋਰੀ ਖੁੱਲ੍ਹੇ ਅਸਮਾਨ ਹੇਠ ਪਈ ਰਹੇਗੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਲਿਫਟਿੰਗ ਦੇ ਕੰਮ ਵਿਚ ਤੇਜ਼ੀ ਲਿਆਂਦੀ ਜਾਵੇ।

## ਧੋਖਾਧੜੀ ਦੇ ਦੋਸ਼ ਹੇਠ ਸਹਿਕਾਰੀ ਸਭਾ ਦੇ ਮੁਲਾਜ਼ਮ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਧੂੰਦਾ ਦੀ ਸਹਿਕਾਰੀ ਸਭਾ ਦੇ ਇੱਕ ਮੁਲਾਜ਼ਮ ਵਿਰੁੱਧ ਖੇੜੀ ਨੌਧ ਸਿੰਘ ਪੁਲਸ ਵੱਲੋਂ ਧੋਖਾਧੜੀ ਦੇ ਦੋਸ਼ਾਂ ਤਹਿਤ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਉਪ ਰਜਿਸਟਰਾਰ ਸਭਾਵਾਂ, ਫ਼ਤਹਿਗੜ੍ਹ ਸਾਹਿਬ ਨੇ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਦੀ ਧੂੰਦਾ ਦੁੱਧ ਉਤਪਾਦਕ ਸਹਿਕਾਰੀ ਸਭਾ ਲਿਮਿਟਿਡ ਵਿਖੇ ਤਾਇਨਾਤ ਕਰਮਚਾਰੀ ਨਰਿੰਦਰ ਸਿੰਘ ਵਿਰੁੱਧ 7,59,948/- ਰੁਪਏ ਦੀ ਧੋਖਾਧੜੀ ਕਰਨ ਦੇ ਦੋਸ਼ ਲਗਾਏ ਸਨ।ਦਰਖਾਸਤ 'ਚ ਲਗਾਏ ਗਏ ਦੋਸ਼ਾਂ ਦੀ ਪੜਤਾਲ ਡੀ.ਐੱਸ.ਪੀ. (ਹੈਡ) ਵੱਲੋਂ ਕੀਤੀ ਗਈ, ਜਿਨ੍ਹਾਂ ਵੱਲੋਂ ਦਿੱਤੀ ਗਈ ਪੜਤਾਲੀਆ ਰਿਪੋਰਟ ਦੇ ਅਧਾਰ 'ਤੇ ਨਰਿੰਦਰ ਸਿੰਘ ਵਾਸੀ ਪਿੰਡ ਭੁੱਚੀ ਵਿਰੁੱਧ ਥਾਣਾ ਖੇੜੀ ਨੌਧ ਸਿੰਘ ਵਿਖੇ ਅ/ਧ 406,409,420 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਸਹਾਇਕ ਥਾਣੇਦਾਰ ਜਗਦੀਪ ਸਿੰਘ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਵੱਲੋਂ ਡੀ ਸੀ ਦਾ ਨਿੱਘਾ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਵੱਲੋਂ ਪਟਿਆਲਾ ਦੇ ਨਵ-ਨਿਯੁਕਤ ਮਾਨਯੋਗ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਪਬਲਿਕ ਕਾਲਜ ਸਮਾਣਾ ਮੈਨੇਜਮੈਂਟ ਸੋਸਾਇਟੀ ਡਾ. ਹਿਮਾਂਸ਼ੂ ਅਗਰਵਾਲ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਵੱਲੋਂ ਡਾ. ਅਗਰਵਾਲ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜ਼ਿਲ੍ਹੇ ਦਾ ਕਾਰਜਭਾਰ ਸੰਭਾਲਣ 'ਤੇ ਜੀ ਆਇਆਂ ਆਖਿਆ ਗਿਆ ਤੇ ਸ਼ੁਭ-ਕਾਮਨਾਵਾਂ ਦਿੱਤੀਆਂ ਗਈਆਂ। ?ਮੁਲਾਕਾਤ ਦੌਰਾਨ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਕਾਲਜ ਦੀਆਂ ਗਤੀਵਿਧੀਆਂ ਬਾਰੇ ਚਰਚਾ ਕੀਤੀ ਤੇ ਡਿਪਟੀ ਕਮਿਸ਼ਨਰ ਦੀ ਨਿਯੁਕਤੀ 'ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ਸੰਸਥਾ ਹੋਰ ਵੀ ਬੁਲੰਦੀਆਂ ਨੂੰ ਛੂਹੇਗੀ। ?ਮਾਨਯੋਗ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪ੍ਰਿੰਸੀਪਲ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਕਾਲਜ ਦੇ ਸਰਵਪੱਖੀ ਵਿਕਾਸ ਤੇ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਲਈ ਆਪਣਾ ਪੂਰਨ ਤੇ ਵਡਮੁੱਲਾ ਸਹਿਯੋਗ ਨਿਰੰਤਰ ਦਿੰਦੇ ਰਹਿਣਗੇ।ਉਨ੍ਹਾਂ ਕਿਹਾ ਕਿ ਇਲਾਕੇ ਦੀ ਇਸ ਨਾਮਵਰ ਵਿੱਦਿਅਕ ਸੰਸਥਾ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।


### ਉੱਤਰ ਰੇਲਵੇ

**ਖੁਲ੍ਹੀ ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ.ਡੀ., ਉਤਰ ਰੇਲਵੇ, ਫਿਰੋਜਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 18.05.2026 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 15.05.2026 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ# (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|
| 720ਸੀ-ਟੀ.ਆਰ. ਡੀ-ਫਿਰੋਜਪੁਰ-2025-26 | ਫਿਰੋਜਪੁਰ/NR ਡਵੀਜਨ ਦੇ ਸਾਰੇ ਸੈਕਸ਼ਨਾਂ ਵਿਚ ਮੌਜੂਦਾ ਐਸਸੀਏਡੀਏ (SCADA) ਪ੍ਰਣਾਲੀ ਵਿਚ ਸਾਈਬਰ ਸੁਰੱਖਿਆ ਦੇ ਲਾਗੂ ਕਰਨ ਦੇ ਲਈ ਕੰਮ | 2,19,73,503.27 | 18.05.2026 15:00 ਵਜੇ ਤਕ | 4,39,500/- | 12 ਮਹੀਨੇ | 18.05.2026 15:00 ਵਜੇ ਦੇ ਬਾਅਦ | www.ireps.gov.in |

ਕੰਮ ਦੀ ਸਮਾਨ ਨੇਚਰ ਉਪਰੋਕਤ ਨਿਵਿਦਾ ਨੰ. 720ਸੀ-ਟੀ.ਆਰ.ਡੀ.-ਫਿਰੋਜਪੁਰ-2025-26 ਦੇ ਲਈ:
(I) ਯੋਗਤਾ ਮਾਨਦੰਡ ਦੇ ਲਈ ਰੇਲਵੇ ਬੋਰਡ/ ਆਰਡੀਐਸਓ ਦਿਸ਼ਾ ਨਿਰਦੇਸ਼ਾਂ ਦਾ ਪਾਲਣ ਕੀਤਾ ਜਾਣਾ ਚਾਹੀਦਾ। ਜਾਂ
(II) ਆਈਈਸੀ ਪ੍ਰੋਟੋਕਾਲ ਤੇ ਆਧਾਰਿਤ ਸੀਰੀਅਲ ਕਮਯੂਨਿਕੇਸ਼ਨ ਪੋਰਟ ਦੇ ਮਾਧਿਅਮ ਨਾਲ ਸੰਖਿਆਤਮਕ ਰਿਲੇ ਨੂੰ ਐਸਸੀਏਡੀਏ ਸਿਸਟਮ ਨਾਲ ਇੰਟਰਫੇਸ ਕਰਨਾ।
(ਸੰਦਰਭ: ਪ੍ਰਧਾਨ ਮੁੱਖ ਬਿਜਲੀ ਇੰਜੀਨੀਅਰ/ਐਨਆਰ ਦੇ ਪੱਤਰ ਨੰਬਰ 181-ਇਲੈਕਟ/ਟੀਆਰਡੀ/189 ਭਾਗ।।, ਮਿਤੀ 29.07.2021 ਦੇ ਬਿੰਦੂ ਨੰਬਰ 2.8 ਅਤੇ 2.9)

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ# (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|
| 803-ਟੀ.ਆਰ. ਡੀ-ਫਿਰੋਜਪੁਰ-2026-27 | ਸਾਹਨੇਵਾਲ (SNL)-ਅੰਮ੍ਰਿਤਸਰ (ASR) ਸੇਕਸ਼ਨ ਅਤੇ GILL/SP ਦੇ SCADA ਸਿਸਟਮ ਦਾ ਚਾਰ (04) ਸਾਲਾਂ ਦੇ ਸਮੇਂ ਦੇ ਲਈ ਓਪਨ ਅਕਸੇਸ ਦੇ ਤਹਿਤ ਸਲਾਨਾ ਰਖਰਖਾਅ ਕਾਂਟਰੈਕਟ (ਵਿਆਪਕ ਜਿਸ ਵਿਚ SEMC ਨੂੰ ਡੇਟਾ ਭੇਜਣ ਦੇ ਲਈ DUQ/TSS ਉਤੇ ABT ਮੀਟਰ ਦਾ ਪੂਰਾ ਏਕੀਕਰਨ ਸ਼ਾਮਲ ਹੈ। | 37,14,101.47 | 18.05.2026 15:00 ਵਜੇ ਤਕ | 74,300/- | 48 ਮਹੀਨੇ | 18.05.2026 15:00 ਵਜੇ ਦੇ ਬਾਅਦ | www.ireps.gov.in |

ਨੰ.:720ਸੀ-ਟੀ.ਆਰ.ਡੀ.-ਫਿਰੋਜਪੁਰ-2025-26 ਅਤੇ 803-ਟੀ.ਆਰ.ਡੀ.-ਫਿਰੋਜਪੁਰ-2026-27 ਮਿਤੀ: 23.04.2026 1366/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਮਕਾਨ 'ਚ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਾ ਕੇ ਸੁੱਟਣ ਵਾਲੀ ਵਾਰਦਾਤ ਹੱਲ : ਸਰਤਾਜ ਸਿੰਘ ਚਾਹਲ

## 3 ਕਾਬੂ, ਵਾਰਦਾਤ ਸਮੇਂ ਵਰਤਿਆ ਮੋਟਰਸਾਈਕਲ ਵੀ ਬਰਾਮਦ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਹੈ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦੋਂ ਪੁਲਸ ਨੇ ਧੂਰੀ ਵਿਖੇ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਾ ਕੇ ਸੁੱਟਣ ਵਾਲੀ ਵਾਰਦਾਤ ਹੱਲ ਕਰ ਲਈ। ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਥਾਣਾ ਸਿਟੀ ਧੂਰੀ ਦੇ ਏਰੀਆ 'ਚ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਉਸ ਨੂੰ ਅੱਗ ਲਗਾ ਕੇ ਸੁੱਟਣ ਵਾਲੇ 03 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਵੀ ਬਰਾਮਦ ਕਰਾ ਲਿਆ ਗਿਆ ਹੈ।ਸ੍ਰੀ ਚਾਹਲ ਨੇ ਦੱਸਿਆ ਕਿ ਥਾਣਾ ਸਿਟੀ ਧੂਰੀ ਵਿਖੇ ਇਤਲਾਹ ਮਿਲੀ ਸੀ ਕਿ ਮਿਤੀ 20.04.2026 ਨੂੰ ਕਰੀਬ 11 ਵਜੇ ਰਾਤ 03 ਅਣਪਛਾਤਿਆਂ ਨੇ ਦਰਸ਼ਨ ਕੁਮਾਰ ਵਾਸੀ ਧੂਰੀ ਦੇ ਰਿਹਾਇਸ਼ੀ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਿਆ ਸੀ, ਜਿਸ 'ਤੇ ਮੁਕੱਦਮਾ ਨੰਬਰ 59 ਮਿਤੀ 21.04.2026 ਅ/ਧ 326 (ਜੀ) ਬੀ ਐਨ ਐਸ ਤੇ 05 ਦੀ ਪੰਜਾਬ ਪ੍ਰੀਵੈਂਨਸ਼ਨ ਆਫ ਡੈਮੇਜ ਟੂ ਪਬਲਿਕ ਐਂਡ ਪ੍ਰਾਈਵੇਟ ਪ੍ਰਾਪਰਟੀ ਐਕਟ 2014 ਅਧੀਨ ਥਾਣਾ ਸਿਟੀ ਵਿਖੇ 03 ਅਣਪਛਾਤੇ ਦੋਸ਼ੀਆਂ ਖ਼ਿਲਾਫ਼ ਦਰਜ ਕਰਕੇ ਤਫ਼ਤੀਸ਼ ਕੀਤੀ ਗਈ।ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਇਸ ਮੁਕੱਦਮੇ ਨੂੰ ਹੱਲ ਕਰਨ ਲਈ ਐਸ ਪੀ ਜਾਂਚ ਦਵਿੰਦਰ ਅੱਤਰੀ ਦੀ ਅਗਵਾਈ ਹੇਠ ਡੀ ਐਸ ਪੀ ਧੂਰੀ ਗੁਰਪ੍ਰੀਤ ਸਿੰਘ ਤੇ ਡੀ ਐਸ ਪੀ (ਡਿਟੈਕਟਿਵ) ਸੰਗਰੂਰ ਸੰਜੀਵ ਸਿੰਗਲਾ ਦੀ ਨਿਗਰਾਨੀ ਹੇਠ ਇੰਚਾਰਜ ਸੀ.ਆਈ.ਏ ਬਹਾਦਰ ਸਿੰਘ ਵਾਲਾ ਇੰਸਪੈਕਟਰ ਸੰਦੀਪ ਸਿੰਘ ਤੇ ਮੁੱਖ ਅਫਸਰ ਥਾਣਾ ਸਿਟੀ ਧੂਰੀ ਇੰਸਪੈਕਟਰ ਜਸਵੀਰ ਸਿੰਘ ਦੀਆਂ ਟੀਮਾਂ ਬਣਾ ਕੇ ਤਫਤੀਸ਼ ਕੀਤੀ ਗਈ।ਐਸ ਐਸ ਪੀ ਨੇ ਦੱਸਿਆ ਕਿ ਇਸ ਦੌਰਾਨ ਮਿਤੀ 23.04.2026 ਨੂੰ ਦੋਸੀਆਂ ਵੰਸ਼ ਉਰਫ ਕਾਲੀ ਪੁੱਤਰ ਰਾਹੁਲ, ਸਮੀਰ ਉਰਫ ਕਾਕਾ ਪੁੱਤਰ ਸੰਜੀਵ ਕੁਮਾਰ, ਸਮੀਰ ਉਰਫ਼ ਪੋਪੀ ਪੁੱਤਰ ਰਾਮਵੀਰ ਵਾਸੀਆਨ ਨੇੜੇ ਬੱਸ ਸਟੈਂਡ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਤੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਬਰਾਮਦ ਕੀਤਾ ਗਿਆ।

ਇਨ੍ਹਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕਰਨ 'ਤੇ ਇਹ ਗੱਲ ਸਾਹਮਣੇ ਆਈ ਕਿ ਉਨ੍ਹਾਂ ਨੇ ਰੋਹਿਤ ਉਰਫ਼ ਘੋੜਾ ਪੁੱਤਰ ਰਾਜਨ ਵਾਸੀ ਨੇੜੇ ਬੱਸ ਸਟੈਂਡ ਧੂਰੀ ਦੇ ਕਹਿਣ 'ਤੇ ਉਸਦੇ ਸਹੁਰੇ ਰਣਜੀਤ ਸਿੰਘ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਾ ਕੇ ਸੁੱਟਣਾ ਸੀ, ਪ੍ਰੰਤੂ ਗਲਤੀ ਨਾਲ ਉਹਨਾਂ ਨੇ ਦਰਸ਼ਨ ਕੁਮਾਰ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੌਲ ਪਾ ਕੇ ਅੱਗ ਲਗਾ ਕੇ ਸੁੱਟ ਦਿੱਤਾ ਸੀ।ਉਨ੍ਹਾਂ ਕਿਹਾ ਕਿ ਦੋਸੀਆਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ। ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਡਾ. ਮੁਕੰਦ ਸਿੰਘ ਬਰਾੜ ਦੀ ਸਵੈ-ਜੀਵਨੀ 'ਰੇਤਲੇ ਰਾਹਾਂ ਤੋਂ' ਲੋਕ ਅਰਪਣ

## ਤਪਦੇ ਕੱਕੇ ਰੇਤਿਆਂ ਦੇ ਸਫ਼ਰ ਦੀਆਂ ਪੈੜਾਂ ਮਿਟ ਸਕਦੀਆਂ, ਪੀੜਾਂ ਨਹੀਂ : ਪ੍ਰੋ. ਗੁਰਭਜਨ ਸਿੰਘ ਗਿੱਲ



ਲੁਧਿਆਣਾ (ਰੈਕਟਰ ਕਥੂਰੀਆ) ਪੀ.ਏ.ਯੂ ਦੇ ਸੇਵਾ ਮੁਕਤ ਕੌਮਾਂਤਰੀ ਪ੍ਰਸਿੱਧੀ ਪ੍ਰਾਪਤ ਭੂਮੀ ਵਿਗਿਆਨੀ ਡਾ. ਮੁਕੰਦ ਸਿੰਘ ਬਰਾੜ ਦੀ ਸਵੈਜੀਵਨੀ 'ਰੇਤਲੇ ਰਾਹਾਂ ਤੋਂ' ਸ਼ਹੀਦ ਭਗਤ ਸਿੰਘ ਨਗਰ ਵਿਖੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਲੋਕ ਅਰਪਣ ਕਰਦਿਆਂ ਕਿਹਾ ਹੈ ਕਿ ਤਪਦੇ ਕੱਕੇ ਰੇਤਿਆਂ ਉੱਪਰ ਤੁਰਦੇ ਮਾਸੂਮ ਪੈਰਾਂ ਦੀਆਂ ਪੈੜਾਂ ਤਾਂ ਮਿਟ ਸਕਦੀਆਂ ਹਨ, ਪੀੜਾਂ ਨਹੀਂ।

'ਰੇਤਲੇ ਰਾਹਾਂ ਤੋਂ' ਪੁਸਤਕ ਬਾਰੇ ਉਨ੍ਹਾਂ ਕਿਹਾ ਕਿ ਕੱਕੇ ਰੇਤਿਆਂ ਵਿੱਚ ਵੀ ਸੂਹਾ ਗੁਲਾਬ ਖਿੜ ਕੇ ਮਹਿਕ ਸਕਦਾ ਹੈ। ਇਸ ਦੀ ਮਿਸਾਲ ਡਾ. ਮੁਕੰਦ ਸਿੰਘ ਬਰਾੜ ਦੀ ਇਹ ਸਵੈ-ਜੀਵਨੀ ਹੈ।ਉਨ੍ਹਾਂ ਕਿਹਾ ਕਿ ਮੁਕੰਦ ਸਿੰਘ ਬਰਾੜ ਜੀ ਦੀ ਇਹ ਸਵੈਜੀਵਨੀ ਅਜਿਹੀ ਰਚਨਾ ਹੈ, ਜਿਸ ਨੂੰ ਪੜ੍ਹ ਕੇ ਪਤਾ ਲਗਦਾ ਹੈ ਕਿ ਕਿਵੇਂ ਊਠ ਤੋਂ ਡਿੱਗਿਆ, ਰੇਤਲੇ ਟਿੱਬਿਆਂ ਦੀ ਸੁਗੰਧ ਮਾਨਣ ਵਾਲ਼ਾ ਇਹ ਬਾਲ ਸਕੂਲ ਜਾਣ ਦੀ ਥਾਂ ਸਾਥੀਆਂ ਨਾਲ਼ ਕਪਾਹ ਦੇ ਖੇਤ ਵਿੱਚ ਛੁਪ ਕੇ ਬੈਠਾ ਵਕਤ ਬਿਤਾਉਂਦਾ ਰਿਹਾ।ਕਪਾਹ ਚੁਗਾਵੀਆਂ ਦੇ ਬੋਲਾਂ ਨਾਲ ਝੰਜੋੜਿਆ ਜਾਣ ਵਾਲ਼ਾ ਇਹ ਵਿਦਿਆਰਥੀ, ਸਹੂਲਤਾਂ ਹੀਣੇ ਸਕੂਲਾਂ ਵਿੱਚ ਆਪਣੀ ਲਗਨ ਤੇ ਮਿਹਨਤ ਨਾਲ ਪੜ੍ਹਦਿਆਂ ਨਵੀਆਂ ਮੰਜ਼ਲਾਂ ਸਰ ਕਰਦਾ ਹੈ।

ਪੰਜਾਬੀ ਸਾਹਿਤ ਅਕਾਡਮੀ ਦੇ ਮੀਤ ਪ੍ਰਧਾਨ ਤ੍ਰੈਲੋਚਨ ਲੋਚੀ ਨੇ ਕਿਹਾ ਕਿ ਇਹ ਪਾਰਦਰਸ਼ੀ ਲਿਖਤ ਸਿਰਫ਼ ਜੀਵਨ ਕਥਾ ਹੀ ਨਹੀਂ, ਸਗੋਂ ਪੇਂਡੂ ਪੰਜਾਬ ਦੇ ਧੀਆਂ ਪੁੱਤਰਾਂ ਲਈ ਪ੍ਰੇਰਨਾ ਦੇਣ ਵਾਲ਼ੀ ਰਚਨਾ ਹੈ।ਇਸੇ ਕਰਕੇ ਇਹ ਸਿਰਫ਼ ਉਨ੍ਹਾਂ ਦੀ ਜੀਵਨ ਕਥਾ ਹੀ ਨਹੀਂ ਸਗੋਂ ਇੱਕ ਵਿਗਿਆਨੀ ਦਾ ਰੌਚਿਕਤਾ ਭਰਪੂਰ ਲਿਖਿਆ ਜੀਵਨ ਸਫ਼ਰਨਾਮਾ ਵੀ ਹੈ।ਸੱਭਿਆਚਾਰਕ ਸੱਥ ਦੇ ਚੇਅਰਮੈਨ ਜਸਮੇਰ ਸਿੰਘ ਢੱਟ ਨੇ ਕਿਹਾ ਕਿ ਲੰਮਾ ਸਮਾਂ ਅਸੀਂ ਗੁਆਂਢੀ ਰਹੇ ਹੋਣ ਕਾਰਨ ਮੈਂ ਕਹਿ ਸਕਦਾ ਹਾਂ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀ ਪ੍ਰਤਿਨਿਧਤਾ ਕਰਦਿਆਂ ਉਨ੍ਹਾਂ ਜੋ ਕੁੱਝ ਜਾਣਿਆ, ਦੇਖਿਆ, ਮਾਣਿਆ, ਸਮਝਿਆ ਉਸ ਦਾ ਹੀ ਜੋੜਫ਼ਲ ਇਹ ਸਵੈਜੀਵਨੀ ਹੈ।ਨਗਰ ਨਿਗਮ ਲੁਧਿਆਣਾ ਦੇ ਜਾਇੰਟ ਕਮਿਸ਼ਨਰ ਜਸਦੇਵ ਸਿੰਘ ਸੇਖੋਂ ਨੇ ਕਿਹਾ ਕਿ ਡਾ. ਬਰਾੜ ਦੀ ਇਸ ਪੁਸਤਕ 'ਚੋਂ ਲੰਘਦਿਆਂ ਮੈਂ ਮਹਿਸੂਸ ਕੀਤਾ ਹੈ ਕਿ ਇਹ ਪੁਸਤਕ ਜਿੱਥੇ ਭੂਮੀ ਵਿਗਿਆਨ ਦੇ ਖੇਤਰ 'ਚ ਪ੍ਰਵੇਸ਼ ਕਰਨ ਵਾਲ਼ੇ ਵਿਦਿਆਰਥੀਆਂ ਲਈ ਲਾਹੇਵੰਦ ਹੋਵੇਗੀ, ਉੱਥੇ ਹਰ ਪੰਜਾਬੀ ਪਾਠਕ ਨੂੰ ਮਿਹਨਤ ਨਾਲ ਅੱਗੇ ਵਧਣ ਦੀ ਪ੍ਰੇਰਨਾ ਦੇਣ ਵਾਲੀ ਹੈ।ਨਗਰ ਨਿਗਮ ਪਾਰਸ਼ਦ ਤਨਵੀਰ ਸਿੰਘ ਧਾਲੀਵਾਲ ਨੇ ਧੰਨਵਾਦ ਦੇ ਸ਼ਬਦ ਬੋਲਦਿਆਂ ਕਿਹਾ ਕਿ ਡਾ. ਮੁਕੰਦ ਸਿੰਘ ਬਰਾੜ ਸਾਡੇ ਫੁੱਫੜ ਜੀ ਹੋਣ ਕਾਰਨ ਸਾਡੇ ਮਾਰਗ ਦਰਸ਼ਕ ਹਨ ਅਤੇ ਉਨ੍ਹਾਂ ਦੀ ਇਹ ਮੁੱਲਵਾਨ ਲਿਖਤ ਵੀ ਸਾਡੇ ਰਾਹ ਰੁਸ਼ਨਾਵੇਗੀ। ਉਹ ਭਾਵੇਂ ਲੰਮੇ ਸਮੇਂ ਤੋਂ ਐਡਮੰਟਨ(ਕੈਨੇਡਾ) ਵਸਦੇ ਹਨ, ਪਰ ਸੰਕਟ ਦੀ ਹਰ ਘੜੀ ਅਸੀਂ ਉਨ੍ਹਾਂ ਨੂੰ ਆਪਣੇ ਅੰਗ ਸੰਗ ਮਹਿਸੂਸ ਕਰਦੇ ਹਾਂ। ਧੰਨਵਾਦ ਦੇ ਸ਼ਬਦ ਬੋਲਦਿਆਂ ਡਾ. ਮੁਕੰਦ ਸਿੰਘ ਬਰਾੜ ਨੇ ਕਿਹਾ ਕਿ ਪ੍ਰੋ. ਗੁਰਭਜਨ ਗਿੱਲ ਤੇ ਮੈਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਵਿੱਚ ਲਗਪਗ 25 ਸਾਲ ਇਕੱਠਿਆਂ ਪੜ੍ਹਾਇਆ ਹੈ ਅਤੇ ਇਸੇ ਸੰਗਤ ਕਾਰਨ ਮੈਂ ਆਪਣੀ ਸਵੈ-ਜੀਵਨੀ ਲਿਖਣ ਦਾ ਸੁਪਨਾ ਪੂਰਾ ਕਰ ਸਕਿਆ ਹਾਂ।ਉਨ੍ਹਾਂ ਗੈਰ ਰਸਮੀ ਸਮਾਗਮ ਵਿੱਚ ਪੁੱਜੇ ਦੋਸਤਾਂ ਦਾ ਧੰਨਵਾਦ ਕੀਤਾ।

# ਫਰਾਂਸਿਸ ਨਿਊਟਨ ਮਿਸ਼ਨ ਹਸਪਤਾਲ 'ਚ ਸੀ ਐਮ ਸੀ ਦੇ ਮਾਹਰਾਂ ਦੀਆਂ ਸੇਵਾਵਾਂ ਸ਼ੁਰੂ



[illegible]

# ਪੀ ਜੀ ਆਈ ਵੱਲੋਂ ਮਰੀਜ਼ਾਂ ਦੀ ਸੁਰੱਖਿਆ ਲਈ ਵਿਜੀਲੈਂਸ ਟੀਮ ਗਠਿਤ



[illegible]

# ਹੇਮਕੁੰਟ ਸਕੂਲ 'ਚ ਮਨਾਇਆ ਕਿੰਡਰਗਾਰਟਨ ਦਾ ਗ੍ਰੈਜੂਏਸ਼ਨ ਸਮਾਰੋਹ



[illegible]

# ਤੰਬਾਕੂ ਦੇ ਨੁਕਸਾਨ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਤੇ ਚਲਾਨ ਕੱਟੇ



[illegible]

# ਕਲਾਸੀਫਾਈਡ ਇਸ਼ਤਿਹਾਰ

## Change of Name

I, Navjot Kaur D/o. Daya Singh Resident of kazampur, Distt. NawanShahr, Punjab 144515. India. That I have changed my name from Navjot Kaur to Navjot Kaur Samra. All concerned please note.

I, Priya W/o Rakesh Sharma R/o H. No. W.P. 69, Basti Sheikh, Jalandhar have changed my name from Priya to Priya Sharma. All concerned please note.

I, Anju Bala Sharma W/O Subash Sharma R/O H.No. 1831,Gopal Nagar,Majitha Road,,Amritsar,Punjab have changed my name from Anju Bala Sharma to Anju Sharma . Concerned note.

I, Viney Joshi S/o Vinod Kumar Joshi R/o 1-A, Majitha Verka By Pass, Mini General Store, Silver Estate, Amritsar, Punjab have changed my name from Viney Joshi to Vinay Joshi.

I, Harroop Singh S/o Gurdish Singh R/o Bhoma, PO Wadala, Distt. Amritsar, Punjab-143601 have changed my name from Harroop Singh to Singh is my surname and Harroop is my given name.

I, Sahil son of Karnail Singh r/o V.Manjhi,P.O.Nara Distt.Hoshiarpur have changed my name from Sahil to Sahil Singh in which Sahil is given name and Singh is my surname. All note please.

I,Rajvir S/o Mohinder Singh r/o V.Manjhi P.O. Nara, Distt. Hoshiarpur have changed my name from Rajvir to Rajvir Singh in which Rajvir is given name and Singh is my surname. All note please.

I, Jugraj Singh S/o Bakhtawar Singh R/o VPO Bhikhiwind Tehsil Patti District Tarn Taran have declare that Jugraj is my Given name and Singh is my Surname

I, Jatinder Kaur W/o Kuljinder Singh R/o Sakhowal PO Ghoman Dist Gurdaspur have declare that Jatinder is my Given name and Kaur is my Surname

I, Pawan Kumar S/o Om Parkash Jain R/o 215/1, A-Block, F-A, Park Ranjit Avenue, Amritsar have changed my name from Pawan Kumar to Pawan Kumar Jain

I, Jugesh Kumar S/o Joginder Pal R/o H.No.6/2, Rani Ka Bagh Amritsar have changed my name from Jugesh Kumar to Jogesh Kumar Ohri

I, Gurjant Singh S/o Taranjit Singh R/o VPO Jalalpura, District Amritsar have declare that Gurjant is my Given name and Singh is my Surname

I, Harjinder Singh S/o Balwinder Singh R/o H.No.18, Ward No 2, Mohalla Gopal Nagar, Ajnala District Amritsar have declare that Harjinder is my Given name and Singh is my Surname.

I, Vishwamitter Gupta S/o Krishan Saran Gupta R/o Hno. 91, Ward No. 7, Mishra Mohalla, VPO Alawalpur, Distt. Jalandhar - 144301, Punjab have changed my name from Vishwamitter Gupta to Vishwa Mitter. All concerned please note.

I Tamanna D/O Raj Kumar R/O Hno-767, Near Dips School, Karol Bagh, Chogitti, Dist: Jalandhar, Punjab - 144009, Have Changed My Name Tamanna David To Tamanna. All Note.

I, Sukhjinder Kaur D/O Bawa Singh W/O Balbir Singh Sekhon R/O H.No. 671 Urban Estate Phase - 1, Jalandhar - 144001, Punjab Have Changed My Name From Sukhjinder Kaur To Sukhjinder Kaur Sekhon. All Concerned Please Note.

I, Jasbir Saroya W/O Pargat Singh Minhas R/O H.no. 161/A Hardial Nagar Lane No. 5, Near S.g.l Hospital, Garha, Jalandhar, 144022, Punjab, India I Have Changed My Name From Jasbir Saroya To Jasbir Kaur Minhas. All Concerned Please Note.

I, Sureeta Rani Sharma Alias Goga d/o Madan Lal w/o Rakesh Sehgal r/o H.No.93/4 b, Krishna Nagar, Jalandhar, Punjab-144008 have changed my name as Sureeta Sehgal. All Please Note. (R)

I, Aanchal w/o Vikas Soni r/o H.No. N A-307, Kishanpura, Jalandhar have changed my name as Anchal Soni (Surname as Soni). All Please Note.

I, Vikas Kumar s/o Sanjeev Kumar R/o H.No. NA-307, Kishanpura, Jalandhar have changed my name as Vikas Soni (Surname as Soni). All Please Note.

I, Pardeep Singh s/o Balvir Singh R/o VPO Patti, Distt. Hoshiarpur, Punjab- 146104 declare that my Given name as Pardeep & Surname as Singh. All Please Note.

I, Manjeet Kaur W/o Kamaljit Singh R/o V.P.O. Harsi Pind, Teh. Dasuya Distt. Hoshiarpur Punjab-144212 have changed my name and shall hereafter be known as Kaur Manjeet. Please note.

I, Ankita D/o Ajay Kumar R/o H.No. B1/417, Anand Nagar, Maqsudan, District Jalandhar, Punjab-144008 have changed my name from Ankita to Ankita Dutta. All concerned please note.

I, Pawan S/o Sikander Kumar R/o H.No. 37, Randhawa Colony, Ladhewali Road, Sector 5, Near Singh Sabha Gurudwara, Jalandhar, Punjab have changed my name from Pawan to Pawan Kumar (Kumar as Surname). All concerned please note.

## Change of Name

I, Rajni Bala w/o Sushil Kumar r/o Gali No. 5, New Abadi Beas Tehsil Baba Bakala Distt. Amritsar have changed my name to Rajni.

I, Barinder Kumar S/O Banarsi Dass ,R/o B-IV/66, Achli Gate, Mohalla Khanda Khola, Near Chitti Kothi, Batala, Gurdaspur, Punjab – 143505.I have changed the name of my minor Son Devyan Yadav aged about 10 years and He shall hereafter be known as Devyan Kumar.

I, Barinder Kumar S/O Banarsi Dass ,R/o B-IV/66, Achli Gate, Mohalla Khanda Khola, Near Chitti Kothi, Batala, Gurdaspur, Punjab – 143505.I have changed the name of my minor Son Navish Kumar Yadav aged about 15 years and He shall hereafter be known as Navish Kumar.

I, Jaspal Singh S/O Janak Singh ,R/o Vill. Jabo Majra, Lohsimbly, Patiala, Punjab – 140401.I have changed the name of my minor Son Bbay Two Of Varsha aged about 7 years and He shall hereafter be known as Rishi.

I, Yudhvir S/O Harpal Singh, R/o V.P.O Manko, Manko, DIST: Jalandhar, Punjab - 144106, have changed my name and shall hereafter be Known as Yudhvir Singh Bhutta.

I, Sangeeta Rani W/O Baljinder Singh , R/o Village Jandi, Sham Chaursi (Rural), Hoshiarpur, Punjab – 144105.I have changed the name of my minor daughter Ramanjot aged about 9 Years and She shall hereafter be known as Ramanjot Kaur.

I, hitherto known as Sudhiksha Bagga W/O Rahul Gogna , R/o House No- 151, Ward No- 3, Mohalla Bassain, Dasuya, PO: Dasuya, DIST: Hoshiarpur, Punjab - 144205. have changed my name and shall hereafter be Known as Sudhiksha Gogna.

## ਨਾਂਅ ਦੀ ਬਦਲੀ

ਮੈਂ, ਮਨਦੀਪ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਚੱਕ ਮੁਹੰਮਦੇ ਵਾਲਾ ਤਹਿਸੀਲ ਜਲਾਲਾਬਾਦ ਜਿਲ੍ਹਾ ਫਾਜਿਲਕਾ ਬਿਆਨ ਕਰਦਾ ਹਾਂ ਕਿ ਮੈਨੇ ਆਪਣਾ ਨਾਮ ਮਨਦੀਪ ਸਿੰਘ ਤੋਂ ਬਦਲ ਕੇ ਮਨਦੀਪ ਬਰਾੜ (Mandip brar) ਰੱਖ ਲਿਆ ਹੈ। ਹੁਣ ਮੈਨੂੰ ਮਨਦੀਪ ਬਰਾੜ (Mandip brar) ਪੁੱਤਰ ਜਸਵੀਰ ਸਿੰਘ (Jasvir Singh) ਨਾਮ ਨਾਲ ਜਾਣਿਆ ਜਾਵੇ। ਸਬੰਧਤ ਨੋਟ ਕਰਨ।

ਮੈਂ, ਪ੍ਰਭਜੀਤ ਕੌਰ ਪੁੱਤਰੀ ਬਲਜਿੰਦਰ ਸਿੰਘ (ਪਤਨੀ ਮਨਦੀਪ ਬਰਾੜ) ਵਾਸੀ ਚੱਕ ਮੁਹੰਮਦੇ ਵਾਲਾ ਤਹਿਸੀਲ ਜਲਾਲਾਬਾਦ ਜਿਲ੍ਹਾ ਫਾਜਿਲਕਾ ਬਿਆਨ ਕਰਦੀ ਹਾਂ ਕਿ ਮੈਨੇ ਆਪਣਾ ਨਾਮ ਪ੍ਰਭਜੀਤ ਕੌਰ ਤੋਂ ਬਦਲ ਕੇ ਪ੍ਰਭਜੋਤ ਕੌਰ ਰੱਖ ਲਿਆ ਹੈ। ਹੁਣ ਮੈਨੂੰ ਪ੍ਰਭਜੋਤ ਕੌਰ (Prabhjot Kaur) ਨਾਮ ਨਾਲ ਜਾਣਿਆ ਜਾਵੇ। ਸਬੰਧਤ ਨੋਟ ਕਰਨ।

ਮੈਂ, ਸੁਨੀਤਾ ਰਾਣੀ ਪਤਨੀ ਰਜੇਸ਼ ਕੁਮਾਰ, ਵਾਸੀ ਮਕਾਨ ਨੰ: 1115, ਅਮਰੀਕ ਨਗਰ, ਜਲੰਧਰ ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਨਾਬਾਲਗ ਲੜਕੇ ਦਾ ਨਾਂਅ ਪ੍ਰਿੰਸ ਤੋਂ ਪ੍ਰਿੰਸ ਬੱਗਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਰਾਜ ਕੁਮਾਰ ਸਪੁੱਤਰ ਸਵਰਗੀ ਰਤਨ ਚੰਦ, ਨਿਵਾਸੀ ਮਕਾਨ ਨੰਬਰ 13, ਨੰਗਲਸ਼ਾਮਾ, ਡਾਕਖਾਨਾ ਲਾਧੇਵਾਲੀ, ਜਲੰਧਰ, ਇਹ ਘੋਸ਼ਣਾ ਕਰਦਾ ਹਾਂ ਕਿ ਮੈਂ ਆਪਣਾ ਨਾਮ ਰਾਜ ਕੁਮਾਰ ਰਾਹੁਲ (Raj kumar Rahul) ਤੋਂ ਬਦਲ ਕੇ ਰਾਜ ਕੁਮਾਰ (Raj Kumar) ਰੱਖ ਲਿਆ ਹੈ।

ਮੈਂ ਵਿਸ਼ਾਲ ਪੁੱਤਰ ਦਲਬੀਰ ਸਿੰਘ ਵਾਸੀ ਮਕਾਨ ਨੰ: 3120, ਗਲੀ ਨੰ: 1, ਹਰਗੋਬਿੰਦਪੁਰਾ, ਸੰਨ ਸਾਹਿਬ ਰੋਡ, ਛੇਹਰਾਟਾ, ਅੰਮ੍ਰਿਤਸਰ ਨੇ ਆਪਣਾ ਨਾਮ ਵਿਸ਼ਾਲ ਤੋਂ ਬਦਲ ਕੇ ਵਿਸ਼ਾਲ ਸਿੰਘ ਰੱਖ ਲਿਆ ਹੈ।

ਮੈਂ ਗੁਰਮਿੰਦਰ ਸਿੰਘ ਪੁੱਤਰ ਰਸਾਲ ਸਿੰਘ ਵਾਸੀ ਕੰਡਿਆਲਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਮੈਂ ਆਪਣਾ ਨਾਮ ਬਦਲਕੇ ਗੁਰਮਿੰਦਰ ਸਿੰਘ (ਨਾਮ) ਸਿੰਘ (ਸਰਨੇਮ) ਰੱਖ ਲਿਆ ਹੈ ।

ਮੈਂ ਗੁਰਪ੍ਰੀਤ ਸਿੰਘ ਪੁੱਤਰ ਪ੍ਰਗਟ ਸਿੰਘ ਪਿੰਡ ਭੈਣੀ ਗੁਮਾਨਪੁਰਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ ।ਮੈਂ ਆਪਣਾ ਨਾਮ ਬਦਲਕੇ ਗੁਰਪ੍ਰੀਤ ਸਿੰਘ (ਨਾਮ) ਸਿੰਘ (ਸਰਨੇਮ) ਰੱਖ ਲਿਆ ਹੈ ।

ਮੈਂ, ਸ਼ੈਲਪ੍ਰੀਤ ਕੌਰ ਪਤਨੀ ਮਨਿੰਦਰ ਸਿੰਘ ਸਿੱਧੂ ਆਰ/ਓ 809-ਡੀ, ਰਣਜੀਤ ਐਵੇਨਿਊ, ਨੇੜੇ ਬੇਅੰਤ ਸਿੰਘ ਪਾਰਕ, ਅੰਮ੍ਰਿਤਸਰ (ਪੰਜਾਬ) ਨੇ ਮੇਰਾ ਨਾਮ ਸ਼ੈਲਪ੍ਰੀਤ ਕੌਰ ਤੋਂ ਬਦਲ ਕੇ ਸ਼ੈਲਪ੍ਰੀਤ ਕੌਰ ਸਿੱਧੂ ਰੱਖ ਦਿੱਤਾ ਹੈ।

ਮੈਂ, ਕੁਲਵਿੰਦਰ ਕੌਰ ਪਤਨੀ ਰਾਜ ਪਾਲ ਵਾਸੀ ਪਿੰਡ ਤੇ ਡਾਕ: ਗੁਮਟਾਲੀ, ਜ਼ਿਲ੍ਹਾ ਜਲੰਧਰ, ਪੰਜਾਬ-144039 ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਨਾਬਾਲਗ ਲੜਕੇ ਦਾ ਨਾਮ ਸਾਗਰ ਤੋਂ ਬਦਲ ਕੇ ਸਾਗਰ ਚੁੰਬਰ ਰੱਖ ਲਿਆ ਹੈ। ਸਬੰਧਿਤ ਨੋਟ ਕਰਨ। (ਆਰ)

ਮੈਂ, ਓਂਕਾਰ ਪੁੱਤਰ ਜਸਵਿੰਦਰ ਰਾਮ ਵਾਸੀ ਮਕਾਨ ਨੰ: 25/3, ਰਹੀਮਪੁਰ, ਡਾਕ: ਹੁਸ਼ਿਆਰਪੁਰ, ਜਿਲਾ-ਹੁਸ਼ਿਆਰਪੁਰ, ਪੰਜਾਬ-146001 ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਮ ਓਂਕਾਰ ਤੋ ਬਦਲ ਕੇ ਓਂਕਾਰ ਭੱਟੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਨਰਿੰਦਰ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਬੱਬਰੀ ਨੰਗਲ ਦੇ ਨਾਮ 'ਤੇ ਚੱਲਦੇ 5 ਹਾਰਸਪਾਵਰ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏਪੀ04/1233 ਨੂੰ ਆਪਣੇ ਨਾਮ ਕਰਵਾਉਣ ਲਈ ਗੁਰਜੀਤ ਸਿੰਘ ਪੁੱਤਰ ਨਰਿੰਦਰ ਸਿੰਘ ਪਿੰਡ ਬੱਬਰੀ ਨੰਗਲ ਨੇ ਅਰਜ਼ੀ ਦਿੱਤੀ ਹੈ, ਇਤਰਾਜ਼ ਕਰਤਾ 15 ਦਿਨਾਂ ਦੇ ਅੰਦਰ ਅੰਦਰ ਉਪ ਮੰਡਲ ਅਫਸਰ ਤਿੱਬੜ ਕੋਲ ਇਤਰਾਜ਼ ਪੇਸ਼ ਕਰੇ।

ਸੱਦਾ ਸਿੰਘ ਪੁੱਤਰ ਬਚਨ ਸਿੰਘ ਪਿੰਡ ਬਾਬਾ ਬਕਾਲਾ (ਅੰਮ੍ਰਿਤਸਰ) ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 01-0006 ਐਨ, ਨੂੰ ਗੁਰਦੇਵ ਸਿੰਘ ਪੁੱਤਰ ਸੱਦਾ ਸਿੰਘ ਬਾਬਾ ਬਕਾਲਾ ਨਾਮ ਕਰਨ ਦੀ ਦਰਖਾਸਤ ਦਫਤਰ ਪਾਵਰਕਾਮ ਬਾਬਾ ਬਕਾਲਾ ਪੁੱਜੀ ਹੈ, ਇਤਰਾਜ 15 ਦਿਨਾਂ ਅੰਦਰ ਪੁੱਜਣ ।

ਮੈਂ ਸੁਲੱਖਣ ਸਿੰਘ ਪੁੱਤਰ ਅਮਰ ਸਿੰਘ ਵਾਸੀ ਪਿੰਡ ਮੁਸਤਫਾਬਾਦ ਜਟਾਂ ਡਾਕਖ਼ਾਨਾ ਬੱਬੇਹਾਲੀ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਇਕ ਟਿਊਬਵੈਲ ਕੁਨੈਕਸ਼ਨ ਨੰਬਰ ਏ. ਪੀ. 31/0633 ਐਚ. ਜੋ ਬਾਵਾ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਤਲਵੰਡੀ ਵਿਰਕ ਵਿਖੇ ਚੱਲ ਰਿਹਾ ਹੈ, ਹੁਣ ਇਹ ਕੁਨੈਕਸ਼ਨ ਸੁਲੱਖਣ ਸਿੰਘ ਪੁੱਤਰ ਅਮਰ ਸਿੰਘ ਵਾਸੀ ਮੁਸਤਫਾਬਾਦ ਜਟਾਂ ਦੇ ਨਾਓ ਹੋਣ ਜਾ ਰਿਹਾ ਹੈ ਜੇ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਐਸ.ਡੀ.ਓ. ਪਾਵਰਕਾਮ ਤਿੱਬੜ ਪਾਸ ਇਤਰਾਜ ਕਰ ਸਕਦਾ ਹੈ। ਬਾਅਦ ਵਿਚ ਮੰਨਣਯੋਗ ਨਹੀਂ ਹੋਵੇਗਾ।

ਹਰਭਜਨ ਕੌਰ ਪਤਨੀ ਜੋਗਿੰਦਰ ਸਿੰਘ ਦੇ ਨਾਂਅ ਬਖਸ਼ੀਵਾਲ ਵਿਚ ਚੱਲ ਰਿਹਾ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 10/0887 ਐੱਨ ਦਲਜੀਤ ਕੌਰ ਪੁੱਤਰੀ ਜੋਗਿੰਦਰ ਸਿੰਘ ਆਪਣੇ ਨਾਂਅ ਕਰਵਾ ਰਹੀ ਹੈ। ਇਤਰਾਜ਼ਕਰਤਾ 15 ਦਿਨ ਦੇ ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫਸਰ ਜੋੜਾ ਛੱਤਰਾਂ ਨੂੰ ਪੇਸ਼ ਕਰ ਸਕਦਾ ਹੈ।

ਸ੍ਰੀ ਸੁਬੇਗ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਪਿੰਡ ਅੱਠਵਾਲ ਦੇ ਨਾਂਅ ਉਪਰ T/W A/C N. AP01/2247 5BHP ਦਾ ਇਸ ਦਫ਼ਤਰ ਵਿਖੇ ਚਲਦਾ ਹੈ। ਇਸ ਨੂੰ ਰਾਜਬੀਰ ਕੌਰ ਪਤਨੀ ਕੁਲਵੰਤ ਸਿੰਘ ਅਤੇ ਰਣਜੀਤ ਕੌਰ ਪਤਨੀ ਜੋਧ ਸਿੰਘ, ਕੋਟਲਾ ਸੁਲਤਾਨ ਸਿੰਘ ਦੇ ਨਾਂਅ ਉੱਪਰ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ, 96461-13062

## ਬੇਦਖਲੀ ਨੋਟਿਸ

ਮੈਂ, ਕਿਰਪਾਲ ਸਿੰਘ ਪੁੱਤਰ ਜਾਗਰ ਸਿੰਘ, ਪਿੰਡ ਕਹੇਰੂ (ਧੂਰੀ) ਆਪਣੇ ਲੜਕੇ ਸੰਦੀਪ ਸਿੰਘ, ਨੂੰਹ ਰਮਨਦੀਪ ਕੌਰ, ਪੋਤਰੇ ਸ਼ਰਨਜੋਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜਿੰਮੇਵਾਰ ਹੋਣਗੇ।

ਮੈਂ, ਬਿਸ਼ਨ ਦਾਸ ਪੁੱਤਰ ਚੈਨ ਸਿੰਘ ਵਾਸੀ ਪਿੰਡ ਝੇਲ੍ਹਾ ਆਮਦਾ ਗੁਰਦਾਸਪੁਰ ਡਾਕਖਾਨਾ ਰਤਨਗੜ੍ਹ ਤਹਿਸੀਲ ਅਤੇ ਜਿਲ੍ਹਾ ਪਠਾਨਕੋਟ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪੰਕਜ , ਜੋਂ ਕਿ ਮੇਰੇ ਕਹਿਣੇ ਤੋਂ ਬਾਹਰ ਹੈ , ਨੂੰ ਆਪਣੀ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਮੈਂ, ਅਤੇ ਮੇਰਾ ਪਰਿਵਾਰ ਇਸਦੇ ਕਿਸੇ ਵੀ ਚੰਗੇ ਮਾੜੇ ਕੰਮ ਲਈ ਜਿੰਮੇਦਾਰ ਨਹੀਂ । ਇਸ ਨਾਲ ਲੈਣ ਦੇਣ ਕਰਨ ਵਾਲਾ ਖ਼ੁਦ ਜਿੰਮੇਦਾਰ ਹੋਵੇਗਾ ।

ਮੈ ਮੋਨਿਕਾ ਪਤਨੀ ਪਵਨ ਕੁਮਾਰ ਵਾਸੀ ਵਾਰਡ ਨੰਬਰ 4 ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੇਰਾ ਲੜਕਾ ਨੀਰਜ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ, ਰਣਜੀਤ ਸਿੰਘ ਪੁੱਤਰ ਸੰਤਾ ਸਿੰਘ, ਵਾਸੀ ਭਾਰਾ ਪੱਤੀ, ਪੱਤੋ ਹੀਰਾ ਸਿੰਘ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਮਹਿੰਦਰ ਸਿੰਘ ਪੁੱਤਰ ਲਾਭ ਸਿੰਘ, ਵਾਸੀ ਚੱਕ ਬਾਹਮਣੀਆਂ ਖੁਰਦ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਲਵਿੰਦਰ ਸਿੰਘ, ਨੂੰਹ ਰਾਜਵਿੰਦਰ ਕੌਰ ਅਤੇ ਪੋਤੇ ਗੁਰਸੇਵਕ ਸਿੰਘ, ਜਸਕਰਨ ਸਿੰਘ ਪੁੱਤਰ ਕੁਲਵਿੰਦਰ ਸਿੰਘ ਅਤੇ ਸੁਖਪ੍ਰੀਤ ਸਿੰਘ ਅਤੇ ਪਰਮਜੀਤ ਸਿੰਘ ਪੁੱਤਰ ਲੇਟ ਇਕਬਾਲ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਭਾਰਤ ਭੂਸ਼ਨ ਪੁੱਤਰ ਤਿਲਕ ਰਾਜ ਵਾਸੀ ਮਕਾਨ ਨੰਬਰ 2649/14, ਗਲੀ ਨੰ.2, ਵੱਡਾ ਹਰੀਪੁਰਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ, ਤੇ ਆਪਣੀ ਮਨ ਮਰਜੀ ਕਰਦਾ ਹੈ ਇਸ ਲਈ ਮੈ ਇਸ ਨੂੰ ਆਪਣੀ ਚਲ/ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਕਿਸੇ ਵੀ ਤਰ੍ਹਾ ਦਾ ਲੈਣ ਦੇਣ ਕਰਨ ਵਾਲਾ ਖੁਦ ਜੁਮੇਵਾਰ ਹੋਵੇਗਾ ਮੇਰਾ ਤੇ ਮੇਰੇ ਪਰਿਵਾਰ ਦੇ ਦੂਜੇ ਮੈਂਬਰਾ ਦਾ ਇਸ ਨਾਲ ਖੂਨੀ ਰਿਸ਼ਤਾ ਖਤਮ ਹੋ ਗਿਆ ਹੈ।

ਮੈਂ, ਸੁਨੀਲ ਕੁਮਾਰ ਪੁੱਤਰ ਜੰਗ ਬਹਾਦਰ ਵਾਸੀ ਮਕਾਨ ਨੰ. 335-ਏ, ਕਲੋਨੀ ਨੰ. 02, ਦਕੋਹਾ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਸੰਦੀਪ ਕੌਰ ਪਤਨੀ ਮਲਕੀਤ ਸਿੰਘ ਵਾਸੀ ਪਿੰਡ ਭਗਵਾਨਪੁਰ ਜਿਲਾ ਕਪੂਰਥਲਾ ਪੰਜਾਬ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਸੁਖਜੀਤ ਸਿੰਘ ਨੂੰ ਆਪਣੀ ਤਮਾਮ ਚਲ ਅਚਲ ਜਾਇਦਾਤ ਤੋਂ ਬੇਦਖਲ ਕਰਦੀ ਹਾਂ। ਮੇਰੇ ਲੜਕੇ ਸੁਖਜੀਤ ਸਿੰਘ ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਦਾ ਹੈ ਤਾਂ ਇਸ ਲਈ ਉਹ ਖੁਦ ਜਿੰਮੇਵਾਰ ਹੋਵੇਗਾ। ਮੈਂ ਜਾ ਮੇਰੇ ਪਰਿਵਾਰ ਦੇ ਕਿਸੇ ਮੈਂਬਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਮੈਂ ਪਰਮਜੀਤ ਕੌਰ ਪਤਨੀ ਲੇਟ ਗੁਰਮੁਖ ਸਿੰਘ ਵਾਸੀ ਪਿੰਡ ਦਬੁਲੀਆਂ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦੀ ਹਾਂ ਕਿ ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਅਤੇ ਨੂੰਹ ਨਵਜੋਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜੀ ਕਰਦੇ ਹਨ।ਮੈਂ ਆਪਣੇ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਅਸੀਂ, ਨਿਸ਼ਾਨ ਸਿੰਘ ਪੁੱਤਰ ਕਰਤਾਰ ਸਿੰਘ ਅਤੇ ਸਵਰਨ ਕੌਰ ਪਤਨੀ ਨਿਸ਼ਾਨ ਸਿੰਘ, ਵਾਸੀ ਪਿੰਡ ਜਲਾਲਪੁਰ ਤਹਿਸੀਲ ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਸਾਡੀ ਪੁੱਤਰੀ ਰਣਜੀਤ ਕੌਰ ਜੋ ਸਾਡੇ ਕਹਿਣੇ ਤੋਂ ਬਾਹਰ ਹੈ, ਅਸੀਂ ਆਪਣੀ ਪੁੱਤਰੀ ਰਣਜੀਤ ਕੌਰ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੁਲਦੀਪ ਸਿੰਘ ਪੁੱਤਰ ਰਤਨ ਸਿੰਘ, ਵਾਸੀ ਪਿੰਡ ਉਹੜਪੁਰ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮਨਪ੍ਰੀਤ ਸਿੰਘ (35 ਸਾਲ) ਅਤੇ ਇਸ ਦੀ ਪਤਨੀ ਰਣਜੀਤ ਕੌਰ (25 ਸਾਲ) ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇਕਾਰ ਨਹੀਂ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ , ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਅਵਤਾਰ ਸਿੰਘ ਪੁੱਤਰ ਨਾਨਕ ਸਿੰਘ ਵਾਸੀ ਮਕਾਨ ਨੰ: 923, ਬਸਤੀ ਮਿੱਠੂ, ਗੁਰੂ ਅਰਜਨ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਕਮਲਜੀਤ ਸਿੰਘ ਵਾ ਉਸਦੀ ਪਤਨੀ ਰਮਨੀਕ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬੱਚਨ ਰਾਮ ਪੁੱਤਰ ਚਰਨ ਦਾਸ ਵਾਸੀ ਮੁੱਹਲਾ ਟਾਹਲੀਵਾਲ ਜਨੌੜੀ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ ਅਤੇ ਮੇਰੀ ਨੂੰਹ ਸ੍ਰੀਮਤੀ ਗੁਰਮੀਤ ਕੌਰ ਪਤਨੀ ਮਲਕੀਤ ਸਿੰਘ ਅਤੇ ਪੋਤਾ ਜਸਨਪ੍ਰੀਤ ਸਿੰਘ ਅਤੇ ਪੋਤੀ ਚਾਹਤਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਨਰੇਸ਼ ਕੁਮਾਰ ਪੁੱਤਰ ਰਤਨ ਚੰਦ ਵਾਸੀ ਪਿੰਡ ਵੀਲਾ ਬਜੂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਰਾਜਨ ਕੁਮਾਰ ਉਰਫ ਦੀਪੂ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਰਤਨਾ ਦੇਵੀ ਪਤਨੀ ਲੇਟ ਸ੍ਰੀ ਰਮੇਸ਼ ਕੁਮਾਰ ਵਾਸੀ ਮਕਾਨ ਨੰ: 209, ਗਲੀ ਨੰ: 05, ਨਿਊ ਸੂਰਾਜ ਗੰਜ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕੁਲਦੀਪ ਕੁਮਾਰ, ਉਸਦੀ ਪਤਨੀ ਆਸ਼ਾ ਰਾਣੀ ਅਤੇ ਪੁੱਤਰ ਤਾਸ਼ੂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਰਾਜਪ੍ਰੀਤ ਕੌਰ ਪਤਨੀ ਦਿਲਬਾਗ ਸਿੰਘ, ਦਿਲਬਾਗ ਸਿੰਘ ਪੁੱਤਰ ਪੂਰਨ ਸਿੰਘ, ਪਿੰਡ ਮਹਿਸਮਪੁਰ ਕਲਾਂ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਸ਼ੋਭਤਪ੍ਰੀਤ ਸਿੰਘ ਨੂੰ ਕਹਿਣਿਓਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ, ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

ਮੈਂ, ਮੀਨਾ ਕੁਮਾਰੀ ਪਤਨੀ ਲੇਟ ਸ੍ਰੀ ਰਾਜਨ ਕੁਮਾਰ ਵਾਸੀ ਪੱਤੀ ਕਰਾਲਾਂ ਦੀ, ਪਿੰਡ ਤੇ ਡਾਕਖਾਨਾ ਜਮਸ਼ੇਰ ਖਾਸ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਕਰਨ ਕੁਮਾਰ ਸ਼ਰਮਾ ਅਤੇ ਉਸਦੀ ਪਤਨੀ ਅਨੁਰਾਧਾ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਇਨ੍ਹਾਂ ਦੇ ਪਰਿਵਾਰ ਸਮੇਤ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਮੇਲ ਕੌਰ ਵਿਧਵਾ ਜਗਰੂਪ ਸਿੰਘ, ਵਾਸੀ ਠੱਕਰ ਪੱਤੀ, ਪਿੰਡ ਸਾਫੂਵਾਲਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਬੇਟੀ ਸਰਬਜੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਅਤੇ ਜਵਾਈ ਗੁਰਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ, ਵਾਸੀਆਨ ਨਵਾਂ ਚੂਹੜ ਚੱਕ, ਤਹਿਸੀਲ ਵਾ ਜ਼ਿਲ੍ਹਾ ਮੋਗਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਵਾਰ ਦਾ ਕੋਈ ਤਲਕ ਵਾਸਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ, ਮਨਜੀਤ ਕੌਰ ਪਤਨੀ ਸੋਨੂੰ, ਵਾਸੀ ਮਕਾਨ ਨੰਬਰ 2375, ਬਾਗ ਵਾਲਾ ਖੂਹ, ਜੰਡਿਆਲਾ ਗੁਰੂ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਸ਼ਾਲ ਕੁਆਰਾ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਤੇ ਪਰਵਾਰ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਜਗਦੀਪ ਸਿੰਘ ਪੁੱਤਰ ਸ੍ਰੀ ਕਸ਼ਮੀਰ ਸਿੰਘ, ਵਾਸੀ ਨਜ਼ਦੀਕ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਖਾਨ ਕੋਟ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਮਨਦੀਪ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਰਾਮ ਚੰਦਰ ਗੁਪਤਾ ਪੁੱਤਰ ਸ੍ਰੀ ਰਾਮ ਕਿਰਪਾਲ, ਵਾਸੀ ਕੁਆਰਟਰ ਨੰ: 2, ਪਾਵਰ ਕਾਲੋਨੀ, ਗਵਾਲ ਮੰਡੀ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪਲਕ ਗੁਪਤਾ ਨੇ ਮੇਰੇ ਕਹਿਣੇ ਤੋਂ ਬਾਹਰ ਜਾ ਕੇ ਆਪਣੀ ਮਰਜ਼ੀ ਨਾਲ ਕੋਰਟ ਮੈਰਿਜ ਕਰਵਾ ਲਈ ਹੈ। ਇਸ ਲਈ ਮੈਂ ਆਪਣੀ ਲੜਕੀ ਪਲਕ ਗੁਪਤਾ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਨੀਤੂ ਕੌਰ ਪਤਨੀ ਤਰਸੇਮ ਸਿੰਘ ਵਾਸੀ ਪਿੰਡ ਵੱਲ੍ਹਾ, ਬਲਾਕ ਵੇਰਕਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਜੋਗਿੰਦਰ ਸਿੰਘ ਪੁੱਤਰ ਰਾਮ ਸਿੰਘ ਅਤੇ ਜਗਜੀਤ ਕੌਰ ਪਤਨੀ ਜੋਗਿੰਦਰ ਸਿੰਘ, ਵਾਸੀ ਮਕਾਨ ਨੰ: 35, ਨੇੜੇ ਟੀ. ਵੀ. ਟਾਵਰ, ਨਿਊ ਗਾਰਡਨ ਐਵੀਨਿਊ, ਮਾਲ ਮੰਡੀ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਵਿੰਦਰ ਸਿੰਘ ਅਤੇ ਇਸ ਦੀ ਪਤਨੀ ਚਾਂਦਨੀ ਅਤੇ ਇਨ੍ਹਾਂ ਦੇ ਬੱਚੇ ਹਿਮਾਸ਼ੀ ਕੌਰ ਅਤੇ ਬਾਵਿਸ਼ਦੀਪ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਪਾਲ ਸਿੰਘ ਪੁੱਤਰ ਨਰਾਤਾ ਸਿੰਘ ਅਤੇ ਭਗਵੰਤ ਕੌਰ ਪਤਨੀ ਪਾਲ ਸਿੰਘ ਵਾਸੀਆਨ ਮਕਾਨ ਨੰ: 75, ਅਨਮੋਲ ਕਾਲੋਨੀ, ਨੇੜੇ ਸੰਧੂ ਪੈਟਰੋਲ ਪੰਪ, ਰਾਜਾਸਾਂਸੀ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਜੀਤ ਸਿੰਘ, ਜੋ ਇਟਲੀ ਰਹਿੰਦਾ ਹੈ ਅਤੇ ਉਸ ਦੀ ਪਤਨੀ ਪ੍ਰਭਜੋਤ ਕੌਰ ਜੋ ਕਿ ਸਾਨੂੰ ਤੰਗ-ਪ੍ਰੇਸ਼ਾਨ ਕਰਦੀ ਹੈ ਅਤੇ ਉਹ 18.03.2026 ਤੋਂ ਸਾਨੂੰ ਦੱਸੇ ਬਿਨਾਂ ਘਰ ਤੋਂ ਚਲੀ ਗਈ ਹੈ। ਇਸ ਲਈ ਅਸੀਂ ਆਪਣੇ ਲੜਕੇ ਗੁਰਜੀਤ ਸਿੰਘ ਅਤੇ ਉਸ ਦੀ ਪਤਨੀ ਪ੍ਰਭਜੋਤ ਕੌਰ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਆਮ ਸੂਚਨਾ

ਮੈਂ, ਬੱਚਨ ਰਾਮ ਪੁੱਤਰ ਚਰਨ ਦਾਸ ਵਾਸੀ ਮੁੱਹਲਾ ਟਾਹਲੀਵਾਲ ਜਨੌੜੀ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਰਵਿੰਦਰ ਸਿੰਘ, ਉਸਦੀ ਪਤਨੀ ਕੁਲਵਿੰਦਰ ਕੌਰ ਅਤੇ ਪੋਤੇ ਗੁਰਜੀਤ ਸਿੰਘ ਅਤੇ ਪੋਤੀ ਐਰਿਕਾ ਮਲਿਕ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਅਜੀਤ ਸਮਾਚਾਰ ਅਖਬਾਰ ਵਿੱਚ ਇਸ਼ਤਿਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਅਤੇ ਉਸਦਾ ਪਰਿਵਾਰ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

ਮੈਂ, ਜਗਰੂਪ ਸਿੰਘ ਪੁੱਤਰ ਬਲਜੀਤ ਸਿੰਘ ਪਿੰਡ ਕੋਟ ਧਰਮ ਚੰਦ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਮੇਰੇ ਸਾਢੂੰ ਜਗਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਅਤੇ ਸਾਲੀ ਹਰਦੀਪ ਕੌਰ ਪਤਨੀ ਜਗਜੀਤ ਸਿੰਘ ਪਿੰਡ ਧਾਰੜ ਜ਼ਿਲ੍ਹਾ ਅੰਮ੍ਰਿਤਸਰ ਨਾਲ ਕਿਸੇ ਪ੍ਰਕਾਰ ਦਾ ਕੋਈ ਰਿਸ਼ਤਾ-ਨਾਤਾ ਜਾਂ ਮੇਲ-ਮਿਲਾਪ ਨਹੀਂ ਰਿਹਾ ਹੈ। ਮੈਂ ਤੇ ਮੇਰੇ ਪਰਵਾਰ ਨੇ ਇਨ੍ਹਾਂ ਨਾਲੋਂ ਸਾਰੇ ਰਿਸ਼ਤੇ-ਨਾਤੇ ਤੋੜ ਲਏ ਹਨ।

ਮੈਂ, ਅਜੀਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਮਕਾਨ ਨੰ: 923, ਗੁਰੂ ਅਰਜਨ ਨਗਰ, ਬਸਤੀ ਮਿੱਠੂ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਛੋਟਾ ਭਰਾ ਕਮਲਜੀਤ ਸਿੰਘ ਅਤੇ ਉਸਦੀ ਪਤਨੀ ਰਮਨੀਕ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ, ਮੇਰਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਉਸਦਾ ਮੇਰੀ ਵਾ ਮੇਰੇ ਪਰਿਵਾਰ ਦੀ ਚੱਲ-ਅਚੱਲ ਜਾਇਦਾਦ ਤੇ ਕੋਈ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਉਸ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਸਿਮਰਨਜੀਤ ਕੌਰ, ਚਰਨਜੀਤ ਕੌਰ ਪੁੱਤਰੀਆਂ ਅਵਤਾਰ ਸਿੰਘ, ਰਣਜੀਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਡਡਿਆਲਾ ਨਜਾਰਾ, ਤਹਿਸੀਲ ਬਟਾਲਾ ਅਤੇ ਅਮਨਦੀਪ ਕੌਰ ਪੁੱਤਰੀ ਅਵਤਾਰ ਸਿੰਘ ਪਤਨੀ ਜਮੀਤਾ ਵਾਸੀ ਹੁਸ਼ਿਆਰਪੁਰ, ਕੁਲਦੀਪ ਕੌਰ ਪੁੱਤਰੀ ਅਵਤਾਰ ਸਿੰਘ ਪਤਨੀ ਮਲਕੀਤ ਸਿੰਘ ਵਾਸੀ ਸਿੰਘਪੁਰਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਸਾਡੇ ਪਿਤਾ ਅਵਤਾਰ ਸਿੰਘ ਦਾ ਵਿਵਹਾਰ ਠੀਕ ਨਹੀਂ। ਸਾਡਾ ਪਿਤਾ ਜੇਕਰ ਕਿਸੇ ਵੀ ਵਿਅਕਤੀ ਨਾਲ ਕੋਈ ਲੈਣ-ਦੇਣ ਕਰਦਾ ਹੈ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਇਨ੍ਹਾਂ ਵੱਲੋਂ ਕੀਤੇ ਚੰਗੇ-ਮਾੜੇ ਕੰਮਾਂ ਦੇ ਇਹ ਖੁਦ ਜ਼ਿੰਮੇਵਾਰ ਹੋਵੇਗਾ।ਸਾਡਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੋਵੇਗਾ ।

## ਪਬਲਿਕ ਨੋਟਿਸ

ਐਕਸਿਸ ਬੈਂਕ ਲਿਮਟਿਡ ਦੇ ਨਿਰਦੇਸ਼ਾਂ ਤਹਿਤ। ਮੈਂ ਪ੍ਰਿਆ ਵਿਨਾਇਕ (ਆਧਾਰ ਕਾਰਡ ਨੰ. 5456 8910 4411) ਪਤਨੀ ਕਿਸ਼ਨ ਕੁਮਾਰ ਵਾਸੀ ਮਕਾਨ ਨੰ. 3070, ਮਸਿਤ ਵਾਲੀ ਗਲੀ, ਜੰਡਿਆਲਾ ਗੁਰੂ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ-143115, ਆਮ ਜਨਤਾ ਨੂੰ ਸੂਚਿਤ ਕਰਦੀ ਹਾਂ ਕਿ ਮੈਂ ਘਰ ਦੀ ਜਾਇਦਾਦ ਦੀ ਮਾਲਕ ਹਾਂ ਜੋ ਕਿ ਖਾਨਸਮਰੀ ਨੰ. S.N.4714, ਲੰਬਾਈ ਦੇ ਮਾਪ: 40 ਫੁੱਟ ਅਤੇ ਚੌੜਾਈ 20 ਫੁੱਟ ਕੁੱਲ 3.55 ਮਰਲੇ ਜ਼ਮੀਨ ਜੋ ਕਿ ਚੜਦੇ ਵੱਲ : ਕਾਂਤਾ ਮੈਡਮ ਦੀ ਮਾਲਕੀ, ਲਹਿੰਦੇ ਵੱਲ ਅਮਰੀਕ ਸਿੰਘ ਦੀ ਮਾਲਕੀ, ਪਹਾੜ ਗਲੀ ਅਤੇ ਘਰ ਦਾ ਦਰਵਾਜ਼ਾ ਅਤੇ ਦੱਖਣ ਵੱਲ: ਰਵੇਲ ਸਿੰਘ ਦੀ ਮਾਲਕੀ, ਜੋ ਕਿ ਆਬਾਦੀ ਅੰਦਰੂਨ ਸ਼ੇਖਫਤਾਹ ਦੇ ਅੰਦਰ, ਸਬ ਤਹਿਸੀਲ ਜੰਡਿਆਲਾ ਗੁਰੂ, ਤਹਿਸੀਲ ਅੰਮ੍ਰਿਤਸਰ -1 ਅਤੇ ਜ਼ਿਲ੍ਹਾ ਅੰਮ੍ਰਿਤਸਰ ਦੀ ਮਿਉਂਸਪਲ ਕਮੇਟੀ ਦੇ ਅੰਦਰ ਸਥਿਤ ਹੈ, ਬੈਨਾਮਾ ਮਿਤੀ: 31-12-2024 ਦਸਤਾਵੇਜ ਨੰਬਰ 2024-25/98/1/1333 ਰਾਹੀਂ ਤਿਲਕ ਰਾਜ ਪੁੱਤਰ ਕਸ਼ਮੀਰ ਲਾਲ ਰਾਹੀਂ ਖਰੀਦ ਕੀਤੀ ਗਈ ਹੈ ਹੁਣ ਮੈਂ, ਪ੍ਰਿਆ ਵਿਨਾਇਕ ਇਹ ਜਾਇਦਾਦ ਸ਼ੁਭਮ ਟੱਕਰ ਪੁੱਤਰ ਗੁਰਦੇਵ ਸਿੰਘ ਟੱਕਰ ਪੁੱਤਰ ਅੰਗਰੇਜ ਸਿੰਘ ਵੇਚ ਰਹੀ ਹਾਂ ਜੋ ਐਕਸਿਸ ਬੈਂਕ ਲਿਮਟਿਡ ਤੋਂ ਕਰਜ਼ਾ ਲੈ ਰਿਹਾ ਹੈ। ਮੈਂ, ਪ੍ਰਿਆ ਵਿਨਾਇਕ ਪਤਨੀ ਕਿਸ਼ਨ ਕੁਮਾਰ ਨੇ ਪਿਛਲੇ ਦਸਤਾਵੇਜ਼ ਗੁਆ ਦਿੱਤੇ ਹਨ, ਜਿਵੇਂ ਕਿ (1) ਬੈਨਾਮਾ ਮਿਤੀ: 26-08-2004 ਦਸਤਾਵੇਜ਼ ਨੰ: 5149 ਵੱਲੋਂ ਨਰਿੰਦਰ ਕੁਮਾਰ ਪੁੱਤਰ ਕਸ਼ਮੀਰ ਲਾਲ ਦੁਆਰਾ ਖਰੀਦ ਤਿਲਕ ਰਾਜ ਪੁੱਤਰ ਕਸ਼ਮੀਰ ਲਾਲ ਦੇ ਹੱਕ ਵਿੱਚ ਕੀਤਾ ਗਿਆ ਹੈ ਅਤੇ ਮੈਂ ਪੁਲਿਸ ਸ਼ਿਕਾਇਤ ਦਰਜ ਕਰਵਾਈ ਹੈ: 26-08-2004 ਐਲ ਆਰ ਨੰਬਰ.711235/2026, ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਜਾਂ ਇਹ ਦਸਤਾਵੇਜ਼ ਮਿਲਦੇ ਹਨ, ਤਾਂ ਉਹ ਐਡਵੋਕੇਟ ਦਿਨੇਸ਼ ਅਰੋੜਾ, # 490 ਰਣਜੀਤ ਐਵੇਨਿਊ ਅੰਮ੍ਰਿਤਸਰ ਨਾਲ ਸੰਪਰਕ ਕਰ ਸਕਦੇ ਹਨ। ਫੋਨ: 9779304041 7 ਵਰਕਿੰਗ ਦਿਨਾਂ ਦੇ ਅੰਦਰ ਉਕਤ ਪ੍ਰਕਾਸ਼ਨ ਦੀ ਮਿਤੀ ਤੋਂ ਢੁਕਵੇਂ ਦਸਤਾਵੇਜ਼ਾਂ ਦੇ ਨਾਲ, ਜੇਕਰ ਇਸ ਤੋਂ ਬਾਅਦ ਪ੍ਰਾਪਤ ਹੋਇਆ ਕੋਈ ਵੀ ਅਜਿਹਾ ਦਾਅਵਾ, ਮੁਆਫ਼/ਤਿਆਗ ਦਿੱਤਾ ਜਾਵੇਗਾ ਅਤੇ ਉਸ ਤੋਂ ਬਾਅਦ ਵਿਚਾਰਿਆ ਨਹੀਂ ਜਾਵੇਗਾ।

Advocate Dinesh Arora,
District Courts Amritsar

## ਜਨਤਕ ਸੂਚਨਾ

ਇਸ ਪਬਲਿਕ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਕੌਂਸਲ ਹਰਿਆਣਾ ਦੇ ਦਫਤਰ ਵਿਖੇ ਇੱਕ ਦਰਖਾਸਤ 02.01.2026 ਨੂੰ ਰਾਕੇਸ਼ ਕੁਮਾਰ ਪੁੱਤਰ ਸ੍ਰੀ ਗੁਰਪ੍ਰਸ਼ਾਦ ਭੱਲਾ, ਵਾਸੀ ਮਕਾਨ ਨੰ: 527, ਅਰਬਨ ਸਟੇਟ ਕਰਪੂਥਲਾ ਵੱਲੋਂ ਪ੍ਰਾਪਤ ਹੋਈ ਹੈ।ਮੇਰਾ ਜੱਦੀ ਪਿੰਡ ਹਰਿਆਣਾ ਹੈ। ਹਰਿਆਣਾ ਵਿਖੇ ਇੱਕ ਦੁਕਾਨ ਨਜ਼ਦੀਕ ਪੁਲਸ ਸਟੇਸ਼ਨ ਹਰਿਆਣਾ ਅਤੇ ਰਿਹਾਇਸ਼ੀ ਮਕਾਨ ਮੁਹੱਲਾ ਭੱਲਿਆ ਹਰਿਆਣਾ ਵਿਖੇ ਸਥਿਤ ਹੈ, ਜੋ ਕਿ ਮੇਰੇ ਪਿਤਾ ਸ੍ਰੀ ਗੁਰਪ੍ਰਸ਼ਾਦ ਭੱਲਾ ਜੀ ਦੇ ਨਾਂਅ 'ਤੇ ਹੈ।ਗੁਰਪ੍ਰਸ਼ਾਦ ਭੱਲਾ ਦੀ ਮੌਤ 19.07.2011 ਨੂੰ ਹੋ ਚੁੱਕੀ ਹੈ। ਮੇਰੀ ਮਾਤਾ ਕਮਲਾ ਰਾਣੀ ਦੀ ਮੌਤ 22.08.2017 ਨੂੰ ਹੋ ਚੁੱਕੀ ਹੈ। ਮੇਰਾ ਇੱਕ ਭਰਾ ਅਤੇ 4 ਭੈਣਾਂ ਹਨ।ਮੇਰੇ ਭਰਾ ਦੀ ਮੌਤ 17.04.2021 ਨੂੰ ਹੋ ਚੁੱਕੀ ਹੈ।ਮੇਰੀਆਂ 4 ਭੈਣਾਂ ਵੱਲੋਂ ਇਹ ਪ੍ਰੋਪਰਟੀ ਮੇਰੇ ਨਾਂਅ 'ਤੇ ਦਰਜ ਕਰਨ ਲਈ ਘੋਸ਼ਣਾ ਪੱਤਰ ਦੇ ਦਿੱਤੇ ਗਏ ਹਨ।ਜੇਕਰ ਇਸ ਪ੍ਰੋਪਰਟੀ ਸੰਬੰਧੀ ਕਿਸੇ ਨੂੰ ਕਿਸੇ ਵੀ ਤਰ੍ਹਾਂ ਦਾ ਕੋਈ ਦਾਅਵਾ/ਇਤਰਾਜ਼ ਹੋਵੇ, ਉਹ ਆਪਣਾ ਦਾਅਵਾ/ਇਤਰਾਜ਼ 7 ਦਿਨਾ ਦੇ ਅੰਦਰ-ਅੰਦਰ ਦਫਤਰ ਨਗਰ ਕੌਂਸਲ ਹਰਿਆਣਾ ਵਿਖੇ ਦੇ ਸਕਦਾ ਹੈ।ਜੇਕਰ ਮਿੱਥੇ ਸਮੇਂ ਦੌਰਾਨ ਕੋਈ ਇਤਰਾਜ਼/ਦਾਅਵਾ ਪ੍ਰਾਪਤ ਨਹੀਂ ਹੁੰਦਾ ਤਾਂ ਉਕਤ ਪ੍ਰੋਪਰਟੀ ਇੱਕ ਦੁਕਾਨ ਨਜ਼ਦੀਕ ਪੁਲਸ ਸਟੇਸ਼ਨ ਹਰਿਆਣਾ ਅਤੇ ਰਿਹਾਇਸ਼ੀ ਮਕਾਨ ਮੁਹੱਲਾ ਭੱਲਿਆ ਹਰਿਆਣਾ ਵਿਖੇ ਸਥਿਤ ਹੈ, ਉਹ ਰਾਕੇਸ਼ ਕੁਮਾਰ ਪੁੱਤਰ ਸ੍ਰੀ ਗੁਰਪ੍ਰਸ਼ਾਦ ਭੱਲਾ ਦੇ ਨਾਂਅ 'ਤੇ ਦਫਤਰ ਦੇ ਰਿਕਾਰਡ ਵਿੱਚ ਦਰਜ ਕਰ ਦਿੱਤਾ ਜਾਵੇਗਾ।

ਸਹੀ/- ਕਾਰਜ ਸਾਧਕ ਅਫਸਰ, ਨਗਰ ਕੌਂਸਲ ਹਰਿਆਣਾ।

## COURT NOTICE

IN THE Court of
Ms. Gurpreet Kaur-II
Judicial Magistrate First Class-2 Zira
CNR No.:- PBFZA1-002152-2023
Next Date:-05-05-2026
Ranjit Kaur
Vs.
Gurjeet Singh
Detail of offence:-
Notice To:
Gurjeet Singh
Father :- Sher Singh
Shri Guru Arjan Nagar Power House Road Bathinda

In above titled case, the accused could not be served. It is ordered that accused should appear in person or through counsel on 05-05-2026 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate First Class-2, Zira
Dated, this day of 21-04-2026

## COURT NOTICE

In The Court of
Ms. Parminder Pindu
Judicial Magistrate - Ist Class -12, Patiala
CNR No.:- PBPT03-016204-2022
Next Date:-22-05-2026
Ms Panjaab Travels
Vs.
Deep Karan Singh Sahi
Detail of offence:-
Notice To:
Deep Karan Singh Sahi
S/O Vimal Jit Singh R/O H.No. 206, Phase -2, Mohali. Second Address- M/S Punjaab Travels Opp. Head Post Office Near Mohan Continental Leela Bhawan Patiala Through its Prop. Paramjit Singh S/o Resham Singh.

In above titled case, the accused could not be served. It is ordered that accused should appear in person or through counsel on 22-05-2026 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate Ist Class -12, Patiala
Dated, this day of 22-04-2026

## COURT NOTICE

In The Court of
Ms. Parminder Pindu
Judicial Magistrate - Ist Class -12 Patiala
CNR No.:- PBPT03-010353-2022
Next Date:-22-05-2026
MS PANJAAB TRAVELS
VS.
DEEP KARAN SINGH SAHI
Detail of offence:-
Notice To:
Deep Karan Singh Sahi
S/o Vimal Jit Singh R/o H.No. 206, Phase -2, Mohali. Second Address- M/S Punjaab Travels Opp. Head Post Office Near Mohan Continental Leela Bhawan Patiala Through its Prop. Paramjit Singh S/o Resham Singh.

In above titled case, the accused could not be served. It is ordered that accused should appear in person or through counsel on 22-05-2026 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate Ist Class -12, Patiala
Dated, this day of 22-04-2026

## COURT NOTICE

In The Court of
Ms. Parminder Pindu
Judicial Magistrate Ist Class -12 Patiala
CNR No.:- PBPT03-010354-2022
Next Date:-22-05-2026
Ms Panjaab Travels
Vs.
Deep Karan Singh Sahi
Detail of offence :-
Notice To:
Deep Karan Singh Sahi
S/o Vimaljit Singh R/o H.No. 206, Phase -2, Mohali M/S Punjab Travels Opp. Head Post Office Near Hotel Mohan Continental Leela Bhawan, Patiala Through Prop. Paramjit Singh S/O Resham Singh.

In above titled case, the accused could not be served. It is ordered that accused should appear in person or through counsel on 22-05-2026 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate Ist Class -12, Patiala
Dated, this day of 22-04-2026

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ. 433-ਸਿਗ- ਟੀ-07-26-27 ਮਿਤੀ: 23.04.2026
ਬੰਦ ਹੋਣ ਦੀ ਮਿਤੀ/ਸਮਾਂ: 15.05.2026 15:00 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-07/26-27 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 15.05.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ। ਐਨ.ਆਈ.ਟੀ

| | | | |
|---|---|---|---|
| ਕੰਮ ਦਾ ਨਾਮ | ਫਿਰੋਜਪੁਰ ਡਵੀਜਨ ਦੇ 03 ਬਲਾਕ ਸੈਕਸ਼ਨ (ਸੁਚੀਪਿੰਡ-ਅਲਾਵਪੁਰ, ਅਲਾਵਲਪੁਰ-ਕਾਲਾ ਬਕਰਾ ਅਤੇ ਕਾਲਾ ਬਕਰਾ-ਭੋਗਪੁਰ ਸਿਰਵਾਲ) ਵਿਚ EFFTRONICS ਦੁਆਰਾ ਨਿਰਮਿਤ SSBPAC ਦੇ ਲਈ 03 ਸਾਲਾਂ ਦਾ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ ਦਾ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 15.05.2026 15:00 ਵਜੇ | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 23.04.2026 17:33 ਵਜੇ |
| ਅੰਦਾਜਨ ਲਾਗਤ (ਰੁ.) | 18,78,637.32 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 01.05.2026 |
| ਬਿਆਨਾ ਰਾਸ਼ੀ (ਰੁ) | 37,600.00 | ਕੰਮ ਪੂਰਾ ਕਰਨ ਦਾ ਸਮਾਂ | 36 ਮਹੀਨੇ |

ਨੋਟ: ਨਿਵਿਦਾਕਰਤਾ ਰੈਗਲੂਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੋਧ ਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ।

1362/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਵਿਧਾਇਕ ਵੱਲੋਂ ਘੱਗਰ ਦਰਿਆ 'ਤੇ ਪੁਲ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

**ਲਾਲੜੂ (ਵਿਨੈ ਕੁਮਾਰ ਜੈਨ)**- ਲਗਭਗ ਛੇ ਦਹਾਕਿਆਂ ਤੋਂ ਲਟਕਦੀ ਮੰਗ ਨੂੰ ਪੂਰਾ ਕਰਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਡੇਰਾਬੱਸੀ ਹਲਕੇ ਦੇ ਪਿੰਡ ਟਿਵਾਣਾ ਵਿਖੇ ਘੱਗਰ ਦਰਿਆ 'ਤੇ ਹਾਈ ਲੈਵਲ ਪੁਲ ਦੇ ਨਿਰਮਾਣ



ਕਾਰਜ ਦੀ ਸ਼ੁਰੂਆਤ ਕੀਤੀ ਗਈ।8.55 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਘੱਗਰ ਕਿਨਾਰੇ ਸਥਿਤ ਦਰਜਨਾਂ ਪਿੰਡਾਂ ਲਈ ਸੜਕ ਨੈੱਟਵਰਕ ਵਿੱਚ ਵੱਡਾ ਸੁਧਾਰ ਲਿਆਵੇਗਾ। ਕਰੀਬ 410 ਫੁੱਟ ਲੰਬੇ ਤੇ 28 ਫੁੱਟ ਚੌੜੇ ਇਸ ਪੁਲ ਨਾਲ ਡੇਰਾਬੱਸੀ ਤੋਂ ਬਨੂੜ-ਰਾਜਪੁਰਾ ਸੜਕ ਤੱਕ ਸਿੱਧੀ ਪਹੁੰਚ ਬਣੇਗੀ, ਜਿਸ ਨਾਲ ਹਜ਼ਾਰਾਂ ਲੋਕਾਂ ਦੀ ਰੋਜ਼ਾਨਾ ਆਵਾਜਾਈ ਸੁਖਾਲੀ ਹੋਵੇਗੀ।ਇਸ ਮੌਕੇ 'ਤੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਹ ਪ੍ਰੋਜੈਕਟ ਡੇਰਾਬੱਸੀ ਅਤੇ ਰਾਜਪੁਰਾ (ਬਨੂੜ) ਹਲਕਿਆਂ ਦੇ ਲੋਕਾਂ ਨਾਲ ਕੀਤਾ ਗਿਆ ਇੱਕ ਮਹੱਤਵਪੂਰਨ ਵਾਅਦਾ ਸੀ, ਜੋ ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰਾ ਹੋਇਆ ਹੈ।ਉਨ੍ਹਾਂ ਕਿਹਾ ਕਿ ਡੇਰਾਬੱਸੀ ਦੀ ਇਸ ਬੈਲਟ ਰਾਹੀਂ ਬਨੂੜ ਅਤੇ ਰਾਜਪੁਰਾ ਵੱਲ ਰੋਜ਼ਾਨਾ ਆਵਾਜਾਈ ਕਰਨ ਵਾਲੇ ਹਜ਼ਾਰਾਂ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਨ ਲਈ ਲਗਾਤਾਰ ਕੀਤੀਆਂ ਕੋਸ਼ਿਸ਼ਾਂ ਸਫਲ ਹੋਈਆਂ ਹਨ। ਉਨ੍ਹਾਂ ਨੇ ਖੁਸ਼ੀ ਜਤਾਈ ਕਿ ਉਹ ਆਪਣੇ ਵਾਅਦੇ 'ਤੇ ਖਰੇ ਉਤਰੇ ਹਨ। ਉਨ੍ਹਾਂ ਹੋਰ ਦੱਸਿਆ ਕਿ ਇਹ ਪੁਲ ਰਾਜਪੁਰਾ-ਅੰਬਾਲਾ ਹਾਈਵੇ ਅਤੇ ਚੰਡੀਗੜ੍ਹ-ਅੰਬਾਲਾ ਹਾਈਵੇ ਦਰਮਿਆਨ ਇੱਕ ਬਦਲਵਾਂ ਰਸਤਾ ਮੁਹੱਈਆ ਕਰੇਗਾ, ਜਿਸ ਨਾਲ ਯਾਤਰਾ ਸਮਾਂ ਘਟੇਗਾ ਅਤੇ ਟ੍ਰੈਫਿਕ ਦਾ ਬੋਝ ਵੀ ਘਟੇਗਾ।

# ਫੋਰਡ-ਪੰਜਾਬ ਦੇ 7 ਪੈਨਸ਼ਨਰ ਸਾਥੀਆਂ ਨੂੰ ਕੀਤਾ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ (ਫੋਰਡ) ਪੰਜਾਬ ਦੀ ਹੁਸ਼ਿਆਰਪੁਰ ਜ਼ੋਨ ਦੀ ਇੱਕ ਮੀਟਿੰਗ ਮੋਤੀ ਮਹਿਲ ਰੈਸਟੋਰੈਂਟ ਨਵੀਂ ਆਬਾਦੀ ਹੁਸ਼ਿਆਰਪੁਰ ਵਿਖੇ ਜਥੇਬੰਦੀ ਦੇ ਕਨਵੀਨਰ ਇੰਜੀਨੀਅਰ ਰਾਜੀਵ ਦੇਵਗਣ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਸ਼ਾਮਲ ਹੋਏ। ਸੀਨੀਅਰ ਵਾਇਸ ਪ੍ਰਧਾਨ ਐਸ. ਪੀ. ਸ਼ਰਮਾ ਨੇ ਸਮੇਂ ਸਮੇਂ 'ਤੇ ਜਥੇਬੰਦੀ ਵੱਲੋਂ ਕੀਤੀ ਜਾਂਦੀ ਕਾਰਵਾਈ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਮੀਟਿੰਗ ਵਿਸ਼ੇਸ਼ ਤੌਰ 'ਤੇ ਆਪਣੀ ਜ਼ਿੰਦਗੀ ਦੀਆਂ 75 ਬਹਾਰਾਂ ਮਾਣ ਚੁੱਕੇ ਪੈਨਸ਼ਨਰ ਸਾਥੀਆਂ ਨੂੰ ਸਨਮਾਨਤ ਕਰਨ ਲਈ ਸੱਦੀ ਗਈ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨ ਕੇ ਕੀਤੇ ਜਾ ਰਹੇ ਵਿਤਕਰੇ ਦੀ ਸਖ਼ਤ ਨਿਖੇਧੀ ਕੀਤੀ। ਉਹਨਾਂ 75 ਸਾਲ ਤੋਂ ਵੱਧ ਉਮਰ ਬਤੀਤ ਕਰ ਚੁੱਕੇ ਪੈਨਸ਼ਨਰ ਸਾਥੀਆਂ ਨੂੰ ਵਧਾਈ ਦਿੱਤੀ। ਉਪਰੰਤ 75 ਸਾਲ ਦੀ ਉਮਰ ਬਤੀਤ ਕਰ ਚੁੱਕੇ ਸੱਤ ਸਾਥੀਆਂ ਕੇਹਰ ਸਿੰਘ ਪੰਨੂ, ਏ.ਆਰ.ਕੇ. ਅਗਰਵਾਲ, ਏ.ਕੇ.ਕੇ. ਚਾਵਲਾ, ਏ.ਕੇ.ਐਸ. ਠਾਕੁਰ, ਏ. ਜਗਤਾਰ ਸਿੰਘ, ਏ. ਜਗੀਰ ਸਿੰਘ, ਏ. ਸਤਵੰਤ ਸਿੰਘ ਨੂੰ ਸਨਮਾਨਤ ਕੀਤਾ ਗਿਆ। ਏ.ਆਰ.ਕੇ. ਅਗਰਵਾਲ ਨੇ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ 24 ਸਾਲਾਂ ਦੀ ਸੇਵਾ ਤੋਂ ਬਾਅਦ ਗੋਲਡ ਪ੍ਰਾਪਤ ਕਰਨ ਲਈ ਕੀਤੇ ਸੰਘਰਸ਼ ਬਾਰੇ ਵੀ ਦੱਸਿਆ। ਇਸ ਮੌਕੇ ਜਨਰਲ ਸਕੱਤਰ ਦਰਸ਼ਨ ਲਾਲ ਹੁਸ਼ਿਆਰਪੁਰ ਜ਼ੋਨ, ਕੇਹਰ ਸਿੰਘ ਪੰਨੂ, ਦੀਦਾਰ ਸਿੰਘ ਨੇ ਵੀ ਸੰਬੋਧਨ ਕਰਦਿਆਂ ਸਰਕਾਰ ਨੂੰ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਦੀ ਅਪੀਲ ਕੀਤੀ ਅਤੇ ਸਨਮਾਨਤ ਸਾਥੀਆਂ ਨੂੰ ਵਧਾਈ ਦਿੱਤੀ। ਅਗਲੇ ਸਾਲ ਫਿਰ ਮਿਲਣ ਦੀ ਆਸ ਨਾਲ ਮੀਟਿੰਗ ਸਮਾਪਤ ਕੀਤੀ।

# ਮੀਡੀਏਸ਼ਨ ਲਈ ਸਰਪੰਚ ਨਹੀਂ, ਕਾਨੂੰਨੀ ਮਾਹਿਰ ਨੌਜਵਾਨ ਵਕੀਲ ਨਿਯੁਕਤ ਕੀਤੇ ਜਾਣ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਬਾਰ ਐਸੋਸੀਏਸ਼ਨ ਡੇਰਾ ਬੱਸੀ ਨੇ ਜੌਇੰਟ ਐਕਸ਼ਨ ਕਮੇਟੀ ਬਾਰ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਪੰਜਾਬ ਭਰ ਵਿੱਚ ਅਦਾਲਤਾਂ ਦਾ ਕੰਮਕਾਜ ਪੂਰੀ ਤਰ੍ਹਾਂ ਠੱਪ ਰੱਖਿਆ। ਸਾਰੇ ਪੰਜਾਬ ਦੀਆਂ ਬਾਰ ਐਸੋਸੀਏਸ਼ਨਾਂ ਦੇ ਪ੍ਰਧਾਨਾਂ ਦੀ ਮੀਟਿੰਗ 23 ਅਪ੍ਰੈਲ ਨੂੰ ਵੀਡੀਓ ਕਾਨਫਰੰਸ ਰਾਹੀਂ ਹੋਈ। ਪ੍ਰਧਾਨ ਵਿਕਰਮਜੀਤ ਸਿੰਘ ਦੱਧਰ ਨੇ ਦੱਸਿਆ ਕਿ ਐਡਮਿਨਿਸਟ੍ਰੇਸ਼ਨ ਵੱਲੋਂ ਪਿੰਡਾਂ ਦੇ ਸਰਪੰਚਾਂ ਨੂੰ ਮੀਡੀਏਟਰ ਅਪਾਇੰਟ ਕਰਨ ਦੀ ਪ੍ਰਪੋਜ਼ਲ ਲਿਆਂਦੀ ਜਾ ਰਹੀ ਹੈ ਅਤੇ ਫੈਮਿਲੀ ਕੋਰਟਾਂ ਤੇ ਆਮ ਅਦਾਲਤਾਂ ਵਿੱਚ ਇੱਕ ਹੈਲਪ ਡੈਸਕ ਬਿਠਾਇਆ ਜਾਵੇਗਾ, ਜਿਸ ਵਿੱਚ ਲਿਟੀਗੈਂਟ ਨੂੰ ਕੋਰਟ ਤੋਂ ਬਾਹਰ ਹੀ ਫੈਸਲੇ ਕਰਨ ਲਈ ਪ੍ਰੇਰਿਆ ਜਾਵੇਗਾ। ਇਸ ਪ੍ਰਕਿਰਿਆ ਵਿੱਚ ਕਿਸੇ ਵਕੀਲ ਦੀ ਕੋਈ ਭੂਮਿਕਾ ਨਹੀਂ ਹੋਵੇਗੀ।ਪ੍ਰਧਾਨ ਨੇ ਕਿਹਾ ਕਿ ਮੀਡੀਏਟਰ ਸਿਰਫ਼ ਉਹੀ ਬਣ ਸਕਦਾ ਹੈ ਜਿਸ ਨੂੰ ਕਾਨੂੰਨ ਦੀ ਪੂਰੀ ਜਾਣਕਾਰੀ ਹੋਵੇ ਅਤੇ ਜੋ ਲਿਟੀਗੈਂਟਸ ਨੂੰ ਸਹੀ ਤੇ ਕਾਨੂੰਨੀ ਸਲਾਹ ਦੇ ਸਕੇ। ਇਹ ਕੰਮ ਕਿਸੇ ਆਮ ਵਿਅਕਤੀ ਜਾਂ ਸਰਪੰਚ ਦੇ ਵੱਸ ਦੀ ਗੱਲ ਨਹੀਂ ਹੈ। ਇਸ



ਤਰ੍ਹਾਂ ਦੇ ਕਦਮ ਨਾਲ ਪਾਰਟੀਆਂ ਦਾ ਨੁਕਸਾਨ ਹੋਵੇਗਾ। ਮੀਡੀਏਸ਼ਨ ਇੱਕ ਜ਼ਿੰਮੇਵਾਰੀ ਵਾਲਾ ਕੰਮ ਹੈ, ਨਾ ਕਿ ਕਿਸੇ ਪੰਚਾਇਤੀ ਦੀ ਕਾਰਵਾਈ।ਉਨ੍ਹਾਂ ਨੇ ਇਹ ਵੀ ਮੰਗ ਕੀਤੀ ਕਿ ਜੇ ਨਵੇਂ ਮੀਡੀਏਟਰ ਅਪਾਇੰਟ ਕਰਨੇ ਹਨ ਤਾਂ ਇਹ ਮੌਕਾ ਰੋਜ਼ਾਨਾ ਪ੍ਰੈਕਟਿਸ ਕਰ ਰਹੇ ਨੌਜਵਾਨ ਵਕੀਲਾਂ ਨੂੰ ਦਿੱਤਾ ਜਾਣਾ ਚਾਹੀਦਾ ਹੈ। ਇਸ ਮੌਕੇ ਬਾਰ ਐਸੋਸੀਏਸ਼ਨ ਦੀ ਐਗਜ਼ੀਕਿਊਟਿਵ ਵਿੱਚੋਂ ਵਾਈਸ ਪ੍ਰਧਾਨ ਰਾਮ ਕੇ. ਧੀਮਾਨ, ਸਕੱਤਰ ਇੰਦਰਪਾਲ ਖ਼ਜ਼ੀ, ਸੀਮਾ ਧੀਮਾਨ, ਹਰਪ੍ਰੀਤ ਸਿੰਘ, ਸੁੱਚਾ ਸਿੰਘ, ਮਨਿੰਦਰ ਕੌਰ, ਕੁਲਵਿੰਦਰ ਕੌਰ, ਅਮਰਿੰਦਰ ਨੇਵਾ, ਜਸਵੰਤ ਤੁਰ, ਗੁਰਜੰਟ ਚੌਹਾਨ, ਮਿੱਤਰਪਾਲ ਸੈਣੀ, ਹਰਦੀਪ ਸੈਣੀ, ਕੁਲਜਿੰਦਰ ਸੰਧੂ, ਰਾਕੇਸ਼ ਬੈਰਾਗੀ, ਸੁਮਿਤ ਗੋਯਲ, ਸੁਰੇਸ਼ ਕੁਮਾਰ ਸ਼ਰਮਾ, ਦਵਿੰਦਰ ਸਿੰਘ, ਓਮਵਿੰਦ ਧੀਮੀ, ਪ੍ਰਿੰਸ ਰਾਜ ਕੁਮਾਰ ਮੱਟੂ ਤੇ ਹੋਰ ਵਕੀਲ ਹਾਜ਼ਰ ਸਨ।

# ਵਿਸ਼ਵ ਧਰਤੀ ਦਿਵਸ ਮਨਾਇਆ

**ਫਗਵਾੜਾ (ਡਾ. ਰਮਨ)**- ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਵੱਲੋਂ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਅਤੇ ਸਕੱਤਰ ਮਲਕੀਅਤ ਸਿੰਘ ਰਗਬੋਤਰਾ ਦੀ ਅਗਵਾਈ ਹੇਠ ਵਿਸ਼ਵ ਧਰਤੀ ਦਿਵਸ ਸਕੂਲੀ ਵਿਦਿਆਰਥੀਆਂ ਦੇ ਨਾਲ ਮਨਾਇਆ ਗਿਆ ਜਿਸ ਦਾ ਥੀਮ 'ਸਾਡੀ ਸ਼ਕਤੀ, ਸਾਡਾ ਪਲੈਨਟ' ਸੀ। ਸਮਾਗਮ ਦੀ ਆਰੰਭਤਾ ਜਯੋਤੀ ਪ੍ਰਜਵੱਲਿਤ ਕਰਕੇ ਕੀਤੀ ਗਈ। ਮਲਕੀਅਤ ਸਿੰਘ ਰਗਬੋਤਰਾ ਨੇ ਧਰਤੀ ਦਿਵਸ ਦੇ ਮਹੱਤਵ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਅਤੇ ਕਿਹਾ ਕਿ ਧਰਤੀ 'ਤੇ ਵਾਤਾਵਰਣ ਦੀ ਸੁਰੱਖਿਆ ਲਈ ਵੱਧ ਤੋਂ ਵੱਧ ਦਰਖ਼ਤ ਲਗਾਉਣੇ ਤੇ ਕੁਦਰਤੀ ਸਰੋਤਾਂ ਦੀ ਰੱਖਿਆ ਕਰਨੀ ਚਾਹੀਦੀ ਹੈ। ਉਹਨਾਂ ਦੱਸਿਆ ਕਿ ਇਸ ਦਿਨ ਨੂੰ ਮਨਾਉਣ ਦਾ ਮਕਸਦ ਧਰਤੀ 'ਤੇ ਵੱਸਦੇ ਪ੍ਰਾਣੀਆਂ ਨੂੰ ਜਲਵਾਯੂ 'ਚ ਬਦਲਾਅ ਦੇ ਨਾਲ ਧਰਤੀ ਨੂੰ ਹੋ ਰਹੇ ਨੁਕਸਾਨ ਪ੍ਰਤੀ ਜਾਗਰੁਕ ਕਰਨਾ ਹੈ। ਸਮਾਗਮ ਦੌਰਾਨ ਸਕੂਲੀ ਵਿਦਿਆਰਥੀਆਂ ਦੇ ਭਾਸ਼ਣ, ਕਵਿਤਾ, ਪਲਾਂਟਰ ਮੇਕਿੰਗ, ਪੋਸਟਰ ਮੇਕਿੰਗ, ਕਰਾਫਟਿੰਗ, ਸਕੈੱਚ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ।



ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਜੱਜਾਂ ਦੀ ਭੂਮਿਕਾ ਵੰਦਨਾ ਸ਼ਰਮਾ, ਮੋਨਿਕਾ ਅਤੇ ਆਂਚਲ ਵਲੋਂ ਨਿਭਾਈ ਗਈ। ਵਿਦਿਆਰਥੀਆਂ ਨੂੰ ਪ੍ਰੋਜੈਕਟਰ ਰਾਹੀਂ ਧਰਤੀ ਸਬੰਧੀ ਫ਼ਿਲਮ ਦਿਖਾਈ ਗਈ ਤੇ ਵਿਦਿਆਰਥੀਆਂ ਨੂੰ ਧਰਤੀ ਦੀ ਸੰਭਾਲ ਵਿਚ ਸਹਿਯੋਗ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ, ਅਧਿਆਪਕਾਂ ਤੇ ਪਤਵੰਤਿਆਂ ਨੇ ਧਰਤੀ ਦੀ ਸੰਭਾਲ ਲਈ ਸਾਦਾ ਜੀਵਨ ਜੀਉਣ ਅਤੇ ਬੂਟੇ ਲਗਾ ਕੇ ਉਹਨਾਂ ਦੀ ਦੇਖਭਾਲ ਕਰਨ ਦਾ ਪ੍ਰਣ ਲਿਆ। ਸਵੱਛ ਭਾਰਤ ਮਿਸ਼ਨ ਦੇ ਫੈਸੀਲੀਟੇਟਰ ਸੁਨੀਤਾ ਸ਼ਰਮਾ ਅਤੇ ਉਹਨਾਂ ਦੇ ਸਹਿਯੋਗੀ ਆਸ਼ਾ ਰਾਣੀ ਨੇ ਪਲਾਸਟਿਕ ਦੀ ਵਰਤੋਂ ਨਾ ਕਰਕੇ ਧਰਤੀ ਦੀ ਸੇਵਾ ਕਰਨ ਦਾ ਸੁਨੇਹਾ ਦਿੱਤਾ। ਸਮਾਗਮ ਦੌਰਾਨ ਵਣ ਵਿਭਾਗ ਦੇ ਸਹਿਯੋਗ ਨਾਲ ਬੂਟੇ ਵੀ ਲਗਾਏ ਗਏ। ਇਸ ਮੌਕੇ ਮੋਹਨ ਲਾਲ ਤਨੇਜਾ, ਐੱਨ ਐੱਸ ਸੈਣੀ, ਐੱਸ ਸੀ ਚਾਵਲਾ, ਹਰਵਿੰਦਰ ਸਿੰਘ, ਸੁਖਪਾਲ, ਬੀ ਐੱਮ ਪੁਰੀ, ਨਰੇਸ਼ ਕੋਹਲੀ, ਸੁਧਾ ਬੇਦੀ ਆਦਿ ਹਾਜ਼ਰ ਸਨ।

# ਵੈਟਰਨਰੀ ਇੰਸਪੈਕਟਰ ਭਲਕੇ ਮੁੱਖ ਮੰਤਰੀ ਦੇ ਨਿਵਾਸ ਵੱਲ ਕਰਨਗੇ ਰੋਸ ਮਾਰਚ : ਬਾਸੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪਸ਼ੂ ਪਾਲਣ ਵਿਭਾਗ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਲਗਾਤਾਰ ਯਤਨਸ਼ੀਲ ਹਨ, ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੀਆਂ ਕਈ ਮੀਟਿੰਗਾਂ



ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁਡੀਆ, ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਤੋਂ ਇਲਾਵਾ ਵਿਭਾਗ ਦੇ ਪ੍ਰਮੁੱਖ ਸਕੱਤਰ ਸਮੇਤ ਵਿਭਾਗ ਦੀ ਡਾਇਰੈਕਟੋਰੇਟ ਦੀ ਅਫਸਰਸ਼ਾਹੀ ਨਾਲ ਹੋ ਚੁੱਕੀਆਂ ਹਨ, ਪਰ ਵੈਟਰਨਰੀ ਇੰਸਪੈਕਟਰਾਂ ਦੇ ਪੱਲੇ ਹੁਣ ਤੱਕ ਸਿਵਾਏ ਲਾਰਿਆਂ ਤੋਂ ਕੁਝ ਨਹੀਂ ਪਿਆ, ਪਿਛਲੇ ਸਮੇਂ ਤੋਂ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਨਾਲ ਮੀਟਿੰਗ ਦਾ ਸਮਾਂ ਮੰਗ ਰਹੀ ਹੈ, ਪਰ ਹੁਣ ਤੱਕ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਨੂੰ ਮੀਟਿੰਗ ਦਾ ਸਮਾਂ ਨਹੀਂ ਮਿਲਿਆ। ਆਖਰਕਾਰ ਨਿਰਾਸ਼ ਤੇ ਨਰਾਜ਼ ਹੋਏ ਵੈਟਰਨਰੀ ਇੰਸਪੈਕਟਰ, ਪੰਜਾਬ ਸਰਕਾਰ ਵਿਰੁੱਧ 26 ਅਪ੍ਰੈਲ ਨੂੰ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕਰਨਗੇ ਤੇ ਦੁਪਹਿਰ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਵੱਲ ਮਾਰਚ ਕਰਨਗੇ।ਇਸ ਵਿੱਚ ਡੇਢ ਹਜ਼ਾਰ ਤੋਂ ਵੱਧ ਵੈਟਰਨਰੀ ਇੰਸਪੈਕਟਰਾਂ ਤੋਂ ਇਲਾਵਾ ਵਿਭਾਗ ਤੋਂ ਰਿਟਾਇਰ ਹੋ ਚੁੱਕੇ ਸਾਥੀ ਵੀ ਸ਼ਾਮਿਲ ਹੋਣਗੇ। ਇਸ ਮੌਕੇ ਤੇ ਗੁਰਦੀਪ ਸਿੰਘ ਛੰਨਾ, ਦਲਜੀਤ ਸਿੰਘ ਚਾਹਲ, ਗੁਰਮੀਤ ਸਿੰਘ ਮਹਿਤਾ, ਗੁਰਪ੍ਰੀਤ ਸਿੰਘ ਨਾਭਾ, ਗੁਰਪ੍ਰੀਤ ਸਿੰਘ ਸੰਗਰੂਰ, ਹਰਦੀਪ ਸਿੰਘ ਗਿਆਨਾ,ਪਰਮਜੀਤ ਸਿੰਘ ਸੋਹੀ, ਸਤਨਾਮ ਸਿੰਘ ਅੰਮ੍ਰਿਤਸਰ, ਪ੍ਰਵੀਨ ਕੁਮਾਰ, ਰਕੇਸ਼ ਸੈਣੀ, ਹਰਜੋਧ ਸਿੰਘ, ਰਜੀਵ ਮਲਹੋਤਰਾ, ਦਮਨਜੀਤ ਸਿੰਘ ਗਿੱਲ, ਸੁਖਜਿੰਦਰ ਸਿੰਘ ਫਰੀਦਕੋਟ, ਜਗਜੀਤ ਸਿੰਘ, ਸੰਦੀਪ ਚੌਧਰੀ, ਵਿਜੇ ਕੰਬੋਜ ਹਾਜ਼ਰ ਸਨ।

# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਜਲ ਸੰਭਾਲ ਪੇਂਟਿੰਗ ਗਤੀਵਿਧੀ ਕਰਵਾਈ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੇਵ ਵਾਟਰ, ਸੇਵ ਲਾਈਫ ਵਿਸ਼ੇ ਅਧੀਨ ਜਲ ਸੰਭਾਲ ਪੇਂਟਿੰਗ ਗਤੀਵਿਧੀ ਦਾ ਆਯੋਜਨ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ



ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਦੀ ਅਗਵਾਈ ਹੇਠ ਕਰਵਾਇਆ ਗਿਆ। ਇਹ ਗਤੀਵਿਧੀ ਸੀਨੀਅਰ ਵਿੰਗ ਦੇ ਵਾਈਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ ਜੋਸਨ, ਜੂਨੀਅਰ ਵਿੰਗ ਦੇ ਵਾਈਸ ਪ੍ਰਿੰਸੀਪਲ ਮੈਡਮ ਰਵਿੰਦਰਜੀਤ ਕੌਰ ਤੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਦੀ ਸੁਚੱਜੀ ਦੇਖ-ਰੇਖ ਹੇਠ ਸਫਲਤਾਪੂਰਵਕ ਸੰਪੰਨ ਹੋਈ। ਵਿਦਿਆਰਥੀਆਂ ਵਿੱਚ ਜਲ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਆਯੋਜਿਤ ਇਸ ਗਤੀਵਿਧੀ ਵਿੱਚ ਪਹਿਲੀ ਤੋਂ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਆਪਣੀਆਂ ਰੰਗ-ਬਰੰਗੀਆਂ ਤੇ ਸਿਰਜਣਾਤਮਕ ਪੇਂਟਿੰਗਾਂ ਰਾਹੀਂ ਪਾਣੀ ਦੀ ਮਹੱਤਤਾ, ਇਸ ਦੀ ਸੰਭਾਲ ਅਤੇ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਹਰ ਕਲਾਸ ਵਿੱਚੋਂ ਸਰਵੋਤਮ ਪੇਂਟਿੰਗ ਦੀ ਚੋਣ ਕਰਕੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਤੇ ਚੁਣੀਆਂ ਗਈਆਂ ਪੇਂਟਿੰਗਾਂ ਨੂੰ ਸਕੂਲ ਦੇ ਨੋਟਿਸ ਬੋਰਡ 'ਤੇ ਪ੍ਰਦਰਸ਼ਿਤ ਕੀਤਾ ਗਿਆ। ਇਸ ਮੌਕੇ ਕਰਨਲ ਅਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਵਾਤਾਵਰਣ ਪ੍ਰਤੀ ਸੰਵੇਦਨਸ਼ੀਲਤਾ ਅਤੇ ਰਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਦੀਆਂ ਹਨ। ਇਹ ਗਤੀਵਿਧੀ ਸਿੱਖਿਆ, ਜਾਗਰੂਕਤਾ ਅਤੇ ਰਚਨਾਤਮਕਤਾ ਦਾ ਸੁੰਦਰ ਮੇਲ ਸਾਬਤ ਹੁੰਦੀ ਹੈ। ਇਸੇ ਤਰ੍ਹਾਂ ਸੀਨੀਅਰ ਵਿੰਗ ਦੀ ਵਾਈਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ ਜੋਸਨ ਤੇ ਜੂਨੀਅਰ ਵਿੰਗ ਦੀ ਵਾਈਸ ਪ੍ਰਿੰਸੀਪਲ ਮੈਡਮ ਰਵਿੰਦਰਜੀਤ ਕੌਰ ਨੇ ਵੀ ਆਪਣੇ ਉਤਸ਼ਾਹਵਰਧਕ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਪਾਣੀ ਸੰਭਾਲ ਪ੍ਰਤੀ ਸੁਚੇਤ ਰਹਿਣ ਅਤੇ ਇਸ ਮੁਹਿੰਮ ਵਿੱਚ ਆਪਣਾ ਸੁਚੱਜਾ ਤੇ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਨੇ ਮੰਗਾਂ ਸੰਬੰਧੀ ਦਿੱਤਾ ਮੰਗ ਪੱਤਰ

**ਫ਼ਗਵਾੜਾ (ਜਸਵਿੰਦਰ ਢੱਡਾ)**- ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੀ 22-23 ਫਰਵਰੀ 2026 ਨੂੰ ਕੁਰੁਕਸ਼ੇਤਰ (ਹਰਿਆਣਾ) ਵਿਖੇ ਹੋਈ ਕੌਮੀ ਕਾਨਫਰੰਸ ਦੇ ਸਰਬ ਸੰਮਤੀ ਨਾਲ 21 ਅਪ੍ਰੈਲ ਨੂੰ ਮੰਗ ਦਿਵਸ ਦੇ ਤੌਰ 'ਤੇ ਮਨਾਣ ਦੇ ਕੀਤੇ ਗਏ ਐਲਾਨ ਅਨੁਸਾਰ ਪੰਜਾਬ ਪੈਂਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਅਗਵਾਈ ਵਿੱਚ 21 ਅਪ੍ਰੈਲ ਨੂੰ ਮੰਗ ਦਿਵਸ ਦੇ ਤੌਰ 'ਤੇ ਮਨਾਉਂਦੇ ਹੋਏ, ਐਡੀਸ਼ਨਲ ਡਿਪਟੀ ਕਮਿਸ਼ਨਰ ਫ਼ਗਵਾੜਾ ਡਾ.ਸਿਖਾ ਭਗਤ ਦੇ ਗੈਰ ਮੌਜੂਦਗੀ ਵਿੱਚ ਦਫ਼ਤਰ ਸੁਪਰਡੈਂਟ ਆਸ਼ਾ ਲਤਾ ਦੇ ਰਾਹੀਂ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਸੰਬੰਧੀ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂਅ 'ਤੇ ਮੰਗ ਪੱਤਰ ਭੇਜਿਆ ਗਿਆ। ਮੰਗ ਪੱਤਰ ਭੇਜਣ ਸਮੇਂ ਇਕੱਠੇ ਹੋਏ ਜੁਝਾਰੂ ਪੈਨਸ਼ਨਰ ਸਾਥੀਆਂ ਨੂੰ ਮੰਗ ਪੱਤਰ ਦੀਆਂ ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਦੱਸਿਆ ਕਿ ਫਾਈਨਾਂਸ ਬਿੱਲ 2025 ਨੂੰ ਰੱਦ ਕਰਨ,ਐੱਨ ਪੀ ਐੱਸ ਨੂੰ ਖ਼ਤਮ ਕਰਨ ਅਤੇ ਪੁਰਾਣੀ ਪੈਂਨਸ਼ਨ ਨੂੰ ਸਮੂਹ ਮੁਲਾਜ਼ਮਾਂ ਤੇ ਲਾਗੂ ਕਰਨ, 31 ਦਸੰਬਰ 2025 ਤੱਕ ਸੇਵਾ ਮੁਕਤ ਹੋਏ ਪੈਨਸ਼ਨਰਾਂ 'ਤੇ ਵੀ ਅੱਠਵਾਂ ਪੇ ਕਮਿਸ਼ਨ ਲਾਗੂ ਕਰਨ, ਸਾਰੇ ਰਾਜਾਂ ਵਿੱਚ ਮੁਲਾਜ਼ਮਾਂ 'ਤੇ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਨਾਲ ਇੱਕ ਸਾਰ ਡੀ ਏ ਲਾਗੂ ਕਰਨ, ਪੈਂਨਸ਼ਨ ਕਮਿਊਟੇਸ਼ਨ ਦੀ ਕਟੌਤੀ 15 ਸਾਲ ਦੀ ਬਜਾਏ 11 ਸਾਲਾਂ ਵਿੱਚ ਕਰਨ,ਸਭ ਪ੍ਰਕਾਰ ਦੀ ਯਾਤਰਾ ਵਿੱਚ ਕਿਰਾਏ



ਵਿੱਚ ਬੰਦ ਕੀਤੀ ਛੋਟ ਬਹਾਲ ਕਰਨ ਆਦਿ ਮੰਗਾਂ ਦਾ ਮੰਗ ਪੱਤਰ ਦਿੱਤਾ। ਮੰਗ ਪੱਤਰ ਭੇਜਣ ਦੇ ਐਕਸ਼ਨ ਦੀ ਕਾਰਵਾਈ ਰਿਪੋਰਟ ਦੀ ਜਾਣਕਾਰੀ ਲਿਖਤੀ ਰੂਪ ਵਿੱਚ ਪ੍ਰੈੱਸ ਨੂੰ ਐਸੋਸੀਏਸ਼ਨ ਦੇ ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ ਨੇ ਦਿੱਤੀ।ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਪ੍ਰਮੋਦ ਕੁਮਾਰ ਜੋਸ਼ੀ, ਤਾਰਾ ਸਿੰਘ ਬੀਕਾ, ਪ੍ਰਿੰਸੀਪਲ ਧਰਮਵੀਰ ਨਾਰੰਗ, ਸਤਪਾਲ ਸਿੰਘ ਖੱਟਕੜ, ਕੇ ਕੇ ਪਾਂਡੇ, ਰਤਨ ਸਿੰਘ ਗੁਰਾਇਆ, ਰਤਨ ਸਿੰਘ, ਸੋਹਣ ਲਾਲ ਬੰਗਾ, ਰਾਮ ਲੁਭਾਇਆ, ਸ਼ਿਵ ਦਾਸ, ਸਤਪਾਲ ਮਹਿਮੀ, ਸੁਖਦੇਵ ਫ਼ਗਵਾੜਾ, ਪਿਆਰਾ ਰਾਮ ਪਲਾਹੀ, ਕੁਲਵੰਤ ਸਿੰਘ ਭਿੰਡਰ, ਵਿਜੇ ਕੁਮਾਰ ਕਟਾਰੀਆ, ਮਹਿੰਦਰ ਪਾਲ ਮੌਲੀ, ਵਿਨੋਦ ਕੁਮਾਰ ਆਦਿ ਪੈਨਸ਼ਨਰ ਹਾਜ਼ਰ ਹੋਏ।

# ਮੁਲਾਜ਼ਮਾਂ ਤੇ ਕਿਸਾਨ ਜਥੇਬੰਦੀਆਂ ਵੱਲੋਂ ਧਰਨਾ

**ਕਪੂਰਥਲਾ (ਮਨਜੀਤ ਮਾਨ)**- ਡੀ ਸੀ ਕਪੂਰਥਲਾ ਨੂੰ ਦਿੱਤੇ 48 ਘੰਟੇ ਦੇ ਅਲਟੀਮੇਟਮ ਤੋਂ ਬਾਅਦ ਸ਼ੇਰੇ ਪੰਜਾਬ ਨੌਜਵਾਨ ਕਿਸਾਨ ਮਜ਼ਦੂਰ ਮੋਰਚਾ ਪੰਜਾਬ ਵੱਲੋਂ ਡੀ ਸੀ ਦਫਤਰ ਕਪੂਰਥਲਾ ਦੇ ਅੰਦਰ ਧਰਨਾ ਲਗਾ ਦਿੱਤਾ ਗਿਆ। ਸੂਬਾ ਪ੍ਰਧਾਨ ਬਾਈ ਨਛੱਤਰ ਸਿੰਘ ਦੀ ਇਹ ਅਗਵਾਈ ਵਿੱਚ ਕੈਂਬਰਿਜ ਇੰਟਰਨੈਸ਼ਨਲ ਸਕੂਲ ਦੇ ਸੈਂਕੜੇ ਡਰਾਈਵਰ ਹੈਲਪਰ ਬੀਬੀਆਂ ਧਰਨੇ ਤੇ ਬੈਠ ਗਈਆਂ। ਪੰਜਾਬ ਕਿਸਾਨ ਯੂਨੀਅਨ ਬਾਗੀ ਤੋਂ ਗੁਰਦੀਪ ਸਿੰਘ ਭੰਡਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਤੋਂ ਧਰਮਿੰਦਰ ਸਿੰਘ ਵੀ ਮਜੂਦ ਰਹੇ।ਸੂਬਾ ਪ੍ਰਧਾਨ ਬਾਈ ਨਛੱਤਰ ਸਿੰਘ ਨੇ ਦੱਸਿਆ ਕਿ ਲੇਬਰ ਡਿਪਾਰਟਮੈਂਟ ਦੇ ਨਿਯਮਾਂ ਮੁਤਾਬਕ ਡਰਾਈਵਰਾਂ ਨੂੰ ਬਣਦੀ ਤਨਖਾਹ ਨਹੀਂ ਦਿੱਤੀ ਜਾਂਦੀ ਹੈ ਤੇ ਇੱਥੋਂ ਤੱਕ ਕਿ ਹੈਲਪਰ ਔਰਤਾਂ ਨੂੰ ਮਹੀਨੇ ਦੀ 2500 ਤੋਂ 3000 ਰੁਪਏ ਸਕੂਲ ਵੱਲੋਂ ਤਨਖਾਹ ਦਿੱਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਵਾਰ ਵਾਰ ਸਕੂਲ ਮੈਨੇਜਮੈਂਟ ਅਤੇ ਡੀ ਸੀ ਕਪੂਰਥਲਾ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਵੀ ਸਮੱਸਿਆ ਦਾ ਹੱਲ ਨਹੀ ਦਿੱਤਾ ਜਾ ਰਿਹਾ ਸੀ ਜਿਸ ਦੇ ਮਜਬੂਰਨ ਸਕੂਲ ਕਰਮਚਾਰੀਆਂ ਵੱਲੋਂ ਡੀ ਸੀ ਦਫਤਰ ਦੇ ਅੰਦਰ ਧਰਨਾ ਲਗਾਉਣਾ ਪਿਆ। ਮਾਮਲੇ ਨੂੰ ਗਰਮਾਉਂਦਾ ਦੇਖਤੇ ਸਕੂਲ ਮੁਲਾਜ਼ਮਾਂ ਦੇ ਵੱਧਦੇ ਇਕੱਠ ਨੂੰ ਦੇਖ ਐੱਸ ਡੀ ਐੱਮ ਇਰਵਨ ਕੌਰ ਤੇ ਡੀ ਐੱਸ ਪੀ ਸੁਖਪਾਲ ਸਿੰਘ ਰੰਧਾਵਾ ਵੱਲੋਂ ਕਿਸਾਨ



ਜਥੇਬੰਦੀਆਂ ਦੇ ਆਗੂਆਂ ਨਾਲ ਮੀਟਿੰਗ ਕਰ ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਨੂੰ ਬੁਲਾ ਕੇ ਡਰਾਈਵਰਾਂ ਤੇ ਹੈਲਪਰਾ ਦੀਆਂ ਤਨਖਾਹਾਂ ਵਧਾਉਣ ਦਾ ਲਿਖਤੀ ਭਰੋਸਾ ਦਿੱਤਾ ਗਿਆ। ਵਧੀਆਂ ਹੋਈਆਂ ਤਨਖਾਹਾ 1 ਮਈ ਤੋਂ ਲਾਗੂ ਕਰਾਉਣ ਦਾ ਲਿਖਤੀ ਭਰੋਸਾ ਦਿੱਤਾ ਗਿਆ। ਕਿਸਾਨ ਜਥੇਬੰਦੀਆਂ ਨੂੰ 30 ਮਈ ਨੂੰ ਡੀਸੀ ਕਪੂਰਥਲਾ ਨਾਲ ਅਗਲੀ ਮੀਟਿੰਗ ਦਾ ਸਮਾਂ ਦਿੱਤਾ ਗਿਆ। ਇਸ ਸਮੇਂ ਸੁਖਦੇਵ ਸਿੰਘ ਖੀਰਾਂਵਾਲੀ, ਮਨਪ੍ਰੀਤ ਸਿੰਘ ਮੰਨਾ, ਸਰਪੰਚ ਲਖਵਿੰਦਰ ਸਿੰਘ, ਪਰਮਜੀਤ ਸਿੰਘ ਭੁੱਲਰ,ਅੱਛਰ ਸਿੰਘ ਗਡਾਨਾ, ਲਵਪ੍ਰੀਤ ਸਿੰਘ ਮਿਆਣੀ, ਹਰਪਿੰਦਰ ਸਿੰਘ ਢਿੱਲੋਂ, ਚਰਨਜੀਤ ਸਿੰਘ ਕਪੂਰਥਲਾ, ਕਮਲਜੀਤ ਸਿੰਘ ਮਠਾੜੂ, ਗੁਰਮੀਤ ਸਿੰਘ ਭਗਵਾਨਪੁਰ, ਸੁਖਵਿੰਦਰ ਸਿੰਘ, ਡਾ ਲਖਵਿੰਦਰ ਸਿੰਘ, ਮਲਕੀਤ ਸਿੰਘ ਭੰਡਾਲ, ਜਸਵਿੰਦਰ ਸਿੰਘ ਸੁੰਨੜ,ਰਾਜਪਾਲ ਸਿੰਘ ਭੁੱਲਰ, ਬਾਬਾ ਮਲਕੀਤ ਸਿੰਘ ਆਦਿ ਆਗੂ ਹਾਜ਼ਰ ਰਹੇ।

# ਐਡਵੋਕੇਟ ਲਵਪ੍ਰੀਤ ਕੌਰ ਵੱਲੋਂ ਵਿਦਿਆਰਥਣ ਦ੍ਰਿਸ਼ਟੀ ਸਨਮਾਨਤ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਓਂਕਾਰ ਨਾਥ ਸੀਨੀਅਰ ਸੈਕੰਡਰੀ ਸਕੂਲ ਕਾਲਾ ਬਾਹੀਆਂ (ਜਲੰਧਰ) ਵਿਖੇ ਇੱਕ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸੈਸ਼ਨ 2024-25 ਦੇ ਦਸਵੀਂ ਸ਼੍ਰੇਣੀ ਦੀ ਬੋਰਡ ਪ੍ਰੀਖਿਆ ਦੀ



ਸਕੂਲ ਦੀ ਟਾਪਰ ਵਿਦਿਆਰਥਣ ਦ੍ਰਿਸ਼ਟੀ ਸਪੁੱਤਰੀ ਕੁਲਦੀਪ ਕੁਮਾਰ/ਜਸਵਿੰਦਰ ਕੌਰ ਨੂੰ ਮੁੱਖ ਮਹਿਮਾਨ ਲਵਪ੍ਰੀਤ ਕੌਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਲਵਪ੍ਰੀਤ ਕੌਰ ਅਤੇ ਸਕੂਲ ਡਾਇਰੈਕਟਰ ਵੱਲੋਂ ਦ੍ਰਿਸ਼ਟੀ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਮੁਬਾਰਕਾਂ ਦਿੱਤੀਆਂ ਗਈਆਂ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਸਕੂਲ ਵੱਲੋਂ ਐਡਵੋਕੇਟ ਲਵਪ੍ਰੀਤ ਕੌਰ ਤੇ ਤਨਵੀਰ ਸਿੰਘ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਡਾਇਰੈਕਟਰ ਅਮਰੀਕ ਸਿੰਘ, ਸਕੂਲ ਇੰਚਾਰਜ ਮੈਡਮ ਰਾਜ ਰਾਣੀ, ਗੇਂਦੀ ਰਾਮ, ਐਡਵੋਕੇਟ ਲਵਪ੍ਰੀਤ ਕੌਰ, ਕੁਲਦੀਪ ਕੁਮਾਰ, ਜਸਵਿੰਦਰ ਕੌਰ, ਦ੍ਰਿਸ਼ਟੀ,ਤਨਵੀਰ ਸਿੰਘ, ਸੁਮਨ, ਨਿਤਿਕਾ ਕਮਲ, ਵੀਨਾ, ਕੰਵਲਜੀਤ ਕੌਰ, ਜਸਕੀਰਤ ਕੌਰ, ਜਸਵੀਰ ਕੌਰ ਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਮੇਹਰ ਚੰਦ ਬਹੁ ਤਕਨੀਕੀ ਕਾਲਜ ਵਿਖੇ ਲੇਖ ਲਿਖਣ ਮੁਕਾਬਲਾ

**ਜਲੰਧਰ (ਸ਼ੈਲੀ ਐਲਬਰਟ)**- ਭਾਰਤ ਦੇ ਮੁੱਖ ਚੋਣ ਕਮੀਸ਼ਨਰ ਦੀਆਂ ਹਦਾਇਤਾਂ ਅਨੁਸਾਰ ਪ੍ਰਿੰਸੀਪਲ ਡਾ.ਜਗਰੂਪ ਸਿੰਘ ਦੀ ਯੋਗ ਅਗਵਾਈ ਵਿੱਚ ਮੇਹਰਚੰਦ ਪੋਲੀਟੈਕਨਿਕ ਕਾਲਜ ਵਿਖੇ ਚੋਣ/ਵੋਟਿੰਗ ਨੂੰ ਉਤਸ਼ਾਹਿਤ ਕਰਨ ਲਈ ਐੱਸ ਆਈ ਆਰ ਸਕੀਮ ਅਧੀਨ ਲੇਖ ਲਿਖਣ ਮੁਕਾਬਲਾ ਕਰਵਾਇਆ ਗਿਆ।ਨੋਡਲ ਅਫਸਰ ਤੇ ਸਵੀਪ ਇੰਚਾਰਜਪ੍ਰੀਤ ਕੰਵਲ



ਦੁਆਰਾ ਵੋਟ ਦੀ ਮਹੱਤਤਾ ਸੰਬਧੀ ਚਾਨਣਾਂ ਪਾਉਦੇ ਹੋਏ ਬੱਚਿਆਂ ਨੂੰ ਨਿਡਰਤਾ, ਧਰਮ, ਵਰਗ, ਜਾਤੀ, ਸਮੁਦਾਇ, ਭਾਸ਼ਾ ਜਾ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨ੍ਹਾਂ ਆਪਣੇ ਵੋਟ ਦੇ ਇਸਤੇਮਾਲ ਕਰਨ ਦੀ ਗੱਲ ਕਹੀ ਗਈ ।ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਪ੍ਰੇਰਨਾਦਾਇਕ ਲੇਖ ਲਿਖੇ। ਇਸ ਮੁਕਾਬਲੇ ਦਾ ਨਿਰਣਾ ਪ੍ਰਭੂ ਦਿਆਲ ਦੁਆਰਾ ਕੀਤਾ ਗਿਆ ਅਤੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ ਗਿਆ। ਪ੍ਰਿੰਸੀਪਲ ਅਤੇ ਸਾਰੇ ਫੈਕਲਟੀ ਮੈਂਬਰਾਂ ਨੇ ਵਿਦਿਆਰਥੀਆਂ ਦੀ ਬਹੁਤ ਪ੍ਰਸ਼ੰਸਾ ਕੀਤੀ।ਇਸ ਸਮੇਂ ਤੇ ਪਿਲਓਹਰੀ, ਸੁਸ਼ੀਲ ਕੁਮਾਰ, ਸ਼ਸ਼ੀ ਭੂਸ਼ਨ, ਗੌਰਵ ਸ਼ਰਮਾ, ਪ੍ਰਭੂਦਿਆਲ, ਗੋਕੁਲ ਸਿੰਘ ਤੇ ਨੇਹਾ ਸ਼ਾਮਿਲ ਸਨ।

# ਪੰਚਾਇਤ ਨੇ ਸਿਲਾਈ ਸੈਂਟਰ ਦੀਆਂ ਸਿੱਖਿਆਰਥਣਾਂ ਨੂੰ ਸਰਟੀਫਿਕੇਟ ਵੰਡੇ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿਛਲੇ ਦਿਨੀਂ ਗ੍ਰਾਮ ਪੰਚਾਇਤ ਸ਼ਾਮਪੁਰ ਵੱਲੋਂ ਸ਼ਿਵਾ ਪਬਲਿਕ ਸਕੂਲ ਨੂਰਮਹਿਲ, ਪੰਜਾਬ ਕਲਾ ਦਰਪਣ, ਸ਼ਾਮਪੁਰ (ਰਜਿ.) ਅਤੇ ਐੱਨ.ਆਰ.ਆਈਜ਼ ਦੇ ਸਹਿਯੋਗ ਨਾਲ ਪਿੰਡ ਵਿੱਚ ਖੋਲ੍ਹੇ ਗਏ ਮੁਫ਼ਤ ਸਿਲਾਈ ਸੈਂਟਰ ਦੀਆਂ ਸਿਖਿਆਰਥਣਾਂ ਨੂੰ ਸਰਟੀਫਿਕੇਟ ਵੰਡੇ ਗਏ। ਸਰਪੰਚ ਸੁਖਵਿੰਦਰ ਕੌਰ ਨੇ ਦੱਸਿਆ ਕਿ ਸਾਢੇ ਤਿੰਨ ਮਹੀਨੇ ਤੱਕ ਚੱਲੇ ਮੁਫ਼ਤ ਸਿਲਾਈ ਸੈਂਟਰ ਵਿਚ ਪਿੰਡ ਦੀਆਂ ਕਰੀਬ ਡੇਢ ਦਰਜਨ ਕੁੜੀਆਂ ਅਤੇ ਔਰਤਾਂ ਨੇ ਕੱਪੜਿਆਂ ਦੀ ਕਟਾਈ- ਸਿਲਾਈ ਦੀ ਟ੍ਰੇਨਿੰਗ ਪੂਰੀ ਕੀਤੀ ਅਤੇ ਆਪਣੇ ਆਪ ਨੂੰ ਹੁਨਰ ਤੇ ਕਲਾ ਭਰਪੂਰ ਬਣਾਇਆ। ਕੱਪੜਿਆਂ ਦੀ ਕਟਾਈ-ਸਿਲਾਈ ਦੀ ਟ੍ਰੇਨਿੰਗ ਮੈਡਮ ਪਰਮਜੀਤ ਕੌਰ ਜੰਡੂ ਵਲੋਂ ਦਿੱਤੀ ਗਈ।ਇਸ ਸੈਂਟਰ ਵਾਸਤੇ ਸ਼ਿਵਾ ਪਬਲਿਕ ਸਕੂਲ ਨੂਰਮਹਿਲ ਦੇ ਪ੍ਰਿੰਸੀਪਲ ਸੁਮਨ ਪਾਠਕ ਨੇ ਵੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ। ਸਿਖਿਆਰਥਣਾਂ ਨੂੰ ਸਰਟੀਫਿਕੇਟ ਪਿਛਲੇ ਦਿਨੀਂ ਹੋਏ ਇਕ ਸਮਾਗਮ ਦੌਰਾਨ ਗ੍ਰਾਮ ਪੰਚਾਇਤ ਅਤੇ ਐਡਵੋਕੇਟ ਸੰਜੀਵ ਭੌਰਾ ਵਲੋਂ ਸਾਂਝੇ ਰੂਪ ਵਿੱਚ ਤਕਸੀਮ ਕੀਤੇ ਗਏ। ਸੈਂਟਰ ਦੀ ਸਫਲਤਾ ਲਈ ਪ੍ਰਵਾਸੀ ਭਾਰਤੀ ਮਲਕੀਤ ਸਿੰਘ ਬਾਸੀ ਅਤੇ ਗੁਰਪ੍ਰੀਤ ਸਿੰਘ ਜੀਤਾ ਨੇ ਵੀ ਵਿਸ਼ੇਸ਼ ਯੋਗਦਾਨ ਦਿੱਤਾ। ਇਸ ਮੌਕੇ ਤੇ ਪੰਚਾਇਤ ਮੈਂਬਰ ਕੁਲਜੀਤ ਕੌਰ, ਗੁਰਬਖਸ਼ ਕੌਰ, ਗੋਬਿੰਦ ਮੱਲ, ਪੰਜਾਬ ਕਲਾ ਦਰਪਣ ਦੇ ਜਨਰਲ ਸਕੱਤਰ ਸੁਮਨ ਸ਼ਾਮਪੁਰੀ, ਸੁਖਜਿੰਦਰ ਸਿੰਘ, ਗਾਇਕ ਰੈਨੀ ਸਿੰਘ ਵੀ ਮੌਜੂਦ ਸਨ।

# ਨਗਰ ਕੌਂਸਲ ਆਦਮਪੁਰ ਦਾ ਕਾਰਜਕਾਲ ਸਫ਼ਲਤਾਪੂਰਵਕ ਮੁਕੰਮਲ

**ਆਦਮਪੁਰ (ਪਰਮਜੀਤ ਸਿੰਘ)**- ਨਗਰ ਕੌਂਸਲ ਆਦਮਪੁਰ ਦਾ ਪੰਜ ਸਾਲਾ ਕਾਰਜਕਾਲ ਪੂਰਾ ਹੋਣ 'ਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਵੱਲੋਂ ਇਕ ਵਿਸ਼ੇਸ਼ ਸਮਾਗਮ ਉਲੀਕਿਆ ਗਿਆ। ਇਸ ਮੌਕੇ ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਦੇ ਪ੍ਰਧਾਨ ਦਰਸ਼ਨ ਸਿੰਘ ਕਰਵਲ ਅਤੇ ਸਮੂਹ ਕੌਂਸਲਰਾਂ ਵਲੋਂ ਪਿਛਲੇ ਪੰਜਾਂ ਸਾਲਾਂ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ। ਪ੍ਰਧਾਨ ਦਰਸ਼ਨ ਸਿੰਘ ਕਰਵਲ ਨੇ ਸਮੂਹ ਸ਼ਹਿਰ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅੱਜ ਸਾਨੂੰ ਸ਼ਹਿਰ ਦੀ ਸੇਵਾ ਕਰਦਿਆਂ ਪੰਜ ਸਾਲ ਬੀਤ ਗਏ ਹਨ। ਇਹ ਵਿਕਾਸ ਮੇਰੀ ਇਕੱਲੇ ਦੀ ਮਿਹਨਤ ਨਹੀਂ ਸਗੋਂ ਤੁਹਾਡੇ ਸਾਰਿਆਂ ਦੇ ਸਹਿਯੋਗ ਸਦਕਾ ਹੀ ਸੰਭਵ ਹੋ ਸਕਿਆ ਹੈ। ਉਨ੍ਹਾਂ ਉਮੀਦ ਜਤਾਈ ਕਿ ਆਉਣ ਵਾਲੇ ਸਮੇਂ 'ਚ ਵੀ ਸ਼ਹਿਰ ਵਾਸੀ ਇਸੇ ਤਰ੍ਹਾਂ ਆਪਣੀ ਟੀਮ ਨੂੰ ਸਹਿਯੋਗ ਦਿੰਦੇ ਰਹਿਣਗੇ। ਇਸ ਮੌਕੇ ਹਲਕਾ ਵਿਧਾਇਕ ਆਦਮਪੁਰ ਸੁਖਵਿੰਦਰ ਸਿੰਘ ਕੋਟਲੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਹਾਊਸ ਦੇ ਮੈਂਬਰ ਹੋਣ ਦੇ ਨਾਤੇ ਉਹ ਪ੍ਰਧਾਨ ਕਰਵਲ ਅਤੇ ਸਮੂਹ ਕੌਂਸਲਰਾਂ ਦੇ ਕੰਮ ਤੋਂ ਬੇਹੱਦ ਸੰਤੁਸ਼ਟ ਹਨ ਜਿਨ੍ਹਾਂ ਨੇ ਸ਼ਹਿਰ ਦੇ ਵਿਕਾਸ ਲਈ ਕੋਈ ਕਸਰ ਨਹੀਂ ਛੱਡੀ। ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਪ੍ਰਧਾਨ



ਦਰਸ਼ਨ ਸਿੰਘ ਕਰਵਲ ਤੋਂ ਇਲਾਵਾ, ਅਮਰੀਕ ਸਿੰਘ, ਕੰਨੂ ਬਾਂਸਲ, ਜੋਗਿੰਦਰ ਪਾਲ, ਸੁਸ਼ਮਾ ਕੁਮਾਰੀ, ਭੁਪਿੰਦਰ ਸਿੰਘ ਭਿੰਦਾ, ਹਰਜਿੰਦਰ ਕਰਵਲ, ਰਜਿੰਦਰ ਕੌਰ, ਸੁਖਵਿੰਦਰ ਕੌਰ, ਸੁਰਿੰਦਰ ਪਾਲ ਸਿੱਧੂ, ਦਸ਼ਵਿੰਦਰ ਕੁਮਾਰ ਚਾਂਦ, ਸਤਪਾਲ ਬਜਾਜ ਸਮਾਜ ਸੇਵਕ, ਰਾਜ ਕੁਮਾਰ ਪਾਲ, ਗਿਆਨ ਪ੍ਰਧਾਨ,ਕੈਪਟਨ ਗੁਰਮੀਤ ਸਿੰਘ, ਅਜੇ ਸਿੰਗਾਰੀ, ਗੁਲਸ਼ਨ ਵਰਮਾ ਅਤੇ ਪ੍ਰਵੀਨ ਟੰਡਨ ਸਮੇਤ ਸ਼ਹਿਰ ਵਾਸੀ ਹੋਰ ਪਤਵੰਤੇ ਸੱਜਣ ਸ਼ਾਮਲ ਸਨ।

# ਧੰਨੋਵਾਲੀ ਰੇਲਵੇ ਕਰਾਸਿੰਗ ਅੰਡਰਬ੍ਰਿਜ ਲੋਕਾਂ ਨੂੰ ਹੋਇਆ ਸਮਰਪਤ

**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਸੈਂਟਰਲ ਹਲਕੇ ਤੋਂ ਸਾਬਕਾ ਵਿਧਾਇਕ ਰਹੇ ਰਜਿੰਦਰ ਬੇਰੀ ਵਲੋਂ ਆਪਣੇ ਕਾਰਜਕਾਲ ਦੌਰਾਨ ਪਿੰਡ ਧੰਨੋਵਾਲੀ ਰੇਲਵੇ ਕਰਾਸਿੰਗ ਵਿਖੇ ਅੰਡਰਬ੍ਰਿਜ ਬਣਾਉਣ ਲਈ ਨਿਤਿਨ ਗਡਕਰੀ ਨਾਲ ਅਤੇ ਰੇਲਵੇ ਦੇ ਸੰਬੰਧਤ ਅਫ਼ਸਰਾਂ ਨਾਲ ਵੀ ਮੁਲਾਕਾਤ ਕੀਤੀ ਗਈ ਸੀ । ਉਨ੍ਹਾਂ ਦੱਸਿਆ ਕਿ ਅਫ਼ਸਰਾਂ ਵਲੋਂ ਇਸ ਕੰਮ ਨੂੰ ਮਨਜ਼ੂਰੀ ਦੇ ਦਿੱਤੀ ਗਈ ਸੀ ਅਤੇ ਇਹ ਕੰਮ ਹੁਣ ਪੂਰਾ ਹੋਣ ਉਪਰੰਤ ਲੋਕਾਂ ਨੂੰ ਸਮਰਪਤ ਕਰ ਦਿੱਤਾ ਗਿਆ ਹੈ ਅਤੇ ਇਸ ਅੰਡਰਬ੍ਰਿਜ ਤੇ ਆਵਾਜਾਈ ਸ਼ੁਰੂ ਹੋ ਗਈ ਹੈ। ਬੇਰੀ ਨੇ ਕਿਹਾ ਕਿ ਇਸ ਅੰਡਰਬ੍ਰਿਜ ਦੇ ਬਣਨ ਨਾਲ ਪਿੰਡ ਧੰਨੋਵਾਲੀ ਦੇ ਨਾਲ ਨਾਲ ਆਲੇ ਦੁਆਲੇ ਦੇ ਪਿੰਡਾਂ ਨੂੰ ਵੀ ਇਸ ਦਾ ਕਾਫੀ ਲਾਭ ਹੋਵੇਗਾ । ਰਜਿੰਦਰ ਬੇਰੀ ਨੇ ਕਿਹਾ ਕਿ ਕਾਂਗਰਸ



ਪਾਰਟੀ ਦੇ ਕਾਰਜਕਾਲ ਵਿੱਚ ਪਰਾਗਪੁਰ ਅੰਡਰਬ੍ਰਿਜ, ਸੂਰੀਆ ਇਨਕਲੇਵ ਅੰਡਰਬ੍ਰਿਜ, ਲੱਧੇਵਾਲੀ ਓਵਰਬ੍ਰਿਜ ਜਿਹੇ ਵੱਡੇ ਵੱਡੇ ਪ੍ਰਾਜੈਕਟਾਂ 'ਤੇ ਕੰਮ ਕੀਤਾ ਗਿਆ ਅਤੇ ਇਹ ਸਾਰੇ ਕੰਮ ਪੂਰੇ ਹੋ ਗਏ ਹਨ ਹਨ ਅਤੇ ਲੋਕਾਂ ਨੂੰ ਸਮਰਪਤ ਹਨ । ਇਸ ਅੰਡਰ ਬ੍ਰਿਜ ਦੇ ਨਿਰਮਾਣ ਲਈ ਧੰਨੋਵਾਲੀ ਡਿਵੈਲਪਮੈਂਟ ਕਮੇਟੀ ਦੇ ਅਹੁਦੇਦਾਰਾਂ ਅਮਨਦੀਪ ਧੰਨੋਵਾਲੀ, ਪਿਆਰਾ ਸਿੰਘ ਰੰਧਾਵਾ, ਰਾਜ ਕੁਮਾਰ, ਰਵੀ, ਆਤਮਾ ਰਾਮ, ਭੂਸ਼ਣ ਤੋਖੀ, ਕੁਲਵਿੰਦਰ ਸਿੰਘ,ਗੁਰਮੁਖ ਸਿੰਘ, ਮਿੰਟੂ ਅਤੇ ਸਮੂਹ ਪਿੰਡ ਵਾਸੀਆਂ ਨੇ ਰਜਿੰਦਰ ਬੇਰੀ ਦਾ ਧੰਨਵਾਦ ਕੀਤਾ ।

# ਸੋਸਾਇਟੀ ਨੇ ਸਕੂਲੀ ਬੱਚਿਆਂ ਨੂੰ ਸਕੂਲ ਬੈਗ ਤੇ ਪੈੱਨ ਵੰਡੇ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਡਾਕਟਰ ਭੀਮ ਰਾਓ ਅੰਬੇਡਕਰ ਸੇਵਾ ਸੋਸਾਇਟੀ ਭਰੋਵਾਲ ਵਲੋਂ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੇ ਸਬੰਧ ਵਿਚ ਕਮੇਟੀ ਮੈਂਬਰਾਂ ਵਲੋਂ ਪਿੰਡ ਭਰੋਵਾਲ ਦੇ ਸਰਕਾਰੀ ਸਕੂਲ ਵਿੱਚ ਲੋੜਵੰਦ ਵਿਦਿਆਰਥੀਆਂ ਨੂੰ ਸਕੂਲ ਬੈਗ ਅਤੇ ਪੈੱਨ ਵੰਡੇ ਗਏ। ਇਸ ਮੌਕੇ ਡਾਕਟਰ ਭੀਮ ਰਾਓ ਅੰਬੇਡਕਰ ਸੇਵਾ ਸੋਸਾਇਟੀ ਦੇ ਮੈਂਬਰ ਪ੍ਰਧਾਨ ਕ੍ਰਿਸ਼ਨ ਕੁਮਾਰ, ਹਰਜਿੰਦਰ, ਸੋਨੂੰ ਟੈਲੀਕਾਮ, ਸਤਨਾਮ ਸਿੰਘ, ਬਲਜੀਤ ਟੈਲੀਕਾਮ, ਸੂਬੇਦਾਰ ਰਾਮਚੰਦ, ਪੰਚ ਸਤਨਾਮ ਲਾਲ, ਰਿੰਕੂ ਸਟੂਡੀਓ, ਰਾਜਨ ਝੱਲੀ,



ਬਲਜਿੰਦਰ ਸਿੰਘ ਤੇ ਸਕੂਲ ਸਟਾਫ ਹਾਜ਼ਰ ਸੀ। ਇਸ ਮੌਕੇ ਪ੍ਰਧਾਨ ਕ੍ਰਿਸ਼ਨ ਕੁਮਾਰ ਨੇ ਬੱਚਿਆਂ ਨੂੰ ਦਿਲ ਲਗਾ ਕੇ ਪੜ੍ਹਾਈ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਕਮੇਟੀ ਮੈਂਬਰ ਰਿੰਕੂ ਸਟੂਡੀਓ ਨੇ ਕਿਹਾ ਕਿ ਬੱਚਿਆਂ ਦਾ ਸਕੂਲ ਜਾਣਾ ਵੀ ਡਾਕਟਰ ਭੀਮ ਰਾਓ ਅੰਬੇਡਕਰ ਦੀ ਹੀ ਦੇਣ ਹੈ।


# ਇੰਟਰ-ਸਕੂਲ ਸ਼ੂਟਿੰਗ ਚੈਂਪੀਅਨਸ਼ਿਪ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟਹਾਰਟਸ ਸਪੋਰਟਸ ਹੱਬ ਲੋਹਾਰਾਂ ਵੱਲੋਂ ਤਿੰਨ ਦਿਨਾਂ ਦੀ ਸ਼ੂਟਿੰਗ ਚੈਂਪੀਅਨਸ਼ਿਪ ਦਾ ਉਦਘਾਟਨ ਕੀਤਾ ਗਿਆ।ਇਸ ਸਮਾਰੋਹ ਦੀ ਮੁੱਖ ਮਹਿਮਾਨ ਵਿਜਨਰੀ ਡਾ. ਆਸਥਾ ਬੋਰੀ ਸਨ।ਇਸ ਸਮਾਰੋਹ ਦਾ ਥੀਮਸੀ ਚੈਂਪੀਅਨ ਤਿਆਰ ਕਰਨਾ, ਭਵਿੱਖ ਨਿਰਮਾਣਕਰਨਾ । ਇਸ ਮੁਕਾਬਲੇ ਵਿੱਚ ਪਹਿਲੇ ਦਿਨ 30 ਵਿਦਿਆਰਥੀ-ਖਿਡਾਰੀ



ਹਿੱਸਾ ਲਿਆ, ਜੋ ਵੱਖ-ਵੱਖ ਪ੍ਰਸਿੱਧ ਸਕੂਲਾਂ ਜਿਵੇਂ ਕਿ ਡੀ ਪੀ ਐਸ ਹੋਸ਼ਿਆਰਪੁਰ, ਆਈ ਵੀ ਵਰਲਡ, ਐੱਮ ਜੀ ਐਨ ਆਦਰਸ਼ ਨਗਰ, ਪੁਲਿਸ ਡੀ ਏ ਵੀ, ਲਾਬਲਾਸਮ, ਸਵਾਮੀ ਸੰਤ ਦਾਸ ਅਤੇ ਮਿਜ਼ਬਾਨ ਸਕੂਲ ਇੰਨੋਸੈਂਟ ਹਾਰਟਸ ਸਕੂਲ, ਲੋਹਾਰਾਂ ਦੀ ਨੁਮਾਇੰਦਗੀ ਕਰ ਰਹੇ ਹਨ।ਚੈਂਪੀਅਨਸ਼ਿਪ ਦਾ ਆਧਿਕਾਰਿਕ ਉਦਘਾਟਨ 10:00 ਵਜੇ ਮੁੱਖ ਮਹਿਮਾਨ ਡਾ. ਆਸਥਾ ਬੋਰੀ ਵੱਲੋਂ ਕੀਤਾ ਗਿਆ।ਉਨ੍ਹਾਂ ਦੀ ਮਾਣਯੋਗ ਹਾਜ਼ਰੀ ਨੇ ਨੌਜਵਾਨ ਖਿਡਾਰੀਆਂ ਲਈ ਪ੍ਰੇਰਨਾ ਦਾ ਸਰੋਤ ਬਣਕੇ ਉਨ੍ਹਾਂ ਨੂੰ ਉਤਸ਼ਾਹਿਤ ਕੀਤਾ। ਏਮਟਰੂ ਅਚੀਵਮੋਰ ਦੇ ਮਜ਼ਬੂਤ ਮੰਤਵ ਦੇ ਨਾਲ ਖਿਡਾਰੀ ਪਹਿਲੇ ਦਿਨ ਦੇ ਉੱਚ ਪੱਧਰੀ ਮੁਕਾਬਲਿਆਂ ਵਿੱਚ ਹੀ ਆਪਣੀ ਸ਼ਾਨਦਾਰ ਸੰਤੁਲਨ ਅਤੇ ਤਕਨੀਕੀ ਨਿਪੁੰਨਤਾ ਦਾ ਪ੍ਰਦਰਸ਼ਨ ਕਰ ਰਹੇ ਹਨ।

# ਬੀਬੀ ਪਰਮਜੀਤ ਕੌਰ ਭੁੰਗਰਨੀ ਨਮਿਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਭਲਕੇ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਭੁੰਗਰਨੀ ਦੇ ਉਘੇ ਸਮਾਜ ਸੇਵਕ ਬਲਵੀਰ ਸਿੰਘ ਤੰਬੜ ਦੇ ਪੂਜਨੀਕ ਮਾਤਾ ਬੀਬੀ ਪਰਮਜੀਤ ਕੌਰ ਤੰਬੜ ਭੁੰਗਰਨੀ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਬੇਟੇ ਬਲਵੀਰ ਸਿੰਘ ਤੰਬੜ ਨੇ ਦੱਸਿਆ ਕਿ ਬੀਬੀ ਪਰਮਜੀਤ ਕੌਰ ਤੰਬੜ ਭੁੰਗਰਨੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਾਹਿਜ ਪਾਠ ਸਾਹਿਬ ਦੇ ਭੋਗ 26 ਅਪ੍ਰੈਲ ਨੂੰ ਸਾਡੇ ਗ੍ਰਹਿ ਵਿਖੇ ਪਾਏ ਜਾਣਗੇ। ਉਪਰੰਤ ਗੁਰਦੁਆਰਾ ਸ੍ਰੀ ਗੁਰੂ ਹਰਿ ਰਾਇ ਸਾਹਿਬ ਦੇ ਅਸਥਾਨ 'ਤੇ ਵੈਰਾਗਮਈ ਕੀਰਤਨ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਬੀਬੀ ਪਰਮਜੀਤ ਕੌਰ ਤੰਬੜ ਭੁੰਗਰਨੀ ਨੂੰ ਇਲਾਕੇ ਭਰ ਤੋਂ ਵੱਖ ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ।

# ਨਵਾਂ ਸ਼ਹਿਰ ਮੁੱਖ ਮਾਰਗ ਤੇ ਬਹਿਰਾਮ ਵਿਖੇ ਬਣ ਰਿਹਾ ਪੁਲ ਕਦੋਂ ਹੋਵੇਗਾ ਮੁਕੰਮਲ

**ਬੰਗਾ (ਅਵਤਾਰ ਕਲੇਰ)**- ਫਗਵਾੜਾ-ਨਵਾਂ ਸ਼ਹਿਰ ਮੁੱਖ ਮਾਰਗ ਤੇ ਬਹਿਰਾਮ ਵਿਖੇ ਲੰਮੇ ਸਮੇਂ ਤੋਂ ਬਣ ਰਿਹਾ ਪੁਲ ਕਦੋਂ ਚਾਲੂ ਹੋਵੇਗਾ ਕਿਸੇ ਨੂੰ ਕੋਈ ਪਤਾ ਨਹੀਂ, ਕਾਫੀ ਅਰਸੇ ਤੋਂ ਇਸ ਵੱਲ ਦੇਖ ਰਹੇ ਹਨ ਇਲਾਕੇ ਦੇ ਲੋਕ ਅਤੇ ਰਾਹਗੀਰ । ਇਹ ਸ਼ਬਦ ਕਾਂਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ ਕਿਸਾਨ ਕਾਂਗਰਸ ਪੰਜਾਬ ਕਮਲਜੀਤ ਬੰਗਾ ਅਤੇ ਰਿਟਾ, ਹੈੱਡ ਟੀਚਰ ਗੁਰਵਿੰਦਰ ਸਿੰਘ ਭੋਗਲ ਸੀਨੀਅਰ ਕਾਂਗਰਸ ਆਗੂਆਂ ਨੇ ਵਿਸ਼ੇਸ਼ ਤੌਰ ਤੇ ਦੱਸਿਆ ਕਿ ਬੜੇ ਲੰਮੇ ਸਮੇਂ ਤੋਂ ਇਸ ਪੁਲ ਦਾ ਕੰਮ ਚਲ ਰਿਹਾ ਹੈ ਤਕਰੀਬਨ ਪੌਣਾ ਕੁ ਹਿੱਸਾ ਤਿਆਰ ਹੋ ਗਿਆ ਹੈ ।ਹੁਣ ਜਿਥੇ ਕੋਈ ਮਸ਼ੀਨਰੀ ਜਾਂ ਮਜਦੂਰ ਕੰਮ ਨਹੀਂ ਕਰ ਰਹੇ । ਦੱਸਣਯੋਗ ਹੈ ਕਿ ਉਕਤ ਰੋਡ ਤੇ ਰਾਹਗੀਰਾਂ ਤੋਂ ਟੋਲ ਟੈਕਸ ਤਾਂ ਲਗਾਤਾਰ ਵਾਸੂਲਿਆਂ ਜਾ ਰਿਹਾ ਹੈ ਪਰ ਰਾਹਗੀਰਾਂ ਨੂੰ ਰੋਡ ਦੀਆਂ ਸੁਵਿਧਾਵਾਂ ਨਹੀਂ ਦਿੱਤੀਆ ਜਾ ਰਹੀਆ।ਥੋੜਾ ਸਮਾਂ ਪਹਿਲਾਂ ਸਰਵਿਸ ਰੋਡ ਬਣਾਇਆ ਗਿਆ।ਜਿਸ ਨੂੰ ਬਨਾਉਣ ਦਾ ਜੋ ਮਟੀਰੀਅਲ ਵਰਤਿਆ ਗਿਆ ਹੈ ਸਹੀ ਨਾ ਹੋਣ ਕਾਰਨ ਥੋੜੇ ਦਿਨ ਬਆਦ ਹੀ ਇਹ ਰੋਡ ਟੁੱਟਣਾ ਸ਼ੁਰੂ ਹੋ ਗਿਆ ਜਿਥੋਂ ਬਜਰੀ ਰੁੜ-ਰੁੜ ਕੇ ਕਿਨਾਰਿਆ ਤੇ ਚਲੇ ਗਈ ਹੈ ਜਿਸ ਕਾਰਨ ਦੋ ਪਹੀਆ ਵਾਹਨ ਕਦੇ ਵੀ ਤਿਲਕ ਸਕਦੇ ਹਨ । ਉਨਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਰਵਿਸ ਰੋਡ ਵਧੀਆ ਤਰੀਕੇ ਨਾਲ ਬਣਾਇਆ ਜਾਵੇ ਤਾਂ ਜੋ ਕੋਈ ਹਾਦਸਾ ਨਾ ਵਾਪਰੇ ਤੇ ਇਸ ਪੁਲ ਨੂੰ ਜਲਦੀ ਚਾਲੂ ਕਰਵਾਇਆ ਜਾਵੇ।

# ਐਡ. ਪਲਵਿੰਦਰ ਮਾਨਾ ਦੀ ਅਗਵਾਈ ਹੇਠ ਬਿਹਾਲਾ 'ਚ ਬਸਪਾ ਚੱਬੇਵਾਲ ਦੀ ਮੀਟਿੰਗ

**ਹੁਸ਼ਿਆਰਪੁਰ (ਓ ਪੀ ਰਾਣਾ )**- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਪਿੰਡ ਬਿਹਾਲਾ ਵਿਖੇ ਵਿਸ਼ਾਲ ਮੀਟਿੰਗ ਹੋਈ, ਜਿਸ ਵਿੱਚ ਬਸਪਾ ਇੰਚਾਰਜ ਹਲਕਾ ਚੱਬੇਵਾਲ ਐਡਵੋਕੇਟ ਪਲਵਿੰਦਰ ਮਾਨਾ, ਦਵਿੰਦਰ



ਸਿੰਘ ਬਾਹੋਵਾਲ ਇੰਚਾਰਜ ਬਾਮਸੇਫ ਪਹੁੰਚੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਪਲਵਿੰਦਰ ਮਾਨਾ ਨੇ ਦੱਸਿਆ ਕਿ ਬਹੁਜਨ ਸਮਾਜ ਪਾਰਟੀ ਨੇ ਇਤਿਹਾਸਕ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੀ ਪਵਿੱਤਰ ਚਰਨਛੋਹ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਆਪ ਸਰਕਾਰ ਵੱਲੋਂ ਸ਼ਰਾਬ ਦੇ ਖੋਲ੍ਹੇ ਠੇਕੇ ਜਿਸ ਦੇ ਵਿਰੋਧ ਵਿਚ ਬਹੁਜਨ ਸਮਾਜ ਪਾਰਟੀ ਕਾਫ਼ੀ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੀ ਸੀ ਅਤੇ ਇਸ ਸੰਘਰਸ਼ ਵਿੱਚ ਬਹੁਜਨ ਸਮਾਜ ਪਾਰਟੀ ਨੇ ਇਤਿਹਾਸਕ ਜਿੱਤ ਪ੍ਰਾਪਤ ਕੀਤੀ ਹੈ ਤੇ ਪੰਜਾਬ ਸਰਕਾਰ ਨੂੰ ਝੁਕਣ ਲਈ ਮਜਬੂਰ ਕੀਤਾ ਹੈ। ਸਰਕਾਰ ਨੇ ਠੇਕੇ ਬੰਦ ਕਰਨ ਦੀ ਸ਼ੁਰੂਆਤ ਕਰ ਦਿੱਤੀ ਹੈ। ਐਡਵੋਕੇਟ ਮਾਨਾ ਨੇ ਸਮੂਹ ਪਿੰਡ ਵਾਸੀਆਂ, ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਪਿੰਡ ਦੇ ਵਿਚ ਸੰਗਠਨ ਨੂੰ ਮਜ਼ਬੂਤ ਕਰਦੇ ਹੋਏ ਸਾਥੀਆਂ ਨੂੰ ਲਾਮਬੰਦ ਕੀਤਾ। ਐਡਵੋਕੇਟ ਮਾਨਾ ਨੇ ਪਿੰਡ ਵਾਸੀਆਂ ਨੂੰ ਇਹ ਵੀ ਦੱਸਿਆ ਕਿ ਇਸ ਸਰਕਾਰ ਦੇ ਚਲਦੇ ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਨਾਲ 9 ਵਾਰ ਬੇਅਦਬੀ ਹੋਈ ਹੈ ਅਤੇ ਪਿੰਡ ਨੂਰਪੁਰ ਜੱਟਾਂ ਵਿਖੇ ਦੂਸਰੀ ਬਾਰ ਬੇਅਦਬੀ ਹੋਈ ਸੀ, ਜਿਸ ਸਬੰਧੀ ਬਸਪਾ ਨੇ ਮੌਕੇ 'ਤੇ ਦੋਸ਼ੀਆਂ ਖਿਲਾਫ ਪਰਚਾ ਦਰਜ ਕਰਵਾਇਆ ਤੇ ਗ੍ਰਿਫ਼ਤਾਰ ਕਰਵਾਇਆ ਤੇ ਜੇਲ੍ਹ ਦੇ ਅੰਦਰ ਸੁੱਟਿਆ। ਬਹੁਜਨ ਸਮਾਜ ਪਾਰਟੀ ਨੂੰ ਪਿੰਡ ਵਿੱਚ ਮਜ਼ਬੂਤ ਕਰਦੇ ਹੋਏ ਸੰਗਠਨ ਕਾਇਮ ਕੀਤਾ ਅਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਸੰਭਾਲੋ ਮੁਹਿੰਮ ਨਾਲ ਜੁੜਦੇ ਹੋਏ ਬਸਪਾ ਨੂੰ ਮਜ਼ਬੂਤ ਕਰੀਏ ਅਤੇ 2027 ਦੇ ਵਿਚ ਬਸਪਾ ਦੀ ਸਰਕਾਰ ਬਣਾਈਏ। ਇਸ ਮੌਕੇ ਰਾਜੇਸ਼ ਕੁਮਾਰ ਭੁੰਨੋ ਹਲਕਾ ਖਜ਼ਾਨਚੀ, ਪਵਨ ਕੁਮਾਰ ਸਸੋਲੀ ਹਲਕਾ ਸੱਕਤਰ, ਚਮਨ ਲਾਲ, ਹਰਮੇਸ਼ ਲਾਲ, ਕੁੰਦਨ ਸਰਗੋਵਾਲ, ਅਸ਼ੋਕ ਕੁਮਾਰ ਟੋਹਲੀਆ, ਵਿਸ਼ਾਲ, ਨਰਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

# ਕੈਬਨਿਟ ਮੰਤਰੀ ਵੱਲੋਂ ਅਨਾਜ ਮੰਡੀ ਵਿਖੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਸੁਲਤਾਨਪੁਰ ਲੋਧੀ ਦੌਰੇ 'ਤੇ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਸਥਾਨਕ ਅਨਾਜ ਮੰਡੀ ਦਾ ਦੌਰਾ ਕਰਕੇ ਪ੍ਰਬੰਧਾਂ ਦਾ



ਜਾਇਜ਼ਾ ਲਿਆ ਗਿਆ। ਇਸ ਦੌਰਾਨ ਬਲਾਕ ਸੰਮਤੀ ਸੁਲਤਾਨਪੁਰ ਲੋਧੀ ਦੇ ਵਾਈਸ ਚੇਅਰਮੈਨ ਤੇ ਉੱਘੇ ਸਮਾਜ ਸੇਵੀ ਸਾਬਕਾ ਸਰਪੰਚ ਲਾਭ ਸਿੰਘ ਧੰਜੂ ਨਾਲ ਉਨ੍ਹਾਂ ਦੀ ਵਿਸ਼ੇਸ਼ ਮੁਲਾਕਾਤ ਹੋਈ।ਮੁਲਾਕਾਤ ਦੌਰਾਨ ਲਾਭ ਸਿੰਘ ਧੰਜੂ ਵਾਇਸ ਚੇਅਰਮੈਨ ਬਲਾਕ ਸੰਮਤੀ ਸੁਲਤਾਨਪੁਰ ਲੋਧੀ ਵੱਲੋਂ ਇਲਾਕੇ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਉਜਾਗਰ ਕਰਦਿਆਂ ਸ਼ਹਿਰ ਦਾ ਵਿਕਾਸ ਅਤੇ ਹੋਰ ਬੁਨਿਆਦੀ ਸਹੂਲਤਾਂ ਤੇ ਮੰਡੀ ਨਾਲ ਜੁੜੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਮੰਤਰੀ ਸਾਹਿਬ ਨੂੰ ਜਾਣੂ ਕਰਵਾਇਆ ਗਿਆ। ਕੈਬਨਿਟ ਮੰਤਰੀ ਕਟਾਰੂ ਚੱਕ ਨੇ ਧਿਆਨ ਨਾਲ ਗੱਲ ਸੁਣਦਿਆਂ ਜਲਦੀ ਹਰ ਮਸਲੇ ਨੂੰ ਹੱਲ ਲਈ ਭਰੋਸਾ ਦਿੱਤਾ।ਇਸ ਮੌਕੇ ਵਾਈਸ ਚੇਅਰਮੈਨ ਲਾਭ ਸਿੰਘ ਧੰਜੂ ਨੇ ਕਿਹਾ ਕਿ ਸਾਡਾ ਮੁੱਖ ਮਕਸਦ ਇਲਾਕੇ ਦੇ ਹਰ ਵਰਗ ਨੂੰ ਵਧੀਆ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਸਾਨੂੰ ਉਮੀਦ ਹੈ ਕਿ ਸਰਕਾਰ ਜਲਦ ਹੀ ਇਨ੍ਹਾਂ ਮੁੱਦਿਆਂ 'ਤੇ ਢੁੱਕਵੇਂ ਕਦਮ ਚੁੱਕੇਗੀ ਅਤੇ ਸੁਲਤਾਨਪੁਰ ਲੋਧੀ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ।

## ਡਿਪਟੀ ਸਪੀਕਰ ਨੇ ਮੰਡੀਆਂ 'ਚ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਜੈਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-** ਹਲਕਾ ਵਿਧਾਇਕ ਅਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਹਲਕੇ ਦੀਆਂ ਵੱਖ-ਵੱਖ ਦਾਣਾ ਮੰਡੀਆਂ ਦਾ ਦੌਰਾ ਕਰਕੇ ਉੱਥੇ ਚੱਲ ਰਹੀਆਂ ਸੁਵਿਧਾਵਾਂ ਅਤੇ ਖਰੀਦ ਪ੍ਰਬੰਧਾਂ ਦਾ ਵਿਸਤ੍ਰਿਤ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਨੇ ਦਾਣਾ ਮੰਡੀ ਮਾਹਿਲਪੁਰ, ਦਾਣਾ ਮੰਡੀ ਮਾਹਿਲਪੁਰ ਅਤੇ ਦਾਣਾ ਮੰਡੀ ਮੋਰਾਂਵਾਲੀ ਵਿਖੇ ਮੌਕੇ ਦੀ ਸਥਿਤੀ ਦਾ ਅਨੁਮਾਨ ਲਗਾਇਆ ਅਤੇ ਮੰਡੀਆਂ ਵਿੱਚ ਮੌਜੂਦ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆ ਰਹੀਆਂ ਦਿੱਕਤਾਂ ਬਾਰੇ ਜਾਣਕਾਰੀ ਲਈ। ਕਿਸਾਨਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਦਿਆਂ ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਦੌਰਾਨ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣੀ ਚਾਹੀਦੀ ਅਤੇ ਇਸ ਲਈ ਮੰਡੀਆਂ ਵਿੱਚ ਸੁਚੱਜੇ ਪ੍ਰਬੰਧ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫ਼ਸਲ ਦੀ ਤੋਲ, ਲਿਫਟਿੰਗ ਅਤੇ ਭੁਗਤਾਨ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਮੇਂ-ਸਿਰ ਮੁਕੰਮਲ ਕੀਤਾ ਜਾਵੇ। ਇਸ ਦੇ ਨਾਲ ਹੀ ਮੰਡੀਆਂ ਵਿੱਚ ਸਫ਼ਾਈ, ਪੀਣ ਵਾਲੇ ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਨੂੰ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਕੈਬਨਿਟ ਮੰਤਰੀ ਵੱਲੋਂ ਸਿੰਚਾਈ ਪ੍ਰੋਜੈਕਟ ਦਾ ਉਦਘਾਟਨ

**ਮੋਰਿੰਡਾ, (ਨਿਹਾਲ ਸਿੰਘ ਕਲਸੀ)-** ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਅਤੇ ਖੇਤੀਬਾੜੀ ਨੂੰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਕੈਬਨਿਟ ਮੰਤਰੀ ਪੰਜਾਬ ਰਵਿੰਦਰ ਕੁਮਾਰ ਗੋਇਲ ਨੇ ਪਿੰਡ ਓਇੰਦ ਵਿਖੇ ਲਿਫਟ ਸਿੰਚਾਈ ਸਕੀਮ ਦਾ ਉਦਘਾਟਨ ਕੀਤਾ। ਇਹ ਪ੍ਰੋਜੈਕਟ ਸ੍ਰੀ ਚਮਕੌਰ ਸਾਹਿਬ ਤਹਿਸੀਲ ਦੇ ਉਨ੍ਹਾਂ ਪਿੰਡਾਂ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ ਜੋ ਅਜੇ ਤੱਕ ਨਹਿਰੀ ਪਾਣੀ ਤੋਂ ਵਾਂਝੇ ਰਹੇ ਹਨ ਅਤੇ ਜਿੱਥੇ ਧਰਤੀ ਹੇਠਲਾ ਪਾਣੀ ਲਗਾਤਾਰ ਡੂੰਘਾ ਹੁੰਦਾ ਜਾ ਰਿਹਾ ਹੈ।ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਰਵਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸ੍ਰੀ ਚਮਕੌਰ ਸਾਹਿਬ ਇੱਕ ਇਤਿਹਾਸਕ ਨਗਰੀ ਹੈ ਅਤੇ ਇਸ ਖੇਤਰ ਵਿੱਚੋਂ ਲੰਘ ਰਹੀਆਂ ਮੁੱਖ ਨਹਿਰਾਂ-ਸਰਹਿੰਦ ਨਹਿਰ ਅਤੇ ਭਾਖੜਾ ਮੇਨ ਲਾਈਨ ਨਹਿਰ ਦੇ ਬਾਵਜੂਦ ਕਈ ਪਿੰਡਾਂ ਨੂੰ ਹੁਣ ਤੱਕ ਨਹਿਰੀ ਪਾਣੀ ਦੀ ਸੁਵਿਧਾ ਪ੍ਰਾਪਤ ਨਹੀਂ ਹੋ ਰਹੀ ਸੀ। ਜਿਸ ਨਾਲ ਛੋਟੇ ਕਿਸਾਨ ਮੋਟਰ ਦਾ ਕੁਨੈਕਸ਼ਨ ਨਾ ਹੋਣ ਕਾਰਨ ਪਾਣੀ ਲਈ ਹੋਰ ਜ਼ਿਮੀਂਦਾਰਾਂ ਉੱਤੇ ਨਿਰਭਰ ਕਰਦੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਵੱਧ ਤੋਂ ਵੱਧ ਰਕਬੇ ਨੂੰ ਨਹਿਰੀ ਸਿੰਚਾਈ ਹੇਠ ਲਿਆਉਣ ਦੇ ਸਰਕਾਰੀ ਟੀਚੇ ਨੂੰ ਪੂਰਾ ਕਰਨ ਲਈ ਇਹ ਲਿਫਟ ਸਿੰਚਾਈ ਸਕੀਮ ਤਿਆਰ ਕੀਤੀ ਗਈ ਹੈ ਜੋ ਸਫਲਤਾਪੂਰਵਕ ਪੂਰੇ ਸੂਬੇ ਵਿੱਚ ਲਾਗੂ ਕੀਤੀ ਜਾ ਰਹੀ ਹੈ। ਜਿਸ ਨਾਲ ਕਿਸਾਨਾਂ ਨੂੰ ਆਤਮ ਨਿਰਭਰ ਬਣਨ ਵਿੱਚ ਸਹਿਯੋਗ ਵੀ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਅਧੀਨ ਪਿੰਡ ਓਇੰਦ ਕੋਲੋਂ ਭਾਖੜਾ ਮੇਨ ਲਾਈਨ ਨਹਿਰ ਦੇ ਸਹਾਰਨਾ ਮੇਜਰ ਸਿਸਟਮ ਤੋਂ ਪਾਣੀ ਲਿਫਟ ਕਰਕੇ ਲਗਭਗ 900 ਮਿਲੀਮੀਟਰ (ਤਕਰੀਬਨ 3 ਫੁੱਟ) ਵਿਆਸ ਵਾਲੀ ਮੇਨ ਰਾਈਜ਼ਰ ਪਾਈਪ ਰਾਹੀਂ ਪਿੰਡ ਗੱਗੋਂ ਵਿਖੇ ਬਣਾਏ ਜਾਣ ਵਾਲੇ ਡੀ-ਟੈਂਕ ਤੱਕ ਪਹੁੰਚਾਇਆ ਜਾਵੇਗਾ। ਇਸ ਤੋਂ ਬਾਅਦ ਚਾਰ ਵੱਖ-ਵੱਖ ਡਿਸਟ੍ਰੀਬਿਊਸ਼ਨ ਸਕੀਮਾਂ ਰਾਹੀਂ ਆਲੇ-ਦੁਆਲੇ ਦੇ ਪਿੰਡਾਂ ਵਿੱਚ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ।



## ਵਿਦੇਸ਼ ਭੇਜਣ ਦੇ ਨਾਂ 'ਤੇ ਅਗਵਾ ਅਤੇ ਕਰੋੜਾਂ ਦੀ ਫ਼ਿਰੌਤੀ ਦਾ ਵੱਡਾ ਗੋਰਖਧੰਦਾ

### ਪੰਜਾਬ ਅਗੇਂਸਟ ਕੁਰੱਪਸ਼ਨ ਵੱਲੋਂ ਸਰਕਾਰ ਨੂੰ ਤੁਰੰਤ ਕਾਰਵਾਈ ਦੀ ਅਪੀਲ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਪੰਜਾਬ, ਜੰਮੂ-ਕਸ਼ਮੀਰ ਅਤੇ ਉੱਤਰਾਖੰਡ ਦੇ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਸੁਨਹਿਰੀ ਭਵਿੱਖ ਦਾ ਝਾਂਸਾ ਦੇ ਕੇ ਅਗਵਾ ਕਰਨ ਅਤੇ ਫਿਰ ਕਰੋੜਾਂ ਰੁਪਏ ਦੀ ਫ਼ਿਰੌਤੀ ਵਸੂਲਣ ਦਾ ਇੱਕ ਭਿਆਨਕ ਮਾਮਲਾ ਸਾਹਮਣੇ ਆਇਆ ਹੈ। 'ਪੰਜਾਬ ਅਗੇਂਸਟ ਕੁਰੱਪਸ਼ਨ' ਸੰਸਥਾ ਦੇ ਪ੍ਰਧਾਨ ਸਤਨਾਮ ਦਾਊਂ ਤੇ ਮੈਂਬਰ ਨਵਨੀਤ ਫਾਜ਼ਿਲਕਾ ਨੇ ਖੁਲਾਸਾ ਕੀਤਾ ਹੈ ਕਿ ਟਰੈਵਲ ਏਜੰਟਾਂ ਅਤੇ ਅੰਤਰਰਾਸ਼ਟਰੀ ਅਗਵਾਕਾਰਾਂ ਦੀ ਮਿਲੀਭੁਗਤ ਨਾਲ ਨੌਜਵਾਨਾਂ ਦੀਆਂ ਜ਼ਿੰਦਗੀਆਂ ਨਾਲ ਖ਼ਤਰਨਾਕ ਖੇਡ ਖੇਡੀ ਜਾ ਰਹੀ ਹੈ।ਜਾਣਕਾਰੀ ਅਨੁਸਾਰ, ਜ਼ਿਲ੍ਹਾ ਫਾਜ਼ਿਲਕਾ ਦੇ ਅਸ਼ੋਕ ਕੁਮਾਰ, ਫ਼ਤਿਹਗੜ੍ਹ ਸਾਹਿਬ (ਪਿੰਡ ਲਖਨਪੁਰ) ਦੇ ਹਰਸ਼ਨ ਸਿੰਘ ਤੋਂ ਇਲਾਵਾ ਦੀਨਾਨਗਰ ਤੇ ਜੰਮੂ ਦੇ ਕਈ ਨੌਜਵਾਨਾਂ ਨੂੰ ਏਜੰਟਾਂ ਨੇ ਦੱਖਣੀ ਕੋਰੀਆ ਭੇਜਣ ਦਾ ਝਾਂਸਾ ਦਿੱਤਾ ਸੀ। ਕੋਰੀਆ ਦੀ ਬਜਾਏ ਇਨ੍ਹਾਂ ਨੂੰ ਥਾਈਲੈਂਡ ਅਤੇ ਖਾੜੀ ਦੇਸ਼ਾਂ ਦੇ ਰਸਤੇ ਇਥੋਪੀਆ ਭੇਜ ਦਿੱਤਾ ਗਿਆ, ਜਿੱਥੇ ਏਅਰਪੋਰਟ ਤੋਂ ਬਾਹਰ ਆਉਂਦੇ ਹੀ ਅਗਵਾਕਾਰਾਂ ਨੇ ਉਨ੍ਹਾਂ ਨੂੰ ਬੰਦੀ ਬਣਾ ਲਿਆ।ਪੀੜਤਾਂ ਦੇ ਪਰਿਵਾਰਾਂ ਤੋਂ ਮਿਲੀ ਜਾਣਕਾਰੀ ਆਡੀਓ ਅਤੇ ਵੀਡੀਓਜ਼ ਤੋਂ ਪਤਾ ਲੱਗਦਾ ਹੈ ਕਿ ਅਗਵਾਕਾਰ ਨੌਜਵਾਨਾਂ ਨੂੰ ਬੰਨ੍ਹ ਕੇ ਬੁਰੀ ਤਰ੍ਹਾਂ ਕੁੱਟਦੇ ਹਨ ਤੇ ਉਨ੍ਹਾਂ ਨੂੰ ਭੁੱਖਾ ਰੱਖਿਆ ਜਾਂਦਾ ਹੈ ਤੇ ਪਰਿਵਾਰ ਤੋਂ ਨੌਜਵਾਨਾਂ ਨੂੰ ਛੱਡਣ ਲਈ ਪੰਜਾਹ ਲੱਖ ਰੁਪਏ ਪ੍ਰਤੀ ਨੌਜਵਾਨ ਮੰਗੇ ਜਾਂਦੇ ਹਨ। ਅਗਵਾਕਾਰ ਜੋ ਆਪਣਾ ਨਾਮ ਖਾਨ ਬਾਬਾ ਦੱਸਦਾ ਹੈ ਉਹ ਭਾਰਤੀ ਨੰਬਰ 947**7508 ਤੇ ਵਿਦੇਸ਼ੀ ਨੰਬਰ 001289561**0 ਦੇ ਵਟਸਐਪ ਰਾਹੀਂ ਨੌਜਵਾਨਾਂ 'ਤੇ ਹੁੰਦੇ ਤਸ਼ੱਦਦ ਦੀਆਂ ਵੀਡੀਓਜ਼ ਪਰਵਾਰਾਂ ਨੂੰ ਭੇਜ ਕੇ ਫ਼ਿਰੌਤੀ ਮੰਗਦਾ ਹੈ ਅਤੇ ਫ਼ਿਰੌਤੀ ਨਾ ਦੇਣ ਦੀ ਸੂਰਤ ਵਿੱਚ ਨੌਜਵਾਨਾਂ ਦੇ ਕਤਲ ਜਾਂ ਉਹਨਾਂ ਦੇ ਅੰਗ ਕੱਢ ਕੇ ਵੇਚਣ ਦੀਆਂ ਧਮਕੀਆਂ ਦਿੰਦਾ ਹੈ। ਫ਼ਿਰੌਤੀ ਨਾ ਦੇਣ ਤੇ ਕਤਲ ਕਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਹੈਰਾਨੀ ਦੀ ਗੱਲ ਹੈ ਕਿ ਉਹ ਸ਼ਰੇਆਮ ਭਾਰਤੀ ਏਜੰਸੀਆਂ ਅਤੇ ਪੁਲਿਸ ਨੂੰ ਚੁਣੌਤੀ ਦਿੰਦੇ ਹੋਏ ਕਹਿੰਦਾ ਹੈ ਕਿ ਉਸ ਦਾ ਕੋਈ ਕੁਝ ਨਹੀਂ ਵਿਗਾੜ ਸਕਦਾ ਅਤੇ ਫ਼ਿਰੌਤੀ ਦੇ ਪੈਸੇ ਦੇਣੇ ਹੀ ਪੈਣਗੇ।

ਸਤਨਾਮ ਦਾਊਂ ਨੇ ਦੱਸਿਆ ਕਿ ਉਨ੍ਹਾਂ ਨੇ ਖ਼ੁਦ ਅਗਵਾਕਾਰ ਨਾਲ ਗੱਲਬਾਤ ਕਰਕੇ ਉਸ ਦੀ ਰਿਕਾਰਡਿੰਗ ਉੱਤਰਾਖੰਡ ਪੁਲਿਸ ਦੇ ਸਬੰਧਤ ਐੱਸ ਐੱਸ ਪੀ ਨੂੰ ਭੇਜੀ ਸੀ ਤਾਂ ਜੋ ਕੋਈ ਜਾਲ ਵਿਛਾਇਆ ਜਾ ਸਕੇ। ਇਸ ਤੋਂ ਇਲਾਵਾ ਪੰਜਾਬ ਦੇ ਕਈ ਮੈਂਬਰ ਪਾਰਲੀਮੈਂਟਸ ਨੇ ਵੀ ਵਿਦੇਸ਼ ਮੰਤਰਾਲੇ ਨੂੰ ਪੱਤਰ ਲਿਖੇ ਹਨ ਅਤੇ ਨਵਨੀਤ ਫਾਜ਼ਿਲਕਾ ਨੇ ਭਾਰਤੀ ਦੂਤਾਵਾਸਾਂ ਨੂੰ ਵੀ ਈਮੇਲ ਕੀਤੀਆਂ ਹਨ ਜਿਹਨਾਂ ਦੇ ਜੁਆਬ ਵੀ ਆਏ ਹਨ, ਪਰ ਹੁਣ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ। ਕਈ ਪਰਿਵਾਰ ਆਪਣੀ ਜ਼ਮੀਨ-ਜਾਇਦਾਦ ਵੇਚ ਕੇ 50-50 ਲੱਖ ਦੀ ਫ਼ਿਰੌਤੀ ਦੇ ਕੇ ਆਪਣੇ ਬੱਚਿਆਂ ਨੂੰ ਛੁਡਵਾ ਚੁੱਕੇ ਹਨ, ਪਰ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਇੱਕ ਪਿੰਡ ਲਖਨਪੁਰ ਦਾ ਨੌਜਵਾਨ ਅਜੇ ਵੀ ਅਗਵਾਕਾਰਾਂ ਦੇ ਚੁੰਗਲ ਵਿੱਚ ਹੈ, ਜਿਸਦੀ ਜਾਨ ਨੂੰ ਗੰਭੀਰ ਖ਼ਤਰਾ ਹੈ।ਪੰਜਾਬ ਅਗੇਂਸਟ ਕੁਰੱਪਸ਼ਨ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਇੰਟਰਪੋਲ ਦੀ ਮਦਦ ਨਾਲ ਇਸ ਅੰਤਰਰਾਸ਼ਟਰੀ ਗਿਰੋਹ ਦਾ ਪਰਦਾਫਾਸ਼ ਕਰੇ ਅਤੇ ਫਸੇ ਹੋਏ ਨੌਜਵਾਨਾਂ ਨੂੰ ਸੁਰੱਖਿਅਤ ਵਾਪਸ ਲਿਆਵੇ।

## ਡਿਪਟੀ ਕਮਿਸ਼ਨਰ ਵੱਲੋਂ ਕਣਕ ਦੀ ਲਿਫ਼ਟਿੰਗ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼

**ਜਲੰਧਰ (ਇਕਬਾਲ ਸਿੰਘ ਉੱਭੀ)-** ਕਮਿਸ਼ਨਰ ਵਰਜੀਤ ਵਾਲੀਆ ਨੇ ਜ਼ਿਲ੍ਹੇ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਫ਼ਸਲ ਦੀ ਲਿਫ਼ਟਿੰਗ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਖੁਰਾਕ ਤੇ ਸਿਵਲ ਸਪਲਾਈਜ਼, ਮੰਡੀ ਬੋਰਡ ਅਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਖ਼ਰੀਦ ਉਪਰੰਤ ਅਨਾਜ ਮੰਡੀਆਂ 'ਚੋਂ ਕਣਕ ਦੀ ਚੁਕਾਈ ਨਾਲ-ਨਾਲ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਖ਼ਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਨਿਰਧਾਰਤ ਸਮੇਂ ਦੇ ਅੰਦਰ ਮੰਡੀਆਂ ਤੋਂ ਖ਼ਰੀਦੀ ਗਈ ਕਣਕ ਦਾ ਸਟਾਕ ਚੁੱਕਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਮੰਡੀ ਵਾਈਜ਼ ਲਿਫਟਿੰਗ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਜਿਨ੍ਹਾਂ ਮੰਡੀਆਂ ਵਿੱਚ ਭੰਡਾਰਨ ਦੀ ਸਮਰੱਥਾ ਘੱਟ ਹੈ, ਉਨ੍ਹਾਂ ਵਿੱਚੋਂ ਫ਼ਸਲ ਦੀ ਚੁਕਾਈ ਪਹਿਲ ਦੇ ਆਧਾਰ 'ਤੇ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।ਉਨ੍ਹਾਂ ਦੱਸਿਆ ਕਿ ਇਸ ਵਾਰ ਜ਼ਿਲ੍ਹੇ ਵਿੱਚ 5 ਲੱਖ 27 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਮਿੱਥਿਆ ਗਿਆ ਹੈ ਜਦਕਿ ਪਿਛਲੇ ਸੀਜ਼ਨ ਦੌਰਾਨ 514721 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਸੀ।

## ਬਖ਼ਸ਼ ਸੰਘਾ ਵਿਦਿਆਰਥਣਾ ਦੇ ਰੂ-ਬ-ਰੂ ਹੋਈ



**ਚੰਡੀਗੜ੍ਹ (ਗੁਰਜੀਤ ਬਿੱਲਾ)-** ਕੈਨੇਡਾ ਦੇ ਐਡਮਿੰਟਨ ਸ਼ਹਿਰ ਵਿਚ ਚਾਰ ਦਹਾਕਿਆਂ ਤੋਂ ਰੰਗਮੰਚ ਤੇ ਸਾਹਿਤ ਦੇ ਖੇਤਰ ਵਿਚ ਸਰਗਰਮ ਨਾਟਕਕਾਰੀ, ਸ਼ਾਇਰਾ ਅਤੇ ਸਮਾਜਿਕ ਕਾਰਕੁਨ ਬਖ਼ਸ਼ ਸੰਘਾ ਨੇ ਆਪਣੇ ਰੰਗਮੰਚੀ ਤੇ ਸਾਹਿਤਕ ਤਜ਼ਰਬੇ ਦੇਵ ਸਮਾਜ ਕਾਲਜ ਸੈਕਟਰ-45 ਚੰਡੀਗੜ੍ਹ ਪੰਜਾਬੀ ਵਿਭਾਗ ਵੱਲੋਂ ਆਯੋਜਿਤ ਕਾਲਜ ਦੀਆਂ ਵਿਦਿਆਰਥਣਾ ਨਾਲ ਸਾਂਝੇ ਕੀਤੇ।ਇਹ ਸਮਾਗਮ ਵਿਦਵਾਨ, ਚਿੰਤਕ, ਆਲੋਚਕ ਤੇ ਸ਼ਾਇਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਰਾਸ਼ਟਰੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ ਦੀ ਪ੍ਰਧਾਨਗੀ ਹੇਠ ਹੋਇਆ। ਵਿਭਾਗ ਦੇ ਮੁੱਖੀ ਮਨਪ੍ਰੀਤ ਕੌਰ ਦਰਜਨ ਦੇ ਕਰੀਬ ਆਇਆਂ ਸਾਹਿਤਕ ਅਤੇ ਰੰਗਮੰਚੀ ਸਵਾਗਤ ਕਰਦੇ ਕਿਹਾ ਕਿ ਇਹ ਸਾਡੇ ਕਾਲਜ ਅਤੇ ਵਿਦਿਆਰਥਣਾਂ ਲਈ ਯਾਦਗਾਰੀ ਪਲ ਹਨ ਕਿ ਸਲੇਬਸਾਂ ਵਿਚ ਪੜ੍ਹਾਏ ਜਾਣ ਵਾਲੇ ਇਨ੍ਹਾਂ ਲੋਕਾਂ ਦੇ ਵਿਚਾਰ ਸੁਨਣ ਅਤੇ ਨੇੜਿਓਂ ਵੇਖਣ ਦਾ ਮੌਕਾ ਮਿਲ ਰਿਹਾ ਹੈ। ਨਾਟਕਕਾਰ ਸੰਜੀਵਨ ਸਿੰਘ ਬਖ਼ਸ਼ ਸੰਘਾ ਦੀ ਵਾਕਫ਼ੀਅਤ ਕਰਵਾਉਂਦੇ ਕਿਹਾ ਕਿ ਭੈਣ ਬਖ਼ਸ਼ ਸੰਘਾ ਨੇ ਪਰਿਵਾਰਕ ਜ਼ੁੰਮੇਵਾਰੀ ਨਿਭਾਉਣ ਦੇ ਨਾਲ ਨਾਲ ਰੰਗਮੰਚੀ ਗਤੀਵਿਧੀਆਂ ਅਤੇ ਭਾਰਤ ਸਮੇਤ ਕੈਨੇਡਾ ਦੇ ਭੱਖਦੇ ਮਸਲਿਆਂ ਦੀ ਬਾਤ ਪਾਉਂਦੀਆਂ ਛੇ ਕਿਤਾਬਾ 'ਸੁਣ ਨੀ ਕੁੜੀਏ ਜਿਊਣ ਜੋਗੀਏ', 'ਮਾਂ ਧੀ ਦਾ ਸੰਵਾਦ','ਤੁਰ ਚਾਨਣ ਦੀ ਤੋਰ', 'ਚਾਨਣ ਦੀ ਛੋਹ', 'ਦੋਸ਼ੀ ਕੌਣ ? ', 'ਸੁਲਘਦੇ ਜਜ਼ਬਾਤ' ਲਿਖੀਆਂ।

## ਨਗਰ ਕੌਂਸਲਾਂ, ਨਗਰ ਪੰਚਾਇਤਾਂ ਤੇ ਨਗਰ ਨਿਗਮਾਂ 'ਚ ਅਣਮਿੱਥੇ ਸਮੇਂ ਲਈ ਹੜਤਾਲ 6 ਤੋਂ

**ਹੁਸ਼ਿਆਰਪੁਰ, ਮੋਹਰਿਆਣਾ (ਬਲਵੀਰ ਸਿੰਘ ਸੈਣੀ, ਜਗਤਾਰ ਸਿੰਘ ਭੁੰਗਰਨੀ)-** ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵੱਲੋਂ ਈਸੜੂ ਭਵਨ ਲੁਧਿਆਣਾ ਵਿਖੇ ਮੀਟਿੰਗ ਕਰਕੇ 11, 12 ਮਾਰਚ 2026 ਨੂੰ 2 ਦਿਨ ਸ਼ਹਿਰ ਵਿਚ ਰੈਲੀ ਕਰਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਣ ਅਤੇ ਰੈਗੂਲਰ 10 ਸਾਲ ਤੋਂ ਬਾਅਦ ਪੱਕੇ ਕਰਨ ਦਾ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ ਤੇ 6 ਮਈ ਨੂੰ ਹੜਤਾਲ ਦਾ ਨੋਟਿਸ ਵੀ ਸਰਕਾਰ ਨੂੰ ਦੇ ਦਿੱਤਾ ਗਿਆ ਸੀ, ਪਰੰਤੂ ਸਰਕਾਰ ਵੱਲੋਂ 2 ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਸਰਕਾਰ ਅਤੇ ਮਾਨਯੋਗ ਡਾਇਰੈਕਟਰੇਟ ਦਫਤਰ ਵਲੋਂ ਯੂਨੀਅਨ ਨੂੰ ਕੋਈ ਵੀ ਸੱਦਾ ਪੱਤਰ ਅਤੇ ਨਾ ਹੀ ਮੀਟਿੰਗ ਦਾ ਸਮਾਂ ਦਿੱਤਾ ਗਿਆ। ਇੱਥੇ ਇਹ ਵੀ ਦੱਸਣ ਯੋਗ ਹੋਵੇਗਾ ਕਿ ਮਿਤੀ 17 ਸਤੰਬਰ 2025 ਤੋਂ 30 ਸਤੰਬਰ 2025 ਤੱਕ ਜੋ ਹੜਤਾਲ ਹੋਈ ਸੀ ਉਸ ਵਿਚ ਸਰਕਾਰ ਨੇ ਹੜਤਾਲ ਇਸ ਕਰਕੇ ਉਠਾਈ ਸੀ ਕਿ ਅਸੀਂ ਥੋੜੇ ਸਮੇਂ ਵਿਚ ਆਪ ਦੇ ਸਾਰੇ ਕੰਮ ਨੇਪਰੇ ਚਾੜ ਦਿਆਂਗੇ, ਪਰ 7 ਮਹੀਨੇ ਬੀਤ ਜਾਣ ਦੇ ਬਾਵਜੂਦ ਕੋਈ ਵੀ ਮੀਟਿੰਗ ਦਾ ਪੱਤਰ ਨਹੀਂ ਦਿੱਤਾ ਗਿਆ।6 ਮਈ 2026 ਦੀ ਹੜਤਾਲ ਦਾ ਪੋਸਟਰ ਅੱਜ ਰਲੀਜ਼ ਕਰ ਰਹੇ ਹਾਂ, ਜਿਸ ਵਿਚ ਮੁਲਾਜ਼ਮਾਂ ਦੀਆਂ ਸਾਰੀਆਂ ਮੰਗਾਂ ਸ਼ਾਮਿਲ ਹਨ। ਇਹ ਹੜਤਾਲ ਅਣਮਿੱਥੇ ਸਮੇਂ ਲਈ ਹੋਵੇਗੀ। ਇਸ ਮੀਟਿੰਗ ਵਿਚ ਨਗਰ ਨਿਗਮ ਹੁਸ਼ਿਆਰਪੁਰ ਵਲੋਂ ਕੁਲਵੰਤ ਸਿੰਘ ਸੈਣੀ ਦੀ ਸਰਪ੍ਰਸਤੀ ਹੇਠ ਇੱਕ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਲਾਰੇਂਸ ਚੌਧਰੀ, ਕਰਨਜੀਤ ਆਦੀਆ ਪ੍ਰਧਾਨ, ਦਲੀਪ ਕੁਮਾਰ, ਸੋਮਨਾਥ ਆਦੀਆਂ ਵਾਈਸ ਪ੍ਰਧਾਨ, ਵਿਕਰਮਜੀਤ ਬੰਟੀ ਉਪ ਪ੍ਰਧਾਨ, ਜੋਗਿੰਦਰ ਆਦੀਆ ਮੁੱਖ ਸਲਾਹਕਾਰ, ਜੈ ਗੋਪਾਲ, ਬਲਰਾਮ, ਹਰਬਿਲਾਸ, ਪਰਦੀਪ, ਹੀਰਾ ਲਾਲ, ਪਵਨ, ਆਸ਼ੂ, ਕੈਲਾਸ਼ ਅਤੇ ਸੁਭਾਸ਼, ਅਰੁਣ ਸੰਧੂ, ਦਲੀਪ ਕੁਮਾਰ, ਦੀਪੂ, ਜੈ ਗੋਪਾਲ ਆਦਿ ਸ਼ਾਮਿਲ ਸਨ।



## ਵਿਸ਼ਵ ਧਰਤੀ ਦਿਵਸ ਮਨਾਇਆ

**ਨਵਾਂ ਸ਼ਹਿਰ (ਮਨੋਜ ਲਾਡੀ)-** ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਮਿਸ. ਪ੍ਰਿਆ ਸੂਦ ਜੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਡਾ. ਅਮਨਦੀਪ ਜੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਵਲੋਂ ਗੌਰਮਿੰਟ ਹਾਈ ਸਕੂਲ, ਭੀਨ, ਸ ਭ ਸ ਨਗਰ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਨਗਰ ਦੇ ਮਿਸ ਜਸਨਦੀਪ, ਪੈਨਲ ਲਾਇਰ ਤੇ ਪੈਰਾ ਲੀਗਲ ਵਲੰਟੀਅਰਜ਼ ਦੇਸ ਰਾਜ ਬਾਲੀ, ਕਸ਼ਮੀਰ ਸਿੰਘ ਤੇ ਵਾਸੂਦੇਵ ਪਰਦੇਸੀ ਵੱਲੋਂ ਗੌਰਮਿੰਟ ਹਾਈ ਸਕੂਲ, ਭੀਨ ਵਿਖੇ ਪੌਦੇ ਲਗਾਏ ਗਏ। ਇਸ ਮੌਕੇ ਤੇ ਪੈਰਾ ਲੀਗਲ ਵਲੰਟੀਅਰਜ਼ ਵੱਲੋਂ ਵਿਦਿਆਰਥੀਆਂ ਨੂੰ ਵਿਸ਼ਵ ਧਰਤੀ ਦਿਵਸ ਦੀਆ ਵਧਾਈਆਂ ਦਿੰਦੇ ਹੋਏ ਉਹਨਾਂ ਨੂੰ ਦੱਸਿਆ ਕਿ ਇਹ ਦਿਨ ਹਰ ਸਾਲ 22 ਅਪ੍ਰੈਲ ਨੂੰ ਪੂਰੇ ਸੰਸਾਰ ਵਿੱਚ ਮਨਾਇਆ ਜਾਂਦਾ ਹੈ ਇਸ ਦਿਨ ਦੀ ਸਥਾਪਨਾ ਵਾਤਾਵਰਣ ਅਤੇ ਇਸ ਦੀ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਲਈ ਕੀਤੀ ਗਈ ਹੈ।



## ਜ਼ਿਲ੍ਹੇ 'ਚ ਟੀ.ਬੀ. ਮੁਕਤ ਮੁਹਿੰਮ ਸਫ਼ਲਤਾਪੂਰਵਕ ਜਾਰੀ : ਡਾ. ਸੰਗੀਤਾ ਜੈਨ

**ਮੋਹਾਲੀ (ਗੁਰਜੀਤ ਬਿੱਲਾ)-** ਟੀ ਬੀ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਐੱਸ ਏ ਐੱਸ ਨਗਰ ਵਿਚ ਵੱਖ-ਵੱਖ ਥਾਈਂ ਜਾਂਚ ਕੈਂਪ ਲਗਾਤਾਰ ਲਗਾਏ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀ.ਬੀ. ਅਧਿਕਾਰੀ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਦੇਸ਼ ਵਿਚ ਤਪਦਿਕ ਦੇ ਮੁਕੰਮਲ ਖ਼ਾਤਮੇ ਲਈ 100 ਦਿਨਾ ਤੀਬਰ ਰੋਕਥਾਮ ਮੁਹਿੰਮ ਚੱਲ ਰਹੀ ਹੈ ਜਿਸ ਤਹਿਤ ਜ਼ਿਲ੍ਹੇ ਦੇ ਸਬ-ਡਵੀਜ਼ਨਲ ਹਸਪਤਾਲਾਂ, ਕਮਿਊਨਿਟੀ ਹੈਲਥ ਸੈਂਟਰਾਂ, ਪ੍ਰਾਇਮਰੀ ਹੈਲਥ ਸੈਂਟਰਾਂ ਤੇ ਆਯੁਸ਼ਮਾਨ ਅਰੋਗਿਆ ਕੇਂਦਰਾਂ ਅਤੇ ਵੱਖ-ਵੱਖ ਥਾਵਾਂ 'ਤੇ ਜਾਂਚ ਤੇ ਇਲਾਜ ਕੈਂਪਾਂ ਨੂੰ ਸਫ਼ਲਤਾਪੂਰਵਕ ਚਲਾਇਆ ਜਾ ਰਿਹਾ ਹੈ। ਉਨ੍ਹਾਂ ਦਸਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਟੀ.ਬੀ. ਦੇ ਮਰੀਜ਼ਾਂ ਦੀ ਸ਼ੁਰੂਆਤੀ ਪਛਾਣ ਕਰ ਕੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਸ਼ੁਰੂ ਕਰਨਾ ਹੈ ਤਾਕਿ ਬੀਮਾਰੀ ਦੇ ਫੈਲਾਅ ਨੂੰ ਰੋਕਿਆ ਜਾ ਸਕੇ।



## ਐੱਸ ਡੀ ਕਾਲਜ ਫਾਰ ਵੂਮੈਨ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ ( ਹਨੀ )-** ਐੱਸ ਡੀ ਕਾਲਜ ਫਾਰ ਵੂਮੈਨ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਵਾਤਾਵਰਣ ਸੁਰੱਖਿਆ ਅਤੇ ਸਥਿਰਤਾ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਸ ਦੌਰਾਨ ਪ੍ਰਿੰਸੀਪਲ ਡਾ. ਸ਼ੁਕਲਾ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਣ ਲਈ ਪ੍ਰੇਰਿਤ ਕੀਤਾ।

ਇਹ ਸਮਾਗਮ ਐਨ.ਐਸ.ਐਸ. ਯੂਨਿਟ, ਈਕੋ ਕਲੱਬ ਅਤੇ ਰੈੱਡ ਰਿਬਨ ਕਲੱਬ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿਸ਼ਵ ਧਰਤੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਨਾਲ ਹੋਈ, ਜਿਸ ਵਿੱਚ ਪ੍ਰਦੂਸ਼ਣ, ਜੰਗਲਾਂ ਦੀ ਕਟਾਈ ਅਤੇ ਜਲਵਾਯੂ ਪਰਿਵਰਤਨ ਵਰਗੇ ਮੁੱਦਿਆਂ 'ਤੇ ਚਰਚਾ ਕੀਤੀ ਗਈ।ਇਸ ਮੌਕੇ ਸਹੁੰ ਚੁੱਕ ਸਮਾਗਮ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਸਟਾਫ ਨੇ ਪਲਾਸਟਿਕ ਦੀ ਵਰਤੋਂ ਘਟਾਉਣ, ਪਾਣੀ ਅਤੇ ਊਰਜਾ ਦੀ ਬੱਚਤ ਕਰਨ, ਰੁੱਖ ਲਗਾਉਣ ਅਤੇ ਵਾਤਾਵਰਣ ਦੀ ਸੰਭਾਲ ਕਰਨ ਦੀ ਸਹੁੰ ਚੁੱਕੀ। ਇਸ ਦੌਰਾਨ ਵਿਦਿਆਰਥੀਆਂ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਵਾਤਾਵਰਣ ਦੀ ਰੱਖਿਆ ਲਈ ਸਮੂਹਿਕ ਯਤਨਾਂ ਦੀ ਮਹੱਤਤਾ ਉਜਾਗਰ ਕੀਤੀ। ਇਹ ਪ੍ਰੋਗਰਾਮ ਮੈਡਮ ਸੁਨੀਤਾ ਕਲੇਰ ਦੀ ਦੇਖ ਰੇਖ ਵਿਚ ਸਫਲਤਾ ਪੂਰਵਕ ਸੰਪੰਨ ਹੋਇਆ।

## ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਸੰਬੰਧੀ ਇਕੱਠ 29 ਮਈ ਨੂੰ

**ਸ੍ਰੀ ਅਨੰਦਪੁਰ ਸਾਹਿਬ-** ਇੱਥੇ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਰੋਪੜ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸੂਬਾ ਸਕੱਤਰ ਬਲਜੀਤ ਸਿੰਘ ਗਰੇਵਾਲ ਸ਼ਾਮਿਲ ਹੋਏ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 29 ਮਈ ਨੂੰ ਕਿਸਾਨਾਂ ਮਜ਼ਦੂਰਾਂ ਦੀਆਂ ਭੱਖਦੀਆਂ ਮੰਗਾਂ ਨੂੰ ਲੈ ਕੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇੱਕ ਭਾਰੀ ਇਕੱਠ ਕੀਤਾ ਜਾਵੇਗਾ। ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡਰੱਦ ਕੀਤੇ ਜਾਣ, ਮਗਨਰੇਗਾ ਨੂੰ ਬਹਾਲ ਕੀਤਾ ਜਾਵੇ,ਵੀ ਬੀ ਜੀ ਗ੍ਰਾਮ ਜੀ ਕਾਨੂੰਨ ਨੂੰ ਰੱਦ ਕੀਤਾ ਜਾਵੇ, ਕਿਸਾਨ ਵਿਰੋਧੀ ਬੀਜ ਬਿੱਲ 2026 ਨੂੰ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਨੂੰ ਰੱਦ ਕੀਤਾ ਜਾਵੇ, ਅਮਰੀਕਾ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਮਜ਼ਦੂਰਾਂ ਕਿਸਾਨਾਂ ਨੂੰ 58 ਸਾਲ ਦੀ ਉਮਰ ਤੋਂ ਬਾਅਦ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ, ਮਜ਼ਦੂਰਾਂ ਕਿਸਾਨਾਂ ਸਿਰ ਚੜ੍ਹਿਆ ਕਰਜਾ ਮਾਫ ਕੀਤਾ ਜਾਵੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਬਲਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕੁਲ ਹਿੰਦ ਕਿਸਾਨ ਸਭਾ ਦੇਸ਼ ਦੇ ਸਾਰੇ ਰਾਜਾਂ ਵਿੱਚ ਕੰਮ ਕਰਦੀ ਹੈ। ਜਥੇਬੰਦੀ ਦੀ ਮੈਂਬਰਸ਼ਿਪ ਦੋ ਕਰੋੜ ਦੇ ਕਰੀਬ ਹੈ। ਕਿਸਾਨ ਤੇ ਮਜ਼ਦੂਰ ਮੰਗਾਂ ਨੂੰ ਲੈ ਕੇ ਜਿੱਥੇ ਦੇਸ਼ ਪੱਧਰ ਤੇ ਸੰਘਰਸ਼ ਚੱਲ ਰਿਹਾ ਹੈ ਉੱਥੇ 29 ਮਈ ਨੂੰ ਜਲੰਧਰ ਵਿਖੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਵੱਡਾ ਇਕੱਠ ਕੀਤਾ ਜਾ ਰਿਹਾ। ਉਹਨਾਂ ਨੇ ਕਿਹਾ ਕਿ ਪਿੰਡ ਪਿੰਡ ਜਾ ਕੇ ਕੁੱਲ ਹਿੰਦ ਕਿਸਾਨ ਸਭਾ ਦੇ ਯੂਨਿਟ ਸਥਾਪਿਤ ਕੀਤੇ ਜਾਣ ਅਤੇ ਮੈਂਬਰਸ਼ਿਪ ਦੀ ਭਰਤੀ ਮੁਹਿੰਮ ਸ਼ੁਰੂ ਕੀਤੀ ਜਾਵੇ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜਸਵਿੰਦਰ ਸਿੰਘ ਭੰਗਲ ਜ਼ਿਲ੍ਹਾ ਸਕੱਤਰ ਨੇ ਦੱਸਿਆ ਕਿ 100 ਦੇ ਕਰੀਬ ਕਿਸਾਨ 29 ਮਈ ਦੀ ਜਲੰਧਰ ਰੈਲੀ ਵਿੱਚ ਭਾਗ ਲੈਣਗੇ। ਜ਼ਿਲ੍ਹੇ ਵਿੱਚ 10 ਹਜ਼ਾਰ ਤੋਂ ਉੱਪਰ ਕਿਸਾਨਾਂ ਦੀ ਭਰਤੀ ਕੀਤੀ ਜਾਵੇਗੀ ਤੇ 50 ਦੇ ਕਰੀਬ ਯੂਨਿਟ ਸਥਾਪਿਤ ਕੀਤੇ ਜਾਣਗੇ। ਮੀਟਿੰਗ ਵਿੱਚ ਗਿਆਨੀ ਰਾਮ ਪਾਲ ਸਿੰਘ ਭਲਾਣ, ਗੁਰਦਿਆਲ ਸਿੰਘ ਮਾਵੀ, ਤੇਲੂ ਰਾਮ ਸਜਮੌਰ, ਬਲਰਾਮ ਸਜਮੌਰ, ਗੁਰਦਿਆਲ ਸਿੰਘ ਅਟਵਾਲ, ਪ੍ਰੇਮ ਸਿੰਘ ਅਟਵਾਲ, ਬਿੱਕਰ ਸਿੰਘ ਗਿੱਲ ਮੋਠਾਪੁਰ, ਜਗੀਰ ਸਿੰਘ ਰੌਲੀ, ਸਪਿੰਦਰ ਸਿੰਘ ਘਨੌਲੀ, ਅਮਰ ਸਿੰਘ ਬੜਾਪਿੰਡ, ਸਰਪੰਚ ਪਵਨ ਚੱਕ ਕਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



## ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ 'ਚ ਸੁਖਮਨੀ ਸਾਹਿਬ ਦੇ ਪਾਠ

**ਕਰਤਾਰਪੁਰ (ਹਰਮੇਸ਼ ਦੱਤ)-** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿੱਚ ਨਵੇਂ ਸੈਸ਼ਨ ਦੀ ਸ਼ੁਰੂਆਤ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ। ਉਸ ਤੋਂ ਬਾਅਦ ਸ਼ਬਦ ਕੀਰਤਨ ਕੀਤਾ ਗਿਆ। 9ਵੀਂ ਜਮਾਤ ਦੇ ਵਿਦਿਆਰਥੀ ਮਨਜਿੰਦਰ ਸਿੰਘ ਦੁਆਰਾ ਸ਼ਬਦ ਕੀਰਤਨ ਕੀਤਾ ਗਿਆ। ਪ੍ਰਿੰਸੀਪਲ ਕੰਵਲਜੀਤ ਕੌਰ ਨੇ ਬੱਚਿਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਭਵਿੱਖ ਲਈ ਸਖ਼ਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਤ ਬਾਬਾ ਨਿਧਾਨ ਸਿੰਘ ਦੇ ਮੁਖੀ ਭਜਨ ਕੌਰ, ਸਕੂਲ ਚੇਅਰਪਰਸਨ ਸੁਰਿੰਦਰ ਕੌਰ, ਡਾਕਟਰ ਚਰਨ ਸਿੰਘ, ਡਾਕਟਰ ਪਿਆਰਾ ਸਿੰਘ, ਸਤਨਾਮ ਸਿੰਘ, ਮਨਦੀਪ ਕੌਰ, ਪਲਵਿੰਦਰ ਕੌਰ ਨੇ ਬੱਚਿਆਂ ਨੂੰ ਚੰਗੇ ਅੰਕ ਪ੍ਰਾਪਤ ਕਰਨ ਅਤੇ ਨਵੇਂ ਸੈਸ਼ਨ ਵਿੱਚ ਪ੍ਰਵੇਸ਼ ਕਰਨ ਲਈ ਵਧਾਈ ਦਿੱਤੀ।



## ਵਿਸ਼ਵ ਪ੍ਰਿਥਵੀ ਦਿਵਸ ਮੌਕੇ ਵਿਦਿਆਰਥੀਆਂ ਵੱਲੋਂ ਜਾਗਰੂਕਤਾ ਰੈਲੀ

**ਅਲਾਵਲਪੁਰ, (ਮਦਨ ਬੰਗੜ)-** ਕਸਬਾ ਅਲਾਵਲਪੁਰ ਵਿੱਚ ਵਿਸ਼ਵ ਪ੍ਰਿਥਵੀ ਦਿਵਸ ਦੇ ਮੌਕੇ 'ਤੇ ਸਥਾਨਕ ਵਿਦਿਆਵਤੀ ਪਬਲਿਕ ਸਕੂਲ ਵਿੱਚ ਆਯੋਜਿਤ ਕੀਤੇ ਗਏ ਸਾਦੇ ਸਮਾਗਮ ਸਮੇਂ ਵਿਦਿਆਰਥੀਆਂ ਵੱਲੋਂ ਵਾਤਾਵਰਣ ਸਬੰਧੀ ਜਾਗਰੂਕਤਾ ਫੈਲਾਉਣ ਲਈ ਇੱਕ ਵਿਸ਼ੇਸ਼ ਰੈਲੀ ਕੱਢੀ ਗਈ। ਰੈਲੀ ਦੌਰਾਨ ਬੱਚਿਆਂ ਨੇ ਹੱਥਾਂ ਵਿੱਚ ਵਾਤਾਵਰਣ ਬਚਾਉਣ ਸਬੰਧੀ ਸਲੋਗਨ ਵਾਲੇ ਬੈਨਰ ਫੜੇ ਹੋਏ ਸਨ ਅਤੇ ਲੋਕਾਂ ਨੂੰ ਧਰਤੀ ਨੂੰ ਸਾਫ-ਸੁਥਰਾ ਤੇ ਹਰਿਆ-ਭਰਿਆ ਬਣਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਲੋਕਾਂ ਨੂੰ ਪਲਾਸਟਿਕ ਦੀ ਵਰਤੋਂ ਘਟਾਉਣ, ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਕੂਲ ਮੁਖੀ ਨੀਲਮ ਗੁਪਤਾ ਦੀ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਪੌਦੇ ਵੀ ਲਗਾਏ ਗਏ ਅਤੇ ਵਾਤਾਵਰਣ ਦੀ ਰੱਖਿਆ ਕਰਨ ਦਾ ਸੰਕਲਪ ਲਿਆ ਗਿਆ। ਸਮਾਗਮ ਵਿੱਚ ਸਮੂਹ ਸਕੂਲ ਸਟਾਫ ਤੋਂ ਇਲਾਵਾ ਨਗਰ ਕੌਂਸਲ ਅਲਾਵਲਪੁਰ ਦੇ ਪ੍ਰਤੀਨਿਧੀ ਨਿਰਮਲ ਕੁਮਾਰ ਵੀ ਹਾਜ਼ਰ ਰਹੇ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਵਧ ਰਹੇ ਪ੍ਰਦੂਸ਼ਣ ਅਤੇ ਗਲੋਬਲ ਵਾਰਮਿੰਗ ਦੇ ਖਤਰੇ ਨੂੰ ਦੇਖਦੇ ਹੋਏ ਹਰ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਧਰਤੀ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਵੇ।



## ਡਾ. ਅੰਬੇਡਕਰ ਦੇ ਜਨਮ ਦਿਵਸ ਸੰਬੰਧੀ ਸੰਮੇਲਨ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)-** ਡਾ. ਬੀ ਆਰ ਅੰਬੇਡਕਰ ਵੈਲਫੇਅਰ ਸੋਸਾਇਟੀ ਪਿੰਡ ਘੁੜਿਆਲ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਡਾ. ਬੀ.ਆਰ. ਅੰਬੇਡਕਰ ਦੇ 135ਵੇਂ ਜਨਮ ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ ਕ੍ਰਾਂਤੀਕਾਰੀ ਸੰਮੇਲਨ ਪਿੰਡ ਘੁੜਿਆਲ (ਜੰਜ ਘਰ ਚੜ੍ਹਦੀ ਪੱਤੀ), ਜਲੰਧਰ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸੰਤ ਬਾਬਾ ਨਿਰਮਲ ਦਾਸ ਜੀ ਮਹਾਰਾਜ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸੰਗਤਾਂ ਨੂੰ ਅਸ਼ੀਰਵਾਦ ਦਿੱਤਾ। ਸਮਾਗਮ ਦੌਰਾਨ ਧਰਮਿੰਦਰ ਸਿੰਘ ਭੁੱਲਾਰਾਈ, ਗੁਰਿੰਦਰ ਸਿੰਘ (ਲੈਕਚਰਾਰ), ਐਡਵੋਕੇਟ ਬਲਵਿੰਦਰ ਕੁਮਾਰ (ਹਲਕਾ ਇੰਚਾਰਜ ਆਦਮਪੁਰ, ਬੀ ਐਸ ਪੀ), ਇੰਜੀਨੀਅਰ ਜਸਵੰਤ ਰਾਏ, ਮਾਸਟਰ ਅਰਸ਼ਦੀਪ ਸਿੰਘ, ਬੇਬੀ ਅਮਾਨਤ ਸੰਧੂ ਅਤੇ ਕਈ ਹੋਰ ਬੁਲਾਰਿਆਂ ਵੱਲੋਂ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬਾਬਾ ਸਾਹਿਬ ਦੇ ਜੀਵਨ ਅਤੇ ਫਲਸਫੇ ਬਾਰੇ ਚਾਨਣਾ ਪਾਇਆ ਗਿਆ। ਮਿਸ਼ਨਰੀ ਗਾਇਕਾ ਤਮੰਨਾ ਕੜਿਆਣਾ ਵੱਲੋ ਆਪਣੀ ਗਾਇਕੀ ਰਾਹੀਂ ਬਾਬਾ ਸਾਹਿਬ ਦੀ ਮਹਿਮਾ ਦਾ ਗੁਣਗਾਨ ਕੀਤਾ। ਪ੍ਰੋਗਰਾਮ ਦੌਰਾਨ ਸੰਗਤਾਂ ਲਈ ਚਾਹ ਅਤੇ ਗੁਰੂ ਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਸਟੇਜ ਸਕੱਤਰ ਦੀ ਭੂਮਿਕਾ ਸੁਖਵਿੰਦਰ ਚੁਖਿਆਰਾ ਵੱਲੋਂ ਬਾਖੂਬੀ ਨਿਭਾਈ ਗਈ।ਪ੍ਰੋਗਰਾਮ ਦੌਰਾਨ ਪਹਿਲੀ ਤੋਂ ਪੰਜਵੀਂ ਕਲਾਸ ਦੇ ਬੱਚਿਆਂ ਨੂੰ ਸਪੈਸ਼ਲ ਗਿਫ਼ਟ ਦੇ ਕੇ ਹੌਂਸਲਾ ਅਫਜ਼ਾਈ ਕੀਤੀ ਗਈ। ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਮਿਸ਼ਨਰੀ ਬੁਲਾਰਿਆਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ ਗਏ ਅਤੇ ਪ੍ਰਬੰਧਕ ਕਮੇਟੀ ਵੱਲੋਂ ਪ੍ਰੋਗਰਾਮ ਵਿੱਚ ਪਹੁੰਚੇ ਦੂਰ ਦੁਰਾਡੇ ਪਿੰਡਾਂ ਤੋਂ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੰਬਧਕ ਕਮੇਟੀ ਦੇ ਮੈਂਬਰ ਕੁਲਵੀਰ ਸਿੰਘ ਘੁੜਿਆਲ, ਗੁਰਚਰਨ ਸਿੰਘ ਜ਼ਖ਼ਮੀ, ਜਗਦੀਸ਼ ਕੁਮਾਰ, ਰਾਜ ਕੁਮਾਰ, ਸੰਤੋਖ ਰਾਮ, ਮਾ.ਅਮਰਜੀਤ ਸਿੰਘ, ਸੰਜੀਵ ਕੁਮਾਰ, ਡਾ. ਤਰਵਿੰਦਰ ਕੁਮਾਰ,ਹਰਜੀਤ ਸਿੰਘ ਭੱਟੀ,ਸਰੋਜ ਰਾਣੀ ਪੰਚ,ਗੁਰਜੀਤ ਕੌਰ ਪੰਚ, ਜਤਿੰਦਰ ਕੌਰ ਪੰਚ, ਹਰਪ੍ਰੀਤ ਸਿੰਘ ਪੰਚ, ਹੈੱਡ ਟੀਚਰ ਪਰਮਜੀਤ ਸਿੰਘ, ਸੁਖਵਿੰਦਰ ਟੋਨੀ ਸਾਰੋਬਾਦ, ਨਰੇਸ਼ ਕੁਮਾਰ, ਜਸਵੀਰ ਸਿੰਘ, ਅਸ਼ੋਕ ਚੁੰਬਰ,ਜਸਦੇਵ ਸਿੰਘ,ਕਮਲ ਕੜਿਆਣਾ ਤੋਂ ਇਲਾਵਾ ਪਿੰਡ ਡਰੋਲੀ ਕਲਾਂ, ਚੁਖਿਆਰਾ, ਪਧਿਆਣਾ, ਕੜਿਆਣਾ, ਦਿਹਾਣਾ, ਅਤੇ ਪਿੰਡ ਘੁੜਿਆਲ ਦੇ ਨਗਰ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਹੋਏ ।



## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਵਿਅਕਤੀਗਤ ਗਾਈਡੈਂਸ ਪ੍ਰੋਗਰਾਮ

**ਨਵਾਂਸ਼ਹਿਰ (ਮਨੋਜ ਲਾਡੀ)-** ਗੁਲਪ੍ਰੀਤ ਸਿੰਘ ਔਲਖ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ—ਕਮ—ਮਾਡਲ ਕੈਰੀਅਰ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਜੇ ਐੱਸ ਐੱਫ ਐੱਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਨਵਾਂਸ਼ਹਿਰ ਵਿਖੇ ਵਿਅਕਤੀਗਤ ਗਾਈਡੈਂਸ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸੰਦੀਪ ਕੁਮਾਰ ਪੀ.ਸੀ.ਐਸ (ਏ) ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਵੱਲੋਂ 10ਵੀਂ ਅਤੇ 12ਵੀਂ ਦੇ ਵਿਦਿਆਰਥੀਆਂ ਨੂੰ ਉਹਨਾਂ ਦੇ ਭਵਿੱਖ ਵਿੱਚ ਕਰੀਅਰ ਚੋਣ ਸਬੰਧੀ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਨਾਲ ਹੀ ਵਿਦਿਆਰਥੀ ਕਿਵੇਂ ਜਨਰਲ ਨੌਲਿਜ਼, ਸੰਖਿਆਤਮਕ ਯੋਗਤਾ ਆਦਿ ਵਿਸ਼ੇ ਸਰਕਾਰੀ/ਪ੍ਰਾਈਵੇਟ ਨੌਕਰੀ ਲਈ ਮੱਦਦ ਕਰ ਸਕਦੇ ਹਨ।ਹਿਨਾ ਭਾਟੀਆ, ਯੰਗ ਪ੍ਰੋਫੈਸ਼ਨਲ ਐਮ.ਸੀ.ਸੀ ਵੱਲੋਂ ਵਿਦਿਆਰਥੀਆਂ ਨੂੰ ਰੋਜ਼ਗਾਰ ਬਿਊਰੋ ਦੀ ਮਹੱਤਤਾ ਬਾਰੇ ਦੱਸਦੇ ਹੋਏ ਵੱਖ-ਵੱਖ ਸਕੀਮਾਂ ਦੀ ਪੜ੍ਹਾਈ, ਆਈ ਟੀ ਆਈ ਕੋਰਸ, ਡਿਪਲੋਮਾ ਅਤੇ ਡਿਗਰੀ ਕੋਰਸਾਂ ਬਾਰੇ ਜਾਣਕਾਰੀ, ਪਲੇਸਮੈਂਟ ਸੈੱਲ ਦੁਆਰਾ ਕੀਤੇ ਜਾਂਦੇ ਨੌਕਰੀਆਂ ਦੇ ਉਪਰਾਲੇ, ਰੋਜ਼ਗਾਰ ਬਿਊਰੋ ਰਾਹੀ ਦਿੱਤੀ ਜਾਂਦੀ ਮੁਫ਼ਤ ਇੰਨਰਨੈੱਟ ਸੁਵਿਧਾ, ਸਵੈ-ਰੋਜ਼ਗਾਰ ਸਕੀਮਾਂ, ਸ਼ਾਰਟ ਟਰਮ ਤਕਨੀਕੀ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਵਿਭਾਗ ਵੱਲੋਂ ਸਾਇਕੋਮੈਟਰਿਕ ਟੈਸਟ ਦੀ ਮੁਫ਼ਤ ਸਹੂਲਤ ਬਾਰੇ ਦੱਸਿਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੂੰ ਉਹਨਾਂ ਦੇ ਸੁਭਾਅ, ਰੁਚੀ ਅਤੇ ਯੋਗਤਾ ਅਨੁਸਾਰ ਸਹੀ ਕਰੀਅਰ ਚੁਣਨ ਵਿੱਚ ਮੱਦਦ ਕਰਦਾ ਹੈ। ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਦਲਜੀਤ ਸਿੰਘ, ਜੇ.ਐਸ.ਐਫ.ਐਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਨਵਾਂਸ਼ਹਿਰ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸ਼ਹੀਦ ਭਗਤ ਸਿੰਘ ਨਗਰ ਦੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ।




## ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਐੱਸ ਡੀ ਐੱਮ ਵੱਲੋਂ ਕਿਸਾਨਾਂ ਨਾਲ ਮੀਟਿੰਗ



**ਫਿਲੌਰ (ਨਿਰਮਲ)-** ਦੀਪਕ ਭਾਟੀਆ ਐਸ.ਡੀ.ਐਮ ਫਿਲੌਰ ਵੱਲੋਂਇਲਾਕੇ ਦੇ ਕਿਸਾਨਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਉਹਨਾਂ ਨੂੰ ਅਪੀਲ ਕੀਤੀ ਕਿ ਕਣਕ ਦੀ ਪਰਾਲੀ ਨੂੰ ਅੱਗ ਲਾ ਕੇ ਨਾ ਸਾੜਿਆ ਜਾਵੇ ਕਿਉਂਕਿ ਅੱਗ ਨਾਲ ਕਈ ਜਾਨਵਰ ਕੀੜੇ ਮਰ ਜਾਂਦੇ ਹਨ ਵਾਤਾਵਰਨ ਖਰਾਬ ਹੁੰਦਾ ਹੈ ਧੂਏ ਨਾਲ ਕਈ ਸੜਕ ਦੁਰਘਟਨਾਵਾਂ ਵੀ ਹੋ ਜਾਂਦੀਆਂ ਹਨ। ਕਿਸਾਨਾਂ ਨੇ ਭਰੋਸਾ ਦਿੱਤਾ ਕਿ ਉਹ ਪਰਾਲੀ ਨੂੰ ਨਹੀਂ ਸਾੜਨਗੇ। ਇਸ ਮੌਕੇ ਤੇ ਮਾਰਕੀਟ ਕਮੇਟੀ ਦੇ ਅਹੁਦੇਦਾਰ ਆੜਤੀ ਯੂਨੀਅਨ ਦੇ ਪ੍ਰਧਾਨ ਤੇ ਕਿਸਾਨ ਹਾਜ਼ਰ ਸਨ।

## ਸੜਕ ਹਾਦਸੇ 'ਚ ਇੱਕ ਵਿਅਕਤੀ ਦੀ ਮੌਤ

**ਮਾਹਿਲਪੁਰ (ਸ.ਫ਼ਰੀ)-** ਮੁੱਖ ਮਾਰਗ ਮਾਹਿਲਪੁਰ ਹੁਸ਼ਿਆਰਪੁਰ ਤੇ ਪਿੰਡ ਮੁਖੋਮਜਾਰਾ ਦੇ ਨਜਦੀਕ ਇਕ ਆਲਟੋ ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਖੜ੍ਹੇ ਦਰਖ਼ਤ ਨਾਲ ਜ਼ਬਰਦਸਤ ਟਕਰਾ ਗਈ। ਜਿਸ ਵਿਚ ਸਵਾਰ ਦੋਨੋ ਯੁਵਕ ਗੰਭੀਰ ਜਖਮੀ ਹੋ ਗਏ। ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਮਾਹਿਲਪੁਰ ਲਿਜਾਇਆ ਗਿਆ। ਜਿੱਥੇ ਇਕ ਯੁਵਕ ਦੀ ਜ਼ਖਮਾਂ ਦੀ ਤਾਬ ਨਾ ਝੱਲਦਿਆਂ ਮੌਤ ਹੋ ਗਈ। ਜਾਣਕਾਰੀ ਮੁਤਾਬਿਕ ਜਸਕਰਨ ਸਿੰਘ (22) ਪੁੱਤਰ ਬਲਵੀਰ ਸਿੰਘ ਨਿਵਾਸੀ ਜੈਤਪੁਰ ਆਪਣੇ ਦੋਸਤ ਕਰਨ ਪੁੱਤਰ ਬਲਜਿੰਦਰ ਸਿੰਘ ਦੇ ਨਾਲ ਆਲਟੋ ਕਾਰ (ਪੀਬੀ 31 ਐਮ 2898) ਤੇ ਸਵਾਰ ਹੋ ਕੇ ਸਵੇਰੇ 10.30 ਵਜੇ ਦੇ ਕਰੀਬ ਹੁਸ਼ਿਆਰਪੁਰ ਵੱਲ ਨੂੰ ਰਹੇ ਸਨ। ਜਦ ਉਹ ਅੱਡਾ ਮੁਖੋਮਜਾਰਾ ਦੇ ਨਜਦੀਕ ਪੁੱਜੇ ਤਾਂ ਉਨ੍ਹਾਂ ਦੀ ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਖੜ੍ਹੇ ਦਰਖਤ ਨਾਲ ਟਕਰਾ ਗਈ। ਜਿਸ ਨਾਲ ਕਰ ਬੁਰੀ ਤਰ੍ਹਾਂ ਨੁਕਸਾਨੀ ਗਈ।ਰਾਹਗੀਰਾਂ ਨੇ ਬੜੀ ਮੁਸ਼ਕਿਲ ਨਾਲ ਦੋਨਾਂ ਨੂੰ ਕਾਰ ਵਿੱਚੋਂ ਬਾਹਰ ਕੱਢਿਆ ਅਤੇ ਇਲਾਜ ਲਈ ਸਿਵਲ ਹਸਪਤਾਲ ਮਾਹਿਲਪੁਰ ਲਿਜਾਇਆ ਗਿਆ। ਜਿੱਥੇ ਕਾਰ ਚਾਲਕ ਜਸਕਰਨ ਸਿੰਘ ਦੀ ਜਖਮਾਂ ਦੀ ਤਾਬ ਨਾ ਝਲਦਿਆਂ ਮੌਤ ਹੋ ਗਈ। ਪੁਲਸ ਨੇ ਮੌਕੇ ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



## 14-15 ਸਾਲ ਦੀਆਂ ਬੱਚੀਆਂ ਲਈ ਐੱਚ ਪੀ ਵੀ ਵੈਕਸੀਨ ਜ਼ਰੂਰੀ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ 14 ਤੋਂ 15 ਸਾਲ ਦੀ ਉਮਰ ਵਾਲੀਆਂ ਬੱਚੀਆਂ ਲਈ ਐਚਪੀਵੀ ਵੈਕਸੀਨ ਲਗਵਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਇਹ ਸਰਵਾਈਕਲ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਬਚਾਅ ਦਾ ਪ੍ਰਭਾਵਸ਼ਾਲੀ ਸਾਧਨ ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਇਹ ਵੈਕਸੀਨ ਮੁਫ਼ਤ ਉਪਲਬਧ ਹੈ ਅਤੇ ਮਾਪਿਆਂ ਨੂੰ ਆਪਣੀਆਂ ਧੀਆਂ ਦਾ ਸਮੇਂ ਸਿਰ ਟੀਕਾਕਰਨ ਜ਼ਰੂਰ ਕਰਵਾਉਣਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਵਾਈਕਲ ਕੈਂਸਰ ਔਰਤਾਂ ਵਿੱਚ ਹੋਣ ਵਾਲੇ ਕੈਂਸਰਾਂ ਵਿੱਚ ਇੱਕ ਮੁੱਖ ਬਿਮਾਰੀ ਹੈ, ਜਿਸ ਦਾ ਮੁੱਖ ਕਾਰਨ ਹਿਊਮਨ ਪੈਪੀਲੋਮਾ ਵਾਇਰਸ ਦਾ ਸੰਕਰਮਣ ਹੈ। ਜੇ 14-15 ਸਾਲ ਦੀ ਉਮਰ ਵਿੱਚ ਬੱਚੀਆਂ ਨੂੰ ਐਚਪੀਵੀ ਵੈਕਸੀਨ ਲਗਾ ਦਿੱਤੀ ਜਾਵੇ ਤਾਂ ਭਵਿੱਖ ਵਿੱਚ ਇਸ ਬਿਮਾਰੀ ਦੇ ਖਤਰੇ ਨੂੰ ਕਾਫ਼ੀ ਹੱਦ ਤੱਕ ਘਟਾਇਆ ਜਾ ਸਕਦਾ ਹੈ। ਇਹ ਵੈਕਸੀਨ ਬੱਚੀਆਂ ਦੀ ਸਿਹਤ ਦੀ ਸੁਰੱਖਿਆ ਲਈ ਇੱਕ ਮਜ਼ਬੂਤ ਸੁਰੱਖਿਆ ਕਵਚ ਵਜੋਂ ਕੰਮ ਕਰਦੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਵੈਕਸੀਨ ਦਾ ਕੋਈ ਸਾਈਡ ਇਫੈਕਟ ਨਹੀਂ ਹੈ ਅਤੇ ਇਹ ਪੂਰੀ ਤਰ੍ਹਾਂ ਸੁਰੱਖਿਅਤ ਹੈ। ਆਸ਼ਿਕਾ ਜੈਨ ਨੇ ਕਿਹਾ ਕਿ ਕਈ ਵਾਰ ਜਾਣਕਾਰੀ ਦੀ ਕਮੀ ਕਾਰਨ ਮਾਪੇ ਇਸ ਮਹੱਤਵਪੂਰਨ ਟੀਕਾਕਰਨ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ, ਜਦਕਿ ਸਮੇਂ ਸਿਰ ਲੱਗਣ ਵਾਲਾ ਇਹ ਟੀਕਾ ਬੱਚੀਆਂ ਨੂੰ ਗੰਭੀਰ ਬਿਮਾਰੀ ਤੋਂ ਬਚਾਉਣ ਵਿੱਚ ਮਦਦਗਾਰ ਹੈ।

## ਲੌਂਗੋਵਾਲ ਅਕੈਡਮਿਕ ਕਾਲਜ 'ਚ ਫੇਅਰਵੈਲ ਪਾਰਟੀ ਕਰਵਾਈ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)-** ਲੌਂਗੋਵਾਲ ਅਕੈਡਮਿਕ ਕਾਲਜ, ਡੇਰਾਬੱਸੀ ਨੇ ਲੌਂਗੋਵਾਲ ਗਰੁੱਪ ਆਫ ਕਾਲਜਿਜ਼ ਦੇ ਅਧੀਨ ਆਪਣੇ ਗ੍ਰੈਜੂਏਟ ਹੋ ਰਹੇ ਵਿਦਿਆਰਥੀਆਂ ਨੂੰ ਵਿਦਾਈ ਦੇਣ ਲਈ ਇੱਕ ਸ਼ਾਨਦਾਰ ਫੇਅਰਵੈਲ ਪਾਰਟੀ 2026-ਗਲੋ ਅੱਪ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਮਿਸ ਕਾਂਤਾ ਕਤਿਆਲ (ਚੇਅਰਪਰਸਨ), ਡਾ. ਕਪਿਲ ਕਤਿਆਲ (ਵਾਈਸ ਚੇਅਰਮੈਨ), ਮਿਸ ਰੋਜ਼ੀ ਕਤਿਆਲ (ਪ੍ਰਿੰਸੀਪਲ, ਐੱਲ ਪੀ ਪੀ ਸੀ) ਅਤੇ ਡਾ. ਵਿਨੋਦ ਕਤਿਆਲ (ਐਡਮਿਸ਼ਨ ਡਾਇਰੈਕਟਰ ਅਤੇ ਪ੍ਰਿੰਸੀਪਲ ਐੱਲ ਏ ਸੀ) ਹਾਜ਼ਰ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰੋਗਰਾਮ ਵਿੱਚ ਨੱਚ, ਸੰਗੀਤ ਅਤੇ ਭਾਸ਼ਣ ਵਰਗੀਆਂ ਰੰਗਾਰੰਗ ਸੰਸਕ੍ਰਿਤਿਕ ਪ੍ਰਸਤੁਤੀਆਂ ਕੀਤੀਆਂ ਗਈਆਂ।ਮਿਸਟਰ ਫ੍ਰੈਸ਼ਰ ਦਾ ਖਿਤਾਬ ਪੈਰਾਮੈਡੀਕਲ ਵਿਭਾਗ ਦੇ ਆਮਿਰ ਸੋਹੇਲ ਨੂੰ ਅਤੇ ਮਿਸ ਫ੍ਰੈਸ਼ਰ ਦਾ ਖਿਤਾਬ ਬੀ ਸੀ ਏ ਵਿਭਾਗ ਦੀ ਸਫੀਆ ਇਦਰੀਸੀ ਨੂੰ ਦਿੱਤਾ ਗਿਆ। ਇਸ ਤੋਂ ਇਲਾਵਾ, ਕਾਲਜ ਪ੍ਰਬੰਧਕਾਂ ਵੱਲੋਂ ਸਫੀਆ ਇਦਰੀਸੀ ਨੂੰ ਉਸ ਦੀ ਮਿਹਨਤ ਅਤੇ ਸਮਰਪਣ ਲਈ 5100/- ਦਾ ਨਕਦ ਇਨਾਮ ਵੀ ਦਿੱਤਾ ਗਿਆ।ਵਿਦਿਆਰਥੀਆਂ ਨੂੰ ਵੱਖ-ਵੱਖ ਖਿਤਾਬ ਦਿੱਤੇ ਗਏ, ਜਿਵੇਂ ਮਿਸ ਬਿਊਟੀਫੁਲ (ਸਹਰਿਸ਼), ਮਿਸ ਬਿਊਟੀਫੁਲ ਆਈਜ਼ (ਤਾਸੀਆ), ਮਿਸ ਬਿਊਟੀਫੁਲ ਹੇਅਰ (ਆਇਸ਼ਾ), ਮਿਸ ਬਿਊਟੀਫੁਲ ਆਉਟਫਿਟ (ਸਾਇਕਾ), ਮਿਸ ਟੈਲੈਂਟਡ (ਮੁਸਕਾਨ), ਮਿਸ ਕਾਨਫਿਡੈਂਟ (ਰੀਤੀ), ਮਿਸਟਰ ਹੈਂਡਸਮ (ਮੁਨੀਬ), ਮਿਸਟਰ ਟੈਲੈਂਟਡ (ਬਾਬਰ), ਮਿਸਟਰ ਕਾਨਫਿਡੈਂਟ (ਇੰਦਰਪਾਲ), ਮਿਸਟਰ ਬੈਸਟ ਆਉਟਫਿਟ (ਫਜ਼ੁਦੀਨ) ਅਤੇ ਮਿਸਟਰ ਸਟਾਈਲਿਸ਼ (ਰੋਹਿਤ ਸੈਨੀ)।ਲੌਂਗੋਵਾਲ ਅਕੈਡਮਿਕ ਕਾਲਜ ਦੇ ਸਰਵਗੁਣੀ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਦਰਸ਼ਨ ਲਈ ਸਟਾਰ ਪਰਫਾਰਮਰ ਅਵਾਰਡ ਨਾਲ ਸਨਮਾਨਤ ਕੀਤਾ ਗਿਆ।




## ਸਾਂਈ ਕਰਨੈਲ ਸ਼ਾਹ ਦਾ ਜਨਮ ਦਿਨ ਮਨਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-** ਧੰਨ ਧੰਨ ਦਰਬਾਰ ਨੂਰ-ਏ-ਖੁਦਾ ਬਾਬਾ ਮੰਗੂ ਸ਼ਾਹ ਜੀ ਪਿੰਡ ਸਾਹਨੀ ਤਹਿਸੀਲ ਫਗਵਾੜਾ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦਾ ਜਨਮ ਦਿਨ ਸੰਗਤਾਂ ਵਲੋਂ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸੰਗਤਾਂ ਨੇ ਖੁਸ਼ੀ 'ਚ ਕੇਕ ਕੱਟਿਆਂ ਤੇ ਸਾਂਈ ਕਰਨੈਲ ਸ਼ਾਹ ਦੀ ਸਿਹਤਯਾਬੀ ਅਤੇ ਲੰਬੀ ਉਮਰ ਦੀ ਅਰਦਾਸ ਕੀਤੀ। ਸਾਂਈ ਕਰਨੈਲ ਸ਼ਾਹ ਨੇ ਆਪਣੇ ਜਨਮ ਦਿਨ ਮੌਕੇ ਇਕੱਤਰ ਹੋਈਆਂ ਸੰਗਤਾਂ ਨੂੰ ਦਿੱਤੇ ਸੁਨੇਹੇ ਵਿਚ ਕਿਹਾ ਕਿ ਇਹ ਜੀਵਨ ਪਰਮਾਤਮਾ ਦੀ ਅਨਮੋਲ ਦੇਣ ਹੈ ਜਿਸ ਨੂੰ ਚੰਗੇ ਕੰਮਾਂ ਵਿਚ ਲਗਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਇਨਸਾਨ ਨੂੰ ਹੱਥੀਂ ਕਿਰਤ ਕਰਦੇ ਹੋਏ ਪਰਮਾਤਮਾ ਦੀ ਬੰਦਗੀ ਤੇ ਲੋੜਵੰਦਾਂ ਦੀ ਸਹਾਇਤਾ ਲਈ ਤੱਤਪਰ ਰਹਿਣਾ ਚਾਹੀਦਾ ਹੈ। ਇਸ ਦੌਰਾਨ ਪ੍ਰਬੰਧਕਾਂ ਨੇ ਕਿਹਾ ਕਿ ਸਾਂਈ ਕਰਨੈਲ ਸ਼ਾਹ ਦਾ ਜੀਵਨ ਸਮੂਹ ਸਮਾਜ ਲਈ ਪ੍ਰੇਰਣਾ ਦਾ ਸਰੋਤ ਹੈ। ਉਹ ਦਰਗਾਹ ਵਿਖੇ ਧਾਰਮਿਕ ਗਤੀਵਿਧੀਆਂ ਤੋਂ ਇਲਾਵਾ ਲੋਕਾਂ ਵਿਚ ਜਾਗਰੁਕਤਾ ਲਿਆਉਣ, ਲੋੜਵੰਦਾਂ ਦੀ ਸੇਵਾ ਅਤੇ ਹੋਰ ਸਮਾਜਿਕ ਕੰਮਾਂ ਵਿਚ ਤੱਤਪਰਤਾ ਨਾਲ ਯੋਗਦਾਨ ਪਾਉਂਦੇ ਹਨ। ਇਸ ਮੌਕੇ ਨਿਰਮਲ ਚੱਕ ਹਕੀਮ, ਸੇਵਾਦਾਰ ਕਮਲਜੀਤ ਕੰਬਾ ਪ੍ਰੇਮਪੁਰ, ਸੂਬਾ ਸਿੰਘ ਸਾਹਨੀ, ਸੇਵਾ ਸਾਹਨੀ, ਵਿਕਾਸ ਕੌਸ਼ਲ ਪੰਮਾ ਸਾਹਨੀ, ਡਾ. ਕੁਲਵਿੰਦਰ ਕੁਮਾਰ, ਅਨਮੋਲ ਕੌਸ਼ਲ, ਅਸ਼ਵਨੀ ਕੁਮਾਰ ਕੌਸ਼ਲ, ਪਵਨ ਕੁਮਾਰ, ਕਾਲਾ ਸਾਹਨੀ, ਗੁਰਬਚਨ ਸਿੰਘ, ਨਰੇਸ਼ ਕੁਮਾਰ, ਬਲਵਿੰਦਰ ਸਿੰਘ ਸੈਣੀ, ਵਿਨੇ ਕੌਸ਼ਲ, ਇੰਦਰਜੀਤ ਸਿੰਘ, ਜਗਦੀਪ ਸਿੰਘ, ਸੰਯੋਗਿਤਾ ਰਾਣੀ, ਇੰਦਰਾ ਰਾਣੀ, ਨੀਲਮ ਸ਼ਰਮਾ, ਨਿਸ਼ਾ ਰਾਣੀ, ਸੋਨੀਆ ਸ਼ਰਮਾ, ਰਵਿੰਦਰ ਕੌਰ, ਰਿੰਪੀ, ਰਮਨਪ੍ਰੀਤ ਕੌਰ, ਰਿਸ਼ੀ, ਰਿਸ਼ਭ ਕੌਸ਼ਲ, ਸੁਮਿੱਤਰੀ, ਕਾਕਾ ਸਾਹਨੀ, ਬਿੱਲਾ ਮਾਂਗਟ ਆਦਿ ਵੀ ਹਾਜ਼ਰ ਸਨ।



## ਨੈਣੋਵਾਲ ਵੈਦ ਵਿਖੇ ਭਲਕੇ ਮਨਾਇਆ ਜਾਵੇਗਾ ਡਾ.ਅੰਬੇਡਕਰ ਦਾ ਜਨਮ ਦਿਵਸ

**ਅੱਡਾ ਸਰਾਂ (ਜਸਵੀਰ ਕਾਜਲ)-** ਭਾਰਤ ਰਤਨ ਭਾਰਤ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਵਸ ਪਿੰਡ ਨੈਣੋਵਾਲ ਵਿਖੇ 26 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਨਾਇਆ ਜਾਵੇਗਾ।

ਡਾ. ਅੰਬੇਡਕਰ ਵੈਲਫੇਅਰ ਸੋਸਾਇਟੀ ਅਤੇ ਸਮੂਹ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਪ੍ਰਬੰਧਕਾਂ ਨੇ ਦੱਸਿਆ ਕਿ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਬਹੁਜਨ ਸਮਾਜ ਪਾਰਟੀ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ। ਉਨ੍ਹਾਂ ਦੱਸਿਆ ਇਸ ਪ੍ਰੋਗਰਾਮ ਵਿੱਚ ਮਿਸ਼ਨਰੀ ਕਲਾਕਾਰ ਐਸ ਐਸ ਆਜ਼ਾਦ ਬਾਬਾ ਸਾਹਿਬ ਦੇ ਜੀਵਨ ਬਾਰੇ ਰਚਨਾਵਾਂ ਰਾਹੀਂ ਦਰਸ਼ਕਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸਰਪੰਚ ਨਰਿੰਦਰ ਸਿੰਘ, ਪੰਚ ਪਰਮਜੀਤ ਸਿੰਘ, ਸੋਮਨਾਥ ਮਹਿਮੀ, ਹਰਬੰਸ ਲਾਲ ,ਬਲਵੀਰ ਸਿੰਘ ਅਤੇ ਹੋਰ ਪ੍ਰਬੰਧਕ ਹਾਜ਼ਰ ਸਨ।

## ਫ਼ਰੀਦਕੋਟ ਦੇ ਵਾਟਰ ਸਪਲਾਈ ਢਾਂਚੇ ਦੇ ਨਵੀਨੀਕਰਨ ਲਈ 14.06 ਕਰੋੜ ਦੇ ਪ੍ਰਾਜੈਕਟ ਨੂੰ ਹਰੀ ਝੰਡੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਫ਼ਰੀਦਕੋਟ ਸ਼ਹਿਰ ਦੇ ਵਾਟਰ ਸਪਲਾਈ ਸਿਸਟਮ ਨੂੰ ਆਧੁਨਿਕ ਅਤੇ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਪੰਜਾਬ ਸਰਕਾਰ ਵੱਲੋਂ ਵੱਡਾ ਕਦਮ ਚੁੱਕਿਆ ਗਿਆ ਹੈ।ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਾਸੀਆਂ ਨੂੰ ਨਿਰਵਿਘਨ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ ਪਹਿਲੇ ਪੜਾਅ ਦੇ 14.06 ਕਰੋੜ ਰੁਪਏ ਦੇ ਪ੍ਰਾਜੈਕਟ ਨੂੰ ਮਨਜ਼ੂਰੀ ਮਿਲ ਗਈ ਹੈ ਅਤੇ ਵਿਭਾਗ ਵੱਲੋਂ ਇਸ ਦੇ ਟੈਂਡਰ ਵੀ ਜਾਰੀ ਕਰ ਦਿੱਤੇ ਗਏ ਹਨ। ਇਸ ਪ੍ਰਾਜੈਕਟ ਤਹਿਤ ਸੰਜੇ ਨਗਰ ਵਾਟਰ ਵਰਕਸ ਵਿਖੇ 246 ਲੱਖ ਲੀਟਰ ਦੀ ਸਮਰੱਥਾ ਵਾਲਾ ਵਿਸ਼ਾਲ ਟੈਂਕ ਬਣਾਇਆ ਜਾਵੇਗਾ, ਤਾਂ ਜੋ ਪਾਣੀ ਦੀ ਸਟੋਰੇਜ ਸਮਰੱਥਾ ਵਧਾਈ ਜਾ ਸਕੇ। ਪਾਣੀ ਸ਼ਹਿਰ ਦੇ ਕੋਨੇ-ਕੋਨੇ ਤੱਕ ਪਹੁੰਚ ਬਣਾਉਣ ਲਈ 22.20 ਕਿਲੋਮੀਟਰ ਲੰਬੀਆਂ ਨਵੀਆਂ ਪਾਈਪਾਂ ਵਿਛਾਈਆਂ ਜਾਣਗੀਆਂ। ਪੁਰਾਣੀ ਕੈਂਟ ਰੋਡ, ਜੀ.ਟੀ.ਬੀ. ਨਗਰ, ਫ਼ਿਰੋਜ਼ਪੁਰ ਰੋਡ ਅਤੇ ਮੇਨ ਬਾਜ਼ਾਰ ਦੀਆਂ ਪੁਰਾਣੀਆਂ ਪਾਈਪਾਂ ਨੂੰ ਵੱਡੀਆਂ ਪਾਈਪਾਂ ਨਾਲ ਬਦਲਿਆ ਜਾਵੇਗਾ।ਇਸ ਯੋਜਨਾ ਤਹਿਤ ਸ਼ਹਿਰ ਦੇ ਲਗਭਗ 2000 ਘਰਾਂ ਨੂੰ ਪਾਣੀ ਦੇ ਨਵੇਂ ਕੁਨੈਕਸ਼ਨ ਮੁਹੱਈਆ ਕਰਵਾਏ ਜਾਣਗੇ।ਬਾਜ਼ੀਗਰ ਬਸਤੀ ਅਤੇ ਸੰਜੇ ਨਗਰ ਵਾਟਰ ਵਰਕਸ ਦੀਆਂ ਕੰਪਾਊਂਡ ਵਾਲਾਂ ਦੀ ਉਸਾਰੀ ਅਤੇ ਮੁਰੰਮਤ ਦੇ ਨਾਲ-ਨਾਲ ਬੀ.ਐਸ.ਐਫ. ਕੈਂਪਸ ਵਿੱਚੋਂ ਲੰਘਦੀ ਇੰਨਲੈਟ ਚੈਨਲ ਪਾਈਪ ਵੀ ਬਦਲੀ ਜਾਵੇਗੀ।

## ਆਲ ਇੰਡੀਆ ਹਿਊਮਨ ਰਾਈਟਸ ਵੱਲੋਂ ਪੈਨਸ਼ਨ ਤੇ ਰਾਸ਼ਨ ਵੰਡ ਸਮਾਰੋਹ



**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਦਾ 194ਵਾਂ ਪੈਨਸ਼ਨ ਵੰਡ ਸਮਾਰੋਹ ਸਥਾਨਕ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਹੋਇਆ।ਸਮਾਰੋਹ ਦੀ ਸ਼ੁਰੂਆਤ ਵਰਿੰਦਾਵਨ ਵਿਚ ਪ੍ਰਭੂ ਦੇ ਚਰਨਾਂ 'ਚ ਜਾਣ ਵਾਲੇ ਜਗਰਾਉਂ ਨਿਵਾਸੀਆਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਮੋਨ ਵਰਤ ਨਾਲ ਹੋਈ।ਸਮਾਗਮ ਦੇ ਮੁੱਖ ਮਹਿਮਾਨ ਨੀਤੂ ਹਾਂਡਾ ਤੇ ਜਤਿਨ ਹਾਂਡਾ ਸਨ।ਸਵ ਪ੍ਰੇਮ ਲਾਲ ਹਾਂਡਾ ਦੀ ਯਾਦ ਵਿਚ ਉਨ੍ਹਾਂ ਦੇ ਪੁੱਤਰ ਇੰਗਲੈਂਡ ਨਿਵਾਸੀ ਸੰਜੀਵ ਹਾਂਡਾ ਵੱਲੋਂ 25 ਬਜ਼ੁਰਗਾਂ ਲਈ ਭੇਜੀ ਗਈ ਪੈਨਸ਼ਨ ਵੰਡੀ ਗਈ।ਸਮਾਗਮ ਦੇ ਗੈਸਟ ਆਫ ਆਨਰ ਕੁਲਦੀਪ ਤੇ ਰਾਖੇ ਟਰੱਸਟ ਦੇ ਪ੍ਰਧਾਨ ਰਜਿੰਦਰ ਜੈਨ ਅਤੇ ਕੈਨੇਡੀਅਨ ਨਿਵਾਸੀ ਸੁਨੀਲ ਗੁਪਤਾ ਵੱਲੋਂ 25 ਬਜ਼ੁਰਗਾਂ ਨੂੰ ਰਾਸ਼ਨ ਵੰਡਿਆ ਗਿਆ।ਗੈਸਟ ਆਫ ਆਨਰ ਅੰਕੁਸ਼ ਸਿੰਗਲਾ, ਅਭਿਨੰਦਨ ਸਿੰਗਲਾ, ਰੋਹਨ ਸਿੰਗਲਾ, ਸਵਾਤੀ ਸਿੰਗਲਾ ਵੱਲੋਂ ਆਪਣੀ ਮਾਤਾ ਦਰਸ਼ਨਾ ਦੇਵੀ ਦੀ ਯਾਦ ਵਿੱਚ 25 ਬਜ਼ੁਰਗਾਂ ਨੂੰ ਪਾਣੀ ਦੇ ਗਿਲਾਸ ਭੇਂਟ ਕੀਤੇ ਗਏ।ਦੀਪਕ ਸੇਠੀ ਅਤੇ ਉਨ੍ਹਾਂ ਦੇ ਬੇਟੇ ਵੱਲੋਂ ਪਿਛਲੇ 3-4 ਸਾਲਾਂ ਦੀ ਤਰ੍ਹਾਂ ਬਜ਼ੁਰਗਾਂ ਲਈ ਆਏ ਦੀਆਂ ਥੈਲੀਆਂ ਦੀ ਸੇਵਾ ਕੀਤੀ ਗਈ। ਗੈਸਟ ਆਫ ਆਨਰ ਨੀਰਜ ਕੁਮਾਰ ਟੰਨੀ ਅਤੇ ਐਸ਼ਲੇ ਮਾਨਕ ਵੱਲੋਂ ਬਜ਼ੁਰਗਾਂ ਲਈ ਚਾਹ, ਠੰਡਾ, ਬਿਸਕੁਟ ਦੀ ਸੇਵਾ ਤਨ, ਮਨ ਨਾਲ ਨਿਭਾਈ। ਅਭਿਨੰਦਨ ਸਿੰਗਲਾ ਵੱਲੋਂ ਦੋ ਮਹੀਨੇ ਆਏ ਦੀਆਂ ਥੈਲੀਆਂ ਦੀ ਸੇਵਾ ਮੰਗੀ ਗਈ।ਸਟੇਜ ਦੀ ਭੂਮਿਕਾ ਦਮਨਦੀਪ ਸਿੰਘ ਨੇ ਬਾਖੂਬੀ ਨਿਭਾਈ।ਪੈਟਰਨ ਬੀ ਕੇ ਗੋਇਲ ਨੇ ਸੰਸਥਾ ਦੇ ਕੰਮਾਂ 'ਤੇ ਚਾਨਣਾ ਪਾਇਆ।ਸੈਕਟਰੀ ਰਾਕੇਸ਼ ਮੈਣੀ ਤੇ ਮਹਿੰਦਰਪਾਲ ਸਿੰਘ ਹਨੀ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਜੁਆਇੰਟ ਸੈਕਟਰੀ ਜਸਪਾਲ ਸਿੰਘ, ਪਬਲੀਸਿਟੀ ਅਫਸਰ ਆਸ਼ੀਸ਼ ਕਪੂਰ, ਅਕਸ਼ਰ ਬੱਸੀ, ਹਰੀ ਓਮ ਵਰਮਾ, ਮਨਮੋਹਨ ਸਿੰਘ ਤੇ ਰਜਨੀਸ਼ਪਾਲ ਸਿੰਘ ਆਦਿ ਹਾਜ਼ਰ ਸਨ।

## ਵਿਧਾਇਕ ਅਰੋੜਾ ਨੇ ਇੰਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਾਰਡ ਨੰਬਰ 41 ਦੇ ਅਧੀਨ ਆਉਂਦੇ ਬੇਦੀ ਨਗਰ ਅਤੇ ਪਵਨਾ ਨਗਰ ਕੌਂਸਲਰ ਪਾਇਲ ਗਰਗ ਦੀ ਪ੍ਰਤੀਨਿਧਤਾ ਵਾਲੇ ਖੇਤਰ ਦੀਆਂ ਗਲੀਆਂ ਵਿੱਚ 49 ਲੱਖ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਦਾ ਆਰੰਭ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਅਤੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ ਵੱਲੋਂ ਕਰਵਾਇਆ ਗਿਆ। ਇਸ ਮੌਕੇ ਵਿਧਾਇਕ ਅਤੇ ਮੇਅਰ ਨੇ ਕਿਹਾ ਕਿ ਮੋਗਾ ਹਲਕੇ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜ ਸ਼ਹਿਰ ਨਿਵਾਸੀਆਂ ਨੂੰ ਸਹੂਲਤਾਂ ਪ੍ਰਦਾਨ ਕਰਨ ਅਤੇ ਸ਼ਹਿਰ ਦੀ ਸੁੰਦਰਤਾ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਹਨ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਮੋਗਾ ਸ਼ਹਿਰ ਦੇ ਵਾਰਡਾਂ ਵਿੱਚ ਵਿਕਾਸ ਗਤੀਵਿਧੀਆਂ ਜਾਰੀ ਰਹਿਣਗੀਆਂ। ਇਸ ਮੌਕੇ ਕੌਂਸਲਰ ਪਾਇਲ ਗਰਗ ਤੇ ਉਨ੍ਹਾਂ ਦੇ ਪਤੀ ਅਮਨ ਅਗਰਵਾਲ ਪਾਰਟੀ ਨੇਤਾ ਮੰਜੂ ਗਰਗ ਨੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਵਿਧਾਇਕ ਅਰੋੜਾ ਤੇ ਮੇਅਰ ਸ਼ਰਮਾ ਦਾ ਧੰਨਵਾਦ ਕੀਤਾ ਤੇ ਉਹਨਾਂ ਨੂੰ ਸਨਮਾਨਤ ਕੀਤਾ।

## ਡਾ. ਦੀਪਿਕਾ ਬਣੀ ਪੰਜਾਬ ਦੀ ਅਗੇਤਰੀ ਮਹਿਲਾ ਉੱਦਮੀ



**ਸਰਦੂਲ ਮੰਡੀ (ਪ੍ਰਮੋਦ ਭਾਰਦਵਾਜ)**-ਪੰਜਾਬ ਦੇ ਉਦਯੋਗ ਅਤੇ ਸਿਹਤ ਖੇਤਰ ਲਈ ਇੱਕ ਮਾਣ ਵਾਲਾ ਪਲ ਤਦ ਬਣਿਆ ਜਦੋਂ ਰਾਣਾ ਹਸਪਤਾਲ ਨਾਲ ਸੰਬੰਧਿਤ ਮਾਣਯੋਗ ਡਾਕਟਰ ਅਤੇ ਦੂਰਦਰਸ਼ੀ ਉੱਦਮੀ ਡਾ. ਦੀਪਿਕਾ ਨੂੰ ਉਨ੍ਹਾਂ ਦੇ ਬੈਂਕਵੇਟ ਹਾਲ ਰਾਣਾ ਹੈਰੀਟੇਜ ਲਈ ਲਗਾਤਾਰ ਦੂਜੀ ਵਾਰ ਬੈਸਟ ਬੈਂਕਵੇਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।ਇਹ ਵੱਕਾਰੀ ਅਵਾਰਡ ਪੀ ਐਚ ਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਦੀ ਸੀਨੀਅਰ ਰੀਜਨਲ ਡਾਇਰੈਕਟਰ ਸ੍ਰੀਮਤੀ ਭਾਰਤੀ ਸੂਦ ਵੱਲੋਂ ਪ੍ਰਦਾਨ ਕੀਤਾ ਗਿਆ। ਇਹ ਸਨਮਾਨ ਪੀ ਐਚ ਡੀ ਸੀ ਸੀ ਆਈ ਵੱਲੋਂ ਪੰਜਾਬ ਟੂਰਿਜ਼ਮ ਵਿਭਾਗ ਦੇ ਸਹਿਯੋਗ ਨਾਲ ਦਿੱਤਾ ਗਿਆ, ਜੋ ਉਦਯੋਗ ਅਤੇ ਹੋਸਪਿਟੈਲਿਟੀ ਸੇਵਾਵਾਂ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਦੀ ਕਦਰ ਕਰਦਾ ਹੈ।ਡਾ. ਦੀਪਿਕਾ ਦੀਆਂ ਪ੍ਰਾਪਤੀਆਂ ਨੂੰ ਉੱਚ ਪੱਧਰ 'ਤੇ ਵੀ ਮਾਨਤਾ ਮਿਲੀ ਹੈ। ਉਨ੍ਹਾਂ ਨੂੰ ਪਹਿਲਾਂ ਪੰਜਾਬ ਦੇ ਗਵਰਨਰ ਵੱਲੋਂ ਪ੍ਰਸਿੱਧ ਆਇਰਨ ਲੇਡੀ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਸੀ।

## ਐੱਲ ਡੀ ਆਰ ਕਾਨਵੈਂਟ 'ਚ ਮਨਾਇਆ ਵਿਸ਼ਵ ਧਰਤੀ ਦਿਵਸ



**ਸ੍ਰੀ ਮੁਕਤਸਰ ਸਾਹਿਬ (ਹਰਮਿੰਦਰ ਪਾਲ, ਪੂਜਾ)**-ਵਿਸ਼ਵ ਧਰਤੀ ਦਿਵਸ ਮੌਕੇ ਐੱਲ. ਡੀ.ਆਰ ਕਾਨਵੈਂਟ ਸਕੂਲ ਵਿੱਚ ਬੱਚਿਆਂ ਨੇ ਖੂਬ ਸਾਰੀਆਂ ਗਤੀਵਿਧੀਆਂ ਕੀਤੀਆਂ। ਸਵੇਰ ਦੀ ਸਭਾ ਵਿੱਚ ਬੱਚਿਆਂ ਨੇ ਧਰਤੀ ਦੀ ਸਾਂਭ-ਸੰਭਾਲ ਅਤੇ ਰੁੱਖ ਲਗਾਉਣ 'ਤੇ ਭਾਸ਼ਣ ਦਿੱਤਾ। ਇਸ ਮੌਕੇ ਚੇਅਰਮੈਨ ਅਜੇ ਅਰੋੜਾ ਅਤੇ ਪ੍ਰਿੰਸੀਪਲ ਗੁੰਜਨ ਨੇ ਬੱਚਿਆਂ ਨੂੰ ਦੱਸਿਆ ਕਿ ਧਰਤੀ ਨੂੰ ਕਿਵੇਂ ਸੰਭਾਲ ਕੇ ਰੱਖਣਾ ਹੈ।ਬੱਚਿਆਂ ਨੂੰ ਹਰ ਸਾਲ ਪੌਦੇ ਲਗਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ ਤਾਂ ਜੋ ਧਰਤੀ ਨੂੰ ਹਰਿਆ-ਭਰਿਆ ਬਣਾਇਆ ਜਾ ਸਕੇ।

## ਪਾਵਰਕਾਮ ਮੁਲਾਜ਼ਮਾਂ ਦੀ ਹੜਤਾਲ ਦਾ ਖ਼ਮਿਆਜ਼ਾ ਭੁਗਤ ਰਹੇ ਨੇ ਆਮ ਲੋਕ : ਬਾਂਸਲ, ਸਿੰਗਲਾ



**ਧੂਰੀ (ਮਹਿਤ ਗਰਗ, ਮਨੋਹਰ ਸੱਗੂ, ਬਿਨੋ ਗਰਗ)**-ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਧੂਰੀ ਦੇ ਪ੍ਰਧਾਨ ਸ਼੍ਰੀ ਭੂਸ਼ਣ ਬਾਂਸਲ ਅਤੇ ਸੀਨੀਅਰ ਮੀਤ ਪ੍ਰਧਾਨ ਰਮੇਸ਼ ਸਿੰਗਲਾ ਬੈਟੀ ਨੇ ਪਾਵਰਕਾਮ ਦੇ ਮੁਲਾਜ਼ਮਾਂ ਦੀ ਹੜਤਾਲ ਕਾਰਨ ਪੈਦਾ ਹੋਏ ਗੰਭੀਰ ਬਿਜਲੀ ਸੰਕਟ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਹੜਤਾਲ ਕਾਰਨ ਪੂਰੇ ਖੇਤਰ ਵਿੱਚ ਬਿਜਲੀ ਸਪਲਾਈ ਦਾ ਬੁਰਾ ਹਾਲ ਹੈ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਜਦ ਕੋਈ ਤਕਨੀਕੀ ਨੁਕਸ ਪੈਂਦਾ ਹੈ, ਤਾਂ ਉਸ ਨੂੰ ਠੀਕ ਕਰਨ ਵਾਲਾ ਕੋਈ ਨਹੀਂ ਹੈ, ਜਿਸ ਕਾਰਨ ਲੋਕਾਂ ਨੂੰ ਕਈ ਕਈ ਘੰਟੇ ਬਿਜਲੀ ਤੋਂ ਬਿਨਾਂ ਰਹਿਣਾ ਪੈ ਰਿਹਾ ਹੈ।ਉਨ੍ਹਾਂ ਅੱਗੇ ਕਿਹਾ ਕਿ ਅੱਤ ਦੀ ਗਰਮੀ ਵਿੱਚ ਸਟਾਫ ਦੀ ਭਾਰੀ ਕਮੀ ਹੈ, ਜਿਸ ਕਾਰਨ ਮੌਜੂਦਾ ਸਥਿਤੀ ਹੋਰ ਵੀ ਨਾਜ਼ੁਕ ਹੋ ਗਈ ਹੈ। ਸਨਅਤਕਾਰਾਂ ਨੇ ਪਾਵਰਕਾਮ ਦੇ ਉੱਚ ਅਧਿਕਾਰੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਇਸ ਸਮੱਸਿਆ ਵੱਲ ਤੁਰੰਤ ਧਿਆਨ ਦਿੱਤਾ ਜਾਵੇ।

## ਮਈ ਦਿਵਸ ਮੌਕੇ ਕੇਂਦਰ ਤੇ ਰਾਜ ਸਰਕਾਰ ਵਿਰੁੱਧ ਗੱਜਣਗੇ ਮੁਲਾਜ਼ਮ ਤੇ ਮਜ਼ਦੂਰ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਪਾਰਕ ਵਿੱਚ ਟੈਕ, ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680, ਸੈਕਟਰ 22-ਬੀ, ਚੰਡੀਗੜ੍ਹ) ਦੀ ਜ਼ਿਲ੍ਹਾ ਇਕਾਈ ਦੇ ਆਗੂਆਂ ਦੀ ਮੀਟਿੰਗ ਸੂਬਾਈ ਆਗੂ ਪ੍ਰੇਮ ਚਾਵਲਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 1 ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜਾ ਪੂਰੇ ਜੋਸ਼ ਅਤੇ ਇਨਕਲਾਬੀ ਰੂਹ ਨਾਲ ਮਨਾਇਆ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂ ਕੁਲਵੰਤ ਸਿੰਘ ਚਾਨੀ, ਰਮੇਸ਼ ਢੈਪਈ, ਪਰਮਜੀਤ ਸਿੰਘ ਪੰਮਾ, ਰਾਮ ਸਿੰਘ, ਕੁਲਵੰਤ ਸਿੰਘ ਚਾਨੀ ਅਤੇ ਸੁਖਜਿੰਦਰ ਸਿੰਘ ਤੁੰਬੜਭੰਨ ਨੇ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ 'ਤੇ ਤਿੱਖੇ ਹਮਲੇ ਕੀਤੇ। ਆਗੂਆਂ ਨੇ ਕਿਹਾ ਕਿ ਦੋਵੇਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਲਗਾਤਾਰ ਲੋਕ-ਵਿਰੋਧੀ ਅਤੇ ਮੁਲਾਜ਼ਮ-ਵਿਰੋਧੀ ਨੀਤੀਆਂ ਅਪਣਾ ਰਹੀਆਂ ਹਨ, ਜਿਸ ਕਾਰਨ ਕਿਰਤੀ ਵਰਗ ਦਾ ਜਿਊਣਾ ਦੁੱਭਰ ਹੋ ਗਿਆ ਹੈ।ਜਿਲਾ ਹੈਡਕੁਆਟਰ ਵਿਖੇ ਸਿਵਲ ਹਸਪਤਾਲ, ਫਰੀਦਕੋਟ, ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ, ਨਹਿਰੀ ਕਲੋਨੀ ਅਤੇ ਡਿਪਟੀ ਕਮਿਸ਼ਨਰ ਦਫਤਰ, ਬਿਜਲੀ ਬੋਰਡ ਦਫਤਰ ਅਤੇ ਬੱਸ ਸਟੈਂਡ, ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ।ਬੱਸ ਸਟੈਂਡ 'ਤੇ ਹੋਵੇਗੀ ਸਾਂਝੀ ਰੈਲੀ, ਝੰਡਾ ਲਹਿਰਾਉਣ ਉਪਰੰਤ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਦਿੱਤੇ ਸੱਦੇ ਤਹਿਤ ਸਵੇਰੇ 11 ਵਜੇ ਬੱਸ ਸਟੈਂਡ ਫਰੀਦਕੋਟ ਵਿਖੇ ਇੱਕ ਵਿਸ਼ਾਲ ਸਾਂਝੀ ਰੈਲੀ ਕੀਤੀ ਜਾਵੇਗੀ।

## ਹਾਈਵੇ 'ਤੇ ਖੜ੍ਹਾ ਗੰਦਾ ਪਾਣੀ ਦੇ ਰਿਹੈ ਹਾਦਸਿਆਂ ਨੂੰ ਸੱਦਾ

### ■ ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਦੀ ਉਡੀਕ 'ਚ



**ਬਰੇਟਾ (ਰੀਤਵਾਲ)**-ਪਿਛਲੇ ਕਈ ਦਿਨਾਂ ਤੋਂ ਬਰੇਟਾ-ਬੁਢਲਾਡਾ ਹਾਈਵੇ 'ਤੇ ਸੀਵਰੇਜ ਤੇ ਨਾਲੀਆਂ ਦੇ ਪਾਣੀ ਦੀ ਨਿਕਾਸੀ ਨਾ ਹੋਣ ਨੂੰ ਲੈ ਕੇ ਲੋਕਾਂ ਤੇ ਰਾਹਗੀਰਾਂ ਲਈ ਇਹ ਇੱਕ ਗੰਭੀਰ ਸਮੱਸਿਆ ਬਣੀ ਹੋਈ ਹੈ।ਸੜਕ 'ਤੇ ਲਗਾਤਾਰ ਓਵਰਫਲੋ ਹੋ ਰਿਹਾ ਇਹ ਗੰਦਲਾ ਪਾਣੀ ਨਾ ਸਿਰਫ ਗੰਦਗੀ ਫੈਲਾਅ ਰਿਹਾ ਹੈ, ਸਗੋਂ ਰਾਹਗੀਰਾਂ ਲਈ ਵੱਡਾ ਖਤਰਾ ਵੀ ਬਣ ਚੁੱਕਾ ਹੈ।ਇਸ ਸਬੰਧੀ ਸਥਾਨਕ ਮੁਲਾਜ਼ਮ ਕਲੋਨੀ ਦੇ ਵਸਨੀਕਾਂ ਨੇ ਦੱਸਿਆ ਕਿ ਇਹ ਸੀਵਰੇਜ ਤੇ ਨਾਲੀਆਂ ਦਾ ਗੰਦਾ ਪਾਣੀ ਪਿੱਛੋਂ ਵਾਰਡ ਨੰਬਰ 13 ਵਾਲੀ ਸਾਇਡ ਤੋਂ ਆ ਕੇ ਸੜਕ 'ਤੇ ਇਕੱਠਾ ਹੋ ਜਾਂਦਾ ਹੈ, ਜਿਸ ਦੇ ਕਾਰਨ ਆਏ ਦਿਨ ਕਈ ਛੋਟੇ-ਵੱਡੇ ਹਾਦਸੇ ਵਾਪਰ ਰਹੇ ਹਨ।ਖਾਸ ਕਰਕੇ ਰਾਤ ਦੇ ਸਮੇਂ ਇਹ ਸਮੱਸਿਆ ਹੋਰ ਵੀ ਭਿਆਨਕ ਰੂਪ ਧਾਰ ਲੈਂਦੀ ਹੈ, ਜਦੋਂ ਪਾਣੀ ਨਾਲ ਭਰੀ ਸੜਕ ਦਿਖਾਈ ਨਹੀਂ ਦਿੰਦੀ ਤੇ ਲੋਕ ਹਾਦਸਿਆਂ ਦਾ ਸ਼ਿਕਾਰ ਬਣ ਜਾਂਦੇ ਹਨ।ਇਸ ਸਮੱਸਿਆ ਤੋਂ ਦੁਖੀ ਰਾਹਗੀਰਾਂ ਤੇ ਕਲੋਨੀ ਵਾਸੀਆਂ ਦਾ ਕਹਿਣਾ ਹੈ ਕਿ ਅਸੀਂ ਕਈ ਵਾਰ ਪ੍ਰਸ਼ਾਸਨ, ਐੱਸ ਡੀ ਐੱਮ ਤੇ ਨਗਰ ਕੌਂਸਲ ਕੋਲ ਸ਼ਿਕਾਇਤਾਂ ਕਰ ਚੁੱਕੇ ਹਾਂ, ਪਰ ਅਜੇ ਤੱਕ ਇਸ ਦਾ ਕੋਈ ਵੀ ਢੁੱਕਵਾਂ ਹੱਲ ਨਹੀਂ ਨਿਕਲਿਆ।ਪ੍ਰਸ਼ਾਸਨ ਦੀ ਲਾਪ੍ਰਵਾਹੀ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਲੋਕਾਂ ਨੇ ਮੰਗ ਕੀਤੀ ਕਿ ਇਸ ਸਮੱਸਿਆ ਦਾ ਜਲਦ ਤੋਂ ਜਲਦ ਪੱਕਾ ਹੱਲ ਕੀਤਾ ਜਾਵੇ, ਤਾਂ ਇਸ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।ਜਦ ਇਸ ਸਬੰਧੀ ਐੱਸ ਡੀ ਐੱਮ ਗਗਨਦੀਪ ਸਿੰਘ ਬੁਢਲਾਡਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਜਲਦ ਹੀ ਇਸ ਸਮੱਸਿਆ ਦਾ ਹੱਲ ਕੀਤਾ ਜਾਵੇਗਾ।

## ਅਲਪਾਇਨ ਪਬਲਿਕ ਸਕੂਲ ਦੇ ਹੋਣਹਾਰ ਵਿਦਿਆਰਥੀ ਸਨਮਾਨਤ

**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਅਲਪਾਇਨ ਪਬਲਿਕ ਸਕੂਲ ਭਵਾਨੀਗੜ੍ਹ ਵਿਖੇ ਦਸਵੀਂ ਜਮਾਤ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦਾ ਇੱਕ ਵਿਸ਼ੇਸ਼ ਸਮਾਗਮ ਦੌਰਾਨ ਸਨਮਾਨ ਕੀਤਾ ਗਿਆ।ਇਸ ਦੌਰਾਨ ਸਕੂਲ ਦੀ ਪ੍ਰਿੰਸੀਪਲ ਰੋਮਾ ਅਰੋੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਇਸ ਸਾਲ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਮਾਗਮ ਦੌਰਾਨ ਵੰਸ਼ਦੀਪ ਸ਼ਰਮਾ, ਰਸ਼ਪ੍ਰੀਤ ਕੌਰ, ਹਰਮਨ ਕੌਰ, ਅਸ਼ਮੀਤ ਕੌਰ ਤੇ ਅਰਪਨਜੋਤ ਕੌਰ ਮਾਂਝਾ ਸਮੇਤ ਹੋਰ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਮਾਪਿਆਂ ਸਮੇਤ ਸਨਮਾਨਤ ਕੀਤਾ ਗਿਆ।ਇਸ ਦੌਰਾਨ ਸਕੂਲ ਮੈਨੇਜਰ ਹਰਮੀਤ ਸਿੰਘ ਗਰੇਵਾਲ, ਪ੍ਰਿੰਸੀਪਲ ਅਰੋੜਾ, ਰਵਿੰਦਰ ਕੌਰ ਗਰਚਾ ਤੇ ਗੀਤਿਕਾ ਆਹੂਜਾ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੰਦਿਆਂ ਉਨ੍ਹਾਂ ਦੀ ਮਿਹਨਤ ਦੀ ਸਰਾਹਨਾ ਕੀਤੀ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਰੰਗ-ਬਰੰਗੀਆਂ ਸੱਭਿਆਚਾਰਕ ਵੰਨਗੀਆਂ ਵੀ ਪੇਸ਼ ਕੀਤੀਆਂ ਗਈਆਂ, ਜਿਸ ਨਾਲ ਮਾਹੌਲ ਖੁਸ਼ਗਵਾਰ ਬਣ ਗਿਆ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਉਤਸ਼ਾਹਜਨਕ ਉਪਰਾਲੇ ਜਾਰੀ ਰੱਖਣ ਦਾ ਭਰੋਸਾ ਦਿਵਾਇਆ ਗਿਆ।



## ਯੂਥ ਕਲੱਬ 12 ਮਈ ਤੱਕ ਕਾਰਗੁਜ਼ਾਰੀ ਦਾ ਵੇਰਵਾ ਜਮ੍ਹਾਂ ਕਰਵਾਉਣ : ਜਸਪਾਲ ਸਿੰਘ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਜਸਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਯੂਥ ਕਲੱਬ ਐਫੀਲੀਏਸ਼ਨ ਪਾਲਿਸੀ 2025 ਦੇ ਤਹਿਤ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਯੂਥ ਕਲੱਬਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਕੇ ਗੈਰ-ਸਰਗਰਮ ਯੂਥ ਕਲੱਬਾਂ ਨੂੰ ਰੱਦ ਕਰਨ ਦਾ ਫੈਸਲਾ ਲਿਆ ਗਿਆ ਸੀ, ਜਿਸ ਤਹਿਤ 21 ਜਨਵਰੀ 2026 ਨੂੰ ਜਨਤਕ ਇਸ਼ਤਿਹਾਰ ਦਿੱਤੇ ਗਏ ਸਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਏ ਡੀ ਸੀ ਫ਼ਿਰੋਜ਼ਪੁਰ ਦੀ ਕਮੇਟੀ ਮੈਂਬਰਾਂ ਨਾਲ ਹੋਈ ਮੀਟਿੰਗ ਵਿਚ ਹੋਏ ਫੈਸਲੇ ਅਨੁਸਾਰ ਜ਼ਿਲ੍ਹਾ ਫਿਰੋਜ਼ਪੁਰ ਦੇ ਯੂਥ ਕਲੱਬ 12 ਮਈ 2026 ਤੱਕ ਪਿਛਲੇ ਤਿੰਨ ਸਾਲਾਂ 2023-24, 2024-25, 2025-26 ਦੀ ਕਾਰਗੁਜ਼ਾਰੀ ਦਾ ਵੇਰਵਾ ਸਬੂਤਾਂ ਸਮੇਤ ਦਫ਼ਤਰ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਕਮਰਾ ਨੰਬਰ 21-22 ਬਲਾਕ-ਏ, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਫਿਰੋਜ਼ਪੁਰ ਵਿਖੇ ਜਮ੍ਹਾ ਕਰਵਾਉਣ।

## ਸ਼ਹੀਦਾਂ ਵੱਲੋਂ ਚਿਤਵੇ ਸਮਾਜ ਦੀ ਸਿਰਜਣਾ ਕਰਨ ਦਾ ਸੱਦਾ



**ਲੁਧਿਆਣਾ (ਸਤੀਸ਼ ਸਚਦੇਵਾ)**

ਸਰਕਾਰੀ ਹਾਈ ਸਕੂਲ ਜਵੱਦੀ ਕਲਾਂ (ਲੁਧਿਆਣਾ) ਵਿੱਚ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਕੁਰਬਾਨੀ ਨੂੰ ਸਮਰਪਿਤ ਹੋਏ ਸਮਾਗਮ ਦੌਰਾਨ ਸ਼ਹੀਦਾਂ ਦੇ ਅਧੂਰੇ ਰਹਿ ਗਏ ਅਰਮਾਨਾਂ ਨੂੰ ਪੂਰਾ ਕਰਨ ਲਈ ਵਿਦਿਆਰਥੀਆਂ ਨੂੰ ਚੇਤਨ ਕੀਤਾ। ਇਸ ਮੌਕੇ ਸ਼ਹੀਦ ਭਗਤ ਸਿੰਘ ਦੇ ਭਾਣਜਾ ਪ੍ਰੋ. ਜਗਮੋਹਨ ਸਿੰਘ ਸੂਬਾ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਜਸਵੰਤ ਜ਼ੀਰਖ ਅਤੇ ਸਤੀਸ਼ ਸੱਚਦੇਵਾ ਨੇ ਤਰਕਸ਼ੀਲ ਨਜ਼ਰੀਆ ਅਪਨਾਉਣ ਦਾ ਸੰਦੇਸ਼ ਦਿੱਤਾ। ਪ੍ਰੋ. ਜਗਮੋਹਨ ਸਿੰਘ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਨਾਲ ਜੁੜੀਆਂ ਘਟਨਾਵਾਂ ਦੇ ਵੇਰਵੇ ਦਿੰਦਿਆਂ ਕਿਹਾ ਕਿ ਉਹਨਾਂ ਨੇ ਵੱਡੀ ਗਿਣਤੀ ਵਿੱਚ ਕਿਤਾਬਾਂ ਪੜ੍ਹਕੇ ਗਿਆਨ ਹਾਸਲ ਕੀਤਾ, ਉਸ ਨੂੰ ਆਪਣੀ ਜ਼ਿੰਦਗੀ ਵਿੱਚ ਲਾਗੂ ਵੀ ਕੀਤਾ।ਉਹਨਾਂ ਵਿਦਿਆਰਥੀਆਂ ਨੂੰ ਸ਼ਹੀਦ ਭਗਤ ਸਿੰਘ ਤੇ ਉਹਨਾਂ ਦੇ ਸਾਥੀਆਂ ਵੱਲੋਂ ਚਿਤਵੇ ਅਤੇ ਅਧੂਰੇ ਰਹਿ ਗਏ ਮਨੁੱਖੀ ਬਰਾਬਰਤਾ 'ਤੇ ਅਧਾਰਤ ਚਿਤਵੇ ਸਮਾਜ ਦੀ ਸਿਰਜਣਾ ਕਰਨ ਲਈ ਪੜ੍ਹਕੇ ਗਿਆਨ ਹਾਸਲ ਕਰਨ 'ਤੇ ਜ਼ੋਰ ਦਿੱਤਾ। ਜਸਵੰਤ ਜ਼ੀਰਖ ਅਤੇ ਸਤੀਸ਼ ਸੱਚਦੇਵਾ ਵੱਲੋਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਅੰਧਵਿਸ਼ਵਾਸਾਂ , ਵਹਿਮਾਂ ਭਰਮਾਂ ਦੇ ਖ਼ਾਤਮੇ ਲਈ ਵਿੱਢੀ ਮੁਹਿੰਮ ਦੇ ਨਾਲ ਸ਼ਹੀਦਾਂ ਅਤੇ ਵਿਗਿਆਨੀਆਂ ਦੇ ਵਿਚਾਰਾਂ ਦੀ ਪ੍ਰੋੜਤਾ ਕਰਦਾ ਸਾਹਿਤ ਪੜ੍ਹਕੇ ਸਮਾਜ ਵਿੱਚ ਫੈਲੀਆਂ ਅਲਾਮਤਾਂ ਦੇ ਕਾਰਨ ਸਮਝਣ 'ਤੇ ਜ਼ੋਰ ਦਿੱਤਾ।ਰਾਜ ਕੁਮਾਰ ਨੇ ਇੱਕ ਇਨਕਲਾਬੀ ਗੀਤ ਰਾਹੀਂ ਹਾਜ਼ਰੀ ਲਵਾਈ। ਸਿੱਖਿਆ ਵਿਭਾਗ 'ਚੋਂ ਸੇਵਾ ਮੁਕਤ ਡਿਪਟੀ ਜ਼ਿਲ੍ਹਾ ਅਫ਼ਸਰ ਨਾਹਰ ਸਿੰਘ ਤੇ ਮਲਕੀਤ ਸਿੰਘ ਔਲਖ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ।ਰੋਟਰੀ ਕਲੱਬ ਵੱਲੋਂ ਸਕੂਲ ਲਈ ਪੀਣ ਵਾਲੇ ਸਾਫ ਪਾਣੀ ਦਾ ਸਿਸਟਮ ਲਗਾਉਣ ਦੀ ਸੇਵਾ ਨਿਭਾਈ ਜਿਸ ਦਾ ਉਦਘਾਟਨ ਪ੍ਰੋ. ਜਗਮੋਹਨ ਸਿੰਘ ਵੱਲੋਂ ਕੀਤਾ ਗਿਆ।ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀ ਨੀਤੀ ਕਿਰਨ ਗੁਪਤਾ ਵੱਲੋਂ ਇਸ ਮੌਕੇ ਧੰਨਵਾਦੀ ਸ਼ਬਦਾਂ ਰਾਹੀਂ ਪ੍ਰੋ. ਜਗਮੋਹਨ ਸਿੰਘ ਤੇ ਤਰਕਸ਼ੀਲ ਸੁਸਾਇਟੀ ਵੱਲੋਂ ਵਿੱਢੇ ਗਿਆਨ ਭਰਪੂਰ ਯਤਨਾਂ ਦੀ ਪ੍ਰਸੰਸਾ ਕੀਤੀ ।ਪੁੱਜੀਆਂ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਨਾਬਾਲਗ ਬੱਚੇ ਵੀ ਨਸ਼ਿਆਂ ਦੀ ਦਲਦਲ 'ਚ ਧੱਸਣ ਲੱਗੇ, ਨਸ਼ਾ ਖਰੀਦਣ ਲਈ ਚੋਰੀਆਂ ਕਰਨ ਲੱਗਾ 13 ਸਾਲਾ ਬੱਚਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਾਹਰ ਕੱਢਣ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾ ਕੇ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿਚ ਡੱਕਣ ਦਾ ਦਾਅਵਾ ਕੀਤਾ ਹੈ, ਪਰ ਪੰਜਾਬ ਦੇ ਹਾਲਾਤ ਹੁਣ ਇਹ ਹਨ ਕਿ ਨੌਜਵਾਨ ਤਾਂ ਇੱਕ ਪਾਸੇ ਹੁਣ ਨਾਬਾਲਗ ਬੱਚੇ ਵੀ ਨਸ਼ਿਆਂ ਦੀ ਦਲਦਲ ਵਿਚ ਧਸਦੇ ਨਜ਼ਰ ਆ ਰਹੇ ਹਨ।

ਅਜਿਹਾ ਮਾਮਲਾ ਸਾਹਮਣੇ ਆਇਆ ਜਦੋਂ ਇੱਕ 13 ਸਾਲਾਂ ਨਾਬਾਲਗ ਲੜਕਾ ਨੀਵਾਂ ਬਜ਼ਾਰ ਵਿਖੇ ਸਥਿਤ ਸ਼ਿਵ ਮੰਦਰ 'ਚ ਚੋਰੀ ਕਰਨ ਲਈ ਦਾਖਲ ਹੋਇਆ। ਇਹ ਲੜਕਾ ਚੁੰਬਕ ਤੇ ਤਾਰ ਦੀ ਕੁੰਡੀ ਬਣਾ ਕੇ ਗੋਲਕ 'ਚੋਂ ਪੈਸੇ ਚੋਰੀ ਕਰਨ ਲੱਗਾ ਤਾਂ ਅਚਾਨਕ ਨੇੜੇ ਹੀ ਦੁੱਧ ਦੀ ਡੇਅਰੀ ਚਲਾਉਂਦੇ ਸ਼ੈਂਕੀ ਸ਼ਰਮਾ ਅਤੇ ਹੋਰ ਦੁਕਾਨਦਾਰਾਂ ਵਲੋਂ ਚੋਰੀ ਕਰਦਿਆਂ ਇਸ ਨੂੰ ਰੰਗੇ ਹੱਥੀਂ ਕਾਬੂ ਕਰ ਲਿਆ। ਜਦੋਂ ਇਸ ਲੜਕੇ ਦੀ ਉਮਰ ਪੁੱਛੀ ਗਈ ਤਾਂ ਉਸਨੇ 13 ਸਾਲ ਦੱਸੀ, ਜੋ ਪ੍ਰਵਾਸੀ ਮਜ਼ਦੂਰਾਂ ਦੀ ਬਸਤੀ ਦਾ ਰਹਿਣ ਵਾਲਾ ਹੈ। ਨਾਬਾਲਗ ਲੜਕੇ ਦੀ ਤਲਾਸ਼ੀ ਦੌਰਾਨ ਉਸਦੀ ਜੇਬ 'ਚੋਂ ਜੋ ਬਰਾਮਦ ਹੋਇਆ ਤਾਂ ਉੱਥੇ ਖੜੇ ਦੁਕਾਨਦਾਰ ਹੈਰਾਨ ਹੋ ਗਏ ਕਿ ਉਸ ਕੋਲੋਂ ਟੀਕੇ, ਇੱਕ ਬਿਜਲੀ ਦੀ ਤਾਰ, ਸਿਗਰੇਟ ਦੀਆਂ ਡੱਬੀਆਂ, ਮਾਚਿਸਾਂ ਆਦਿ ਬਰਾਮਦ ਹੋਈਆਂ। ਇਸ ਨਾਬਾਲਗ ਲੜਕੇ ਨੇ ਦੁਕਾਨਦਾਰਾਂ ਨੂੰ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ, ਜਿਸ ਦੀ ਪੂਰਤੀ ਲਈ ਉਹ ਚੋਰੀ ਕਰਨ ਲਈ ਆਇਆ ਸੀ।

ਨਾਬਾਲਗ ਲੜਕੇ ਨੇ ਦੱਸਿਆ ਕਿ ਉਹ ਮੈਡੀਕਲ ਨਸ਼ਾ ਖਰੀਦਦਾ ਹੈ ਤੇ ਫਿਰ ਸਰਕਾਰੀ ਹਸਪਤਾਲ ਵਿਚ ਜਾ ਕੇ ਡਸਟਬੀਨਾਂ ਵਿਚ ਵਰਤੋਂ ਕੀਤੀਆਂ ਪੁਰਾਣੀਆਂ ਸਰਿੰਜ਼ਾਂ ਚੁੱਕ ਕੇ ਉਸਦੀ ਵਰਤੋਂ ਕਰ ਨਸ਼ਾ ਕਰਦਾ ਹੈ। ਬਾਂਹ ਵਿਚ ਟੀਕੇ ਲਾਉਣ ਲਈ ਉਸ ਨੂੰ ਕਈ ਵਾਰ ਨਾੜਾਂ ਵੀ ਨਹੀਂ ਲੱਭਦੀਆਂ, ਜਿਸ ਲਈ ਉਸਨੇ ਬਿਜਲੀ ਦੀ ਤਾਰ ਰੱਖੀ ਹੋਈ ਹੈ ਜੋ ਬਾਂਹ 'ਤੇ ਬੰਨ੍ਹ ਕੇ ਨਾੜ ਲੱਭਦਾ ਹੈ ਤੇ ਫਿਰ ਉਸ ਵਿਚ ਮੈਡੀਕਲ ਨਸ਼ਾ ਸਰਿੰਜ ਵਿਚ ਘੋਲ ਕੇ ਟੀਕਾ ਲਾਉਂਦਾ ਹੈ। 13 ਸਾਲਾ ਨਾਬਾਲਗ ਬੱਚੇ ਨੂੰ ਨਸ਼ਿਆਂ ਦੀ ਦਲਦਲ ਵਿਚ ਧਸਿਆ ਦੇਖ ਕੇ ਲੋਕ ਚਿੰਤਤ ਦਿਖਾਈ ਦਿੱਤੇ ਕਿ ਸਾਡੇ ਪੰਜਾਬ ਦੀ ਆਉਣ ਵਾਲੀ ਪੀੜ੍ਹੀ ਪੜ੍ਹ ਲਿਖ ਕੇ ਦੇਸ਼ ਦੀ ਤਰੱਕੀ ਵਿਚ ਹਿੱਸਾ ਪਾਉਣ ਦੀ ਬਜਾਏ ਕਿਹੜੇ ਮਾੜੇ ਰਾਹਾਂ 'ਤੇ ਤੁਰ ਪਈ ਹੈ।


## ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਅੱਜ

**ਸੰਗਰੂਰ (ਪ੍ਰਵੀਨ ਸਿੰਘ)**-ਵੱਖ-ਵੱਖ ਸਰਕਾਰੀ, ਅਰਧ ਸਰਕਾਰੀ ਵਿਭਾਗਾਂ, ਜੁਡੀਸ਼ਰੀ ਤੇ ਬੈਂਕਾਂ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 25 ਅਪ੍ਰੈਲ ਨੂੰ ਸਵੇਰੇ 10:30 ਵਜੇ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਸੰਗਰੂਰ ਵਿਖੇ ਹੋਵੇਗੀ।ਅਪ੍ਰੈਲ ਮਹੀਨੇ ਦੌਰਾਨ ਜਿਨ੍ਹਾਂ ਮੈਂਬਰ ਸਾਹਿਬਾਨਾਂ ਦੇ ਜਨਮ ਦਿਨ ਆਉਂਦੇ ਹਨ, ਉਨ੍ਹਾਂ ਨੂੰ ਸ਼ੁਭ ਇੱਛਾਵਾਂ ਦਿੱਤੀਆਂ ਜਾਣਗੀਆਂ।ਇਸ ਮੌਕੇ ਚੇਅਰਮੈਨ ਰਵਿੰਦਰ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ, ਜਸਬੀਰ ਸਿੰਘ ਖਾਲਸਾ,ਕਰਨੈਲ ਸਿੰਘ ਸੇਖੋਂ, ਡਾ: ਮਨਮੋਹਨ ਸਿੰਘ, ਰਜਿੰਦਰ ਗੋਇਲ, ਕਿਸ਼ੋਰੀ ਲਾਲ, ਰਜਿੰਦਰ ਸਿੰਘ ਚੰਗਾਲ, ਜਰਨਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਮਹੇਸ਼ ਜੌਹਰ ਤੇ ਰਾਜ ਕੁਮਾਰ ਬਾਂਸਲ ਆਦਿ ਮੌਜੂਦ ਸਨ।

## 21 ਮੈਂਬਰੀ ਸੰਘਰਸ਼ ਕਮੇਟੀ ਵੱਲੋਂ ਸ਼ਹਿਰ ਦੇ ਮਾਸਟਰ ਪਲਾਨ ਨੂੰ ਲਾਗੂ ਕਰਨ ਦੀ ਮੰਗ

**ਮਾਨਸਾ (ਆਤਮਾ ਸਿੰਘ ਪਮਾਰ)**-21 ਮੈਂਬਰੀ ਸੰਘਰਸ਼ ਕਮੇਟੀ ਵੱਲੋਂ ਸ਼ਹਿਰ ਦੇ ਮਾਸਟਰ ਪਲਾਨ ਨੂੰ ਲਾਗੂ ਕਰਨ ਦੀ ਮੰਗ ਕੀਤੀ ਗਈ ਹੈ। 21 ਮੈਂਬਰ ਕਮੇਟੀ ਦਾ ਵਫ਼ਦ ਏਡੀਸੀ ਮਾਨਸਾ ਨੂੰ ਮਿਲਿਆ।ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਚੀਫ ਟਾਊਨ ਪਲਾਨਰ ਵੱਲੋਂ ਤਿਆਰ ਕੀਤਾ ਗਿਆ ਮਾਸਟਰ ਪਲਾਨ ਅਜੇ ਤੱਕ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ, ਜਿਸ ਕਾਰਨ ਸ਼ਹਿਰ 'ਚ ਬੇਤਰਤੀਬ ਉਸਾਰੀਆਂ ਵਧ ਰਹੀਆਂ ਹਨ ਤੇ ਆਮ ਜਨਤਾ ਨੂੰ ਕਈ ਮੁਸ਼ਕਲਾਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ।ਕਮੇਟੀ ਦੇ ਪ੍ਰਤੀਨਿਧੀਆਂ ਨੇ ਕਿਹਾ ਕਿ ਮਾਸਟਰ ਪਲਾਨ ਅਨੁਸਾਰ ਸੜਕਾਂ ਦੀ ਚੌੜਾਈ ਤੇ ਲੰਬਾਈ ਨਿਰਧਾਰਤ ਕੀਤੀ ਗਈ ਹੈ, ਪਰ ਕਈ ਥਾਵਾਂ 'ਤੇ ਇਹ ਮਾਪਦੰਡ ਲਾਗੂ ਨਹੀਂ ਕੀਤੇ ਜਾ ਰਹੇ।ਇਸ ਨਾਲ ਆਉਣ ਵਾਲੇ ਸਮੇਂ ਵਿੱਚ ਟ੍ਰੈਫ਼ਿਕ ਤੇ ਹੋਰ ਬੁਨਿਆਦੀ ਸੁਵਿਧਾਵਾਂ ਨਾਲ ਸੰਬੰਧਤ ਸਮੱਸਿਆਵਾਂ ਵਧ ਸਕਦੀਆਂ ਹਨ।ਉਨ੍ਹਾਂ ਦੋਸ਼ ਲਾਇਆ ਕਿ ਕਈ ਬਿਲਡਿੰਗ ਮੈਪ ਮਾਸਟਰ ਪਲਾਨ ਦੀ ਪੂਰੀ ਜਾਂਚ ਤੋਂ ਬਿਨਾਂ ਹੀ ਪਾਸ ਕੀਤੇ ਜਾ ਰਹੇ ਹਨ, ਜੋ ਨਿਯਮਾਂ ਦੀ ਉਲੰਘਣਾ ਹੈ ਤੇ ਇਸ 'ਤੇ ਤੁਰੰਤ ਰੋਕ ਲੱਗਣੀ ਚਾਹੀਦੀ ਹੈ।ਸੰਘਰਸ਼ ਕਮੇਟੀ ਨੇ ਜ਼ਿਲ੍ਹਾ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਮਾਸਟਰ ਪਲਾਨ ਨੂੰ ਤੁਰੰਤ ਅਤੇ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ, ਸੜਕਾਂ ਦੀ ਚੌੜਾਈ ਤੇ ਲੰਬਾਈ ਨੂੰ ਨਿਯਮਾਂ ਅਨੁਸਾਰ ਠੀਕ ਕੀਤਾ ਜਾਵੇ ਤੇ ਸਾਰੇ ਬਿਲਡਿੰਗ ਮੈਪ ਸਖ਼ਤੀ ਨਾਲ ਮਾਸਟਰ ਪਲਾਨ ਦੇ ਅਨੁਸਾਰ ਹੀ ਮਨਜ਼ੂਰ ਕੀਤੇ ਜਾਣ।ਇਸ ਦੇ ਨਾਲ ਹੀ ਜਿਹੜੀਆਂ ਇਮਾਰਤਾਂ ਜਾਂ ਨਿਰਮਾਣ ਮਾਸਟਰ ਪਲਾਨ ਦੇ ਖਿਲਾਫ ਹਨ, ਉਨ੍ਹਾਂ 'ਤੇ ਤੁਰੰਤ ਕਾਰਵਾਈ ਕਰਨ ਦੀ ਵੀ ਮੰਗ ਕੀਤੀ ਗਈ ਹੈ।ਕਮੇਟੀ ਨੇ ਜ਼ੋਰ ਦਿੱਤਾ ਕਿ ਪੂਰੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਈ ਜਾਵੇ, ਤਾਂ ਜੁ ਮਾਨਸਾ ਸ਼ਹਿਰ ਦਾ ਯੋਜਨਾਬੱਧ ਤੇ ਸੁਚੱਜਾ ਵਿਕਾਸ ਸੰਭਵ ਹੋ ਸਕੇ ਅਤੇ ਪਿਛਲੇ ਸਮੇਂ ਡਿਵੈਲਪਮੈਂਟ ਦੇ ਕੰਮਾਂ ਤੇ ਸੜਕਾਂ, ਨਾਲੀਆਂ, ਗਲੀਆਂ ਵਿੱਚ ਵਰਤੇ ਗਏ ਮਟੀਰੀਅਲ ਅਤੇ ਪਾਈਆਂ ਪਾਇਪਾਂ ਆਦਿ ਦੀ ਜਾਂਚ ਅਤੇ ਸੈਂਪਲ ਚੈੱਕ ਕਰਾਉਣ ਦੀ ਵੀ ਖ਼ੇਚਲ ਕੀਤੀ ਜਾਵੇ ਤੇ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਤੇ ਪਬਲਿਕ ਵਾਸ਼ਰੂਮ, ਟਾਇਲਟ ਦੀ ਵਿਗੜੀ ਹਾਲਤ ਨੂੰ ਸੁਧਾਰਨ ਦੀ ਮੰਗ ਵੀ ਕੀਤੀ ਗਈ।

## ਗੁਰਦੁਆਰਾ ਸਾਹਿਬ ਨੂੰ ਪਾਲਕੀ ਸਾਹਿਬ ਭੇਟ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਪ੍ਰਵਾਸੀ ਪੰਜਾਬੀ ਉੱਘੇ ਸਮਾਜ ਸੇਵੀ ਕੁਲਦੀਪ ਸਿੰਘ ਬੁੱਟਰ ਹਾਂਗਕਾਂਗ ਵੱਲੋਂ ਆਪਣੇ ਸਵ: ਪਿਤਾ ਮਹਿਮਾ ਸਿੰਘ ਬੁੱਟਰ ਤੇ ਮਾਤਾ ਸਵ: ਜਸਵੀਰ ਕੌਰ ਦੀ ਨਿੱਘੀ ਯਾਦ ਵਿੱਚ ਗੁਰਦੁਆਰਾ ਕਲਗੀਧਰ ਸਾਹਿਬ ਬੁਰਜ ਨਕਲੀਆਂ ਨੂੰ ਪਾਲਕੀ ਸਾਹਿਬ ਦੀ ਸੇਵਾ ਕਰਾਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਗੁਰਚਰਨ ਸਿੰਘ ਦੀ ਅਗਵਾਈ ਹੇਠ ਕਰਵਾਏ ਸਾਦੇ ਤੇ ਸੰਖੇਪ ਸਮਾਗਮ ਦੌਰਾਨ ਐੱਨਆਰਆਈ ਕੁਲਦੀਪ ਸਿੰਘ ਬੁੱਟਰ ਹਾਂਗਕਾਂਗ ਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਗ੍ਰਾਮ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਲਈ ਪਾਲਕੀ ਸਾਹਿਬ ਦੀ ਸੇਵਾ ਕਰਨ ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਪ੍ਰਧਾਨ ਡਾਕਟਰ ਗੁਰਚਰਨ ਸਿੰਘ ਨੇ ਕਿਹਾ ਕਿ ਐੱਨਆਰਆਈ ਕੁਲਦੀਪ ਸਿੰਘ ਬੁੱਟਰ ਹਾਂਗਕਾਂਗ ਵੱਲੋਂ ਆਪਣੇ ਸਵ: ਪਿਤਾ ਮਹਿਮਾ ਸਿੰਘ ਤੇ ਮਾਤਾ ਜਸਵੀਰ ਕੌਰ ਦੀ ਯਾਦ ਵਿੱਚ ਗੁਰਦੁਆਰਾ ਕਲਗੀਧਰ ਸਾਹਿਬ ਲਈ 10 ਲੱਖ ਦੀ ਲਾਗਤ ਨਾਲ ਬਣੀ ਪਾਲਕੀ ਸਾਹਿਬ ਦੀ ਸੇਵਾ ਕਰਵਾਈ ਗਈ ਹੈ, ਜੋ ਬਹੁਤ ਹੀ ਮਹਾਨ ਤੇ ਸ਼ਲਾਘਾਯੋਗ ਕਾਰਜ ਹੈ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੁਲਦੀਪ ਸਿੰਘ ਬੁੱਟਰ ਦਾ ਸਿਰਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਗ੍ਰੰਥੀ ਬੂਟਾ ਸਿੰਘ, ਮੀਤ ਪ੍ਰਧਾਨ ਜਸਵਿੰਦਰ ਸਿੰਘ, ਸੈਕਟਰੀ ਪਰਮਜੀਤ ਸਿੰਘ, ਖਜ਼ਨਚੀ ਜਗਤਾਰ ਸਿੰਘ ਗਰੇਵਾਲ, ਭੁਪਿੰਦਰ ਸਿੰਘ, ਨੰਬਰਦਾਰ ਦਲਜੀਤ ਸਿੰਘ, ਸਾਬਕਾ ਸਰਪੰਚ ਚਰਨ ਸਿੰਘ ਆਦਿ ਹਾਜ਼ਰ ਸਨ।

## ਹਰਚੰਦ ਸਿੰਘ ਬਰਸਟ ਵੱਲੋਂ ਵਲੰਟੀਅਰਾਂ ਨਾਲ ਅਹਿਮ ਮੀਟਿੰਗ

### ਪਾਰਟੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੱਦਾ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਆਮ ਆਦਮੀ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਹਲਕਾ ਸਮਾਣਾ ਦੇ ਵਾਰਡ ਨੰਬਰ 10 ਵਿੱਚ ਗਿੱਲ ਫਾਰਮ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਹ ਮੀਟਿੰਗ ਦਵਿੰਦਰ ਸਿੰਘ ਗਿੱਲ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਸ. ਬਰਸਟ ਨੇ ਹਲਕੇ ਦੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਵਲੰਟੀਅਰਾਂ ਤੇ ਸਥਾਨਕ ਆਗੂਆਂ ਨਾਲ ਮੁਲਾਕਾਤ ਕੀਤੀ।ਉਨ੍ਹਾ ਪਾਰਟੀ ਦੀਆਂ ਗਤੀਵਿਧੀਆਂ ਤੇ ਭਵਿੱਖੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਤੇ ਵਲੰਟੀਅਰਾਂ ਦੇ ਸੁਝਾਅ ਵੀ ਸੁਣੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸ. ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਇਸ ਦੇ ਵਲੰਟੀਅਰ ਹਨ।ਉਨ੍ਹਾਂ ਕਿਹਾ ਕਿ ਵਲੰਟੀਅਰਾਂ ਦੀ ਦਿਨ-ਰਾਤ ਦੀ ਮਿਹਨਤ ਸਦਕਾ ਹੀ ਅੱਜ ਪੰਜਾਬ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇੱਕ ਇਮਾਨਦਾਰ ਸਰਕਾਰ ਸਫਲਤਾਪੂਰਵਕ ਕੰਮ ਕਰ ਰਹੀ ਹੈ।ਉਨ੍ਹਾਂ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਪਿੰਡ-ਪਿੰਡ ਤੇ ਘਰ-ਘਰ ਤੱਕ ਪਹੁੰਚਾਉਣ ਤਾਂ ਜੋ ਸਾਰੇ ਇਨ੍ਹਾਂ ਸਹੂਲਤਾਂ ਦਾ ਲਾਭ ਲੈ ਸਕਣ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਕੇਵਲ ਇੱਕ ਸਿਆਸੀ ਦਲ ਨਹੀਂ, ਸਗੋਂ ਬਦਲਾਅ ਦੀ ਇੱਕ ਲਹਿਰ ਹੈ।ਉਨ੍ਹਾਂ ਸਾਰਿਆਂ ਨੂੰ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਕੰਮ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਹਲਕਾ ਸਮਾਣਾ ਦੇ ਵੱਖ-ਵੱਖ ਵਾਰਡਾਂ ਤੇ ਪਿੰਡਾਂ ਤੋਂ ਆਏ ਵਲੰਟੀਅਰਾਂ ਨੇ ਸਥਾਨਕ ਮੁੱਦਿਆਂ ਤੇ ਵਿਕਾਸ ਕਾਰਜਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਹਰ ਵਰਗ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਮੰਜ਼ਲ ਖੂਬਸੂਰਤ ਹੋਵੇ ਤਾਂ ਰਸਤੇ ਦੀ ਪ੍ਰਵਾਹ ਨਾ ਕਰੋ : ਅਸ਼ਵਨੀ ਗਰਗ



**ਜੈਤੋ (ਸਤੀਸ਼ ਕੁਮਾਰ ਭੀਰੀ)**-ਪੰਜਾਬ ਦੀ ਨਾਮਵਰ ਵਿੱਦਿਅਕ ਸੰਸਥਾ ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ ਇੰਜੀਨੀਅਰਿੰਗ ਕਾਲਜ ਬਨੂੰੜ ਤੇ ਸਿਵਾਲਿਕ ਪਬਲਿਕ ਸਕੂਲ ਦੇ ਚੇਅਰਮੈਨ ਅਸ਼ਵਨੀ ਗਰਗ ਨੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਕਰ ਰਹੇ ਸ਼ਿਵਾਲਿਕ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਾਂਗਣ ਵਿਖੇ ਸੰਬੋਧਨ ਕਰਦਿਆਂ ਕਿਹਾ ਕਿ ਸਫਲਤਾ ਸਿਰਫ ਐਸੇ ਲੋਕਾਂ ਨੂੰ ਮਿਲਦੀ ਹੈ ਜੋ ਆਪਣੇ ਕੰਮ ਪ੍ਰਤੀ ਈਮਾਨਦਾਰ ਰਹਿੰਦੇ ਹਨ ਅਤੇ ਪੂਰੀ ਸਚਾਈ ਤੇ ਲਗਨ ਨਾਲ ਮਿਹਨਤ ਕਰਦੇ ਹਨ ਤੇ ਨਾਲ ਹੀ ਦੂਜਿਆਂ ਨੂੰ ਇੱਜਤ ਦਿੰਦੇ ਹਨ।ਆਪਣੇ ਨਿਵੇਕਲੇ ਅੰਦਾਜ ਵਿੱਚ ਅਸ਼ਵਨੀ ਨੇ ਕਿਹਾ ਕਿ ਪ੍ਰੇਸ਼ਾਨੀਆਂ ਤਾਂ ਬਹੁਤ ਹਨ ਕੁਝ ਵਕਤ 'ਤੇ ਛੱਡਾ ਦਿਆ ਕਰੋ, ਕੁਝ ਹੱਸ ਕੇ ਬੋਲ ਦਿਆ ਕਰੋ, ਕੁਝ ਹੱਸ ਕੇ ਟਾਲ ਦਿਆ ਕਰੋ।ਉਨ੍ਹਾਂ ਕਿਹਾ ਕਿ ਇੱਛਾਵਾਂ ਪੂਰੀਆਂ ਨਹੀਂ ਹੁੰਦੀਆਂ ਤਾਂ ਗੁੱਸਾ ਵਧਦਾ ਹੈ, ਜੇ ਇੱਛਾਵਾਂ ਪੂਰੀਆਂ ਹੋਣ ਤਾਂ ਲਾਲਚ ਵਧਦਾ ਹੈ, ਇਸ ਲਈ ਜੀਵਨ ਵਿੱਚ ਹਰ ਤਰ੍ਹਾਂ ਦੀ ਪ੍ਰਸਥਿਤੀ ਵਿੱਚ ਹੌਸਲਾ ਬਣਾਈ ਰੱਖਣਾ ਹੀ ਸ੍ਰੇਸ਼ਠਤਾ ਹੈ।ਅੰਤ ਵਿੱਚ ਗਰਗ ਨੇ ਬਹੁਤ ਹੀ ਅਰਥਪੂਰਨ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਜੇਕਰ ਰਸਤਾ ਖੂਬਸੂਰਤ ਹੈ ਤਾਂ ਪਤਾ ਕਰੋ ਕਿਸ ਮੰਜ਼ਿਲ ਦੀ ਤਰਫ ਜਾਂਦਾ ਹੈ, ਪਰ ਜੇਕਰ ਮੰਜ਼ਿਲ ਖੂਬਸੂਰਤ ਹੋਏ ਤਾਂ ਕਦੇ ਰਸਤੇ ਦੀ ਪ੍ਰਵਾਹ ਨਹੀਂ ਕਰਨੀ ਚਾਹੀਦੀ, ਕਿਉਂਕਿ ਮਿਹਨਤ ਦਾ ਫਲ ਤੇ ਸਮੱਸਿਆ ਦਾ ਹੱਲ ਜ਼ਰੂਰ ਮਿਲਦਾ ਹੈ।

## ਕੇਅਰ ਕੰਪੇਨੀਅਨ ਪ੍ਰੋਗਰਾਮ ਤਹਿਤ ਟ੍ਰੇਨਿੰਗ ਕਰਵਾਈ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਵਿਭਾਗ ਪੰਜਾਬ ਅਤੇ ਐਨ ਜੀ ਓ ਨੋਰਾ ਹੈਲਥ ਦੇ ਸਹਿਯੋਗ ਨਾਲ ਸਿਵਲ ਸਰਜਨ ਡਾ.ਅਮਰਜੀਤ ਕੌਰ ਦੀ ਅਗਵਾਈ ਹੇਠ ਦਫਤਰ ਸਿਵਲ ਸਰਜਨ ਵਿਖੇ ਕੇਅਰ ਕੰਪੈਨੀਅਨ ਪ੍ਰੋਗਰਾਮ ਤਹਿਤ ਗਰਭਵਤੀ ਮਾਵਾਂ, ਨਵ-ਜਨਮੇ ਬੱਚੇ ਅਤੇ ਹੋਰ ਮਰੀਜਾਂ ਦੀ ਦੇਖਭਾਲ ਦੀ ਗੁਣਵੱਤਾ ਨੂੰ ਸੁਧਾਰਨ ਸਬੰਧੀ ਟ੍ਰੇਨਿੰਗ ਕਰਵਾਈ ਗਈ।ਜਿਸ ਵਿੱਚ ਜਿਲੇ ਦੇ ਐਮ.ਸੀ.ਐਚ. ਵਿੰਗ ਦੇ ਏ.ਐਨ.ਸੀ., ਪੀ.ਐਨ.ਸੀ., ਐੱਸ.ਐੱਨ.ਸੀ.ਯੂ ਅਤੇ ਐਨ.ਸੀ.ਡੀ. ਨਾਲ ਸਬੰਧਤ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਨੇ ਭਾਗ ਲਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਦੱਸਿਆ ਕਿ ਕੇਅਰ ਕੰਪੈਨੀਅਨ ਪ੍ਰੋਗਰਾਮ (ਸੀ ਸੀ ਪੀ) ਇੱਕ ਪੰਜਾਬ ਰਾਜ ਦੀ ਪਹਿਲਕਦਮੀ ਹੈ ਜਿਸ ਵਿੱਚ ਮਰੀਜ਼ਾਂ ਅਤੇ ਉਹਨਾਂ ਦੇ ਪਰਿਵਾਰ ਦੀ ਦੇਖਭਾਲ ਕਰਨ ਵਾਲਿਆਂ ਨੂੰ ਹਸਪਤਾਲ ਵਿੱਚ ਹੋਣ ਦੌਰਾਨ ਸਿਹਤ ਸੰਭਾਲ ਸਿਖਲਾਈ ਦਿੱਤੀ ਜਾਂਦੀ ਹੈ। ਇਸ ਮੌਕੇ ਜਿਲ੍ਹਾ ਟੀਕਾਕਰਨ ਅਫ਼ਸਰ ਡਾ: ਅੰਜੂ ਸਿੰਗਲਾ, ਸਹਾਇਕ ਸਿਵਲ ਸਰਜਨ ਡਾ:ਪ੍ਰਤਿਮਾ ਸਿੰਗਲਾ ਛਾਬੜਾ , ਐਸ. ਐੱਮ. ਓ. ਡਾ. ਵਿਨੋਦ ਕੁਮਾਰ, ਬੱਚਿਆਂ ਦੇ ਮਾਹਿਰ ਡਾ. ਇੰਦਰਮਨਜੋਤ ਸਿੰਘ, ਜਿਲਾ ਸਮੂਹ ਸਿਖਿਆ ਅਤੇ ਸੂਚਨਾ ਅਫਸਰ ਕਰਨੈਲ ਸਿੰਘ, ਡਿਪਟੀ ਸਮੂਹ ਸਿਖਿਆ ਅਤੇ ਸੂਚਨਾ ਅਫਸਰ ਬਲਰਾਜ ਸਿੰਘ, ਡੀ.ਸੀ.ਐਮ. ਦੀਪਕ ਸ਼ਰਮਾ ਅਤੇ ਹੋਰ ਸਟਾਫ ਮੈਂਬਰ ਹਾਜਰ ਸਨ।

## ਪਹਿਲੀ ਨੂੰ ਵਿੱਤ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਰਜਿ ਨੰਬਰ 31 ਬ੍ਰਾਂਚ ਪਾਤੜਾਂ ਦੀ ਮੀਟਿੰਗ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਦਫ਼ਤਰ ਪਾਤੜਾਂ ਵਿਖੇ ਹੋਈ। ਜਥੇਬੰਦੀ ਵੱਲੋਂ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਦੌਰਾਨ ਇਕ ਮਈ ਮਜ਼ਦੂਰ ਦਿਵਸ ਵਾਲੇ ਦਿਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਦੇ ਘਰਾਓ ਦੇ ਕੀਤੇ ਗਏ ਐਲਾਨ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਲਏ ਗਏ ਫੈਸਲੇ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ, ਬ੍ਰਾਂਚ ਪ੍ਰਧਾਨ ਰਾਜਪਾਲ ਖਾਂ ਅਤੇ ਬ੍ਰਾਂਚ ਖਜਾਨਚੀ ਲਖਵਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਬਣਾਈ ਗਈ ਕੱਚੇ/ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੀ ਕੈਬਨਿਟ ਸਬ-ਕਮੇਟੀ ਵੱਲੋਂ ਪਿਛਲੇ 4 ਸਾਲਾਂ ਤੋਂ ਮੁਲਾਜ਼ਮਾਂ ਨੂੰ ਝੂਠੇ ਲਾਰਿਆਂ ਰੱਖਿਆ ਹੋਇਆ ਹੈ। ਉਹਨਾਂ ਕਿਹਾ ਕਿ ਜਥੇਬੰਦੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਮਜ਼ਦੂਰ ਦਿਵਸ ਵਾਲੇ ਦਿਨ ਪਹਿਲੀ ਮਈ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਦੇ ਘਿਰਾਓ ਮੌਕੇ ਵੱਡੀ ਗਿਣਤੀ ਵਿੱਚ ਕਾਮੇ ਸ਼ਾਮਲ ਹੋਣਗੇ।

## ਦਸਮੇਸ਼ ਪਬਲਿਕ ਸਕੂਲ 'ਚ ਮਨਾਇਆ ਧਰਤੀ ਦਿਵਸ




**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌ ਵਿਖੇ ਧਰਤੀ ਦਿਵਸ ਮਨਾਇਆ ਗਿਆ।ਸਕੂਲ ਦੇ ਬੱਚਿਆਂ ਨੇ ਬਹੁਤ ਹੀ ਉਤਸ਼ਾਹ ਨਾਲ ਇਹ ਦਿਨ ਮਨਾਇਆ।ਮੰਚ ਸੰਚਾਲਨ ਦੀ ਭੂਮਿਕਾ ਸੱਤਵੀਂ ਜਮਾਤ ਦੇ ਵਿਦਿਆਰਥੀ ਸੁਖਲਾਲਜੀਤ ਅਤੇ ਸ਼ਿਵਜੋਤ ਨੇ ਨਿਭਾਈ।ਸਭ ਤੋਂ ਪਹਿਲਾਂ ਬੱਚਿਆਂ ਨੇ ਧਰਤੀ ਮਾਂ ਨੂੰ ਬਚਾਉਣ ਲਈ ਸਹੁੰ ਚੁੱਕੀ।7ਵੀਂ ਜਮਾਤ ਦੀ ਵਿਦਿਆਰਥਣ ਐਸ਼ਪ੍ਰੀਤ ਨੇ ਧਰਤੀ ਦਿਵਸ ਸਬੰਧੀ ਭਾਸ਼ਣ ਦਿੱਤਾ। ਇਸ ਤੋਂ ਬਾਅਦ ਐਲ ਕੇ ਜੀ ਦੀ ਵਿਦਿਆਰਥਣ ਅਨੰਦਵੀਰ ਕੌਰ, ਯੂ ਕੇ ਜੀ ਦੇ ਵਿਦਿਆਰਥੀ ਯੁਵਰਾਜ, ਨਵਨੀਤ ਅਤੇ ਪਹਿਲੀ ਜਮਾਤ ਦੇ ਵਿਦਿਆਰਥੀ ਸਾਹਿਲ ਧੀਰ ਨੇ ਧਰਤੀ ਦਿਵਸ ਦੇ ਸਬੰਧ ਵਿੱਚ ਵੱਖ-ਵੱਖ ਕਵਿਤਾਵਾਂ ਪੇਸ਼ ਕੀਤੀਆਂ।ਇਸ ਤੋਂ ਬਾਅਦ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਇੱਕ ਨੁੱਕੜ ਨਾਟਕ ਪੇਸ਼ ਕੀਤਾ ਗਿਆ ਜਿਸ ਵਿੱਚ ਧਰਤੀ ਨੂੰ ਬਚਾਉਣ ਤੇ ਪੌਦੇ ਲਗਾਉਣ ਦਾ ਸੰਦੇਸ਼ ਦਿੱਤਾ ਗਿਆ।ਇਸ ਤੋਂ ਬਾਅਦ ਪੇੜ ਲਗਾਓ, ਪੇੜ ਬਚਾਓ ਗੀਤ ਤੇ ਯੂ ਕੇ ਜੀ ਅਤੇ ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਡਾਂਸ ਪੇਸ਼ ਕੀਤਾ ਤੇ ਸਾਰਿਆਂ ਨੂੰ ਪੌਦੇ ਲਗਾਉਣ ਦਾ ਸੁਨੇਹਾ ਦਿੱਤਾ। ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਵਿੱਚ ਧਰਤੀ ਦਿਵਸ ਸਬੰਧੀ ਡਰਾਇੰਗ ਮੁਕਾਬਲੇ ਵੀ ਕਰਵਾਏ ਗਏ।ਸਕੂਲ ਦੇ ਐੱਮ. ਡੀ. ਸ. ਬਲਜੀਤ ਸਿੰਘ, ਡਾਇਰੈਕਟਰ ਮੈਡਮ ਸੁਰਿੰਦਰ ਕੌਰ , ਅਤੇ ਸਕੂਲ ਪ੍ਰਿੰਸੀਪਲ ਮੈਡਮ ਰੁਬੀਨਾ ਧੀਰ ਨੇ ਬੱਚਿਆਂ ਨੂੰ ਸਾਡੇ ਕੁਦਰਤੀ ਸਾਧਨ ਬਚਾਉਣ ਲਈ , ਪੌਦੇ ਲਗਾਉਣ ਲਈ ਉਤਸ਼ਾਹਿਤ ਕੀਤਾ ਤੇ ਨਾਲ ਹੀ ਬੱਚਿਆਂ ਨੂੰ ਧਰਤੀ ਮਾਂ ਦੀ ਸਾਂਭ ਬਾਰੇ ਪ੍ਰੇਰਿਤ ਕੀਤਾ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਰੁਜ਼ਗਾਰ ਮੇਲਾ




**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵੱਲੋਂ ਬੁੱਧਵਾਰ ਨੂੰ ਸੱਤਵਾਂ ਸਲਾਨਾ ਰੁਜ਼ਗਾਰ ਮੇਲਾ 2026 ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਰੁਜ਼ਗਾਰ ਮੇਲੇ ਵਿੱਚ ਆਈ.ਟੀ., ਸਿੱਖਿਆ, ਬੈਂਕਿੰਗ, ਰਿਟੇਲ, ਮੈਨੂਫੈਕਚਰਿੰਗ, ਇੰਸ਼ੋਰੈਂਸ ਅਤੇ ਸਰਵਿਸ ਸੈਕਟਰ ਨਾਲ ਸੰਬੰਧਤ ਕੁੱਲ 13 ਪ੍ਰਸਿੱਧ ਕੰਪਨੀਆਂ ਨੇ ਭਾਗ ਲਿਆ। ਪ੍ਰਮੁੱਖ ਭਰਤੀਕਾਰਾਂ ਵਿੱਚ ਆਈ ਸੀ ਆਈ ਸੀ ਆਈ ਬੈਂਕ, ਐਚ .ਡੀ. ਐਫ. ਸੀ ਲਾਈਫ, ਰਿਲਾਇੰਸ ਰਿਟੇਲ, ਲੈਂਸਕਾਰਟ, ਅਕਾਲ ਅਕੈਡਮੀ, ਸਮਾਲ ਕਾਪਰ ਟੈਕਨੋਲੋਜੀਜ਼, ਪੀ ਜੀ ਟੈਕ ਸੋਲੂਸ਼ਨਜ਼, ਓਕਿਊਬ ਸਰਵਿਸਜ਼, ਐਪਜ਼ ਗਲੋਬਲ ਟੈਕ ਪ੍ਰਾਈਵੇਟ ਲਿਮਿਟਡ, ਆਇਓਟਾਸੋਲ ਟੈਕਨੋਲੋਜੀਜ਼, ਕੰਧਾਰੀ ਬੇਵਰੇਜਜ਼, ਸ਼ਿਪਬੋਲਟ ਇੰਡਸਟ੍ਰੀਜ਼ ਅਤੇ ਹਾਈਕ ਐਜੂਕੇਸ਼ਨ ਸ਼ਾਮਲ ਸਨ।ਇਸ ਸਮਾਗਮ ਦਾ ਉਦਘਾਟਨ ਡਾ. ਪਰਿਤ ਪਾਲ ਸਿੰਘ, ਵਾਈਸ ਚਾਂਸਲਰ; ਨੇ ਡਾ. ਤੇਜਬੀਰ ਸਿੰਘ, ਰਜਿਸਟਰਾਰ; ਡਾ. ਨਵਦੀਪ ਕੌਰ, ਡੀਨ ਰਿਸਰਚ; ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ; ਡਾ. ਅੰਕਦੀਪ ਕੌਰ ਅਟਵਾਲ, ਡਾਇਰੈਕਟਰ ਆਈ ਕਿਉ ਏ ਸੀ; ਡਾ. ਸਰਪ੍ਰੀਤ ਸਿੰਘ, ਡੀਨ ਅਲੂਮਨੀ ਤੇ ਡਾ. ਕਮਲਜੀਤ ਕੌਰ, ਇੰਚਾਰਜ, ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਦੀ ਹਾਜ਼ਰੀ ਵਿੱਚ ਕੀਤਾ।

## ਸੁਪਰੀਮ ਕਾਨਵੈਂਟ ਸਕੂਲ 'ਚ ਧਰਤੀ ਦਿਵਸ ਮਨਾਇਆ




**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਧਰਤੀ ਦਿਵਸ ਨੂੰ ਮੁੱਖ ਰੱਖਦਿਆਂ ਹੋਇਆਂ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਸਾਰੇ ਹੀ ਵਿਦਿਆਰਥੀਆਂ ਦੁਆਰਾ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਗਿਆ। ਸਭ ਤੋਂ ਪਹਿਲਾਂ ਇਸ ਦਿਨ ਦੀ ਮਹੱਤਤਾ ਨੂੰ ਮੁੱਖ ਰੱਖਦਿਆਂ ਹੋਇਆਂ ਅਧਿਆਪਕ ਦੁਆਰਾ ਭਾਸ਼ਣ ਰਾਹੀਂ ਇਸ ਬਾਰੇ ਆਪਣੇ ਵਿਚਾਰ ਸਾਰੇ ਹੀ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਗਏ। ਵਿਦਿਆਰਥੀਆਂ ਨੇ ਧਰਤੀ ਦਿਵਸ ਦੇ ਮਹੱਤਵ ਨੂੰ ਦਰਸਾਉਂਦਿਆਂ ਨਾਟਕ ਦੀ ਪੇਸ਼ਕਾਰੀ ਵੀ ਕੀਤੀ। ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਭਾਸ਼ਣ ਮੁਕਾਬਲੇ, ਕਵਿਤਾਵਾਂ ਦੀ ਪੇਸ਼ਕਾਰੀ ਵਿੱਚ ਵੀ ਹਿੱਸਾ ਲਿਆ ਗਿਆ। ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਵੱਲੋਂ ਧਰਤੀ ਦਿਵਸ ਦੀ ਮਹੱਤਤਾ ਨੂੰ ਦਰਸਾਉਂਦਿਆਂ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਗਏ ਅਤੇ ਸਭ ਨੇ ਮਿਲ ਕੇ ਧਰਤੀ ਬਚਾਓ ਅਤੇ ਵਾਤਾਵਰਨ ਨੂੰ ਸ਼ੁੱਧ ਰੱਖਣ ਦਾ ਪ੍ਰਣ ਵੀ ਲਿਆ।

## ਪੰਜਾਬ ਰੋਡਵੇਜ ਲੁਧਿਆਣਾ ਦੇ ਜਨਰਲ ਮੈਨੇਜਰ ਨਾਲ ਮੰਗਾਂ ਸੰਬਧੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਰੋਡਵੇਜ਼ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ: ) ਦੀ ਮੀਟਿੰਗ ਜਨਰਲ ਮੈਨੇਜਰ ਪੰਜਾਬ ਰੋਡਵੇਜ਼ ਲੁਧਿਆਣਾ ਨਾਲ ਉਸ ਦੇ ਦਫਤਰ ਵਿਖੇ ਹੋਈ।ਇੱਕ ਮਹੀਨਾ ਪਹਿਲਾਂ ਹੋਈ ਮੀਟਿੰਗ ਵਿੱਚ ਪੈਨਸ਼ਨਰਾਂ ਦੇ ਕੰਮ ਲੰਮੇ ਸਮੇਂ ਤੋਂ ਦਫ਼ਤਰ ਵਿੱਚੋਂ ਨਾਂ ਹੋਣ ਕਾਰਨ ਉਨ੍ਹਾਂ ਨੂੰ ਜਥੇਬੰਦੀ ਵੱਲੋਂ ਮੰਗਾਂ ਦੇ ਨਿਪਟਾਰੇ ਲਈ ਨੋਟਿਸ ਦਿੱਤਾ ਗਿਆ ਸੀ ।ਉਨ੍ਹਾਂ ਵੱਲੋਂ ਜਥੇਬੰਦੀ ਨੂੰ ਬੁਲਾਏ ਜਾਣ 'ਤੇ ਬੁੱਧਵਾਰ ਦੀ ਮੀਟਿੰਗ ਸੁਖਾਵੇ ਮਾਹੌਲ ਵਿੱਚ ਹੋਈ।ਉਨ੍ਹਾਂ ਸਾਰੇ ਕੰਮ ਪੜਾਅਵਾਰ ਪਹਿਲ ਦੇ ਆਧਾਰ 'ਤੇ ਬਿਨਾਂ ਕਿਸੇ ਵਿਤਕਰੇ ਦੇ ਜਲਦੀ ਕਰ ਦੇਣ ਦਾ ਵਿਸ਼ਵਾਸ ਦਿਵਾਇਆ।ਮੀਟਿੰਗ ਵਿੱਚ ਪੈਨਸ਼ਨਰ ਭਵਨ ਲੁਧਿਆਣਾ ਦੇ ਸਾਬਕਾ ਚੇਅਰਮੈਨ ਸ਼੍ਰੀ ਦਲੀਪ ਸਿੰਘ ਅਤੇ ਜਨਰਲ ਸਕੱਤਰ ਸ਼੍ਰੀ ਨਿਰਮਲ ਸਿੰਘ ਲਲਤੋਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਵਿੱਚ ਪ੍ਰਧਾਨ ਸ਼੍ਰੀ ਰਾਜਿੰਦਰ ਸਿੰਘ ਲਲਤੋਂ , ਉੱਚ ਕਮੇਟੀ ਮੈਂਬਰ ਚੇਅਰਮੈਨ ਨਰਿੰਦਰ ਕੁਮਾਰ ਸੂਦ, ਸ਼੍ਰੀ ਬਖ਼ਸ਼ੀਸ਼ ਲਾਲ, ਸ਼੍ਰੀ ਮੋਹਨਜੀਤ ਸਿੰਘ, ਬਲਵੀਰ ਸਿੰਘ ਬੌਬੀ , ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਢੋਲੇਵਾਲ, ਜਨਰਲ ਸਕੱਤਰ ਸ਼੍ਰੀ ਗੁਰਜੀਤ ਸਿੰਘ , ਕੈਸ਼ੀਅਰ ਸ਼੍ਰੀ ਬੀਰਾ ਸਿੰਘ, ਮੀਤ ਪ੍ਰਧਾਨ ਕੁਲਵੰਤ ਸਿੰਘ, ਸਰਬਜੀਤ ਸਿੰਘ ਮਾਨ, ਹਰਵਿੰਦਰ ਸਿੰਘ ਗਿੱਲ, ਅਵਤਾਰ ਸਿੰਘ ਮੋਂਗਾ, ਰੂਪ ਸਿੰਘ ਮੀਤ ਪ੍ਰਧਾਨ ਹਾਜ਼ਰ ਸਨ।

## ਡੇਅਰੀ ਉੱਦਮ ਸਿਖਲਾਈ ਕੋਰਸ 4 ਤੋਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡੇਅਰੀ ਧੰਦੇ ਨੂੰ ਉਤਸ਼ਾਹਤ ਕਰਨ ਲਈ ਪੰਜਾਬ ਸਰਕਾਰ ਦੀਆਂ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਤਹਿਤ ਡੇਅਰੀ ਧੰਦੇ ਲਈ 4 ਹਫਤਿਆਂ ਦਾ ਵੱਖਰਾ ਡੇਅਰੀ ਉੱਦਮ ਸਿਖਲਾਈ ਕੋਰਸ 4 ਮਈ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।ਡੇਅਰੀ ਵਿਕਾਸ, ਪਟਿਆਲਾ ਦੇ ਡਿਪਟੀ ਡਾਇਰੈਕਟਰ ਦਲਬੀਰ ਕੁਮਾਰ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਡਾਇਰੈਕਟਰ ਵਰਿਆਮ ਸਿੰਘ ਦੀ ਗਤੀਸ਼ੀਲ ਅਗਵਾਈ ਵਿੱਚ ਇਸ ਸਿਖਲਾਈ ਕੋਰਸ ਦੌਰਾਨ ਡੇਅਰੀ ਫਾਰਮਿੰਗ ਸ਼ੁਰੂ ਕਰਨ ਤੋਂ ਪਹਿਲਾ ਧਿਆਨ ਯੋਗ ਗੱਲਾਂ, ਦੁਧਾਰੂ ਪਸ਼ੂਆਂ ਦੀਆਂ ਨਸਲਾਂ, ਨਸਲ ਸੁਧਾਰ ਲਈ ਨਸਲਕਸ਼ੀ, ਬਨਾਵਟੀ ਗਰਭਦਾਨ, ਸਾਰਾ ਸਾਲ ਹਰਾ ਚਾਰਾ ਪੈਦਾ ਕਰਨ ਦੀ ਵਿਉਂਤਬੰਦੀ, ਪਸ਼ੂਆ ਦੀ ਆਮ ਬਿਮਾਰੀਆਂ ਬਾਰੇ, ਦੁੱਧ ਦੀ ਫੈਟ, ਐਸ .ਐਨ ਐਫ ਬਾਰੇ, ਦੁੱਧ ਤੋਂ ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਬਾਰੇ, ਗੰਡੋਇਆਂ ਦੀ ਖਾਦ ਤਿਆਰ ਕਰਨ ਬਾਰੇ, ਸੰਤੁਲਤ ਪਸ਼ੂ ਖੁਰਾਕ ਤਿਆਰ ਕਰਨ ਅਤੇ ਵਰਤੋਂ, ਸਾਫ ਦੁੱਧ ਪੈਦਾ ਕਰਨ, ਡੇਅਰੀ ਫਾਰਮਿੰਗ ਦੀ ਆਰਥਿਕਤਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਂਦੀ ਹੈ।

# ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਵੰਡੇ



ਪਠਾਨਕੋਟ, (ਦਵਿੰਦਰ ਸਿੰਘ)-2364 ਪ੍ਰਾਇਮਰੀ ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਨੂੰ ਆਖਿਰਕਾਰ ਪੰਜਾਬ ਸਰਕਾਰ ਵੱਲੋਂ ਮੁਕੰਮਲ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਪਠਾਨਕੋਟ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਰੋਟ ਮਹਿਰਾ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਪਠਾਨਕੋਟ ਕਮਲਦੀਪ ਕੌਰ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਅਧੀਨ ਇੱਕ ਸ਼ਾਨਦਾਰ ਅਤੇ ਪ੍ਰੇਰਣਾਦਾਇਕ ਸਮਾਰੋਹ ਆਯੋਜਿਤ ਕੀਤਾ ਗਿਆ ਜਿਸ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਅਤੇ ਨਵ-ਨਿਯੁਕਤ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਅਧਿਆਪਕਾਂ ਵਿੱਚ ਖੁਸ਼ੀ, ਉਤਸ਼ਾਹ ਅਤੇ ਸੰਤੁਸ਼ਟੀ ਦੀ ਲਹਿਰ ਸਪਸ਼ਟ ਤੌਰ 'ਤੇ ਵੇਖਣ ਨੂੰ ਮਿਲੀ।ਇਸ ਮੌਕੇ ਐਡਵੋਕੇਟ ਰਮੇਸ਼ ਚੌਧਰੀ ਜ਼ਿਲ੍ਹਾ ਇੰਚਾਰਜ ਐਜੂਕੇਸ਼ਨ ਵਿੰਗ ਪਠਾਨਕੋਟ, ਨਿਤਿਨ ਠਾਕੁਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਡੀ. ਜੀ. ਸਿੰਘ ਡਿਪਟੀ ਡੀਈਓ ਐਲੀਮੈਂਟਰੀ, ਅਮਨਦੀਪ ਕੁਮਾਰ ਡਿਪਟੀ ਡੀਈਓ ਸੈਕੰਡਰੀ, ਪ੍ਰਿੰ. ਨੀਲਮ ਰਾਠੌਰ, ਬੀਪੀਈਓ ਰਾਕੇਸ਼ ਕੁਮਾਰ, ਕਲਰਕ ਤਰੁਣ ਪਠਾਨੀਆ, ਸਕਾਲਰਸ਼ਿਪ ਇੰਚਾਰਜ ਚੇਤਨ ਅੱਤਰੀ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।

# ਹਾਈਵੇ ਸੁਰੱਖਿਆ ਨੂੰ ਲੈ ਕੇ ਸਾਂਸਦ ਔਜਲਾ ਨੇ ਮੁੱਖ ਮੰਤਰੀ ਨੂੰ ਲਿਖਿਆ ਪੱਤਰ

ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਵਿਚ ਵੱਧ ਰਹੇ ਸੜਕ ਹਾਦਸਿਆਂ ਤੇ ਖ਼ਰਾਬ ਹੋ ਰਹੀ ਟਰੈਫਿਕ ਵਿਵਸਥਾ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਹਾਈਵੇ ਸੁਰੱਖਿਆ ਲਈ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਮੰਗ ਕੀਤੀ ਹੈ। ਔਜਲਾ ਨੇ ਪੱਤਰ ਵਿਚ ਕਿਹਾ ਕਿ ਪੰਜਾਬ ਦੇ ਹਾਈਵੇਜ਼ 'ਤੇ ਟਰੈਫਿਕ ਅਨੁਸ਼ਾਸਨ ਦੀ ਸਥਿਤੀ ਚਿੰਤਾਜਨਕ ਬਣਦੀ ਜਾ ਰਹੀ ਹੈ। ਲੇਨ ਅਨੁਸ਼ਾਸਨ ਦੀ ਉਲੰਘਣਾ, ਤੇਜ਼ ਰਫ਼ਤਾਰ, ਗਲਤ ਦਿਸ਼ਾ ਵਿਚ ਵਾਹਨ ਚਲਾਉਣਾ ਤੇ ਖ਼ਤਰਨਾਕ ਓਵਰਟੇਕਿੰਗ ਵਰਗੀਆਂ ਘਟਨਾਵਾਂ ਹਾਦਸਿਆਂ ਨੂੰ ਲਗਾਤਾਰ ਵਧਾ ਰਹੀਆਂ ਹਨ। ਖ਼ਾਸ ਤੌਰ 'ਤੇ ਓਵਰਲੋਡ ਟਰੱਕਾਂ ਤੇ ਭਾਰੀ ਵਾਹਨਾਂ ਦੀ ਆਵਾਜਾਈ ਨੂੰ ਵੀ ਗੰਭੀਰ ਖ਼ਤਰਾ ਦੱਸਿਆ ਹੈ।

ਐੱਮਪੀ ਔਜਲਾ ਨੇ ਕਿਹਾ ਕਿ ਸਰਕਾਰ ਵੱਲੋਂ ਬਣਾਇਆ ਗਿਆ ਸੜਕ ਸੁਰੱਖਿਆ ਬਲ (ਐੱਸਐੱਸਐੱਫ) ਇਕ ਸ਼ਲਾਘਾਯੋਗ ਯੋਗ ਪਹਿਲ ਹੈ, ਪਰ ਇਸ ਦੀ ਪ੍ਰਭਾਵਸ਼ਾਲੀ ਤੇ ਸੁਚੱਜੀ ਤਾਇਨਾਤੀ ਬਹੁਤ ਜ਼ਰੂਰੀ ਹੈ। ਉਨ੍ਹਾਂ ਮੰਗ ਕੀਤੀ ਕਿ ਐੱਸਐੱਸਐੱਫ ਨੂੰ ਟਰੈਫਿਕ ਕਾਨੂੰਨਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣ, ਮੌਕੇ 'ਤੇ ਚਲਾਨ ਕਰਨ ਤੇ ਸੜਕ ਸੁਰੱਖਿਆ ਬਾਰੇ ਜਾਗਰੂਕਤਾ ਮੁਹਿੰਮ ਚਲਾਉਣ ਲਈ ਵਧੇਰੇ ਅਧਿਕਾਰ ਦਿੱਤੇ ਜਾਣ।

ਉਨ੍ਹਾਂ ਮੁੱਖ ਮੰਤਰੀ ਕੋਲ ਅਪੀਲ ਕੀਤੀ ਕਿ ਹਾਈਵੇਜ਼ 'ਤੇ ਲੇਨ ਅਨੁਸ਼ਾਸਨ ਯਕੀਨੀ ਬਣਾਇਆ ਜਾਵੇ, ਗਲਤ ਦਿਸ਼ਾ ਵਿਚ ਵਾਹਨ ਚਲਾਉਣ ਤੇ ਤੇਜ਼ ਰਫ਼ਤਾਰੀ 'ਤੇ ਸਖ਼ਤ ਕਾਰਵਾਈ ਹੋਵੇ, ਓਵਰਲੋਡ ਵਾਹਨਾਂ 'ਤੇ ਰੋਕ ਲੱਗੇ, ਐੱਸਐੱਸਐੱਫ ਦੀ ਮੁੱਖ ਪੱਧਰ 'ਤੇ ਤਾਇਨਾਤੀ ਤੇ ਜਵਾਬਦੇਹੀ ਯਕੀਨੀ ਬਣਾਈ ਜਾਵੇ ਅਤੇ ਲੋਕਾਂ ਵਿਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਈ ਜਾਵੇ।

ਔਜਲਾ ਨੇ ਕਿਹਾ ਕਿ ਸੜਕ ਹਾਦਸਿਆਂ ਨੂੰ ਰੋਕਣ ਤੇ ਲੋਕਾਂ ਦੀਆਂ ਜਾਨਾਂ ਬਚਾਉਣ ਲਈ ਸਰਕਾਰ ਨੂੰ ਤੁਰੰਤ ਅਮਤੇ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਸੂਬਾ ਸਰਕਾਰ ਇਸ ਗੰਭੀਰ ਮਸਲੇ 'ਤੇ ਤਰਜੀਹ ਦੇ ਆਧਾਰ 'ਤੇ ਕਾਰਵਾਈ ਕਰੇਗੀ।

# ਭਿੰਡਰ ਹਸਪਤਾਲ ਵਿਖੇ ਫ੍ਰੀ ਮੈਗਾ ਹੈਲਥ ਚੈੱਕਅੱਪ ਕੈਂਪ ਭਲਕੇ



ਪਠਾਨਕੋਟ (ਦਵਿੰਦਰ ਸਿੰਘ)-ਭਿੰਡਰ ਹਸਪਤਾਲ ਮਿਸ਼ਨ ਰੋਡ ਵਿਖੇ 26 ਅਪ੍ਰੈਲ ਨੂੰ ਇੱਕ ਵਿਸ਼ਾਲ ਫ੍ਰੀ ਮੈਗਾ ਹੈਲਥ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਹੱਡੀਆਂ ਦੇ ਮਾਹਿਰ ਡਾ. ਜੇ. ਐੱਸ. ਭਿੰਡਰ, ਸਪਾਈਨ (ਰੀੜ੍ਹ ਦੀ ਹੱਡੀ) ਦੇ ਮਾਹਿਰ ਡਾ. ਪ੍ਰੀਤਇੰਦਰ ਪਾਲ ਸਿੰਘ, ਮਨੋਰੋਗਾਂ ਦੇ ਮਾਹਿਰ ਡਾ. ਰਮਨਦੀਪ ਕੌਰ, ਕਿਡਨੀ ਦੇ ਮਾਹਿਰ ਡਾ. ਮਨਜੀਤ ਪਾਲ ਸਿੰਘ, ਕੈਂਸਰ ਸਰਜਰੀ ਦੇ ਮਾਹਿਰ ਡਾ. ਮਨਜੋਤ ਕੌਰ ਅਤੇ ਪੈਥਾਲੋਜੀ ਦੇ ਮਾਹਿਰ ਡਾ. ਉਤਮਜੋਤ ਕੌਰ ਆਦਿ ਹਿੱਸਾ ਲੈ ਰਹੇ ਹਨ।ਇਸ ਕੈਂਪ ਵਿੱਚ ਮਰੀਜ਼ਾਂ ਦਾ ਚੈਕਅੱਪ ਫ੍ਰੀ ਕੀਤਾ ਜਾਵੇਗਾ ਅਤੇ ਨਾਲ ਹੀ ਸ਼ੂਗਰ ਤੇ ਹੋਰ ਜ਼ਰੂਰੀ ਟੈਸਟ ਵੀ ਫ੍ਰੀ ਕੀਤੇ ਜਾਣਗੇ।

ਰੀੜ੍ਹ ਦੀ ਹੱਡੀ ਦੇ ਮਾਹਿਰ ਡਾਕਟਰ ਪ੍ਰੀਤਇੰਦਰ ਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਰੂਰਤਮੰਦ ਮਰੀਜ਼ਾਂ ਨੂੰ ਐਕਸ-ਰੇ, ਲੈਬ ਟੈਸਟਾਂ ਅਤੇ ਦਵਾਈਆਂ ਤੇ ਵੀ ਸਪੈਸ਼ਲ ਰਿਆਇਤ ਦਿੱਤੀ ਜਾਵੇਗੀ।

ਡਾਕਟਰ ਜੇ. ਐੱਸ. ਭਿੰਡਰ ਨੇ ਕਿਹਾ ਕਿ ਇਹ ਇੱਕ ਵਿਸ਼ਾਲ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ ਜਿੱਥੇ ਇਕੋ ਛੱਤ ਹੇਠ ਸਾਰੇ ਮਾਹਿਰ ਡਾਕਟਰ ਮਰੀਜ਼ਾਂ ਦਾ ਫ੍ਰੀ ਚੈੱਕਅੱਪ ਕਰਨਗੇ। ਮਨੋਰੋਗਾਂ ਦੇ ਮਾਹਿਰ ਡਾ. ਰਮਨਦੀਪ ਕੌਰ ਨੇ ਕਿਹਾ ਕਿ ਇਹ ਮੈਗਾ ਕੈਂਪ 26 ਅਪ੍ਰੈਲ ਦਿਨ ਐਤਵਾਰ ਨੂੰ ਸਵੇਰੇ 11 ਵਜੇ ਤੋਂ 3 ਵਜੇ ਤੱਕ ਚੱਲੇਗਾ। ਲੋੜਵੰਦ ਲੋਕ ਇਸ ਫ੍ਰੀ ਕੈਂਪ ਦਾ ਲਾਹਾ ਲੈਣ ਲਈ ਐਤਵਾਰ ਸਵੇਰੇ 11 ਵਜੇ ਭਿੰਡਰ ਹਸਪਤਾਲ ਮਿਸ਼ਨ ਰੋਡ ਪਠਾਨਕੋਟ ਵਿਖੇ ਪਹੁੰਚਣ।

# ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਨੇ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ



ਪੱਟੀ, (ਬਲਦੇਵ ਸਿੰਘ ਸੰਧੂ)-ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਭਾਰਤ ਨੇ ਪੂਰੇ ਪੰਜਾਬ ਅੰਦਰ ਡੀਸੀ ਦਫ਼ਤਰਾਂ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ। ਡੀਸੀ ਤਰਨਤਾਰਨ ਸਹਾਇਕ ਡੀਸੀ ਕਰਨਵੀਰ ਸਿੰਘ ਰਾਹੀਂ ਸੌਂਪਿਆ ਮੰਗ ਪੱਤਰ,ਜੋ 2025 ਵਿੱਚ ਕੁਦਰਤ ਦੀ ਕਰੋਪੀ ਨਾਲ ਹੜ੍ਹਾਂ ਦੇ ਕਾਰਨ ਕਿਸਾਨਾਂ ਦੀ ਜਾਨ ਮਾਲ ਦਾ ਨੁਕਸਾਨ ਹੋਇਆ ਅਤੇ ਸਰਕਾਰ ਵੱਲੋਂ ਪ੍ਰਤੀ ਏਕੜ 20000 ਰੁਪਏ ਆਇਆ ਸੀ। ਨੇੜੇ ਲੱਗਦੇ ਕੁਝ ਖੇਤਰੀ ਕਿਸਾਨਾਂ ਨੂੰ ਇਹ ਮੁਆਵਜ਼ਾ ਮਿਲਿਆ ਹੀ ਨਹੀਂ।

ਜਾਣ ਬੁੱਝ ਕੇ ਕਿਸਾਨਾਂ ਨੂੰ ਲੰਮੇ ਸਮੇਂ ਤੋਂ ਵੱਖ-ਵੱਖ ਦਫ਼ਤਰਾਂ ਵਿਚ ਖੱਜਲ-ਖੁਆਰ ਕੀਤਾ ਜਾ ਰਿਹਾ ਹੈ। ਸਰਕਾਰ ਤੋਂ ਮੰਗ ਕੀਤੀ ਕਿ ਪ੍ਰਭਾਵਿਤ ਲੋਕਾਂ ਦੇ ਜਾਨ ਮਾਲ ਦੇ ਨੁਕਸਾਨ ਦੀ 100 ਪ੍ਰਤੀਸ਼ਤ ਭਰਪਾਈ ਕੀਤੀ ਜਾਵੇ ।ਬਾਰਸ਼, ਗੜੇਮਾਰੀ, ਅੱਗ ਲੱਗਣ ਨਾਲ ਖੇਤਾਂ ਦੀ ਹਜ਼ਾਰਾਂ ਏਕੜ ਫਸਲ ਨੁਕਸਾਨੀ ਗਈ ਜਿਸ ਦਾ ਮੁਆਵਜ਼ਾ ਦਿੱਤਾ ਜਾਵੇ।

ਮੰਗ ਪੱਤਰ ਦੇਣ ਸਮੇਂ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਸੂੱਬਾ ਸਿੰਘ ਲੱਦੂ, ਸਾਹਿਬ ਸਿੰਘ ਸਭਰਾ, ਸੁਖਵੰਤ ਸਿੰਘ ਦੁੱਬਲੀ, ਬੀਕੇਯੂ ਏਕਤਾ ਮਝੈਲ ਦੇ ਹੀਰਾ ਸਿੰਘ ਭਿੱਖੀਵਿੰਡ, ਧਰਮਬੀਰ ਸਿੰਘ ਚੀਮਾ ਖੁਰਦ, ਪ੍ਰਗਟ ਸਿੰਘ ਵਲਟੋਹਾ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਬਾਬਾ ਪ੍ਰਗਟ ਸਿੰਘ ਪਿੰਰਗੜੀ, ਅਮਰਿੰਦਰ ਸਿੰਘ ਸਭਰਾ, ਬੀਕੇਯੂ ਏਕਤਾ ਮਝੈਲ ਜਸਪਾਲ ਸਿੰਘ ਧੁੰਨ ਅਤੇ ਜੰਡ ਖਾਲੜਾ ਹਾਜ਼ਰ ਸਨ।


# ਪ੍ਰਤਾਪ ਵਰਲਡ ਸਕੂਲ ਦੇ 5 ਵਿਦਿਆਰਥੀਆਂ ਨੇ (ਜੇ ਈ ਈ) ਮੇਨਜ਼ ਦੀ ਪ੍ਰੀਖਿਆ ਪਾਸ ਕੀਤੀ



ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ 5 ਵਿਦਿਆਰਥੀਆਂ ਨੇ ਜੇ ਈ ਈ ਮੇਨਜ਼ ਪ੍ਰੀਖਿਆ ਸਫਲਤਾਪੂਰਵਕ ਪਾਸ ਕੀਤੀ ਹੈ।ਸਫਲ ਵਿਦਿਆਰਥੀਆਂ ਵਿੱਚ ਜਸ਼ਨਪ੍ਰੀਤ ਸਿੰਘ, ਹਰਸ਼ ਸ਼ਰਮਾ, ਧੈਰਯ ਕੁੰਡਲ, ਆਕ੍ਰਿਤੀ ਅਤੇ ਅਲਬਿਨ ਬਾਰਾ ਸ਼ਾਮਲ ਹਨ, ਜਿਨ੍ਹਾਂ ਨੇ ਆਪਣੀ ਮਿਹਨਤ, ਸਮਰਪਣ ਨਾਲ ਇਹ ਸਫਲਤਾ ਹਾਸਲ ਕੀਤੀ ਹੈ। ਇਸ ਉਪਲਬਧੀ 'ਤੇ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਦੀ ਇਹ ਸਫਲਤਾ ਉਨ੍ਹਾਂ ਦੀ ਕਠਿਨ ਮਿਹਨਤ ਅਤੇ ਸਾਡੇ ਸਮਰਪਿਤ ਅਧਿਆਪਕਾਂ ਦੇ ਮਾਰਗਦਰਸ਼ਨ ਦਾ ਨਤੀਜਾ ਹੈ।ਅਸੀਂ ਸਿੱਖਿਆ ਨੂੰ ਸਿਰਫ ਅਕਾਦਮਿਕ ਸੀਮਾਵਾਂ ਤੱਕ ਹੀ ਸੀਮਿਤ ਨਹੀਂ ਰੱਖਦੇ, ਸਗੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਦੇ ਹਾਂ।ਸਕੂਲ ਦੇ ਪ੍ਰਿੰਸੀਪਲ ਸੁਭਰਾ ਰਾਣੀ ਨੇ ਵੀ ਆਪਣੀ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਹ ਪ੍ਰਾਪਤੀ ਸਾਡੇ ਵਿਦਿਆਰਥੀਆਂ ਦੀ ਲਗਨ ਅਤੇ ਅਨੁਸ਼ਾਸਨ ਦਾ ਪ੍ਰਤੀਕ ਹੈ।ਅਸੀਂ ਸਾਰੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦੇ ਹਾਂ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹਾਂ।

## ਮਈ ਦਿਹਾੜਾ ਮਨਾਉਣ ਨੂੰ ਲੈ ਕੇ ਮਜ਼ਦੂਰ ਆਗੂਆਂ ਦੀ ਇਕੱਤਰਤਾ

ਪੱਟੀ, (ਬਲਦੇਵ ਸਿੰਘ ਸੰਧੂ)-ਮਜ਼ਦੂਰਾਂ ਦੇ ਆਗੂ ਬਲਵੰਤ ਰਾਏ ਦੀ ਅਗਵਾਈ ਵਿੱਚ ਪੱਟੀ ਵਿਖੇ ਕਿਰਤੀ ਲੋਕਾਂ ਦੀਆਂ ਜਥੇਬੰਦੀਆਂ ਦੇ ਆਗੂਆਂ ਦੀ ਅਹਿਮ ਮੀਟਿੰਗ ਹੋਈ।ਇਸ ਮੌਕੇ ਜੇਪੀਐੱਮ ਦੇ ਆਗੂ ਧਰਮ ਸਿੰਘ, ਇਪਲਾਈਜ਼ ਯੂਨੀਅਨ ਦੇ ਆਗੂ ਗੁਰਨਾਮ ਸਿੰਘ,



ਪੈਨਸ਼ਨਰਾਂ ਦੇ ਆਗੂ ਜਗਤਾਰ ਸਿੰਘ ਆਸਲ ਨੇ ਇਕ ਸੁਰ ਵਿੱਚ ਦੱਸਿਆ ਕਿ ਗੁਲਾਮ ਯੁੱਗ ਵਿੱਚ ਮਜ਼ਦੂਰਾਂ ਤੇ ਹੁੰਦੇ ਜ਼ੁਲਮਾਂ ਨੂੰ ਰੋਕਣ ਲਈ ਕਿਵੇਂ ਮਜ਼ਦੂਰਾਂ ਨੇ ਜਥੇਬੰਦ ਹੋ ਕੇ ਸ਼ਿਕਾਗੋ ਸ਼ਹਿਰ ਵਿੱਚ 1 ਮਈ 1886 ਨੂੰ ਸ਼ਾਂਤੀ ਮਾਰਚ ਕੀਤਾ ਪਰ ਉਸ ਸਮੇਂ ਦੇ ਜ਼ਾਲਮ ਹਿਟਲਰ ਨੇ ਹੱਕ ਮੰਗਦੇ ਮਜ਼ਦੂਰਾਂ ਨੂੰ ਗੋਲੀਆਂ ਨਾਲ ਭੁੰਨ ਦਿੱਤਾ। ਅਜੋਕੀਆਂ ਸਰਕਾਰਾਂ ਵੀ ਕਾਰਪੋਰੇਟ ਘਰਾਣਿਆਂ ਦੇ ਇਸ਼ਾਰਿਆਂ 'ਤੇ ਕਿਰਤ ਕਾਨੂੰਨ ਬਦਲ ਕੇ ਮਜ਼ਦੂਰਾਂ ਦੇ ਹੱਕ ਖੋਹ ਰਹੀਆਂ ਹਨ।ਸਮੂਹ ਹਾਜ਼ਰੀਨ ਨੇ ਸਰਬਸੰਮਤੀ ਨਾਲ ਪੱਟੀ ਦੀ ਦਾਣਾ ਮੰਡੀ (ਚੂਸਲੇਵੜ ਮੋੜ) ਤੇ ਮਿਊਂਸੀਪਲ ਕਮੇਟੀ ਦਫਤਰ ਵਿਖੇ ਮਜ਼ਦੂਰ ਦਿਵਸ ਮਨਾਉਣ ਤੇ ਇਸ ਦਿਨ ਸ਼ਹੀਦ ਮਜ਼ਦੂਰਾਂ ਦੇ ਖ਼ੂਨ ਨਾਲ ਰੰਗਿਆ ਲਾਲ ਝੰਡਾ ਚੜ੍ਹਾਉਣ ਦਾ ਫੈਸਲਾ ਕੀਤਾ।ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਆਗੂ ਹਰਭਜਨ ਸਿੰਘ ਚੂਸਲੇਵੜ, ਅੰਗਹੀਣ ਯੂਨੀਅਨ ਦੇ ਆਗੂ ਧਰਮਪਾਲ, ਮਿੱਡ-ਡੇ-ਮੀਲ ਯੂਨੀਅਨ ਦੇ ਆਗੂ ਰਣਜੀਤ ਕੌਰ, ਬੇਵੀ, ਮਨਰੇਗਾ ਯੂਨੀਅਨ ਦੇ ਆਗੂ ਹਰਜਿੰਦਰ ਸਿੰਘ ਬੱਠੇਭੈਣੀ ਆਦਿ ਹਾਜ਼ਰ ਸਨ।

## ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ' ਦੇ ਮੈਂਬਰ ਰਿੱਟ ਪਟੀਸ਼ਨ ਦੇ ਆਏ ਫੈਸਲੇ ਤੋਂ ਉਤਸ਼ਾਹਿਤ: ਛੀਨਾ/ਚਾਹਲ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਅਤੇ ਜ਼ਿਲ੍ਹਾ ਗੁਰਦਾਸਪੁਰ/ਬਲਾਕ ਧਾਰੀਵਾਲ ਦੇ ਪ੍ਰਧਾਨ ਕਵਲਜੀਤ ਕੌਰ ਚਾਹਲ ਨੇ ਦੱਸਿਆ ਸਰਵ ਯੂਨੀਅਨ ਵੱਲੋਂ ਗੁਜਰਾਤ ਹਾਈਕੋਰਟ ਦੀ ਤਰਜ਼ 'ਤੇ ਆਂਗਣਵਾੜੀ ਵਰਕਰ ਨੂੰ ਦਰਜਾ ਤਿੰਨ ਅਤੇ ਹੈਲਪਰ ਨੂੰ ਦਰਜਾ ਚਾਰ



ਮੁਲਾਜ਼ਮ ਬਣਾਉਣ ਦੀ ਰਿੱਟ ਪਟੀਸ਼ਨ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪਾਈ ਹੋਈ ਸੀ। ਇਸ ਰਿਟ ਪਟੀਸ਼ਨ ਦੇ ਆਏ ਫੈਸਲੇ ਤੋਂ ਯੂਨੀਅਨ ਦੇ ਮੈਂਬਰ ਉਤਸ਼ਾਹਿਤ ਹੋਏ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਹਰਿਆਣਾ ਹਾਈਕੋਰਟ ਵਲੋਂ ਪੰਜਾਬ ਸਰਕਾਰ ਅਤੇ ਵਿਭਾਗ ਦੇ ਡਾਇਰੈਕਟਰ ਨੂੰ ਨੋਟਿਸ ਜਾਰੀ ਕਰਕੇ ਤਿੰਨ ਮਹੀਨਿਆਂ ਦੇ ਅੰਦਰ ਅੰਦਰ ਜਵਾਬ ਮੰਗਿਆ ਗਿਆ ਹੈ ਕਿ ਉਹ ਕਿੰਨੇ ਸਮੇਂ ਵਿੱਚ ਆਂਗਣਵਾੜੀ ਵਰਕਰ ਅਤੇ ਹੈਲਪਰ ਨੂੰ ਘੱਟੋ-ਘੱਟ ਉਜਰਤ ਦੇ ਦਾਇਰੇ ਅਧੀਨ ਲਿਆ ਕੇ ਦਰਜਾ ਤਿੰਨ ਅਤੇ ਦਰਜਾ ਚਾਰ ਮੁਲਾਜ਼ਮ ਐਲਾਨ ਕੇ ਬਣਦੀ ਰਾਸ਼ੀ ਤੈਅ ਕਰਨਗੇ। ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਅਤੇ ਜ਼ਿਲ੍ਹਾ ਗੁਰਦਾਸਪੁਰ ਪ੍ਰਧਾਨ ਕਵਲਜੀਤ ਕੌਰ ਚਾਹਲ ਨੇ ਸਰਕਾਰੀ ਕੋਲੋਂ ਮੰਗ ਕੀਤੀ ਹੈ ਕਿ ਜਿੰਨੀ ਦੇਰ ਤੱਕ ਆਂਗਣਵਾੜੀ ਵਰਕਰ ਨੂੰ ਦਰਜਾ ਤਿੰਨ ਅਤੇ ਅਤੇ ਹੈਲਪਰ ਨੂੰ ਦਰਜਾ ਚਾਰ ਮੁਲਾਜ਼ਮ ਨਹੀਂ ਐਲਾਨਿਆ ਜਾਂਦਾ ਓਨੀ ਦੇਰ ਤੱਕ ਆਂਗਣਵਾੜੀ ਵਰਕਰ ਅਤੇ ਹੈਲਪਰ ਨੂੰ ਘੱਟੋ-ਘੱਟ ਉਜਰਤ ਦੇ ਦਾਇਰੇ ਵਿੱਚ ਲਿਆਂਦਾ ਜਾਵੇ।

## ਗੁ. ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਬਾਬਾ ਜੋਗਿੰਦਰ ਸਿੰਘ ਰਕਬੇਵਾਲੇ ਹੋਏ ਨਤਮਸਤਕ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੀ ਛਾਉਣੀ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ, ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਾਬਾ ਜੋਗਿੰਦਰ ਸਿੰਘ ਰਕਬੇ ਵਾਲੇ ਨਤਮਸਤਕ ਹੋਏ।ਉਨ੍ਹਾਂ



ਇਸ ਸਮੇਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨਾਲ ਫੋਨ ਤੇ ਫਤਿਹ ਸਾਂਝੀ ਕੀਤੀ ਅਤੇ ਪੰਥਕ ਵਿਚਾਰ ਵਟਾਂਦਰਾ ਕੀਤਾ।ਉਨ੍ਹਾਂ ਦੱਸਿਆ ਕਿ ਬੁੰਗਾ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਅਸਥਾਨ ਤੇ ਪੁੱਜਣ 'ਤੇ ਬਾਬਾ ਜੋਗਿੰਦਰ ਸਿੰਘ ਨੂੰ ਬੁੱਢਾ ਦਲ ਵੱਲੋਂ ਸਿਰੋਪਾਓ, ਦੋਸ਼ਾਲੇ ਨਾਲ ਉਨ੍ਹਾਂ ਦਾ ਸੁਆਗਤ ਕੀਤਾ ਗਿਆ।ਇਸ ਸਮੇਂ ਬਾਬਾ ਭਗਤ ਸਿੰਘ, ਪਰਮਜੀਤ ਸਿੰਘ ਬਾਜਵਾ, ਬਾਬਾ ਅਮਰੀਕ ਸਿੰਘ, ਬਾਬਾ ਗੁਰਲਾਲ ਸਿੰਘ, ਬਾਬਾ ਗਗਨਦੀਪ ਸਿੰਘ ਅਤੇ ਅਨੇਕਾਂ ਨਿਹੰਗ ਸਿੰਘ ਹਾਜ਼ਰ ਸਨ।

# ਮਾਨ ਸਰਕਾਰ ਵੱਲੋਂ ਲਾਗੂ ਆਤਮ ਨਿਰਭਰ ਤੇ ਮਾਡਲ ਵਿਕਸਿਤ ਪਿੰਡਾਂ ਦੇ ਵਿਜ਼ਨ ਕਾਰਨ ਸ਼ਹਿਰਾਂ ਵੱਲ ਹਿਜਰਤ ਨੂੰ ਪਈ ਠੱਲ੍ਹ : ਧਾਲੀਵਾਲ



ਅੰਮ੍ਰਿਤਸਰ/ਅਜਨਾਲਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਬਲਾਕ ਸੰਮਤੀ ਅਜਨਾਲਾ ਦੇ ਚੇਅਰਪਰਸਨ ਬੀਬੀ ਸਵਿੰਦਰ ਕੌਰ, ਉੱਪ ਚੇਅਰਮੈਨ ਸਰਬਜੀਤ ਸਿੰਘ, ਬਲਾਕ ਸੰਮਤੀ ਰਮਦਾਸ ਦੇ ਚੇਅਰਮੈਨ ਪ੍ਰਿਥੀਪਾਲ ਸਿੰਘ ਵਾਹਲਾ ਤੇ ਉੱਪ ਚੇਅਰਪਰਸਨ ਬੀਬੀ ਪਲਵਿੰਦਰ ਕੌਰ ਨੂੰ ਆਪਣੇ ਅਹੁਦਿਆਂ ਤੇ ਰਸਮੀ ਤੌਰ ਤੇ ਬਿਰਾਜਮਾਨ ਕਰਵਾਉਣ ਮੌਕੇ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮਾਂ 'ਚ ਬਤੌਰ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੇ ਸੂਬਾ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਸ਼ਾਮਲ ਹੋਏ। ਇਨ੍ਹਾਂ ਚੇਅਰਮੈਨਾਂ ਤੇ ਉੱਪ ਚੇਅਰਮੈਨਾਂ ਨੂੰ ਅਹੁਦੇ ਸੰਭਾਲਣ ਮੌਕੇ ਧਾਲੀਵਾਲ ਨੇ ਸਨਮਾਨਤ ਕਰਦਿਆਂ ਹਾਰਦਿਕ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ। ਸਮਾਗਮਾਂ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਪੇਂਡੂ ਵਿਕਾਸ 'ਚ ਗ੍ਰਾਮ ਪੰਚਾਇਤਾਂ ਦੇ ਨਾਲ ਜ਼ਿਲ੍ਹਾ ਪ੍ਰੀਸ਼ਦਾਂ ਤੇ ਬਲਾਕ ਸੰਮਤੀਆਂ ਦੇ ਮੈਂਬਰਾਂ/ਚੇਅਰਮੈਨਾਂ/ ਉੱਪ ਚੇਅਰਮੈਨਾਂ ਅਤੇ ਸ਼ਹਿਰੀ ਵਿਕਾਸ 'ਚ ਨਗਰ ਨਿਗਮਾਂ/ ਨਗਰ ਕੌਂਸਲਾਂ ਦਾ ਮਹੱਤਵਪੂਰਨ ਯੋਗਦਾਨ ਹੈ।

ਪੰਜਾਬ ਦੇ ਹੁਣ ਤੱਕ ਦੇ ਇਤਿਹਾਸ 'ਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਤਮ ਨਿਰਭਰ ਤੇ ਮਾਡਲ ਪਿੰਡਾਂ ਵਜੋਂ ਵਿਕਸਿਤ ਕਰਨ ਦੇ ਠੋਸ ਵਿਜ਼ਨ ਨੂੰ ਅਮਲ ਵਿੱਚ ਲਿਆਂਦਾ ਹੈ। ਜਿਸ ਦੇ ਨਤੀਜੇ ਵੱਜੋਂ ਪੇਂਡੂ ਨਾਗਰਿਕਾਂ ਦੀ ਸ਼ਹਿਰਾਂ ਵੱਲ ਹੁੰਦੀ ਮਜਬੂਰੀ 'ਚ ਹਿਜਰਤ ਨੂੰ ਕਾਫੀ ਹੱਦ ਤੱਕ ਠੱਲ੍ਹ ਪਈ ਹੈ। ਧਾਲੀਵਾਲ ਨੇ ਦਾਅਵਾ ਕੀਤਾ ਕਿ ਪੇਂਡੂ ਤੇ ਸ਼ਹਿਰੀ ਵਿਕਾਸ 'ਚ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ।

# ਬੇਅਦਬੀ ਖਿਲਾਫ ਬਣੇ ਨਵੇਂ ਕਾਨੂੰਨ ਨੂੰ ਲੈ ਕੇ ਲੋਕਾਂ 'ਚ ਖੁਸ਼ੀ ਦੀ ਲਹਿਰ: ਮਨਦੀਪ ਸਿੰਘ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਹਲਕਾ ਮਜੀਠਾ ਦੇ ਪਿੰਡ ਪੁਰਾਣਾ ਤਨੇਲ ਦੇ ਸਰਪੰਚ ਸ. ਮਨਦੀਪ ਸਿੰਘ ਹਲਕਾ ਕੁਆਰਡੀਨੇਟਰ (ਐੱਨਐੱਮਐੱਮ) ਮਜੀਠਾ ਨੇ ਪੱਤਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਮੈਂ ਸਿੱਖ ਕੌਮ ਦੇ ਭੈਣ-ਭਰਾਵਾਂ ਨੂੰ ਬਹੁਤ ਬਹੁਤ ਵਧਾਈਆਂ ਦਿੰਦਾ ਹਾਂ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਵੱਖ-ਵੱਖ ਥਾਵਾਂ ਤੇ ਹੋ ਰਹੀਆਂ ਬੇਅਦਬੀਆਂ 'ਤੇ ਸਖਤ ਐਕਸ਼ਨ ਲੈਂਦਿਆਂ ਇੱਕ ਬਹੁਤ ਸਖਤ ਕਾਨੂੰਨ ਬਣਾਇਆ ਹੈ ਅਤੇ ਬਹੁਤ ਮਿਹਨਤ ਕਰਕੇ ਇਸ ਕਾਨੂੰਨ ਨੂੰ ਅਮਲ ਵਿੱਚ ਲਿਆਂਦਾ ਹੈ। ਸਰਪੰਚ ਨੇ ਕਿਹਾ ਕਿਹਾ ਕਿ ਪਹਿਲਾਂ ਕਈ ਸਰਕਾਰਾਂ ਆਈਆਂ ਪਰ ਕਿਸੇ ਨੇ ਅਜਿਹਾ ਕਾਨੂੰਨ ਨਹੀਂ ਬਣਾਇਆ। ਰਕੇ ਉਹਨਾਂ ਕਿਹਾ ਕਿ ਸੀ-ਐਮ ਸਾਹਿਬ ਕਹਿੰਦੇ ਹੁੰਦੇ ਆ ਕਿ 'ਬੰਦੇ ਦੀ ਨੀਅਤ ਸਾਫ ਹੋਣੀ ਚਾਹੀਦੀ ਹੈ ਕੰਮ ਕਿੱਦਾਂ ਅੜਜੇ' ਇਹ ਉਹਨਾਂ ਨੇ ਸਾਬਤ ਕਰਕੇ ਵਿਖਾ ਦਿੱਤਾ ਹੈ ਕਿ ਸਰਦਾਰ ਭਗਵੰਤ ਸਿੰਘ ਮਾਨ ਸਾਹਿਬ ਦੀ ਸਾਫ ਨੀਅਤ ਨਾਲ ਕੀਤੇ ਹੋਏ ਕੰਮ ਨੂੰ ਬੂਰ ਪਿਆ ਹੈ।

ਇਸ ਕਾਨੂੰਨ ਨੂੰ ਅਮਲ'ਚ ਲਿਆਉਣ ਤੋਂ ਬਾਦ ਹਲਕਾ ਇੰਨਚਾਰਜ਼ ਸ.ਤਲਬੀਰ ਸਿੰਘ ਗਿੱਲ ਅਤੇ ਹਲਕਾ ਮਜੀਠਾ ਦੇ ਲੋਕਾਂ ਨੇ ਇਸ ਕਾਨੂੰਨ ਦੀ ਸ਼ਲਾਘਾ ਕੀਤੀ ਹੈ ਅਤੇ ਬਹੁਤ ਖੁਸ਼ੀ ਦੀ ਲਹਿਰ ਚੱਲ ਰਹੀ ਹੈ।

# ਗੁਰਦੀਪ ਸਿੰਘ ਨਾਗੀ 14ਵੀਂ ਵਾਰ ਬਣੇ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੇ ਪ੍ਰਧਾਨ

## * ਜਸਵੰਤ ਸਿੰਘ ਮਾਂਗਟ ਨੂੰ ਜਨਰਲ ਸਕੱਤਰ ਤੇ ਅੰਮ੍ਰਿਤਪਾਲ ਸਿੰਘ ਨੂੰ ਸਰਪ੍ਰਸਤ ਥਾਪਿਆ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):-ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ (ਰਜਿ:) ਦੀ ਅਹਿਮ ਮੀਟਿੰਗ ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਲੱਬ ਦੀ ਇਸ ਵਰ੍ਹੇ ਦੀ ਚੋਣ ਸਮੇਤ ਸਾਲ ਭਰ ਦੀਆਂ ਗਤੀਵਿਧੀਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਮੌਜੂਦ ਵੱਖ-ਵੱਖ ਅਦਾਰਿਆਂ ਨਾਲ ਜੁੜੇ ਸਮੂਹ ਪੱਤਰਕਾਰ ਸਾਥੀਆਂ ਵੱਲੋਂ ਪਿਛਲੇ ਢਾਈ ਦਹਾਕਿਆਂ ਤੋਂ ਪੱਤਰਕਾਰੀ ਦੇ ਖੇਤਰ ਵਿਚ ਸੇਵਾਵਾਂ ਨਿਭਾਉਣ ਦੇ ਨਾਲ ਲੰਬੇ ਸਮੇਂ ਤੋਂ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੀ ਪ੍ਰਧਾਨਗੀ ਕਰ ਰਹੇ ਗੁਰਦੀਪ ਸਿੰਘ ਨਾਗੀ ਨੂੰ 14ਵੀਂ ਵਾਰ ਸਰਬਸੰਮਤੀ ਨਾਲ ਕਲੱਬ ਦਾ ਪ੍ਰਧਾਨ ਚੁਣ ਲਿਆ ਗਿਆ।ਇਸ ਤੋਂ ਇਲਾਵਾ ਜਸਵੰਤ ਸਿੰਘ ਮਾਂਗਟ ਨੂੰ ਜਨਰਲ ਸਕੱਤਰ, ਅੰਮ੍ਰਿਤਪਾਲ ਸਿੰਘ ਨੂੰ ਸਰਪ੍ਰਸਤ, ਗੁਰਪਾਲ ਸਿੰਘ ਰਾਏ ਨੂੰ ਸਕੱਤਰ, ਹਰੀਸ਼ ਕੱਕੜ ਤੇ ਸਿਮਰਤਪਾਲ ਸਿੰਘ ਬੇਦੀ ਨੂੰ ਮੀਤ ਪ੍ਰਧਾਨ, ਸਵਿੰਦਰ ਸਿੰਘ ਲਹੌਰੀਆ ਤੇ ਸੁਖਦੇਵ ਸਿੰਘ ਬੱਬੂ ਨੂੰ ਖਜ਼ਾਨਚੀ, ਕੁਲਦੀਪ ਸਿੰਘ ਭੁੱਲਰ ਨੂੰ ਸੀਨੀਅਰ ਮੀਤ ਪ੍ਰਧਾਨ, ਸ਼ੁਕਰਗੁਜ਼ਾਰ ਸਿੰਘ ਐਡਵੋਕੇਟ ਨੂੰ ਕਾਨੂੰਨੀ ਸਲਾਹਕਾਰ, ਪਰਵਿੰਦਰ ਸਿੰਘ ਮਲਕ ਤੇ ਪ੍ਰਗਟ ਸਿੰਘ ਨੂੰ ਪ੍ਰਚਾਰ ਸਕੱਤਰ, ਸੁਖਚੈਨ ਸਿੰਘ ਤੇ ਸਤਿੰਦਰ ਸਿੰਘ ਅਠਵਾਲ ਨੂੰ ਪ੍ਰੈੱਸ ਸਕੱਤਰ, ਸਤਪਾਲ ਵਿਨਾਇਕ ਤੇ ਕੁਲਦੀਪ ਸਿੰਘ ਖਹਿਰਾ ਨੂੰ ਮੁੱਖ ਸਲਾਹਕਾਰ ਨਿਯੁਕਤ ਕੀਤਾ ਗਿਆ। ਇਸ



ਮੌਕੇ ਡਾਕਟਰ ਗੁਰਮੀਤ ਸਿੰਘ ਨੰਡਾ ਤੇ ਗੁਰਵਿੰਦਰ ਸਿੰਘ ਹੈਪੀ ਨੂੰ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ।ਇਸ ਦੌਰਾਨ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਸਮੂਹ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਅਤੇ ਪੱਤਰਕਾਰ ਭਾਈਚਾਰੇ ਦੇ ਭਲੇ ਹਿੱਤ ਹਮੇਸ਼ਾ ਤੱਤਪਰ ਰਹਿਣਗੇ।ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਕਲੱਬ ਦੇ ਸਮੂਹ ਸਾਥੀਆਂ ਦੇ ਸਹਿਯੋਗ ਨਾਲ ਕਲੱਬ ਦੀਆਂ ਪਿਛਲੇ ਵਰ੍ਹੇ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ ਅਤੇ ਭਵਿੱਖ ਵਿਚ ਵੀ ਸਮੂਹ ਸਾਥੀਆਂ ਦੇ ਉਦਮ ਤੇ ਸਹਿਯੋਗ ਨਾਲ ਸਮਾਜ ਭਲਾਈ ਦੇ ਕਾਰਜ ਜਾਰੀ ਰੱਖਣ ਦਾ ਭਰੋਸਾ ਦੁਆਇਆ।ਇਸ ਮੌਕੇ ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਅਤੇ ਜਨਰਲ ਸਕੱਤਰ ਜਸਵੰਤ ਸਿੰਘ ਮਾਂਗਟ ਨੇ ਗੁਰਦੀਪ ਸਿੰਘ ਨਾਗੀ ਨੂੰ ਸਨਮਾਨਿਤ ਕੀਤਾ।

# ਜ਼ਮੀਨ ਹੇਠ ਪਾਣੀ ਦੇ ਸੋਮੇ ਸੀਮਤ ਹਨ ਜਿਨ੍ਹਾਂ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ: ਅਰੋੜਾ



ਅੰਮ੍ਰਿਤਸਰ (ਅਰੋੜਾ): ਪੂਰੇ ਭਾਰਤ ਦੀਆਂ ਰੋਟਰੀ ਕਲੱਬਾਂ ਵੱਲੋਂ ਧਰਤੀ ਬਚਾਓ ਮੁਹਿੰਮ ਦਾ ਸ਼ੁੱਭ ਆਰੰਭ ਕੀਤਾ ਜਾ ਚੁੱਕਾ ਹੈ। ਇਸੇ ਮੁਹਿੰਮ ਦੇ ਚੱਲਦੇ ਇੱਕ ਖਾਸ ਸੈਮੀਨਾਰ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿਖੇ ਸਮੂਹ ਰੋਟਰੀ ਮੈਂਬਰਾਂ ਵੱਲੋਂ ਕਰਵਾਇਆ ਗਿਆ।ਸੈਮੀਨਾਰ ਵਿਖੇ ਰੋਟਰੀ ਰੋਟਰੀ ਦੀ ਸੀਨੀਅਰ ਅਹੁਦੇਦਾਰ ਸਮਾਜ ਸੇਵਿਕਾ ਮਨਿੰਦਰ ਕੌਰ ਅਰੋੜਾ ਸ਼ਾਮਿਲ ਹੋਈ।ਪ੍ਰਧਾਨ ਵਰੁਣ ਕੱਕੜ, ਸਕੱਤਰ ਪਰਮੀਤ ਸਿੰਘ ਅਤੇ ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ, ਇੰਡੀਅਨ ਮੈਡੀਕਲ ਐਸੋਸੀਏਸ਼ਨ ਪੰਜਾਬ ਦੇ ਸਾਬਕਾ ਪ੍ਰਧਾਨ ਡਾ. ਕੁਲਦੀਪ ਸਿੰਘ ਅਰੋੜਾ, ਸਾਬਕਾ ਸਹਾਇਕ ਗਵਰਨਰ ਸੰਜੇ ਮਲਿਕ, ਐੱਮ. ਓ. ਸੀ. ਆਰ. ਐੱਸ. ਚੱਠਾ ਦੇ ਸ਼ਲਾਘਾਯੋਗ ਯਤਨ ਨਾਲ ਕਰਵਾਏ ਗਏ ਇਸ ਸੈਮੀਨਾਰ ਨੂੰ ਰੋਟਰੀ ਦੇ ਕਈ ਸੀਨੀਅਰ ਮੈਂਬਰਾਂ ਅਤੇ ਦੇਸ਼ ਪ੍ਰੇਮ ਦੀ ਭਾਵਨਾ ਰੱਖਣ ਵਾਲਿਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਜਲਵਾਯੂ ਦੂਸ਼ਿਤ ਹੋ ਰਿਹਾ ਜਿਸ ਨਾਲ ਰੋਗਾਂ 'ਚ ਵਾਧਾ ਹੋ ਗਿਆ। ਸਾਹ, ਦਮਾ, ਗਲੇ ਦੇ ਰੋਗ, ਫੇਫੜਿਆਂ ਵਿੱਚ ਇਨਫੈਕਸ਼ਨ ਇੱਥੋਂ ਤੱਕ ਕਿ ਕੈਂਸਰ ਵਰਗੀ ਭਿਆਨਕ ਬਿਮਾਰੀ ਗੁਰੂ ਕੀ ਨਗਰੀ ਵਿਖੇ ਆਪਣੇ ਪੈਰ ਪਸਾਰ ਚੁੱਕੀ ਹੈ।ਉਨ੍ਹਾਂ ਨੇ ਕਿਹਾ ਕਿ ਜ਼ਮੀਨ ਹੇਠ ਪਾਣੀ ਦੇ ਸੋਮੇ ਸੀਮਤ ਹਨ ਜਿਨ੍ਹਾਂ ਨੂੰ ਬਚਾਉਣਾ ਸਮੇਂ ਦੀ ਮੁਖ ਲੋੜ ਹੈ। ਮੈਡਮ ਮਨਿੰਦਰ ਕੌਰ ਨੇ ਹੋਰ ਵੀ ਕਈ ਤਰ੍ਹਾਂ ਦੀ ਜਾਣਕਾਰੀ ਮੁਹੱਈਆ ਕਰਵਾਈ।

ਰੋਟਰੀ ਮੈਂਬਰਾਂ ਨੇ ਵਾਤਾਵਰਨ ਮਾਹਿਰ ਮੈਡਮ ਮਨਿੰਦਰ ਕੌਰ ਤੋਂ ਕਈ ਤਰ੍ਹਾਂ ਦੇ ਪ੍ਰਸ਼ਨ ਕੀਤੇ ਜਿਨ੍ਹਾਂ ਦਾ ਉੱਤਰ ਉਨ੍ਹਾਂ ਨੇ ਬੜੇ ਹੀ ਸਰਲ ਅਤੇ ਸੁਭਾਵਿਕ ਢੰਗ ਨਾਲ ਦਿੱਤਾ।ਸੈਮੀਨਾਰ ਦੇ ਅੰਤ ਵਿੱਚ ਮੁੱਖ ਸਪੀਕਰ ਨੂੰ ਸਨਮਾਨਿਤ ਵੀ ਕੀਤਾ ਗਿਆ।

# ਤੇਜਿੰਦਰ ਸਿੰਘ ਢਿੱਲੋਂ ਨੇ ਬਤੌਰ ਸੁਪਰਡੈਂਟ ਅਹੁਦਾ ਸੰਭਾਲਿਆ



ਤਰਨ ਤਾਰਨ, ਚੋਹਲਾ ਸਾਹਿਬ (ਰਮਨ ਚੱਢਾ)-ਤੇਜਿੰਦਰ ਸਿੰਘ ਢਿੱਲੋਂ ਨੇ ਬਤੌਰ ਸੁਪਰਡੈਂਟ ਦਫਤਰ ਸਿਵਲ ਸਰਜਨ ਤਰਨ ਤਾਰਨ ਵਿਖੇ ਅਹੁਦਾ ਸੰਭਾਲ ਲਿਆ ਹੈ।ਸ਼੍ਰੀ ਢਿੱਲੋਂ ਨੇ ਕਿਹਾ ਕਿ ਉਹ ਬਹੁਤ ਵਡਭਾਗੇ ਹਨ, ਜਿਨ੍ਹਾਂ ਨੂੰ ਇੱਥੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ।ਉਨ੍ਹਾਂ ਸਿਵਲ ਸਰਜਨ ਦਫਤਰ ਦੇ ਸਮੁੱਚੇ ਸਟਾਫ ਦਾ ਸਵਾਗਤ ਮੌਕੇ ਧੰਨਵਾਦ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਭਾਰਤੀ ਧਵਨ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ, ਡਾ: ਵਰਿੰਦਰਪਾਲ ਕੌਰ ਜ਼ਿਲ੍ਹਾ ਟੀਕਾਕਰਨ ਅਫ਼ਸਰ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਬਾਬਾ ਸ਼ਮਸ਼ੇਰ ਸਿੰਘ ਕੋਹਰੀ ,ਵਿਰਸਾ ਸਿੰਘ ਪੰਨੂ, ਗੁਰਦੇਵ ਸਿੰਘ ਢਿੱਲੋਂ ਏਐੱਮਓ, ਗੁਰਪ੍ਰੀਤ ਸਿੰਘ ਸੰਗਤਪੁਰਾ, ਨਰਿੰਦਰ ਸਿੰਘ, ਸੁਪਰਡੈਂਟ ਪੁਸ਼ਪਿੰਦਰ ਸਿੰਘ, ਰਜਵੰਤ ਸਿੰਘ ਬਾਗੜੀਆਂ, ਗੁਰਦੇਵ ਸਿੰਘ ਢਿੱਲੋਂ ਹੈਲਥ ਸੁਪਰਵਾਈਜ਼ਰ, ਨਵਤੇਜ ਸਿੰਘ ਸੀਨੀਅਰ ਸਹਾਇਕ, ਹਰਜਿੰਦਰ ਸਿੰਘ, ਗੁਰਮੁਖ ਸਿੰਘ, ਮਨਦੀਪ ਸਿੰਘ, ਬਚਿੱਤਰ ਸਿੰਘ, ਸਿਮਰਜੀਤ ਕੌਰ, ਰਣਬੀਰ ਕੌਰ, ਬਲਜੀਤ ਕੌਰ, ਭੁਪਿੰਦਰ ਸਿੰਘ ਹੈਲਥ ਸੁਪਰਵਾਈਜ਼ਰ, ਸਲਵਿੰਦਰ ਸਿੰਘ, ਗੁਰਿੰਦਰ ਸਿੰਘ, ਅਮਰਜੀਤ ਸਿੰਘ ਢੋਟੀਆਂ, ਹਰਜੀਤ ਸਿੰਘ ਪਹੂਵਿੰਡ, ਇੰਦਰਜੀਤ ਸਿੰਘ ਭੁੱਲਰ, ਆਰੂਸ਼ ਭੱਲਾ, ਹਰਦਿਆਲ ਸਿੰਘ, ਸਿਮਰਜੀਤ ਸਿੰਘ, ਮਨਜਿੰਦਰ ਸਿੰਘ, ਜਸਪਿੰਦਰ ਸਿੰਘ, ਪ੍ਰਦੀਪ ਸਿੰਘ, ਸੁਰਜੀਤ ਸਿੰਘ, ਹਰਕੰਵਲ ਸਿੰਘ, ਪਰਮਜੀਤ ਸਿੰਘ ਕਸੇਲ, ਗੁਰਵਿੰਦਰ ਭੋਜੀਆਂ, ਰਿਤੇਸ਼ ਵਾਲੀਆ, ਅਮਰਿੰਦਰ ਸਿੰਘ, ਸਰਬਜੀਤ ਸਿੰਘ ਹੈਲਥ ਸੁਪਰਵਾਈਜ਼ਰ ਅਤੇ ਨਿਰਮਲ ਸਿੰਘ ਦੇਓ ਆਦਿ ਹਾਜ਼ਰ ਸਨ।

# ਬੱਚਿਆਂ ਤੇ ਗਰਭਵਤੀ ਔਰਤਾਂ ਦਾ ਸਮੇਂ ਸਿਰ ਟੀਕਾਕਰਨ ਕਰਵਾਇਆ ਜਾਵੇ : ਡਾ. ਸੰਦੀਪ ਕੌਰ



ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ ਗਿੱਲ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਡਾ. ਸੰਦੀਪ ਕੌਰ ਮੈਡੀਕਲ ਅਫਸਰ ਅਤੇ ਡਾ. ਕੰਵਰਪੁਨੀਤ ਸਿੰਘ ਮੈਡੀਕਲ ਅਫਸਰ ਵੱਲੋਂ ਟੀਕਾਕਰਨ ਕੈਂਪ ਲਗਾਇਆ ਗਿਆ। ਡਾ. ਸੰਦੀਪ ਕੌਰ ਨੇ ਕਿਹਾ ਕਿ 24 ਤੋਂ 30 ਅਪ੍ਰੈਲ ਤੱਕ ਵਿਸ਼ਵ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਘਰ-ਘਰ ਜਾ ਕੇ ਲੋਕਾਂ ਨੂੰ ਟੀਕਾਕਰਨ ਬਾਰੇ ਪ੍ਰੇਰਿਤ ਕਰਨਗੇ। ਡਾ. ਸੰਦੀਪ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਸਮੇਂ ਸਿਰ ਟੀਕਾਕਰਨ ਕਰਵਾਉਣ ਅਤੇ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਸਿਹਤ ਵਿਭਾਗ ਦਾ ਸਹਿਯੋਗ ਕਰਨ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਏ ਜਾਣਗੇ ਅਤੇ ਖਾਸ ਕਰਕੇ ਪ੍ਰਵਾਸੀ ਅਬਾਦੀ ਵਾਲੇ ਖੇਤਰਾਂ, ਝੁੱਗੀਆਂ, ਸਲੱਮ ਏਰੀਏ ਅਤੇ ਭੱਠੇ ਆਦਿ ਵਿੱਚ ਰਹਿਣ ਵਾਲੀਆਂ ਗਰਭਵਤੀ ਔਰਤਾਂ ਅਤੇ ਛੋਟੇ ਬੱਚਿਆਂ ਦਾ ਟੀਕਾਕਰਨ ਕਰਨਾ ਯਕੀਨੀ ਬਣਾਇਆ ਜਾਵੇਗਾ।

ਇਸ ਸਮੇਂ ਬਲਰਾਜ ਸਿੰਘ ਗਿੱਲ ਬੀਈਈ, ਰਜਵੰਤ ਕੌਰ ਰਸੂਲਪੁਰ ਐੱਲਐੱਚਵੀ, ਸੁਪਰੀਤ ਕੌਰ ਸੀਐੱਚਓ, ਜਸਪ੍ਰੀਤ ਕੌਰ ਏਐੱਨਐੱਮ ਅਤੇ ਆਸ਼ਾ ਵਰਕਰਜ਼ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਨੂੰ ਆਧੁਨਿਕ ਕਲਾਸ ਰੂਮ ਸਮਰਪਿਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਭੀਖੋਵਾਲੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਦੇ ਖੇਤਰ ਵਿੱਚ ਜ਼ਿਕਰਯੋਗ ਉਪਰਾਲੇ ਕੀਤੇ ਗਏ ਹਨ ਅਤੇ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਇਸ ਆਧੁਨਿਕ ਕਲਾਸ ਰੂਮ ਵਿੱਚ ਸਮਾਰਟ ਇੰਟਰਐਕਟਿਵ ਪੈਨਲ, ਡਿਜੀਟਲ ਸਿੱਖਿਆ ਸਾਧਨ ਅਤੇ ਬੱਚਿਆਂ ਲਈ ਸੁਵਿਧਾਜਨਕ ਬੈਠਕ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਨਵੀਂ ਤਕਨੀਕ ਨਾਲ ਸਿੱਖਣ ਦਾ ਮੌਕਾ ਮਿਲੇਗਾ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਅੱਗੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿਖੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।ਸਕੂਲਾਂ ਅੰਦਰ ਅਤਿ ਆਧੁਨਿਕ ਸਹੂਲਤਾਂ ਉਪਲੱਬਧ ਕਰਵਾਈਆਂ ਗਈਆਂ ਹਨ ਜਿਸ ਸਦਕਾ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ।ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਨਵਾਂ ਪਿੰਡ ਤੋਂ ਚੌਥੀ ਬੱਸ ਰਵਾਨਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈਟੀਓ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂ ਯਾਤਰੀਆਂ ਦੀ ਚੌਥੀ ਬੱਸ ਨੂੰ ਹਲਕਾ ਜੰਡਿਆਲਾ ਗੁਰੂ ਦੇ ਨਵਾਂ ਪਿੰਡ ਤੋਂ ਰਵਾਨਾ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਹ ਯੋਜਨਾ ਸਿਰਫ਼ ਇੱਕ ਸਰਕਾਰੀ ਪਹਿਲ ਨਹੀਂ, ਸਗੋਂ ਸਾਡੇ ਬਜ਼ੁਰਗਾਂ ਦੀ ਆਸਥਾ, ਸ਼ਰਧਾ ਅਤੇ ਆਤਮਿਕ ਸ਼ਾਂਤੀ ਨਾਲ ਜੁੜੀ ਇੱਕ ਮਹੱਤਵਪੂਰਨ ਸੇਵਾ ਹੈ।ਉਨ੍ਹਾਂ ਹੋਰ ਦੱਸਿਆ ਕਿ ਯਾਤਰੀਆਂ ਦੀ ਸੁਰੱਖਿਆ, ਆਰਾਮ ਅਤੇ ਸੁਵਿਧਾ ਨੂੰ ਸਰਕਾਰ ਵੱਲੋਂ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ ਤਾਂ ਜੋ ਹਰ ਸ਼ਰਧਾਲੂ ਆਪਣੀ ਯਾਤਰਾ ਨੂੰ ਪੂਰੀ ਸ਼ਾਂਤੀ ਅਤੇ ਆਸਥਾ ਨਾਲ ਪੂਰਾ ਕਰ ਸਕੇ।


ਕੈਬਨਿਟ ਮੰਤਰੀ ਈਟੀਓ ਨੇ ਕਿਹਾ ਕਿ ਇਸ ਯੋਜਨਾ ਦੀ ਸ਼ੁਰੂਆਤ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮੱਖਣਵਿੰਡੀ ਤੋਂ ਕੀਤੀ ਗਈ ਸੀ ਅਤੇ ਇਹ ਯੋਜਨਾ ਲਗਾਤਾਰ ਸਫ਼ਲਤਾਪੂਰਵਕ ਅੱਗੇ ਵਧ ਰਹੀ ਹੈ।ਲੋਕਾਂ ਵੱਲੋਂ ਵੀ ਇਸ ਯੋਜਨਾ ਨੂੰ ਭਰਪੂਰ ਸਹਿਯੋਗ ਅਤੇ ਸਤਿਕਾਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ ਵਿੱਚ ਹਲਕੇ ਵਿਚੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀਆਂ ਹੋਰ ਬੱਸਾਂ ਵੀ ਤੀਰਥ ਯਾਤਰਾ ਲਈ ਜਾਣਗੀਆਂ।

# ਆਸ਼ਾ ਵਰਕਰਾਂ ਵੱਲੋਂ ਖਜ਼ਾਨਾ ਮੰਤਰੀ ਨਾਲ ਮੀਟਿੰਗ; ਮੰਗਾਂ ਨੂੰ ਬੂਰ ਪੈਣ ਦੀ ਬੱਝੀ ਆਸ



ਪੱਟੀ, (ਬਲਦੇਵ ਸਿੰਘ ਸੰਧੂ)-ਪੰਜਾਬ ਸਿਵਲ ਸਕੱਤਰੇਤ ਵਿਖੇ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਸਾਂਝਾ ਮੋਰਚਾ ਪੰਜਾਬ ਦੇ ਚੇਅਰਮੈਨ ਸੁਖਵਿੰਦਰ ਕੌਰ ਸੁੱਖੀ ਮਾਨਸਾ ਦੀ ਅਗਵਾਈ ਵਿੱਚ ਚਾਰ ਕਨਵੀਨਰ ਅਮਰਜੀਤ ਕੌਰ ਰਣ ਸਿੰਘ ਵਾਲਾ, ਰਾਣੋ ਖੇੜੀ ਗਿੱਲਾਂ, ਹਰਿੰਦਰ ਕੌਰ ਸ਼ੁਤਰਾਣਾ, ਬਲਕਰਣ ਕੌਰ ਅਬੋਹਰ ਦੀ ਮੀਟਿੰਗ ਜ਼ਿਲਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ, ਸੀਮਾ ਸੋਹਲ ਜਨਰਲ ਸੈਕਟਰੀ ਝਬਾਲ, ਅਮਨਦੀਪ ਕੌਰ ਬਲਾਕ ਪ੍ਰਧਾਨ, ਰਾਜਵਿੰਦਰ ਕੌਰ ਖਜ਼ਾਨਚੀ, ਸਰਬਜੀਤ ਕੌਰ ਮੀਤ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਕੁਲਵੰਤ ਕੌਰ ਮੀਆਂਵਿੰਡ ਦੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਐੱਨ. ਐੱਚ. ਐੱਮ. ਮੈਡਮ ਐੱਮ. ਡੀ. ਮੋਨਿਕਾ ਬੱਬਰ, ਉਰਮਿਲਾ ਨਾਲ ਬਹੁਤ ਵਧੀਆ ਮਾਹੌਲ ਵਿੱਚ ਹੋਈ।ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਦੀ ਸ਼ਗਨ ਸਕੀਮ ਤਹਿਤ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਨੂੰ ਇਹ ਲਾਭ ਵੀ ਜੁਲਾਈ ਮਹੀਨੇ ਤੋਂ ਮਿਲ਼ੇਗਾ। ਇਸ ਦੀ ਲਿਖਤੀ ਚਿੱਠੀ ਜਾਰੀ ਕੀਤੀ ਗਈ। ਫਤਿਹਗੜ੍ਹ ਸਾਹਿਬ ਦੀ ਕਮਲਜੀਤ ਕੌਰ, ਕਰਮਜੀਤ ਕੌਰ ਮਲੇਰਕੋਟਲਾ ਤੇ ਮੋਗਾ ਵਿਖੇ ਆਸ਼ਾ ਫੈਸਿਲੀਟੇਟਰ ਦੀ ਖਾਲੀ ਆਸਾਮੀ ਨੂੰ ਤੁਰੰਤ ਬਹਾਲ ਕੀਤਾ ਜਾਵੇਗਾ।ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਨੂੰ ਜੁਲਾਈ ਮਹੀਨੇ ਤੋਂ 4000 ਰੁਪਏ ਮਿਲਣ ਦਾ ਯਕੀਨ ਦੁਆਇਆ ਗਿਆ। ਹੁਣ ਵੇਖਣਾ ਹੋਵੇਗਾ ਕਿ ਆਸ਼ਾ ਵਰਕਰਜ਼ ਨਾਲ ਕੀਤੇ ਸਰਕਾਰ ਦੇ ਵਾਅਦੇ ਪੂਰੇ ਹੁੰਦੇ ਹਨ ਜਾਂ ਨਹੀਂ।

# ਪਾਰਟੀ ਦੀ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਲਈ ਵਰਕਰ ਇਕਜੁੱਟ ਹੋ ਕੇ ਕੰਮ ਕਰਨ : ਦਿਨੇਸ਼ ਬੱਸੀ




ਅੰਮ੍ਰਿਤਸਰ, (ਮਨੋਜ ਕੁਮਾਰ) : ਸੀਨੀਅਰ ਕਾਂਗਰਸੀ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਦਿਨੇਸ਼ ਬੱਸੀ ਵੱਲੋਂ ਵਾਰਡ ਨੰਬਰ 32 ਵਿਚ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਨਵਨੀਤ ਸਿੰਘ ਮੰਨੂ ਜੌੜਾ ਤੇ ਵਾਰਡ ਇੰਚਾਰਜ ਰਾਜਬੀਰ ਰਾਜੂ ਨੇ ਕੀਤੀ। ਇਸ ਮੌਕੇ ਹਲਕਾ ਪੂਰਬੀ ਦੇ ਮੁੱਦਿਆਂ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਦਿਨੇਸ਼ ਬੱਸੀ ਨੇ ਕਿਹਾ ਕਿ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਲਈ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨਾ ਹੋਵੇਗਾ। ਉਨ੍ਹਾਂ ਨੇ ਹਲਕਾ ਪੂਰਬੀ ਦੇ ਵਿਕਾਸ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਤੇ ਬੁਨਿਆਦੀ ਸਹੂਲਤਾਂ ਵਿਚ ਸੁਧਾਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਹਮੇਸ਼ਾ ਲੋਕਾਂ ਦੇ ਹਿੱਤਾਂ ਲਈ ਵਚਨਬੱਧ ਰਹੀ ਹੈ ਤੇ ਆਉਣ ਵਾਲੀਆਂ ਚੋਣਾਂ ਵਿਚ ਲੋਕਾਂ ਦਾ ਭਰੋਸਾ ਜਿੱਤਣ ਲਈ ਪੂਰੀ ਤਾਕਤ ਨਾਲ ਮੈਦਾਨ ਵਿਚ ਉਤਰੇਗੀ।

ਇਸ ਮੌਕੇ ਨਵਨੀਤ ਸਿੰਘ ਮੰਨੂ ਜੌੜਾ ਤੇ ਰਾਜਬੀਰ ਰਾਜੂ ਨੇ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਰੇ ਸਾਥੀ ਇਕਜੁੱਟ ਹੋ ਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ। ਮੀਟਿੰਗ ਵਿਚ ਮਨਦੀਪ ਸਿੰਘ, ਗਗਨਦੀਪ ਸਿੰਘ, ਲੱਕੀ, ਸੋਨੂੰ, ਗੁਰਮੀਤ, ਸਾਹਿਲ, ਅਰਸ਼, ਹਰਦੇਵ, ਮਨਜੀਤ, ਸੁਖਜੀਤ ਕੌਰ, ਲਖਵਿੰਦਰ ਕੌਰ ਤੇ ਮਨਿੰਦਰ ਕੌਰ ਸਮੇਤ ਹੋਰ ਸਾਥੀ ਵੱਡੀ ਗਿਣਤੀ ਵਿਚ ਮੌਜੂਦ ਸਨ।

# ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਫੀਸਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ 22 ਲੱਖ 35 ਹਜ਼ਾਰ ਰੁਪਏ ਦੀ ਸਹਾਇਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਸਕੂਲ/ਕਾਲਜ ਦੀਆਂ ਫੀਸਾਂ ਲਈ 22 ਲੱਖ 35 ਹਜ਼ਾਰ 247 ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਸ਼੍ਰੋਮਣੀ ਕਮੇਟੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਇਹ ਰਾਸ਼ੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਰਾਏਪੁਰ ਅਤੇ ਛੱਤੀਸਗੜ੍ਹ ਦੇ ਵੱਖ-ਵੱਖ ਥਾਵਾਂ 'ਤੇ ਪੜ੍ਹਦੇ 151 ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਸਾਲ 2025-26 ਦੀਆਂ ਫੀਸਾਂ ਦੇ ਰੂਪ ਵਿਚ ਸਕੂਲਾਂ/ਕਾਲਜਾਂ ਨੂੰ ਸੌਂਪੀ।ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿਕਲੀਗਰ ਸਿੱਖ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਲਈ ਹਰ ਸਾਲ ਬੱਚਿਆਂ ਦੀਆਂ ਸਕੂਲ ਫੀਸਾਂ ਦੇ ਰੂਪ ਵਿੱਚ ਸਹਾਇਤਾ ਕਰਨ ਦਾ ਫੈਸਲਾ ਕੀਤਾ ਹੋਇਆ ਹੈ।ਇਸੇ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਵਿਦਿਅਕ ਅਦਾਰਿਆਂ ਨੂੰ ਇਹ ਫੀਸਾਂ ਭੇਜੀਆਂ ਗਈਆਂ ਹਨ।ਜਾਣਕਾਰੀ ਦਿੰਦਿਆਂ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਰਾਏਪੁਰ ਤੇ ਛੱਤੀਸਗੜ੍ਹ ਦੇ ਵੱਖ-ਵੱਖ ਸਕੂਲਾਂ ਕਾਲਜਾਂ ਵਿੱਚ ਜਾ ਕੇ ਇਥੇ ਪੜ੍ਹ ਰਹੇ ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਫੀਸਾਂ ਸਿੱਧੇ ਤੌਰ 'ਤੇ ਸਕੂਲਾਂ ਤੇ ਕਾਲਜਾਂ ਨੂੰ ਸੌਂਪੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇਹ ਫੀਸਾਂ ਦੇਣ ਦਾ ਮੰਤਵ ਸਿਕਲੀਗਰ ਸਿੱਖ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਲਈ ਸਿਖਿਅਤ ਕਰਨਾ ਹੈ, ਤਾਂ ਜੋ ਭਵਿੱਖ ਵਿਚ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ।ਇਸ ਮੌਕੇ ਉਨ੍ਹਾਂ ਨਾਲ ਇੰਚਾਰਜ ਬਲਦੇਵ ਸਿੰਘ, ਗੁਰਮਤਿ ਵਿਦਿਆਲਾ ਛੱਤੀਸਗੜ੍ਹ ਦੇ ਇੰਚਾਰਜ ਅਜੀਤ ਸਿੰਘ, ਇੰਸਪੈਕਟਰ ਚੰਚਲਦੀਪ ਸਿੰਘ ਵੀ ਮੌਜੂਦ ਸਨ।

# ਫੋਰਟਿਸ ਜਲੰਧਰ ਖੇਤਰ ਦੇ ਸਭ ਤੋਂ ਵੱਡੇ ਡਾਇਲਿਸਿਸ ਕੇਂਦਰਾਂ 'ਚੋਂ ਇੱਕ

ਜਲੰਧਰ-ਫੋਰਟਿਸ ਹਸਪਤਾਲ ਜਲੰਧਰ ਨੇ ਆਪਣੇ ਡਾਇਲਿਸਿਸ ਯੂਨਿਟਾਂ ਦਾ ਵਿਸਥਾਰ ਕਰਕੇ ਖੇਤਰ ਵਿੱਚ ਆਪਣੀਆਂ ਗੁਰਦੇ ਦੀ ਦੇਖਭਾਲ ਸੇਵਾਵਾਂ ਨੂੰ ਮਜ਼ਬੂਤ ਕੀਤਾ ਹੈ।ਅਪਗ੍ਰੇਡ ਕੀਤੇ ਡਾਇਲਿਸਿਸ ਸਹੂਲਤ ਦਾ ਉਦਘਾਟਨ ਡਾ. ਰਾਜੇਸ਼ ਗਰਗ, ਸਿਵਲ ਸਰਜਨ ਜਲੰਧਰ ਅਤੇ ਡਾ. ਵਨਿੰਦਰ ਰਿਆੜ, ਜ਼ਿਲ੍ਹਾ ਸਿਹਤ ਅਧਿਕਾਰੀ, ਜਲੰਧਰ ਨੇ ਕੀਤਾ।ਇਸ ਵਿਸਥਾਰ ਦੇ ਨਾਲ ਹਸਪਤਾਲ ਨੇ 8 ਨਵੀਆਂ ਡਾਇਲਿਸਿਸ ਮਸ਼ੀਨਾਂ ਜੋੜੀਆਂ ਹਨ, ਜਿਸ ਨਾਲ ਸਮਰੱਥਾ 41 ਮਸ਼ੀਨਾਂ ਦੀ ਹੋ ਗਈ ਹੈ।ਇਸ ਨਾਲ ਫੋਰਟਿਸ ਜਲੰਧਰ ਖੇਤਰ ਦੇ ਸਭ ਤੋਂ ਵੱਡੇ ਡਾਇਲਿਸਿਸ ਕੇਂਦਰਾਂ ਵਿੱਚੋਂ ਇੱਕ ਬਣ ਗਿਆ ਹੈ।ਯੂਨਿਟ ਵਿੱਚ ਹੁਣ 9 ਹੀਮੋਡਾਇਆਫਿਲਟਰੇਸ਼ਨ ਮਸ਼ੀਨਾਂ ਦੇ ਨਾਲ ਸਭ ਤੋਂ ਮਜ਼ਬੂਤ ਡਾਇਲਿਸਿਸ ਇੰਫਰਾਸਟ੍ਰਕਚਰ ਵਿੱਚੋਂ ਇੱਕ ਹੈ ਜੋ ਕਿ ਇੱਕ ਐਡਵਾਂਸਡ ਗਲੋਬਲ ਤਕਨਾਲੋਜੀ ਹੈ ਜੋ ਕਿ ਅਲਟਰਾ ਪਿਓਰ ਵਾਟਰ ਪ੍ਰਣਾਲੀਆਂ ਦੁਆਰਾ ਸਮਰਥਤ ਹੈ।ਉਦਘਾਟਨ ਮੌਕੇ ਬੋਲਦਿਆਂ ਡਾ. ਰਾਜੇਸ਼ ਗਰਗ ਸਿਵਲ ਸਰਜਨ ਜਲੰਧਰ ਨੇ ਕਿਹਾ ਕਿ ਮਰੀਜ਼ਾਂ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਲਈ ਉੱਨਤ ਅਤੇ ਭਰੋਸੇਮੰਦ ਡਾਇਲਿਸਿਸ ਦੇਖਭਾਲ ਤੱਕ ਪਹੁੰਚ ਬਹੁਤ ਜ਼ਰੂਰੀ ਹੈ।

# ਜਨ-ਗਣਨਾ ਲਈ ਇਕੱਲੇ ਅਧਿਆਪਕਾਂ ਦੀਆਂ ਹੀ ਲਗਾਈਆਂ ਡਿਊਟੀਆਂ

## * ਜੀ ਟੀ ਯੂ ਨੇ ਪ੍ਰਸ਼ਾਸਨਿਕ ਅਧਿਕਾਰੀ ਤੇ ਜ਼ਿਲ੍ਹਾ ਸਿੱਖਿਆ ਅਫਸਰ ਨਾਲ ਕੀਤੀ ਮੁਲਾਕਾਤ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜਨ-ਗਣਨਾ 2027 ਲਈ ਬਿਨਾਂ ਕਿਸੇ ਹੋਰ ਵਿਭਾਗ ਦੇ ਇਕੱਲੇ ਅਧਿਆਪਕਾਂ ਦੀਆਂ ਹੀ ਡਿਊਟੀਆਂ ਲਗਾਈਆਂ ਜਾਣ ਕਾਰਨ ਪੈਦਾ ਹੋਈਆਂ ਦਿੱਕਤਾਂ ਅਤੇ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ ਨੂੰ ਲੈ ਕੇ ਗੌਰਮਿੰਟ ਟੀਚਰਜ਼ ਯੂਨੀਅਨ ਗੁਰਦਾਸਪੁਰ ਦਾ ਵਫਦ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੂੰ ਮਿਲਿਆ। ਵਫਦ ਵਿੱਚ ਜੀਟੀਯੂ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਪੂਰੋਵਾਲ, ਅਨਿਲ ਕੁਮਾਰ, ਲਵਪ੍ਰੀਤ ਰੋੜਾਂਵਾਲੀ, ਕਪਲ ਸ਼ਰਮਾ, ਅਜੀਤ ਸਿੰਘ, ਅਮਨਦੀਪ, ਪਵਨ ਕੁਮਾਰ, ਪਲਵਿੰਦਰ ਸਿੰਘ, ਕੁਲਵੰਤ ਸਿੰਘ, ਦਿਲਦਾਰ ਭੰਡਾਲ, ਦਵਿੰਦਰਜੀਤ ਸਿੰਘ, ਸਤਿੰਦਰਜੀਤ,ਸਲਵਿੰਦਰ ਕੁਮਾਰ,ਹਰਜੀਤ ਸਿੰਘ, ਬਲਕਾਰ ਸਿੰਘ, ਕਮਲਦੀਪ ਸਿੰਘ, ਜਤਿੰਦਰ ਕੁਮਾਰ ਆਦਿ ਅਧਿਆਪਕ ਆਗੂ ਸ਼ਾਮਲ ਸਨ। ਅਧਿਆਪਕ ਆਗੂਆਂ ਜਾਣਕਾਰੀ ਦਿੰਦਿਆਂ ਦੱਸਿਆ ਵਫਦ ਵਲੋਂ ਜੀ. ਏ. ਟੂ ਡੀਸੀ ਗੁਰਦਾਸਪੁਰ ਕੁਲਦੀਪ ਚੰਦ ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ/ਪ੍ਰਾਇਮਰੀ) ਪਰਮਜੀਤ ਨਾਲ ਕਰਮਵਾਰ ਮੁਲਾਕਾਤ ਕਰਕੇ ਆਪਣਾ ਪੱਖ



ਰੱਖਿਆ। ਪ੍ਰਸ਼ਾਸਨਿਕ ਅਧਿਕਾਰੀ ਨੇ ਵਫਦ ਨੂੰ ਭਰੋਸ਼ਾ ਦਿੱਤਾ ਕਿ ਡਿਪਟੀ ਕਮਿਸ਼ਨਰ ਨਾਲ ਵਿਚਾਰ ਕਰਕੇ ਅਧਿਆਪਕਾਂ ਦੀਆਂ ਡਿਊਟੀਆਂ ਉਨਾਂ ਦੇ ਮੌਜੂਦਾ ਸਟੇਸ਼ਨ ਜਾਂ ਰਿਹਾਇਸੀ ਸਥਾਨਾਂ ਦੇ ਨੇੜੇ ਲਗਵਾਈਆਂ ਜਾਣਗੀਆਂ, ਅੰਗਹੀਣ, ਵਿਧਵਾ ਅਤੇ ਬਿਮਾਰ ਅਧਿਆਪਕਾਂ ਨੂੰ ਡਿਊਟੀ ਤੋਂ ਮੁਕਤ ਰੱਖਿਆ ਜਾਵੇਗਾ। ਬੀਐੱਲਓਜ਼ ਅਤੇ ਸੁਪਰਵਾਈਜ਼ਰਾਂ ਦੀ ਡਿਊਟੀ ਜਨ-ਗਣਨਾ ਵਿੱਚ ਨਹੀਂ ਲਗਾਈ ਜਾਵੇਗੀ। ਜੀਟੀਯੂ ਆਗੂਆਂ ਨੇ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਮੁਲਾਕਾਤ ਦੌਰਾਨ ਦੱਸਿਆ ਸਿੱਖਿਆ ਵਿਭਾਗ ਨੂੰ ਭਰੋਸੇ ਵਿੱਚ ਲਏ ਬਿਨਾਂ ਹੀ ਵੱਖ ਵੱਖ ਨਗਰ ਕੌਂਸਲਾਂ ਦੇ ਈ.ਓ ਦਫਤਰ ਵੱਲੋਂ ਅਧਿਆਪਕਾਂ ਦੀਆਂ ਸਿੱਧੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ, ਜਿਸ ਕਾਰਨ ਚੱਲ ਰਹੀਆਂ ਰਿਹਰਸਲਾਂ ਕਰਕੇ ਕਈ ਸਕੂਲ ਅਧਿਆਪਕਾਂ ਤੋਂ ਵਾਂਝੇ ਰਹੇ ਹਨ। ਅਧਿਆਪਕ ਆਗੂਆਂ ਕਿਹਾ ਇੱਕ ਪਾਸੇ ਸਰਕਾਰ 'ਸਿੱਖਿਆ ਕ੍ਰਾਂਤੀ' ਦੀ ਗੱਲ ਕਰ ਰਹੀ ਹੈ, ਪਰ ਦੂਜੇ ਪਾਸੇ ਅਧਿਆਪਕਾਂ ਨੂੰ ਗੈਰ-ਵਿਦਿਅਕ ਕੰਮਾਂ ਵਿੱਚ ਉਲਝਾ ਕੇ ਸਕੂਲਾਂ ਨੂੰ ਤਾਲੇ ਲਗਾਉਣ ਦੀ ਨੌਬਤ ਲਿਆਂਦੀ ਜਾ ਰਹੀ ਹੈ। ਡੀਈਓ ਨੇ ਵਿਸ਼ਵਾਸ਼ ਦਿਵਾਇਆ ਉਹ ਡਿਪਟੀ ਕਮਿਸ਼ਨਰ ਨੂੰ ਮਿਲ ਕੇ ਇਨ੍ਹਾਂ ਸਮੱਸਿਆਵਾਂ ਦਾ ਹੱਲ ਕਰਵਾਉਣਗੇ। ਏਡੀਸੀ (ਜ) ਗੁਰਦਾਸਪੁਰ ਦਾ ਪੱਖ:- ਇਸ ਸਬੰਧੀ ਏਡੀਸੀ (ਜ) ਗੁਰਦਾਸਪੁਰ ਗੁਰਸਿਮਰਨ ਸਿੰਘ ਨੇ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਇਕੱਲੇ ਅਧਿਆਪਕਾਂ ਦੀਆਂ ਹੀ ਨਹੀਂ ਹੋਰ ਵਿਭਾਗਾਂ ਦੇ ਮੁਲਾਜ਼ਮਾਂ ਦੀਆਂ ਡਿਊਟੀਆਂ ਵੀ ਜਨ-ਗਣਨਾ ਲਈ ਲਗਾਈਆਂ ਹਨ। ਇਸ ਸਬੰਧੀ ਰਿਹਸਲਾਂ ਚੱਲ ਰਹੀਆਂ ਹਨ। ਜੇ ਕਿਸੇ ਅਧਿਆਪਕ ਦੀ ਸਕੂਲ ਸੰਬੰਧਿਤ ਬਲਾਕ ਤੋਂ ਹੋਰ ਕਿਤੇ ਡਿਊਟੀ ਲਗਾਈ ਗਈ ਹੈ ਤਾਂ ਉਸਦੀ ਡਿਊਟੀ ਬਦਲ ਕੇ ਸੰਬੰਧਿਤ ਖੇਤਰ ਵਿੱਚ ਲਗਾ ਦਿੱਤੀ ਜਾਵੇ।

# ਰੰਜਿਸ਼ ਦੇ ਚਲਦਿਆਂ ਨੌਜਵਾਨ ਦਾ ਕਤਲ, ਤਿੰਨ ਦੋਸ਼ੀ ਨਾਮਜ਼ਦ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹੇ ਵਿੱਚ ਪੁਰਾਣੀ ਰੰਜਿਸ਼ ਦੇ ਚਲਦਿਆਂ ਇੱਕ ਨੌਜਵਾਨ ਦੇ ਕਤਲ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਕਾਲਾ ਸੰਘਿਆ ਰੋਡ ਸਥਿਤ ਇੱਕ ਗੈਸ ਏਜੰਸੀ ਦੇ ਨੇੜੇ ਤੋਂ ਨੌਜਵਾਨ ਨੂੰ ਪਹਿਲਾਂ ਅਗਵਾ ਕੀਤਾ ਗਿਆ, ਜਿਸ ਤੋਂ ਬਾਅਦ ਉਸ ਨੂੰ ਇੱਕ ਸੁੰਨੇ ਸਥਾਨ 'ਤੇ ਲੈ ਜਾ ਕੇ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ।ਦੱਸਿਆ ਜਾ ਰਿਹਾ ਹੈ ਕਿ ਹਮਲਾਵਰਾਂ ਨੇ ਨੌਜਵਾਨ ਨਾਲ ਇਨੀ ਜ਼ਿਆਦਾ ਮਾਰਪੀਟ ਕੀਤੀ ਕਿ ਉਹ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ। ਮਾਰਪੀਟ ਕਰਨ ਤੋਂ ਬਾਅਦ ਦੋਸ਼ੀਆਂ ਨੇ ਉਸ ਨੂੰ ਅਧਮਰੀ ਹਾਲਤ ਵਿੱਚ ਕਪੂਰਥਲਾ-ਕਰਤਾਰਪੁਰ ਰੋਡ 'ਤੇ ਛੱਡ ਦਿੱਤਾ ਅਤੇ ਮੌਕੇ ਤੋਂ ਫਰਾਰ ਹੋ ਗਏ।ਘਟਨਾ ਦੀ ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜ਼ਖਮੀ ਨੌਜਵਾਨ ਨੂੰ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ। ਪਰ ਗੰਭੀਰ ਸੱਟਾਂ ਕਾਰਨ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਪੁਲਿਸ ਮੁਤਾਬਕ ਮ੍ਰਿਤਕ ਨੌਜਵਾਨ ਅਤੇ ਦੋਸ਼ੀਆਂ ਵਿੱਚ ਪਹਿਲਾਂ ਤੋਂ ਹੀ ਵਿਵਾਦ ਚੱਲ ਰਿਹਾ ਸੀ। ਦੋਵੇਂ ਪੱਖਾਂ ਵੱਲੋਂ ਇਕ-ਦੂਜੇ ਖ਼ਿਲਾਫ਼ ਪਹਿਲਾਂ ਵੀ ਮਾਮਲੇ ਦਰਜ ਕਰਵਾਏ ਗਏ ਸਨ ਅਤੇ ਇਸੇ ਰੰਜਿਸ਼ ਦੇ ਚਲਦਿਆਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਪੁਲਿਸ ਨੇ ਇਸ ਮਾਮਲੇ ਵਿੱਚ ਤਿੰਨ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਹੈ, ਜਿਨ੍ਹਾਂ ਦੀ ਅਪਰਾਧਿਕ ਪਿਛੋਕੜ ਵੀ ਦੱਸੀ ਜਾ ਰਹੀ ਹੈ। ਫਿਲਹਾਲ ਪੁਲਿਸ ਮਾਮਲੇ ਦੀ ਗਹਿਨ ਜਾਂਚ ਕਰ ਰਹੀ ਹੈ ਤੇ ਸੰਬੰਧਤ ਲੋਕਾਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲੈਣ ਦੀ ਤਿਆਰੀ ਕਰ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਦੋਸ਼ੀਆਂ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਦਸਤਾਰ ਸਜਾਉਣ ਦਾ ਮੁਕਾਬਲਾ ਕਰਵਾਇਆ

**ਜਲੰਧਰ (ਕਮਲਜੀਤ ਥਾਬਲਕੇ)**- ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਵੱਲੋਂ ਸ੍ਰੀ ਗੁਰੂ ਅੰਗਦ ਦੇਵ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਸਤਾਰ ਸਜਾਉਣ ਦਾ ਮੁਕਾਬਲਾ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿੱਖ ਵਿਰਾਸਤ ਨਾਲ ਜੋੜਨਾ ਅਤੇ ਦਸਤਾਰ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਕਰਦਿਆਂ ਕਾਲਜ ਦੇ ਓ ਐੱਸ ਡੀ ਡਾ. ਨਵਜੋਤ ਨੇ ਆਖਿਆ ਕਿ ਦਸਤਾਰ ਸਿਰਫ਼ ਸਿਰ ਦੀ ਸਜਾਵਟ ਨਹੀਂ, ਸਗੋਂ ਪੰਜਾਬੀਆਂ ਦੀ ਪਹਿਚਾਣ ਅਤੇ ਸਨਮਾਨ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਦਸਤਾਰ ਸਾਨੂੰ ਅਨੁਸ਼ਾਸਨ, ਸਵੈਮਾਨ ਅਤੇ ਜ਼ਿੰਮੇਵਾਰੀ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਭਿਆਚਾਰਕ ਮੁੱਲਾਂ ਨੂੰ ਸਮਝਣ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ। ਡਾ. ਨਵਜੋਤ ਨੇ ਇਹ ਵੀ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਵਿੱਚ ਆਪਣੀ ਪਹਿਚਾਣ ਅਤੇ ਵਿਰਾਸਤ ਪ੍ਰਤੀ ਮਾਣ ਪੈਦਾ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਅਜਿਹੀਆਂ ਗਤੀਵਿਧੀਆਂ ਬਹੁਤ ਜ਼ਰੂਰੀ ਹਨ, ਤਾਂ ਜੋ ਨੌਜਵਾਨ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ।ਮੁਕਾਬਲੇ ਵਿੱਚ



ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਅੰਦਾਜ਼ਾਂ ਵਿੱਚ ਦਸਤਾਰ ਸਜਾ ਕੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੱਜਾਂ ਵੱਲੋਂ ਪ੍ਰਦਰਸ਼ਨ ਦੇ ਆਧਾਰ 'ਤੇ ਨਤੀਜੇ ਘੋਸ਼ਿਤ ਕੀਤੇ ਗਏ, ਜਿਸ ਵਿੱਚ ਜਗਨੂਰ ਸਿੰਘ ਪਹਿਲੇ, ਦਿਲਜਾਨਜੀਤ ਸਿੰਘ ਦੂਜੇ ਸਥਾਨ ਤੇ ਹਰਮਨਦੀਪ ਸਿੰਘ ਅਤੇ ਈਸ਼ਰਪਾਲ ਸਿੰਘ ਰੰਧਾਵਾ ਤੀਜੇ ਸਥਾਨ ਤੇ ਰਹੇ। ਲੜਕੀਆਂ ਵਿਚ ਸੁਖਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਸਮਾਗਮ ਦੀ ਸਟੇਜ ਸੰਚਾਲਨਾ ਸਿਮਰਨਪ੍ਰੀਤ ਕੌਰ ਵੱਲੋਂ ਬਹੁਤ ਹੀ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਗਈ। ਅੰਤ ਵਿੱਚ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ ਅਤੇ ਸਭ ਭਾਗੀਦਾਰਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਕਾਲਜ ਪ੍ਰਬੰਧਕਾਂ ਵੱਲੋਂ ਇਹ ਭਰੋਸਾ ਦਿੱਤਾ ਗਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਸਭਿਆਚਾਰਕ ਅਤੇ ਸਿੱਖਿਆਤਮਕ ਸਮਾਗਮ ਕਰਵਾਏ ਜਾਂਦੇ ਰਹਿਣਗੇ, ਤਾਂ ਜੋ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੋ ਸਕੇ।

# ਟ੍ਰੇਡ ਯੂਨੀਅਨ ਆਗੂ ਕਾਮਰੇਡ ਕੇਵਲ ਕ੍ਰਿਸ਼ਨ ਨੂੰ ਯਾਦ ਕਰਦਿਆਂ

ਉੱਘੇ ਟ੍ਰੇਡ ਯੂਨੀਅਨ ਆਗੂ ਤੇ ਲੰਬਾ ਸਮਾਂ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਕੌਂਸਲ ਮੈਂਬਰ ਰਹੇ ਕਾਮਰੇਡ ਕੇਵਲ ਕ੍ਰਿਸ਼ਨ 90 ਸਾਲ ਦੀ ਉਮਰ ਵਿੱਚ ਸਾਡੇ 'ਚੋਂ 12 ਅਪ੍ਰੈਲ 2026 ਨੂੰ ਵਿਛੜ ਗਏ। ਉਹਨਾਂ ਦਾ ਜਨਮ ਪਿੰਡ ਕਬੋਤਾ ਨੰਗਲ ਵਿਖੇ ਹੋਇਆ ਸੀ। ਨੰਗਲ ਡੈਮ ਅਤੇ ਨੈਸ਼ਨਲ ਖਾਦ ਫੈਕਟਰੀ ਲਗਾਉਣ ਲਈ ਪਿੰਡ ਦੀ ਜ਼ਮੀਨ ਨੂੰ ਅਕੁਆਇਰ ਕਰ ਲਿਆ ਗਿਆ। ਸਥਾਨਕ ਲੋਕਾਂ ਦੇ ਮੁੜ ਵਸੇਬੇ ਅਤੇ ਯੋਗ ਮੁਆਵਜ਼ੇ ਵਾਸਤੇ ਉਹ ਚੜ੍ਹਦੀ ਉਮਰ ਵਿੱਚ ਹੀ ਕਾਮਰੇਡ ਰਾਮ ਕਿਸ਼ਨ ਭਰੋਲੀਆ ਵੱਲੋਂ ਚਲਾਈ ਗਈ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈਣ ਲੱਗ ਪਏ।ਲਗਭਗ 16 ਸਾਲ ਦੀ ਉਮਰ ਵਿੱਚ ਲੁਧਿਆਣਾ ਸ਼ਹਿਰ ਵਿੱਚ ਰੋਜ਼ਗਾਰ ਲਈ ਆ ਗਏ ਤੇ ਹੌਜ਼ਰੀ ਵਿੱਚ ਕੰਮ ਕਰਨ ਲੱਗ ਪਏ। ਕਾਮਰੇਡ ਮਦਨ ਲਾਲ ਦੀਦੀ ਦੀ ਅਗਵਾਈ ਵਿੱਚ ਮਜ਼ਦੂਰਾਂ ਦੇ ਹੱਕਾਂ ਲਈ ਨਿਧੜਕ ਆਗੂ ਵਜੋਂ ਆਪਣੀ ਆਵਾਜ਼ ਬੁਲੰਦ ਕਰ ਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਮੈਂਬਰ ਬਣ ਗਏ। ਹੌਜ਼ਰੀ ਮਜ਼ਦੂਰਾਂ ਦੇ ਹੱਕਾਂ ਦੀ ਅਗਵਾਈ ਕਰਦੇ ਉਹ ਹੋਰ ਏਟਕ ਨਾਲ ਸੰਬੰਧਿਤ ਲੁਧਿਆਣਾ ਹੌਜ਼ਰੀ ਵਰਕਰਜ਼ ਯੂਨੀਅਨ ਦੇ ਜਨਰਲ ਸਕੱਤਰ ਬਣੇ।1967 ਵਿੱਚ ਬੈਂਕਾਂ ਦੇ ਕੌਮੀਕਰਨ ਲਈ ਚਲਾਈ ਗਈ ਮੁਹਿੰਮ ਦੌਰਾਨ ਅਨੇਕਾਂ ਵਾਰ ਪੁਲਿਸ ਵੱਲੋਂ ਗ੍ਰਿਫਤਾਰ ਕੀਤੇ ਗਏ।1974 ਵਿੱਚ ਕਮਿਊਨਿਸਟ ਪਾਰਟੀ ਦੇ ਸੱਦੇ ਤੇ ਕਿਸਾਨ ਸਭਾ, ਟ੍ਰੇਡ ਯੂਨੀਅਨ ਤੇ ਪਿੰਡ ਦੇ ਮਜ਼ਦੂਰਾਂ ਵੱਲੋਂ ਸਾਂਝੇ ਸੰਘਰਸ਼ ਅਧੀਨ ਲਗਭਗ ਦੋ ਮਹੀਨੇ ਜੇਲ੍ਹ ਬੰਦ ਰਹੇ।ਉਹਨਾਂ ਦੀ ਪਤਨੀ ਰਕਸ਼ਾ ਰਾਣੀ ਨੇ ਘਰੇਲੂ ਮੁਸ਼ਕਿਲਾਂ ਦੇ ਬਾਵਜੂਦ ਹਮੇਸ਼ਾ ਕਾਮਰੇਡ ਕੇਵਲ ਕ੍ਰਿਸ਼ਨ ਦਾ ਸਾਥ ਦਿੱਤਾ। ਉਨ੍ਹਾ ਦੇ ਦੋ ਬੇਟੇ ਡਾਕਟਰ ਦਿਨੇਸ਼ ਕੁਮਾਰ, ਨਰੇਸ਼ ਕੁਮਾਰ ਤੇ ਇੱਕ ਬੇਟੀ ਕੀਰਤੀ ਹੈ।

ਉਹਨਾਂ ਦੇ ਬੱਚੇ ਵੀ ਕਮਿਊਨਿਸਟ ਪਾਰਟੀ ਪ੍ਰਤੀ ਸਹਿਯੋਗ ਦੀ ਭਾਵਨਾ ਰੱਖਦੇ ਹਨ। ਉਨਾਂ ਆਪਣੇ ਭਰਾਵਾਂ ਅਤੇ ਰਿਸ਼ਤੇਦਾਰਾਂ ਨੂੰ ਵੀ ਲਹਿਰ ਨਾਲ ਅੱਗੇ ਵੱਧਣ ਲਈ ਪ੍ਰੇਰਤ ਕੀਤਾ। ਕਾਮਰੇਡ ਸਤਵੰਤ ਸਿੰਘ ਗਰੇਵਾਲ ਐਡਵੋਕੇਟ ਦੀ ਮੌਤ ਤੋਂ ਬਾਅਦ ਉਹ ਲੁਧਿਆਣਾ ਸ਼ਹਿਰ ਦੀ ਪਾਰਟੀ ਦੇ ਸਕੱਤਰ ਬਣਾਏ ਗਏ।



ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਪਾਰਟੀ ਸੰਗਠਨ ਵੱਲ ਖਿੱਚਣ ਲਈ ਵਿਸ਼ੇਸ਼ ਧਿਆਨ ਦਿੰਦੇ ਰਹੇ। 1978 ਵਿੱਚ ਸਰਕਾਰ ਵੱਲੋਂ ਬਣਾਈ ਗਈ ਲੇਬਰ ਕਲੋਨੀ ਵਿੱਚ ਸੈਂਕੜੇ ਕੰਮ ਕਰਨ ਵਾਲੇ ਵਰਕਰਾਂ ਨੂੰ ਮਕਾਨਾਂ ਦੀ ਅਲਾਟਮੈਂਟ ਕਰਾਉਣ ਵਿੱਚ ਕਾਮਰੇਡ ਸੀਤਾ ਰਾਮ ਦੇ ਮੁੱਖ ਸਹਿਯੋਗੀ ਰਹੇ। ਮੁਹੱਲੇ ਵਿੱਚ ਸੁਧਾਰ ਕਮੇਟੀ ਦੇ ਵੀ ਆਗੂ ਸਨ।1978 ਦੇ ਵਿੱਚ ਪਾਰਟੀ ਵੱਲੋਂ ਮਹਿੰਗਾਈ ਵਿਰੁੱਧ ਅੰਦੋਲਨ ਚਲਾਇਆ ਗਿਆ ਜਿਸ ਵਿੱਚ ਦੁਬਾਰਾ ਗ੍ਰਿਫਤਾਰ ਹੋਏ ਤੇ ਲਗਭਗ ਇੱਕ ਮਹੀਨਾ ਜੇਲ ਬੰਦ ਰਹੇ।

ਦਿਲ ਦਾ ਦੌਰਾ ਪੈਣ ਉਪਰੰਤ ਤੇ ਨੌਜਵਾਨ ਜਵਾਈ ਦੀ ਮੌਤ ਦਾ ਦੁੱਖ ਝੱਲਦੇ ਹੋਏ ਵੀ ਉਹ ਕਾਮਰੇਡ ਓਮ ਪ੍ਰਕਾਸ਼ ਮਹਿਤਾ ਅਤੇ ਅਨੇਕ ਹੋਰ ਸਾਥੀਆਂ ਨਾਲ ਮਿਲ ਕੇ ਲਗਾਤਾਰ ਟ੍ਰੇਡ ਯੂਨੀਅਨ ਦੀ ਸਰਗਰਮੀਆਂ ਵਿੱਚ ਭਾਗ ਲੈਂਦੇ ਰਹੇ। ਪਿਛਲੇ ਕੁਝ ਸਾਲਾਂ ਤੋਂ ਸਿਹਤ ਠੀਕ ਨਾ ਹੋਣ ਦੇ ਬਾਵਜੂਦ ਉਹ ਲੰਬਾ ਸਮਾਂ ਲੁਧਿਆਣਾ ਸ਼ਹਿਰ ਅੰਦਰ ਟ੍ਰੇਡ ਯੂਨੀਅਨ ਵਲੋਂ ਚਲਾਈਆਂ ਗਈਆਂ ਕਾਰਵਾਈਆਂ ਵਿੱਚ ਸਰਗਰਮ ਰਹੇ ਤੇ ਮਜ਼ਦੂਰਾਂ ਦੇ ਹੱਕਾਂ ਲਈ ਨਿਰਪੱਖ ਤੇ ਇਮਾਨਦਾਰੀ ਨਾਲ ਅਗਵਾਈ ਕਰਦੇ ਰਹੇ। ਲਗਭਗ ਸਾਰੀਆਂ ਹੀ ਯੂਨੀਅਨਾਂ ਦੇ ਆਗੂ ਉਹਨਾਂ ਦਾ ਵਿਸ਼ੇਸ਼ ਸਨਮਾਨ ਕਰਦੇ ਸਨ ਅਤੇ ਵੱਡੀ ਗਿਣਤੀ ਵਿੱਚ ਸਾਥੀ ਉਹਨਾਂ ਦੇ ਸਸਕਾਰ ਤੇ ਪਹੁੰਚੇ ਸਨ। ਉਹਨਾਂ ਦੀ ਸ਼ੋਕ ਸਭਾ 25 ਅਪ੍ਰੈਲ ਨੂੰ ਵਿਸ਼ਵਨਾਥ ਮੰਦਰ ਮੈਟਰੋ ਰੋਡ ਜਮਾਲਪੁਰ ਲੁਧਿਆਣਾ ਵਿੱਚ ਹੋ ਰਹੀ ਹੈ।

**ਰਮੇਸ਼ ਰਤਨ**
**ਮੋਬਾਇਲ-98142-73870**

# ਆਯੂਸ਼ਮਾਨ ਅਰੋਗਿਆ ਕੇਂਦਰ ਤੇ ਐੱਸ ਐੱਚ ਸੀ ਦਾ ਰੱਖਿਆ ਨੀਂਹ ਪੱਥਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਵਾਸੀਆਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਵਿੱਚ ਹੋਰ ਵਾਧਾ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ ਵਰਧਮਾਨ ਸਪਿਨਿੰਗ ਮਿੱਲ ਦੇ ਸਹਿਯੋਗ ਨਾਲ ਬਲਾਕ ਹਾਰਟਾ ਬਡਲਾ ਦੇ ਪਿੰਡ ਮੰਡਿਆਲਾਂ ਅਤੇ ਰਾਮ ਨਗਰ



ਉਰਫ ਢੇਹਾ ਵਿਖੇ ਮਾਨਯੋਗ ਕੈਬਨਿਟ ਮੰਤਰੀ ਡਾ.ਰਵਜੋਤ ਸਿੰਘ ਵੱਲੋਂ ਏ ਏ ਕੇ ਤੇ ਐੱਸ ਐੱਚ ਸੀ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ.ਐਚ.ਸੀ ਹਾਰਟਾ ਬਡਲਾ ਡਾ.ਮਨਪ੍ਰੀਤ ਸਿੰਘ ਬੈਂਸ, ਵਰਧਮਾਨ ਸਪਿਨਿੰਗ ਮਿੱਲ ਦੇ ਡਾਇਰੈਕਟਰ ਤਰੁਣ ਚਾਵਲਾ, ਐੱਚ ਆਰ ਹੈਡ ਗੌਰਵ ਕਪੂਰ, ਸੀ ਐੱਸ ਆਰ ਸੈਕਟਰੀ ਪ੍ਰਦੀਪ ਡਡਵਾਲ, ਸਿਵਲ ਇੰਜੀਨੀਅਰ ਨਰਿੰਦਰ ਸਿੰਘ, ਸਰਪੰਚ ਸੁੱਖਵੰਤ ਸਿੰਘ ਤੇ ਏ ਏ ਕੇ ਤੇ ਐੱਸ ਐੱਚ ਸੀ ਦੇ ਸਮੂਹ ਸਟਾਫ ਤੋਂ ਇਲਾਵਾ ਹੋਰ ਪਤਵੰਤੇ ਸੱਜਣ ਹਾਜ਼ਰ ਸਨ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਡਾ.ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਿੱਖਿਆ ਅਤੇ ਸਿਹਤ ਸਹੂਲਤਾਂ ਨੂੰ ਸੁਚੱਜੇ ਢੰਗ ਨਾਲ ਪ੍ਰਦਾਨ ਕਰਨ ਅਤੇ ਲੋਕਾਂ ਦੀ ਸਿਹਤ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਹਮੇਸ਼ਾ ਵਚਨਬੱਧ ਹੈ। ਉਨਾਂ ਕਿਹਾ ਕਿ ਸਰਕਾਰ ਵਲੋਂ ਕੀਤੇ ਗਏ ਲੋਕਾਂ ਨਾਲ ਹਰ ਵਾਧੇ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਉੱਚ ਦਰਜੇ ਦੀ ਸਿਹਤ ਸਹੂਲਤ ਘਰ-ਘਰ ਤੱਕ ਪਹੁੰਚਾਉਣ ਲਈ ਆਯੂਸ਼ਮਾਨ ਅਰੋਗਿਆ ਕੇਂਦਰ ਦਾ ਖੋਲਣਾ ਇੱਕ ਮਹੱਤਵਪੂਰਨ ਕਦਮ ਹੈ।

# ਮੂਨਕਾਂ ਦੀ ਜੇਤੂ ਟੀਮ ਦਾ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਵਿਸ਼ੇਸ਼ ਸਨਮਾਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)** ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਪਿੰਡ ਮੂਨਕਾ ਦੇ ਵਾਲੀਬਾਲ ਟੂਰਨਾਮੈਂਟ ਵਿੱਚ ਜੇਤੂ ਰਹੀ ਟੀਮ ਨਤਮਸਤਕ ਹੋਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੀ।ਮਿਸ਼ਨ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਦੇ ਮੌਜੂਦਾ ਮੁਖੀ ਜਿੰਦਾ ਸ਼ਹੀਦ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਦੇ



ਦਿਸ਼ਾ-ਨਿਰਦੇਸ਼ਾਂ ਤਹਿਤ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਜੇਤੂ ਰਹੇ ਟੀਮ ਦੇ ਖਿਡਾਰੀ ਅਤੇ ਹੋਰਨਾਂ ਨੌਜਵਾਨਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ। ਇਸ ਮੌਕੇ ਨਿਰਮਲ ਸਿੰਘ, ਅਰਮਾਨ ਮੋਮੀ, ਗੌਤਮ ਮੋਮੀ, ਚੰਦਨ ਸੈਣੀ, ਜਸ਼ਨ ਸੈਣੀ, ਸਿੰਘ, ਚੰਨ, ਮਾਹੀ, ਮਨਜੀਤ, ਸੰਦੀਪ, ਸੁੱਖ, ਗੁਰਸ਼ਾਨ, ਵਿਕਰਮ, ਗੋਪੀ, ਗੌਤਮ ਸਿਮਰਨ, ਜੋਤ, ਭਿੰਦਾ, ਹਰਮਨ, ਦੀਪਕ, ਸੁਮਿਤ, ਮਾਨਵ ਦਾ ਸਨਮਾਨ ਕਰਦੇ ਹੋਏ ਬਾਬਾ ਕੁਲਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਮੂਹ ਨੌਜਵਾਨਾਂ ਵੱਲੋਂ ਖੇਡ ਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ ਅਤੇ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨਗੇ। ਇਸ ਮੌਕੇ ਬਾਬਾ ਕੁਲਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਨੌਜਵਾਨਾਂ ਨੂੰ ਉਤਸ਼ਾਹਤ ਕਰਨ ਲਈ ਗੁਰਦੁਆਰਾ ਟਾਹਲੀ ਸਾਹਿਬ ਦੇ ਸਮੁੱਚੇ ਪ੍ਰਬੰਧ ਵੱਲੋਂ ਵੀ ਨੌਜਵਾਨਾਂ ਦਾ ਸਾਥ ਦਿੱਤਾ ਜਾਵੇਗਾ, ਇਸ ਤੋਂ ਇਲਾਵਾ ਨੌਜਵਾਨਾਂ ਨੂੰ ਧਾਰਮਿਕ ਕਾਰਜਾਂ ਵਿੱਚ ਵੀ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾਵੇਗਾ। ਇਸ ਮੌਕੇ ਸੰਦੀਪ ਸਿੰਘ ਕੁਰਾਲਾ, ਸਤਵੰਤ ਸਿੰਘ ਸਹਿਬਾਜਪੁਰ, ਹਰਪ੍ਰੀਤ ਬੱਬੂ ਮੂਨਕ ਵੀ ਹਾਜ਼ਰ।

# ਸੈਣੀ ਵੱਲੋਂ ਸਪੈਸ਼ਲ ਡੀ ਜੀ ਪੀ ਨੂੰ ਪੁਸਤਕਾਂ ਭੇਟ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਤੋਂ ਨਾਮਵਰ ਸਾਹਿਤਕਾਰ ਸੰਜੀਵ ਸਿੰਘ ਸੈਣੀ ਵੱਲੋਂ ਏ ਐੱਸ ਰਾਏ (ਸਪੈਸ਼ਲ ਡੀਜੀਪੀ) ਟ੍ਰੈਫਿਕ ਤੇ ਸੜਕ ਸੁਰੱਖਿਆ ਨੂੰ ਆਪਣੀ ਲਿਖੀ ਹੋਈ ਪੁਸਤਕਾਂ ਭੇਟ ਕੀਤੀਆਂ। ਹਰ ਰੋਜ਼ ਨਾਮਵਰ ਅਖ਼ਬਾਰਾਂ ਵਿੱਚ ਲੇਖ ਛਪਦੇ ਰਹਿੰਦੇ ਹਨ। ਸੈਣੀ ਦੇ ਲੇਖ ਜੀਵਨ ਨੂੰ ਸੇਧ ਦੇਣ ਵਾਲੇ ਹੁੰਦੇ ਹਨ। ਹੁਣ ਤੱਕ ਸੈਣੀ ਨੇ ਅੱਠ ਕਿਤਾਬਾਂ ਲਿਖ ਦਿੱਤੀਆਂ ਹਨ। ਮੁੱਖ



ਮੰਤਰੀ ਹਰਿਆਣਾ, ਮੌਜੂਦਾ ਪੰਜਾਬ ਗਵਰਨਰ, ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਆਪਣੀ ਪੁਸਤਕਾਂ ਦੇ ਕੇ ਆਏ ਹਨ। ਫਿਲਮੀ ਅਦਾਕਾਰਾਂ ਨੂੰ ਵੀ ਪੁਸਤਕਾਂ ਦੇ ਕੇ ਆਏ ਹਨ।ਜ਼ਿੰਦਗੀ ਨੂੰ ਖੂਬਸੂਰਤ ਕਿਵੇਂ ਬਣਾਇਆ ਜਾ ਸਕਦਾ ਹੈ, ਸਕਾਰਾਤਮਕ ਸੋਚ ਨਾਲ ਕਿਸ ਤਰ੍ਹਾਂ ਤੁਸੀਂ ਅੱਗੇ ਵੱਧ ਸਕਦੇ ਹੋ, ਕੁਦਰਤ ਦੇ ਕੀ ਕਾਨੂੰਨ ਹਨ, ਵਾਤਾਵਰਣ ਸਬੰਧੀ, ਬੱਚਿਆਂ ਨੂੰ ਸੇਧ ਦੇਣ ਵਾਲੇ ਲੇਖ, ਸਮਾਜ ਵਿੱਚ ਇਨਸਾਨ ਦਾ ਕੀ ਰੁਤਬਾ ਹੈ, ਇਹਨਾਂ ਬਾਰੇ ਅਕਸਰ ਲੇਖ ਸੈਣੀ ਦੇ ਲੇਖ ਛੱਪ ਚੁੱਕੇ ਹਨ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਤਾਬ ਵੀ ਲਿਖੀ ਹੈ। ਨਵੀਂ ਪੁਸਤਕ ਦਾ ਨਾਂਅ ਹੈ ਨਸ਼ਾ ਨਸ ਤੇ ਜਵਾਨੀ। ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਹੈ। ਇਸ ਸਬੰਧੀ ਸੈਣੀ ਨੇ ਆਪਣੀ ਕਿਤਾਬ ਵਿੱਚ ਸਰਕਾਰ ਦੇ ਸ਼ਲਾਘਾਯੋਗ ਕੰਮਾਂ ਦਾ ਜ਼ਿਕਰ ਕੀਤਾ ਹੈ। ਸਪੈਸ਼ਲ ਡੀ ਜੀ ਪੀ ਨੇ ਸੰਜੀਵ ਸਿੰਘ ਸੈਣੀ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਕਿਹਾ ਹੈ ਕਿ ਨਿਰੰਤਰ ਤੁਹਾਡੇ ਲੇਖ ਲੋਕਾਂ ਨੂੰ ਸੇਧ ਦੇਣ ਵਾਲੇ ਹੁੰਦੇ ਹਨ। ਅਕਸਰ ਅੱਜ ਕੱਲ ਲੋਕ ਨਾਂਹਪੱਖੀ ਵਿਚਾਰਾਂ ਨਾਲ ਘਿਰ ਚੁੱਕੇ ਹਨ। ਪੁਸਤਕਾਂ ਪੜ੍ਹਨ ਦਾ ਰੁਝਾਨ ਘਟਦਾ ਜਾ ਰਿਹਾ ਹੈ। ਬੱਚਿਆਂ ਦਾ ਸਕਰੀਨ ਟਾਈਮ ਵੱਧ ਗਿਆ ਹੈ। ਸਪੈਸ਼ਲ ਡੀਜੀਪੀ ਨੇ ਸੁਨਹਿਰੇ ਭਵਿੱਖ ਲਈ ਮੁਬਾਰਕਾਂ ਦਿੱਤੀਆਂ ਹਨ। ਇਹ ਕਿਤਾਬ ਸਪਤਰਿਸ਼ੀ ਪ੍ਰਕਾਸ਼ਨ ਵੱਲੋਂ ਛਾਪੀ ਗਈ ਹੈ।

# ਅੱਜ ਬਿਜਲੀ ਬੰਦ ਰਹੇਗੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬਿਜਲੀ ਵਿਭਾਗ ਗੜ੍ਹਸ਼ੰਕਰ ਤੋਂ ਮਿਲੀ ਜਾਣਕਾਰੀ ਅਨੁਸਾਰ 25 ਅਪ੍ਰੈਲ ਨੂੰ 66 ਕੇ.ਵੀ. ਸਬ ਸਟੇਸ਼ਨ ਮੋਲਾ ਤੋਂ ਚੱਲਦੇ 11 ਕੇ.ਵੀ. ਮੋਲਾ ਵਾਹਿਦਪੁਰ ਫੀਡਰ ਦੀ ਜ਼ਰੂਰੀ ਮੁਰੰਮਤ ਹੋਣ ਕਰਕੇ ਬਿਜਲੀ ਸਪਲਾਈ ਸਵੇਰੇ 9.00 ਵਜੇ ਤੋਂ ਸ਼ਾਮ 02.00 ਵਜੇ ਤੱਕ ਬੰਦ ਰਹੇਗੀ। ਜਿਸ ਨਾਲ ਇਸ ਫੀਡਰ ਤੇ ਪੈਂਦੇ ਪਿੰਡ ਮੋਲਾ ਤੇ ਵਾਹਿਦਪੁਰ ਦੇ ਘਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਹ ਜਾਣਕਾਰੀ ਇੰਜੀ. ਲਾਜਪੱਤ ਰਾਏ ਸਹਾਇਕ ਕਾਰਜਕਾਰੀ ਇੰਜੀਨੀਅਰ, ਦਿਹਾਤੀ ਉਪ ਮੰਡਲ ਗੜ੍ਹਸ਼ੰਕਰ ਵਲੋਂ ਦਿੱਤੀ ਗਈ।

# ਏ ਜੀ ਆਈ ਇਨਫਰਾ ਰਾਜ 'ਚ ਵੱਡੇ ਪੱਧਰ 'ਤੇ ਬਾਸਕਟਬਾਲ ਨੂੰ ਪ੍ਰਮੋਟ ਕਰੇਗਾ

**ਜਲੰਧਰ (ਰਾਜੇਸ਼ ਥਾਪਾ)**- ਖੇਡਾਂ ਦੇ ਵਿਕਾਸ ਅਤੇ ਉਨ੍ਹਾਂ ਦੇ ਪ੍ਰਚਾਰ ਲਈ ਆਪਣੇ ਮਿਸ਼ਨ ਅਧੀਨ, ਅਤੇ ਨੌਜਵਾਨਾਂ ਦੀ ਤਾਕਤ ਨੂੰ ਸਹੀ ਦਿਸ਼ਾ ਵਿੱਚ ਲੈ ਜਾਣ ਲਈ ਅਤੇ ਉਨ੍ਹਾਂ ਨੂੰ ਨਸ਼ਿਆਂ



ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ, ਏ ਜੀ ਆਈ ਸਪੋਰਟਸ ਇੰਸਟੀਚਿਊਟ ਆਫ ਇੰਡੀਆ (ਜੋ ਕਿ ਏ ਜੀ ਆਈ ਇੰਫਰਾ ਲਿਮਿਟੇਡ ਦੀ ਇਕ ਇਕਾਈ) ਨੇ ਰਾਜ ਵਿੱਚ ਬਾਸਕਟਬਾਲ ਨੂੰ ਵੱਡੇ ਪੱਧਰ 'ਤੇ ਪ੍ਰਮੋਟ ਕਰਨ ਦਾ ਫੈਸਲਾ ਕੀਤਾ ਹੈ।ਏ ਜੀ ਆਈ ਇੰਫਰਾ ਲਿਮਿਟੇਡ ਜੋ ਇਲਾਕੇ ਦੀ ਇਕ ਪ੍ਰਮੁੱਖ ਰੀਅਲ ਐਸਟੇਟ ਅਤੇ ਇੰਫਰਾਸਟਰਕਚਰ ਕੰਪਨੀ ਹੈ, ਖੇਡਾਂ ਰਾਹੀਂ ਸਮਾਜ ਵਿੱਚ ਚੰਗਾ ਬਦਲਾਅ ਲਿਆਉਣ ਲਈ ਲਗਾਤਾਰ ਯਤਨ ਕਰ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਏ ਜੀ ਆਈ ਇੰਫਰਾ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ, ਏ ਜੀ ਆਈ ਇੰਫਰਾਸਟਰਕਚਰ ਪ੍ਰਾਈਵੇਟ ਲਿਮਿਟੇਡ ਦੇ ਡਾਇਰੈਕਟਰ ਵਰਿੰਦਰ ਸਿੰਘ ਅਤੇ ਏ ਜੀ ਆਈ ਮੈਜੈਸਟਿਕ ਪ੍ਰਾਈਵੇਟ ਲਿਮਿਟੇਡ ਦੇ ਨੌਜਵਾਨ ਮੈਨੇਜਿੰਗ ਡਾਇਰੈਕਟਰ ਅਭਿਜੀਤ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਨੌਜਵਾਨਾਂ ਲਈ ਆਧੁਨਿਕ ਤੇ ਅੰਤਰਰਾਸ਼ਟਰੀ ਪੱਧਰ ਦੇ ਬਾਸਕਟਬਾਲ ਕੋਰਟ ਤਿਆਰ ਕੀਤੇ ਜਾਣਗੇ। ਇਸ ਨਾਲ ਨੌਜਵਾਨਾਂ ਨੂੰ ਵਧੀਆ ਖੇਡ ਸਹੂਲਤਾਂ ਮਿਲਣਗੀਆਂ ਅਤੇ ਉਹ ਖੇਡਾਂ ਵਿੱਚ ਅੱਗੇ ਵੱਧ ਸਕਣਗੇ। ਏ ਜੀ ਆਈ ਸਪੋਰਟਸ ਇੰਸਟੀਚਿਊਟ ਆਫ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਅਤੇ ਅੰਤਰਰਾਸ਼ਟਰੀ ਪੱਧਰ ਦੇ ਖੇਡ ਆਯੋਜਕ ਅਤੇ ਪ੍ਰਮੋਟਰ ਸੁਰਿੰਦਰ ਭੰਬਰੀ ਨੇ ਦੱਸਿਆ ਕਿ ਜਲੰਧਰ ਹਾਈਟਸ-1, 66 ਫੁੱਟ ਰੋਡ, ਜਲੰਧਰ ਵਿੱਚ ਅੰਤਰਰਾਸ਼ਟਰੀ ਪੱਧਰ ਦਾ ਸਿੰਥੈਟਿਕ ਬਾਸਕਟਬਾਲ ਕੋਰਟ ਬਣਾਇਆ ਜਾ ਰਿਹਾ ਹੈ। ਇਸ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ ਅਤੇ ਇਹ ਲਗਭਗ 15 ਦਿਨਾਂ ਵਿੱਚ ਤਿਆਰ ਹੋ ਜਾਵੇਗਾ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 1 ਨੂੰ ਐਕਸ਼ਨ ਪ੍ਰੋਗਰਾਮਾਂ 'ਚ ਸ਼ਮੂਲੀਅਤ ਕਰਨ ਦਾ ਨਿਰਣਾ

**ਜਲੰਧਰ/ਮੇਹਟੀਆਣਾ (ਰਾਜੇਸ਼ ਥਾਪਾ , ਜਗਤਾਰ ਸਿੰਘ ਭੂੰਗਰਨੀ)**- ਸੰਸਾਰ ਭਰ ਦੇ ਕਿਰਤੀਆਂ ਲਈ ਕੰਮ ਦਿਹਾੜੀ ਸਮਾਂ ਅੱਠ ਘੰਟੇ ਕਰਵਾਉਣ ਲਈ ਸ਼ਿਕਾਗੋ ਦੀ ਮਹਾਨ ਧਰਤੀ ਤੇ ਕੁਰਬਾਨੀਆਂ ਦੇਣ ਵਾਲੇ ਮਹਾਨ ਸ਼ਹੀਦਾਂ ਦੀ ਯਾਦ ਵਿੱਚ 1 ਮਈ ਨੂੰ ਕਮਾਂਤਰੀ ਮਜ਼ਦੂਰ ਦਿਹਾੜਾ ਮਨਾਇਆ ਜਾਂਦਾ ਹੈ। ਇਸ ਵਾਰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਅਨੁਸਾਰ ਵੱਖ ਵੱਖ ਜਥੇਬੰਦੀਆਂ ਵੱਲੋਂ ਆਪਣੇ ਆਪਣੇ ਅਦਾਰਿਆਂ ਤੇ ਝੰਡੇ ਲਹਿਰਾਉਣ ਉਪਰੰਤ ਪੰਜਾਬ ਦੇ ਸਾਰੇ ਸ਼ਹਿਰਾਂ ਵਿੱਚ ਸਾਂਝੇ ਤੌਰ 'ਤੇ ਰੈਲੀਆਂ ਕਰਕੇ ਕੌਮਾਂਤਰੀ ਮਜ਼ਦੂਰ ਦਿਵਸ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ। ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਨੇ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਸੂਬਾ ਪੱਧਰੀ ਮੀਟਿੰਗ ਕਰਕੇ ਇਹਨਾਂ ਰੈਲੀਆਂ ਵਿੱਚ ਵੱਡੇ ਪੱਧਰ ਤੇ ਸਮੂਲੀਅਤ ਕਰਨ ਦਾ ਫੈਸਲਾ ਕੀਤਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਅਪਣਾਏ ਗਏ ਲੋਕ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਬਾਰੇ ਵਿਸਥਾਰ ਸਹਿਤ ਵਿਚਾਰ ਸਾਂਝੇ ਕੀਤੇ। ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਪਿਛਲੇ ਦਿਨੀਂ ਮਿਤੀ 8 ਅਪ੍ਰੈਲ ਨੂੰ ਦਿੱਤੇ ਗਏ ਇਤਿਹਾਸਿਕ ਫੈਸਲੇ ਬਾਰੇ ਵਿਸਤਾਰ ਸਹਿਤ ਰੌਸ਼ਨੀ ਪਾਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਚੇਅਰਮੈਨ



ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ , ਗੁਰਜੀਤ ਸਿੰਘ ਘੋੜੇਵਾਹ, ਸਵਰਨ ਸਿੰਘ ਹਠੂਰ, ਮਨਜੀਤ ਸਿੰਘ ਗਿੱਲ, ਵਿੱਤ ਸਕੱਤਰ ਪ੍ਰਿਤਪਾਲ ਸਿੰਘ ਪੰਡੋਰੀ, ਸੁੱਚਾ ਸਿੰਘ ਅਜਨਾਲਾ , ਨਸੀਬ ਸਿੰਘ ਜੜੋਤ , ਬਲਵੰਤ ਸਿੰਘ ਸੰਧੂ ਫਿਰੋਜ਼ਪੁਰ, ਬੂਟਾ ਸਿੰਘ ਭੱਟੀ ਮੋਗਾ, ਗੁਰਮੇਲ ਚੰਦ ਨਵਾਂ ਸ਼ਹਿਰ, ਵਿਜੇ ਕੁਮਾਰ ਜਲੰਧਰ , ਨਿਰਵੈਰ ਸਿੰਘ ਅੰਮ੍ਰਿਤਸਰ, ਸਵਰਨ ਸਿੰਘ ਤਰਨ ਤਾਰਨ ਅਤੇ ਗੁਰਮੀਤ ਸਿੰਘ ਚੰਡੀਗੜ੍ਹ ਨੇ ਪਿਛਲੇ ਸਮੇਂ ਦੌਰਾਨ ਦੌਰਾਨ ਹੋਏ ਵੱਖ ਵੱਖ ਐਕਸ਼ਨ ਪ੍ਰੋਗਰਾਮਾਂ ਦਾ ਰੀਵਿਊ ਕਰਦੇ ਹੋਏ ਆਪਣੇ ਵਿਚਾਰ ਪੇਸ਼ ਕੀਤੇ । ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਏਟਕ ਵੱਲੋਂ ਸਾਰੇ ਕਿਰਤੀਆਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਤੇ ਘੱਟੋ ਘੱਟੋ ਉਜਰਤਾਂ ਵਿੱਚ ਵਾਧਾ ਕਰਵਾਉਣ ਲਈ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 14 ਮਈ ਨੂੰ ਕਿਰਤ ਕਮਿਸ਼ਨਰ ਮੋਹਾਲੀ ਦੇ ਦਫਤਰ ਸਾਹਮਣੇ ਦਿੱਤੇ ਜਾ ਰਹੇ ਸੂਬਾ ਪੱਧਰੀ ਧਰਨੇ ਵਿੱਚ ਅਤੇ 17 ਮਈ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਤੇ ਸੱਦੇ ਅਨੁਸਾਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿੱਚ ਪੰਜਾਬ ਪੈਨਸ਼ਨਰ ਯੂਨੀਅਨ ਸੰਬੰਧਤ ਏਟਕ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਮਨਜੀਤ ਸਿੰਘ ਮਨਸੂਰਾਂ, ਪਵਿੱਤਰ ਸਿੰਘ ਲੁਧਿਆਣਾ, ਵੇਦ ਪ੍ਰਕਾਸ਼ ਬਟਾਲਾ, ਬਲਵਿੰਦਰ ਸਿੰਘ ਬਟਾਲਾ, ਜਗਸੀਰ ਸਿੰਘ, ਅਜਮੇਰ ਸਿੰਘ ਮੋਗਾ, ਜਗਦੀਸ਼ ਸਿੰਘ ਜਗਰਾਉਂ, ਸੰਤੋਖ ਸਿੰਘ ਜਲੰਧਰ, ਵਿਜੇ ਕੁਮਾਰ ਸ਼ਰਮਾ, ਜੰਗੀਰ ਸਿੰਘ ਜਲੰਧਰ, ਗੁਰਮੁਖ ਸਿੰਘ, ਦਲਜੀਤ ਸਿੰਘ ਜਗਰਾਓਂ, ਸੱਤ ਪਾਲ ਚੰਡੀਗੜ੍ਹ, ਹਰਬੰਸ ਸਿੰਘ ਸੈਣੀ ਰੋਪੜ, ਰਜਿੰਦਰ ਸਿੰਘ, ਦਵਿੰਦਰ ਕੁਮਾਰ ਨਵਾਂ ਸ਼ਹਿਰ, ਬਲਦੇਵ ਸਿੰਘ, ਯਸ਼ਪਾਲ , ਭੁਪਿੰਦਰ ਸਿੰਘ ਭਿੰਦਾ ਮੋਗਾ ਤੇ ਦਲੇਰ ਸਿੰਘ ਆਦਿ ਹਾਜ਼ਰ ਸਨ।

# ਨਲਹੋਟੀ ਹੇਠਲੀ ਵਿਖੇ ਵੇਰਕਾ ਵੱਲੋਂ ਦੁੱਧ ਉਤਪਾਦਕ ਨੂੰ ਮੁਆਵਜ਼ੇ ਦਾ ਚੈੱਕ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**- ਵੇਰਕਾ ਮਿਲਕ ਪਲਾਂਟ ਮੋਹਾਲੀ ਦੇ ਡਾਇਰੈਕਟਰ ਸੁਰਜੀਤ ਸਿੰਘ ਕਾਹਲੋਂ ਵਲੋਂ ਦੁੱਧ ਉਤਪਾਦਕਾਂ ਨਾਲ ਵੱਖ ਵੱਖ ਸਕੀਮਾਂ ਸਬੰਧੀ ਮੀਟਿੰਗ ਕੀਤੀ ਗਈ ਜਿਸ ਦੌਰਾਨ ਵੇਰਕਾ ਵਲੋਂ ਕਿਸਾਨਾਂ ਨੂੰ ਮਿਲਣ ਵਾਲੀਆਂ ਸਹੂਲਤਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਵੇਰਕਾ ਦੇ ਡਾਇਰੈਕਟਰ ਸੁਰਜੀਤ ਸਿੰਘ ਕਾਹਲੋਂ ਵਲੋਂ ਬੀਤੇ ਦਿਨੀਂ ਦੁੱਧ ਉਤਪਾਦਕ ਦਰਸ਼ਨ ਸਿੰਘ ਕਾਹਲੋਂ ਦੀ ਮਰੀ ਹੋਈ ਮੱਝ ਦੇ ਮੁਆਵਜ਼ੇ



ਦਾ 40 ਹਜ਼ਾਰ ਦਾ ਚੈੱਕ ਮੁਆਵਜ਼ੇ ਵਜੋਂ ਭੇਟ ਕੀਤਾ ਗਿਆ। ਇਸ ਮੌਕੇ ਰਾਜਵੀਰ ਸਿੰਘ ਐਮ ਪੀ ਐਸ, ਅਮਰਜੀਤ ਸਿੰਘ ਐਮ ਪੀ ਏ, ਦਰਸ਼ਨ ਸਿੰਘ ਕਾਹਲੋਂ ਰਾਮ ਆਸਰਾ, ਸ਼ਿੰਦਾ ਸੈਕਟਰੀ, ਕਾਕੂ ਹਰੀਪੁਰ, ਹਰਮੇਸ਼ ਸਿੰਘ, ਮਨੋਹਰ ਲਾਲ ਦੋਧੀ ਆਦਿ ਹਾਜ਼ਰ ਸਨ।

# ਬਸਪਾ ਵੱਲੋਂ ਅੱਜ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ

**ਜਲੰਧਰ (ਰਾਜੇਸ਼ ਥਾਪਾ)**- ਬਹੁਜਨ ਸਮਾਜ ਪਾਰਟੀ (ਜਲੰਧਰ ਪੱਛਮੀ) ਵੱਲੋਂ ਡਾ. ਬੀ ਆਰ ਅੰਬੇਡਕਰ ਦੇ 135ਵੇਂ ਜਨਮ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਪ੍ਰੋਗਰਾਮ 25 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਅੱਡਾ ਬਸਤੀ ਦਾਨਿਸ਼ਮੰਦਾ, ਨਜ਼ਦੀਕ ਚੁੰਗੀ ਨੰਬਰ 9 ਵਿਖੇ ਸ਼ਾਮ 5:00 ਵਜੇ ਸ਼ੁਰੂ ਹੋਵੇਗਾ। ਇਸ ਸਮਾਗਮ ਵਿੱਚ ਬਸਪਾ ਪੰਜਾਬ ਦੇ ਪ੍ਰਧਾਨ ਤੇ ਸਾਬਕਾ ਰਾਜ ਸਭਾ ਮੈਂਬਰ ਡਾ. ਅਵਤਾਰ ਸਿੰਘ ਕਰੀਮਪੁਰੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਸੰਗਤਾਂ ਨਾਲ ਬਾਬਾ ਸਾਹਿਬ ਦੇ ਵਿਚਾਰ ਸਾਂਝੇ ਕਰਨਗੇ। ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਐਡਵੋਕੇਟ ਬਲਵਿੰਦਰ ਕੁਮਾਰ (ਜਨਰਲ ਸਕੱਤਰ, ਬਸਪਾ ਪੰਜਾਬ), ਜਸਵੰਤ ਰਾਏ (ਦਫ਼ਤਰ ਸਕੱਤਰ), ਸਲਵਿੰਦਰ ਕੁਮਾਰ (ਪ੍ਰਧਾਨ, ਜਲੰਧਰ ਸ਼ਹਿਰੀ), ਪਰਮਜੀਤ ਮੱਲ (ਖ਼ਜ਼ਾਨਚੀ, ਪੰਜਾਬ) ਤੇ ਜਗਦੀਸ਼ ਦਿਸ਼ਾ (ਜ਼ਿਲ੍ਹਾ ਕੋਆਰਡੀਨੇਟਰ) ਵੀ ਹਾਜ਼ਰ ਰਹਿਣਗੇ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਬਹੁਜਨ ਕ੍ਰਾਂਤੀਕਾਰੀ ਗਾਇਕ ਵਿੱਕੀ ਬਹਾਦਰਕੇ ਹੋਣਗੇ, ਜੋ ਆਪਣੀ ਗਾਇਕੀ ਰਾਹੀਂ ਮਿਸ਼ਨਰੀ ਗੀਤ ਤੇ ਬਾਬਾ ਸਾਹਿਬ ਦੀ ਜੀਵਨੀ ਪੇਸ਼ ਕਰਨਗੇ। ?ਇਸ ਪ੍ਰੋਗਰਾਮ ਦੀ ਰੂਪ-ਰੇਖਾ ਪ੍ਰਿਤਪਾਲ ਸਿੰਘ (ਇੰਚਾਰਜ, ਜਲੰਧਰ ਪੱਛਮੀ), ਕਰਮਚੰਦ (ਪ੍ਰਧਾਨ, ਜਲੰਧਰ ਪੱਛਮੀ), ਇੰਦਰਪਾਲ (ਉਪ ਪ੍ਰਧਾਨ), ਮਨੀਸ਼ ਯਾਦਵ (ਜਨਰਲ ਸਕੱਤਰ), ਗਿਰਧਾਰੀ ਲਾਲ (ਖ਼ਜ਼ਾਨਚੀ) ਵਿਜੇ ਯਾਦਵ ਕੋ ਕੁਆਰਡੀਨੇਟਰ, ਜਲੰਧਰ , ਦਵਿੰਦਰ ਗੋਗਾ ਕੌਂਸਲਰ,ਕੁਲਦੀਪ ਬੰਗੜ ਸੀਨੀਅਰ ਬਸਪਾ ਆਗੂ, ਮਨੀ ਸਹੋਤਾ ਇੰਚਾਰਜ ਵੀਵੀਐਫ, ਡਿਸਟਰਿਕਟ ਜਲੰਧਰ ਬਲਜੀਤ ਕੁਮਾਰ ਸੀਨੀਅਰ ਆਗੂ ਬਸਪਾ, ਮਨੀ ਹੰਸ ਸਮੂਹ ਜਲੰਧਰ ਪੱਛਮੀ ਦੀ ਟੀਮ ਵੱਲੋਂ ਉਲੀਕੀ ਗਈ ਹੈ। ਬਸਪਾ ਆਗੂਆਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਬਾਬਾ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਨਾਲ ਜੁੜਨ। ਇਹ ਜਾਣਕਾਰੀ ਐਡਵੋਕੇਟ ਪ੍ਰਿਤਪਾਲ ਸਿੰਘ ਹਲਕਾ ਇੰਚਾਰਜ ਜਲੰਧਰ ਵੈਸਟ ਨੇ ਦਿਤੀ।



# ਕੰਗਣੀਵਾਲ ਬੇਈਂ ਦਾ ਪੁਲ ਨਾ ਬਣਨ 'ਤੇ ਬਾਲੀ ਨੇ ਦਿੱਤਾ ਧਰਨਾ

**ਨੂਰਮਹਿਲ (ਰਜੇਸ਼ ਥਾਪਾ)**- ਸਮਾਜ ਸੇਵਕ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਵੱਲੋਂ ਕੰਗਣੀਵਾਲ ਦੇ ਬੇਈ ਵਾਲਾ ਪੁੱਲ ਨਾ ਬਣਨ ਕਾਰਨ ਲਗਾਤਾਰ 2 ਘੰਟੇ ਧਰਨਾ ਲਾਇਆ। ਬਾਲੀ ਨੇ ਦੱਸਿਆ ਕਿ ਅਸੀਂ ਜਿਸ



ਵਿੱਚ ਮੈਂ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ, ਪੇਂਡੂ ਮਜ਼ਦੂਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ, ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਕਮੇਟੀ ਦੇ ਟਰੱਸਟੀ ਭੈਣ ਸੁਰਿੰਦਰ ਕੁਮਾਰੀ ਕੋਛੜ, ਸ਼੍ਰੋਮਣੀ ਰੰਗਰੇਟਾ ਦਲ ਪੰਜਾਬ ਦੇ ਚੇਅਰਮੈਨ ਬਲਵੀਰ ਸਿੰਘ ਚੀਮਾ ਆਦਿ ਵਲੋਂ ਇਸ ਕੰਗਣੀਵਾਲ ਬੇਈ ਦੇ ਪੁੱਲ ਨੂੰ ਬਣਾਉਣ ਵਾਸਤੇ ਮੰਗ ਪੱਤਰ, ਡਿਪਟੀ ਕਮਿਸ਼ਨਰ ਜਲੰਧਰ, ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਤੇ ਮੁੱਖ ਮੰਤਰੀ ਦੇ ਮੁੱਖ ਸਲਾਹਕਾਰ ਜਲੰਧਰ ਨੂੰ ਮੰਗ ਪੱਤਰ ਸੌਂਪਿਆ। ਇਸ ਤੋਂ ਇਲਾਵਾ ਬਾਲ ਕ੍ਰਿਸ਼ਨ ਬਾਲੀ ਵੱਲੋਂ ਪਿਛਲੇ ਲਗਭਗ 5 ਕੁ ਮਹੀਨਿਆਂ ਦੇ ਦੋਰਾਨ ਲਗਾਤਾਰ ਦੋ-ਦੋ ਘੰਟੇ ਧਰਨਾ ਵੀ ਦਿੱਤਾ ਗਿਆ।ਪਰ ਬੇਈ ਦੇ ਪੁੱਲ ਬਣਾਉਣ ਵਾਲੇ ਠੇਕੇਦਾਰ ਵਲੋਂ ਸਿਰਫ ਪੰਦਰਾਂ ਦਿਨ ਜਾਂ 20 ਕੁ ਦਿਨ ਹੀ ਕੰਮ ਕਰਦੇ ਹ ਤੇ ਫਿਰ ਕਈ, ਕਈ ਦਿਨ ਕੰਮ ਬੰਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਜਲੰਧਰ ਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ ਕਿ ਹੋਰ 2 ਮਹੀਨੇ ਰਹਿ ਗਏ ਹਨ ਬਰਸਾਤਾਂ ਆਉਣ ਵਾਲੀਆਂ ਹਨ। ਕੋਈ ਘਟਨਾ ਨਾ ਵਾਪਰੇ ਇਸ ਤੋਂ ਪਹਿਲਾਂ ਬੇਈ ਵਾਲਾ ਪੁੱਲ ਬਣਾਇਆ ਜਾਵੇ।

# ਸੜ ਗਈ ਕਣਕ ਦੇ ਪੀੜਤ ਕਿਸਾਨਾਂ ਦੀ ਸਰਕਾਰ ਸਾਰ ਲਵੇ : ਹੀਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਮਾਹਿਲਪੁਰ ਥਾਣਾ ਚੱਬੇਵਾਲ ਦੇ ਅਧੀਨ ਪੈਂਦੇ ਪਿੰਡ ਨੰਗਲ ਖਿਲਾੜੀਆਂ ਤੇ ਸੇਰਪੁਰ ਦੇ ਖੇਤਾਂ ਵਿੱਚ ਕਿਸਾਨਾਂ ਕਣਕ ਦੀ ਫ਼ਸਲ ਸੜ੍ਹ ਕੇ ਸੁਆਹ ਹੋ ਗਈ। ਬਾਅਦ ਦੁਪਹਿਰ ਜਦੋਂ ਕਿਸਾਨ ਲਾਗਲੇ ਖੇਤਾਂ



ਵਿੱਚ ਕਣਕ ਦੀ ਵਾਢੀ ਕਰਵਾ ਰਹੇ ਸਨ ਤਾਂ ਦੇਖਿਆ ਕਿ ਜਤਿੰਦਰ ਸਿੰਘ ਪੁੱਤਰ ਮਝੈਲ ਸਿੰਘ ਦੇ ਖੇਤ 'ਚੋਂ ਅੱਗ ਦੀਆਂ ਲਪਟਾਂ ਦਿਖਾਈ ਦਿੱਤੀਆਂ ਜੋ ਇੱਕਦਮ ਭਿਆਨਕ ਰੂਪ ਧਾਰਨ ਕਰ ਗਈਆਂ। ਜਿਸ ਨਾਲ ਕਿਸਾਨਾਂ ਦੀ ਬਿਲਕੁਲ ਤਿਆਰ ਕਣਕ ਦੀ ਫ਼ਸਲ ਸੜ੍ਹ ਕੇ ਸੁਆਹ ਹੋ ਗਈ।ਪੀੜ੍ਹਤ ਕਿਸਾਨਾਂ ਨੇ ਖੁਦ ਇਕੱਠੇ ਹੋ ਕੇ ਪਾਣੀ ਦੇ ਟੈਂਕਰਾਂ ਰਾਹੀਂ ਛਿੜਕਾਅ ਤੇ ਟਰੈਕਟਰਾਂ ਨਾਲ ਖੇਤ ਵਾਹ ਜਾਨ ਜੋਖ਼ਮ ਵਿੱਚ ਪਾ ਕੇ ਅੱਗ ਨੂੰ ਜ਼ਿਆਦਾ ਰਕਬੇ 'ਚ ਫੈਲਣ ਤੋਂ ਰੋਕਿਆ। ਬਾਅਦ 'ਚ ਫਾਇਰ ਬ੍ਰਿਗੇਡ ਵੀ ਕਿਸਾਨਾਂ ਦੀ ਮੱਦਦ ਲਈ ਮੌਕੇ 'ਤੇ ਪਹੁੰਚ ਗਈ। ਜਿਸ ਨਾਲ ਬਹੁਤ ਵੱਡਾ ਨੁਕਸਾਨ ਹੋਣ ਤੋਂ ਤਾਂ ਬਚਾਅ ਹੋ ਗਿਆ । ਪੀੜ੍ਹਤ ਕਿਸਾਨਾਂ ਰਣਜੀਤ ਸਿੰਘ ਪੁੱਤਰ ਅਵਤਾਰ ਸਿੰਘ ਨੁਕਸਾਨਿਆ ਰਕਬਾ ਸੇਰਪੁਰ, ਜਤਿੰਦਰ ਸਿੰਘ ਪੁੱਤਰ ਮਝੈਲ ਸਿੰਘ ਰਕਬਾ ਨੰਗਲ ਖਿਲਾੜੀਆਂ ਤੇ ਬ੍ਰਹਮਜੋਤ ਸਿੰਘ ਪੁੱਤਰ ਦਾਨ ਸਿੰਘ ਰਕਬਾ ਸੇਰਪੁਰ ਨਾਲ ਦੁੱਖ ਵੰਡਾਉਣ ਤੇ ਹਰ ਤਰ੍ਹਾਂ ਦੀ ਸਬੰਧਿਤ ਮੱਦਦ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਚਾਰ ਸਕੱਤਰ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਮੌਕੇ 'ਤੇ ਪਹੁੰਚ ਕੇ ਕਿਸਾਨਾਂ ਦੇ ਨੁਕਸਾਨ ਦਾ ਜਾਇਜ਼ਾ ਲਿਆ ਤੇ ਉਨ੍ਹਾਂ ਨੂੰ ਸਰਕਾਰ ਕੋਲੋਂ ਨੁਕਸਾਨ ਦੀ ਭਰਪਾਈ ਕਰਵਾਉਣ ਦਾ ਭਰੋਸਾ ਦਿਵਾਇਆ। ਉਨ੍ਹਾਂ ਮੌਕੇ ਤੋਂ ਸਬੰਧਤ ਸਰਕਾਰੀ ਵਿਭਾਗਾਂ ਦੇ ਕਰਮਚਾਰੀਆਂ ਨੂੰ ਕਿਸਾਨਾਂ ਦੀ ਕਣਕ ਦੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਤੇ ਪੀੜ੍ਹਤ ਕਿਸਾਨਾਂ ਨਾਲ ਵੀ ਮਹਿਕਮੇ ਦੇ ਕਰਮਚਾਰੀਆਂ ਦੀ ਗੱਲ ਕਰਾਈ।

# ਹਰਿਆਣਾ ਵਿੱਚ ਬਣੇਗਾ ਖਿਡੌਣਾ ਉਦਯੋਗ ਲਈ ਵਿਸ਼ੇਸ਼ ਕਲੱਸਟਰ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿੱਚ ਖਿਡੌਣਾ ਉਦਯੋਗ ਨੂੰ ਪ੍ਰੋਤਸਾਹਨ ਦੇਣ ਲਈ 250 ਤੋਂ 300 ਏਕੜ ਵਿੱਚ ਇੱਕ ਵਿਸ਼ੇਸ਼ ਕਲੱਸਟਰ ਵਿਕਸਤ ਕੀਤਾ ਜਾਵੇਗਾ।



ਖਿਡੌਣਾ ਉਦਯੋਗ ਕਲੱਸਟਰ ਵਿਕਸਤ ਹੋਣ ਨਾਲ ਨਾ ਸਿਰਫ਼ ਹਰਿਆਣਾ ਦੇ ਉਦਯੋਗ ਜਗਤ ਨੂੰ ਨਵੀਂ ਪਛਾਣ ਮਿਲੇਗੀ ਸਗੋਂ ਨਿਰਯਾਤ ਵਧਣ ਨਾਲ ਦੇਸ਼ ਦੀ ਆਰਥਿਕਤਾ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਇਹ ਜਾਣਕਾਰੀ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦਿੱਤੀ। ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਤੇ ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਬਡੌਲੀ ਵੀ ਮੌਜੂਦ ਸਨ। ਮੁੱਖ ਮੰਤਰੀ ਦੀ ਅਗਵਾਈ ਹੇਠ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਹਰਿਆਣਾ ਦੀ ਨਵੀਂ ਉਦਯੋਗ ਨੀਤੀ 2026 ਦੇ ਫਾਈਨਲ ਡਰਾਫਟ ਨੂੰ ਲੈ ਕੇ ਦੋ ਦਿਨਾਂ ਉੱਚ ਪੱਧਰੀ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਖੇਤਰਾਂ ਦੇ ਹਿੱਤਧਾਰਕਾਂ ਨੇ ਹਿੱਸਾ ਲਿਆ। ਕਰੀਬ 40 ਵਫਦਾਂ ਨੇ ਨੀਤੀ ਦੇ ਪ੍ਰਾਵਧਾਨਾਂ ਦੀ ਸ਼ਲਾਘਾ ਕਰਦੇ ਹੋਏ ਆਪਣੇ ਸੁਝਾਅ ਵੀ ਪੇਸ਼ ਕੀਤੇ, ਜਿਨ੍ਹਾਂ ਨੂੰ ਨਵੀਂ ਨੀਤੀ ਵਿੱਚ ਸ਼ਾਮਲ ਕੀਤਾ ਜਾਵੇਗਾ।

# ਪ੍ਰਿੰ. ਗੋਸਲ ਵੱਲੋਂ ਅਕਾਲ ਅਕੈਡਮੀ ਧਮੋਟ ਦੇ ਹੋਣਹਾਰ ਬੱਚੇ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਅਕਾਲ ਅਕੈਡਮੀ ਧਮੋਟ (ਲੁਧਿਆਣਾ) ਵਿਖੇ ਵਿਸ਼ੇਸ਼ ਫੇਰੀ ਦੌਰਾਨ ਅਕੈਡਮੀ ਦੇ ਹੋਣਹਾਰ ਬੱਚਿਆਂ ਨੂੰ ਸਵੈ-ਰਚਿਤ ਪੁਸਤਕਾਂ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅਕਾਲ ਅਕੈਡਮੀ, ਧਮੋਟ (ਲੁਧਿਆਣਾ) ਦੀ ਦਸਵੀਂ ਜਮਾਤ ਦੇ ਬੱਚਿਆਂ



ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ ਹੈ। ਗੁਰਲੀਨ ਕੌਰ, ਹਰਮਨਜੀਤ ਕੌਰ ਅਤੇ ਬਨਰੀਤ ਕੌਰ ਨੇ ਪੰਜਾਬੀ ਵਿੱਚ 99% ਅੰਕ, ਜਦਕਿ ਬਨਰੀਤ ਕੌਰ ਨੇ ਗਣਿਤ ਵਿੱਚ 97% ਸ਼ਾਨਦਾਰ ਅੰਕ ਪ੍ਰਾਪਤ ਕਰਕੇ, ਇਲਾਕੇ ਵਿੱਚ ਅਕਾਲ ਅਕੈਡਮੀ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਹਾਜ਼ਰ ਅਧਿਆਪਕਾਂ ਪਰਮਿੰਦਰ ਸਿੰਘ, ਮਨਜਿੰਦਰ ਕੌਰ, ਸੁਮਨਦੀਪ ਕੌਰ, ਹਰਿੰਦਰ ਸਿੰਘ, ਕਮਲਜੀਤ ਕੌਰ, ਪ੍ਰਿੰਸੀਪਲ ਰਾਜਵਿੰਦਰ ਕੌਰ ਅਤੇ ਹੋਰ ਅਧਿਆਪਕ ਦੀ ਸੁਚੱਜੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਇਸ ਮੌਕੇ ਅਕੈਡਮੀ ਦੀ ਪ੍ਰਿੰਸੀਪਲ ਰਾਜਵਿੰਦਰ ਕੌਰ ਵਲੋਂ ਵੀ ਹੋਣਹਾਰ ਬੱਚਿਆਂ ਨੂੰ ਸਨਮਾਨ ਦੇ ਕੇ ਉਤਸ਼ਾਹਤ ਕਰਨ ਲਈ ਪ੍ਰਿੰ. ਬਹਾਦਰ ਸਿੰਘ ਗੋਸਲ ਦਾ ਧੰਨਵਾਦ ਕੀਤਾ।

# ਗੁਰਵਿੰਦਰ ਸਿੰਘ ਸੋਨੂੰ ਨੇ 'ਆਪ' ਦਾ ਪੱਲਾ ਫੜਿਆ

**ਕਪੂਰਥਲਾ (ਮਨਜੀਤ ਮਾਨ)**- ਪਿੰਡ ਰਾਮਪੁਰ ਨਵਾਂ ਪਿੰਡ ਵਿੱਚ ਆਮ ਆਦਮੀ ਪਾਰਟੀ ਹਲਕਾ ਕਪੂਰਥਲਾ ਦੇ ਹਲਕਾ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ ਚੰਦੀ ਨੇ ਆਪਣੇ ਸਾਥੀਆਂ ਸਮੇਤ ਗੁਰਵਿੰਦਰ ਸਿੰਘ ਸੋਨੂੰ ਦੇ ਘਰ ਸ਼ਿਰਕਤ ਕੀਤੀ ਤੇ ਹਲਕਾ ਕਪੂਰਥਲਾ



ਵਿੱਚ ਹੋ ਰਹੇ ਵਿਕਾਸ ਕਾਰਜਾਂ ਤੋਂ ਜਾਣੂ ਕਰਵਾਇਆ। ਪਿੰਡ ਕਾਲਾ ਸੰਘਿਆਂ ਤੋਂ ਰਾਮਪੁਰ ਨਵਾਂ ਪਿੰਡ ਤੱਕ ਸੜਕ ਬਣ ਰਹੀ ਹੈ ਜੋ ਪਹਿਲਾਂ 11 ਫੁੱਟ ਸੀ ਉਸ ਦੀ ਚੌੜਾਈ ਹੁਣ 18 ਫੁੱਟ ਬਣੇਗੀ ਅਤੇ ਪਿੰਡ ਆਲਮਗੀਰ ਕਾਲਾ ਸੰਘਿਆਂ ਵਿੱਚ ਚੱਲ ਰਹੇ ਕੰਮਾਂ ਤੋਂ ਵੀ ਜਾਣੂ ਕਰਵਾਇਆ ਤੇ ਦੱਸਿਆ ਕਿ ਦਾਣਾ ਮੰਡੀ ਵਿੱਚ ਨਵੀਂ ਬਣ ਰਹੀ ਸ਼ੈੱਡ ਤੇ ਖੇਡਾਂ ਨੂੰ ਪਰਮੋਟ ਕਰਦਿਆਂ ਮਾਨ ਸਰਕਾਰ ਨਵੇਂ ਸਟੇਡੀਅਮ ਅਤੇ ਸਿਹਤ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਹਰ ਪਰਿਵਾਰ ਦੇ ਬਣ ਰਹੇ ਨੇ ਦਸ ਲੱਖ ਦੇ ਸਿਹਤ ਬੀਮਾ ਕਾਰਡ ਅਤੇ ਦੱਸਿਆ ਕਿ ਜੋ ਮਾਨ ਸਰਕਾਰ ਵੱਲੋਂ ਮਾਤਾਵਾਂ ਭੈਣਾਂ ਨਾਲ ਹਰ ਮਹੀਨੇ ਇੱਕ ਹਜ਼ਾਰ ਰੁਪਈਏ ਦੇਣ ਦਾ ਵਾਅਦਾ ਕੀਤਾ ਸੀ ਉਹ ਵੀ ਪੂਰਾ ਕਰ ਦਿੱਤਾ ਗਿਆ ਹੈ ਅਤੇ ਜਲਦੀ ਆਪਣੇ ਹਲਕੇ ਵਿੱਚ ਵੀ ਮਿਲਣਗੇ ਮਾਤਾਵਾਂ ਭੈਣਾਂ ਨੂੰ ਜਰਨਲ ਨੂੰ ਇੱਕ ਹਜ਼ਾਰ ਅਤੇ ਐਸ ਸੀ ਨੂੰ ਪੰਦਰਾਂ ਸੌ ਰੁਪਈਏ ਅਤੇ ਮਾਨ ਸਰਕਾਰ ਦੀਆਂ ਇਨ੍ਹਾਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਗੁਰਵਿੰਦਰ ਸਿੰਘ ਸੋਨੂੰ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ੍ਹਿਆ ਹੈ। ਇਸ ਮੌਕੇ ਰਵਿੰਦਰ ਸਿੰਘ ਗਿੰਦੀ, ਸਾਬਕਾ ਇੰਸਪੈਕਟਰ ਬਲਰਾਜ ਸਿੰਘ ਸਿੰਘ, ਜਗਦੀਪ ਸਿੰਘ ਜੱਗੀ ,ਬਲਜਿੰਦਰ ਸਿੰਘ, ਸਾਬਕਾ ਪੰਚ ਬਿੰਦਾ, ਬੂਟਾ ਸਿੰਘ, ਗੁਰਚੇਤ ਸਿੰਘ ਚੰਦੀ, ਪਵਿੱਤਰ ਸਿੰਘ ਪਿੱਤਾ, ਸੋਨੂੰ, ਹਰਦੀਪ ਸਿੰਘ, ਲੈਬਰ ਸਿੰਘ ਕਾਲਾ, ਕਾਲੂ, ਬੱਗਾ, ਸਾਬਾ ਦੋਧੀ,ਸੰਨੀ ਅਤੇ ਹੋਰ ਵੀ ਕਈ ਪਰਿਵਾਰਾਂ ਹੋਏ ਸ਼ਾਮਲ ਅਤੇ ਪਿੰਡ ਦੇ ਲੋਕਾਂ ਨੇ ਆਪਣੇ ਪਿੰਡ ਦੀਆਂ ਸਮੱਸਿਆਵਾਂ ਤੋਂ ਹਲਕਾ ਇੰਚਾਰਜ ਕਰਮਵੀਰ ਸਿੰਘ ਚੰਦੀ ਨੂੰ ਜਾਣੂ ਕਰਵਾਇਆ। ਉਨ੍ਹਾਂ ਦੇ ਨਾਲ ਪਹੁੰਚੇ ਹਲਕਾ ਸੰਗਠਨ ਇੰਚਾਰਜ ਹਿਨਾਤ ਸੰਨੀ ਠੇਕੇਦਾਰ ਨਰਿੰਦਰ ਸਿੰਘ ਸੰਘਾ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ ਵਿਜੇ ਅਰੋੜਾ ਬਲਾਕ ਪ੍ਰਧਾਨ, ਜਗਰੂਪ ਸਿੰਘ ਸੋਸ਼ਲ ਮੀਡੀਆ ਇੰਚਾਰਜ, ਦੇਬੀ ਸੁੰਨੜਵਾਲ, ਮਨਦੀਪ ਸਿੰਘ ਬਲਾਕ ਪ੍ਰਧਾਨ, ਇਹਨਾਂ ਦਾ ਸੋਨੂੰ ਦੇ ਗ੍ਰਹਿ ਵਿਖੇ ਪਹੁੰਚਣ ਤੇ ਸਵਾਗਤ ਕੀਤਾ ਗਿਆ।

# ਐੱਲ ਪੀ ਯੂ ਨੂੰ ਯੂ ਜੀ ਸੀ ਵੱਲੋਂ ਵੱਕਾਰੀ 12 (ਬੀ) ਦਰਜਾ ਪ੍ਰਦਾਨ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੂੰ ਯੂ ਜੀ ਸੀ ਐਕਟ, 1956 ਦੇ ਤਹਿਤ ਵੱਕਾਰੀ ਯੂ ਜੀ ਸੀ 12(ਬੀ) ਦਰਜਾ ਪ੍ਰਦਾਨ ਕੀਤਾ ਗਿਆ ਹੈ। ਇਹ ਪ੍ਰਵਾਨਗੀ ਇੱਕ ਮਾਹਰ ਕਮੇਟੀ ਦੁਆਰਾ ਯੂਨੀਵਰਸਿਟੀ ਦੇ



ਗੁਣਵੱਤਾ ਮਿਆਰਾਂ ਦੇ ਸਖ਼ਤ ਮੁਲਾਂਕਣ ਤੋਂ ਬਾਅਦ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੀ 596ਵੀਂ ਮੀਟਿੰਗ ਵਿੱਚ ਦਿੱਤੀ ਗਈ। ਯੂ ਜੀ ਸੀ 12(ਬੀ) ਦਰਜੇ ਦਾ ਮਿਲਣਾ ਐੱਲ ਪੀ ਯੂ ਦੀ ਉੱਤਮਤਾ, ਇਮਾਨਦਾਰੀ ਅਤੇ ਨਵੀਨਤਾ ਪ੍ਰਤੀ ਨਿਰੰਤਰ ਵਚਨਬੱਧਤਾ ਦਾ ਇੱਕ ਮਜ਼ਬੂਤ ਸਮਰਥਨ ਹੈ, ਜੋ ਇਸ ਦੇ ਫੈਕਲਟੀ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਦੇ ਸਮੂਹਿਕ ਯਤਨਾਂ ਨੂੰ ਦਰਸਾਉਂਦਾ ਹੈ।ਯੂ ਜੀ ਸੀ 12ਬੀ ਦਰਜਾ ਯੂਨੀਵਰਸਿਟੀ ਨੂੰ ਕੇਂਦਰ ਸਰਕਾਰ ਤੋਂ ਫੰਡਿੰਗ ਤੇ ਖੋਜ ਗ੍ਰਾਂਟਾਂ ਪ੍ਰਾਪਤ ਕਰਨ ਦਾ ਅਧਿਕਾਰ ਦਿੰਦਾ ਹੈ, ਇਸ ਦੀ ਭਰੋਸੇਯੋਗਤਾ, ਬੁਨਿਆਦੀ ਢਾਂਚੇ ਅਤੇ ਗੁਣਵੱਤਾ ਵਾਲੇ ਸਟਾਫ ਅਤੇ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਨ ਦੀ ਯੋਗਤਾ ਨੂੰ ਵਧਾਉਂਦਾ ਹੈ। ਇਹ ਯੂਨੀਵਰਸਿਟੀ ਦੀ ਸਾਖ ਨੂੰ ਵਧਾਉਂਦਾ ਹੈ, ਇਸਨੂੰ ਮਾਨਤਾ ਪ੍ਰਾਪਤ ਡਿਗਰੀਆਂ ਪ੍ਰਦਾਨ ਕਰਨ, ਖੋਜ ਕਰਨ, ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਅਤੇ ਵਿੱਤੀ ਸਹਾਇਤਾ ਦੁਆਰਾ ਅਕਾਦਮਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਯੋਗ ਬਣਾਉਂਦਾ ਹੈ। ਇਹ ਯੂਨੀਵਰਸਿਟੀ ਦੀ ਸਾਖ ਨੂੰ ਆਪਣੇ ਸਾਥੀਆਂ ਵਿੱਚ ਹੋਰ ਵਧਾਉਂਦਾ ਹੈ ਅਤੇ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਵਿਸ਼ਵਾਸ ਨੂੰ ਯਕੀਨੀ ਬਣਾਉਂਦਾ ਹੈ। ਇਹ ਯੂਨੀਵਰਸਿਟੀ ਦੇ ਅਕਾਦਮਿਕ ਮਿਆਰਾਂ ਦਾ ਵੀ ਪ੍ਰਮਾਣ ਹੈ, ਜੋ ਇਸਨੂੰ ਅੰਤਰਰਾਸ਼ਟਰੀ ਸਹਿਯੋਗ ਲਈ ਚੰਗੀ ਸਥਿਤੀ ਵਿੱਚ ਰੱਖਦਾ ਹੈ।ਡਾ. ਅਸ਼ੋਕ ਕੁਮਾਰ ਮਿੱਤਲ ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਕਿਹਾ ਇਹ ਬਹੁਤ ਸੰਤੁਸ਼ਟੀ ਦੀ ਗੱਲ ਹੈ ਕਿ ਐੱਲ ਪੀ ਯੂ ਨੂੰ ਯੂ ਜੀ ਸੀ 12(ਬੀ) ਦਾ ਦਰਜਾ ਦਿੱਤਾ ਗਿਆ ਹੈ। ਆਪਣੀ ਸ਼ੁਰੂਆਤ ਤੋਂ ਲੈ ਕੇ, ਯੂਨੀਵਰਸਿਟੀ ਨੇ ਭਾਰਤ ਵਿੱਚ ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਦੇ ਸਪੱਸ਼ਟ ਦ੍ਰਿਸ਼ਟੀਕੋਣ ਦੁਆਰਾ ਨਿਰਦੇਸ਼ਤ, ਅਕਾਦਮਿਕ, ਖੋਜ, ਨਵੀਨਤਾ ਅਤੇ ਖੇਡਾਂ ਸਮੇਤ ਸਾਰੇ ਮੁੱਖ ਖੇਤਰਾਂ ਵਿੱਚ ਨਿਰੰਤਰ ਤਰੱਕੀ ਕੀਤੀ ਹੈ।

# 'ਵਾਕਾਥੋਨ 1.0' ਅੱਜ, ਡਿਪਟੀ ਕਮਿਸ਼ਨਰ ਨੇ ਰਿਲੀਜ਼ ਕੀਤਾ ਪੋਸਟਰ



**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਪਹਿਲਕਦਮੀ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੀ.ਏ.ਵੀ. ਕਾਲਜ ਜਲੰਧਰ ਦੇ ਸਹਿਯੋਗ ਨਾਲ 25 ਅਪ੍ਰੈਲ ਨੂੰ ਸਵੇਰੇ 6 ਵਜੇ 'ਵਾਕਾਥੋਨ 1.0' ਕਰਵਾਈ ਜਾ ਰਹੀ ਹੈ।ਵਾਕਾਥੋਨ ਦਾ ਪੋਸਟਰ ਰਿਲੀਜ਼ ਕਰਦਿਆਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਇਹ ਵਾਕਾਥੋਨ ਸ਼ਨੀਵਾਰ ਨੂੰ ਸਵੇਰੇ 6 ਵਜੇ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਤੋਂ ਸ਼ੁਰੂ ਹੋ ਕੇ ਸ਼ਿਵਾਨੀ ਪਾਰਕ, ਮਾਡਲ ਟਾਊਨ ਵਿਖੇ ਸਮਾਪਤ ਹੋਵੇਗੀ।ਇਸ ਮੌਕੇ ਉਨ੍ਹਾਂ ਨਾਲ ਐੱਸ ਡੀ ਐੱਮ ਨਵਦੀਪ ਸਿੰਘ ਤੇ ਪ੍ਰਿੰਸੀਪਲ ਡਾ. ਅਨੂਪ ਕੁਮਾਰ ਵੀ ਮੌਜੂਦ ਸਨ। ਵਾਲੀਆ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ਼ ਜੰਗ ਵਿੱਢੀ ਹੋਈ ਹੈ, ਜਿਸ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਅਲਾਮਤ ਖਿਲਾਫ਼ ਵਿਆਪਕ ਪੱਧਰ 'ਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਾਕਾਥੋਨ ਰਾਹੀਂ ਲੋਕਾਂ ਖਾਸ ਕਰ ਨੌਜਵਾਨਾਂ ਨੂੰ ਸਰੀਰਿਕ ਫਿਟਨੈੱਸ ਪ੍ਰਤੀ ਵੀ ਉਤਸ਼ਾਹਿਤ ਕੀਤਾ ਜਾਵੇਗਾ।

